front page- add page.qxd 5/20/2025 10:51 PM Page 1

ਬੁੱਧਵਾਰ, 21 ਮਈ, 2025
8 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 350

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 21 MAY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

ਸੀ.ਐੱਮ. ਦੀ ਯੋਗਸ਼ਾਲਾ

# ਨੌਜਵਾਨਾਂ ਲਈ 2,555 ਸਰਕਾਰੀ ਨੌਕਰੀਆਂ

## ਯੋਗਾ ਟ੍ਰੇਨਰ ਬਣੋ

ਡਿਪਲੋਮਾ ਇਨ ਮੈਡੀਟੇਸ਼ਨ ਐਂਡ ਯੋਗਾ ਸਾਇੰਸਿਜ਼

- 12ਵੀਂ ਪਾਸ ਅਤੇ 30 ਸਾਲ ਤੋਂ ਘੱਟ ਉਮਰ ਵਾਲਿਆਂ ਲਈ ਮੌਕਾ
- 1 ਸਾਲ ਦਾ ਕੋਰਸ, ਜਿਸ ਵਿੱਚ 8 ਮਹੀਨੇ ਦੀ ਆਨ-ਫੀਲਡ ਟ੍ਰੇਨਿੰਗ ਸ਼ਾਮਿਲ
- ਸਿਖਲਾਈ ਦੌਰਾਨ ਹਰ ਮਹੀਨੇ ₹8,000 ਵਜ਼ੀਫ਼ਾ
- ਕੋਰਸ ਪੂਰਾ ਕਰਨ ਤੋਂ ਬਾਅਦ ਸਰਕਾਰੀ ਯੋਗਾ ਟ੍ਰੇਨਰ ਬਣ ਕੇ ਕਮਾਓ ₹25,000 ਪ੍ਰਤੀ ਮਹੀਨਾ



ਅਪਲਾਈ ਕਰਨ ਲਈ
graupunjab.org

ਆਖਰੀ ਮਿਤੀ
2 ਜੂਨ, 2025

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਅਪ੍ਰੇਸ਼ਨ ਸੰਧੂਰ ਦੀ ਸਫਲਤਾ 'ਤੇ ਸੈਨਿਕਾਂ ਲਈ ਰੇਲਵੇ ਵੱਲੋਂ ਵਿਸ਼ੇਸ਼ ਸਮਾਗਮ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਰੇਲਵੇ ਵੱਲੋਂ 'ਅਪ੍ਰੇਸ਼ਨ ਸੰਧੂਰ' ਦੀ ਸਫਲਤਾ ਨੂੰ ਸਮਰਪਤ ਕਰਦੇ ਹੋਏ ਦੇਸ਼ ਦੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਦੇਣ ਲਈ ਰਾਸ਼ਟਰ ਭਰ ਦੇ ਵੱਖ-ਵੱਖ ਸਟੇਸ਼ਨਾਂ 'ਤੇ ਵਿਸ਼ੇਸ਼ ਸਮਾਗਮ ਕੀਤੇ ਜਾ ਰਹੇ ਹਨ। ਇਸੇ ਲੜੀ ਹੇਠ ਫਿਰੋਜ਼ਪੁਰ ਡਵੀਜ਼ਨ ਵਿੱਚ ਵੀ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ। ਫਿਰੋਜ਼ਪੁਰ ਡਵੀਜ਼ਨ ਦੇ ਅੰਮ੍ਰਿਤਸਰ, ਲੁਧਿਆਣਾ, ਜਲੰਧਰ ਸ਼ਹਿਰ, ਜਲੰਧਰ ਛਾਉਣੀ, ਫਿਰੋਜ਼ਪੁਰ ਆਦਿ ਮੁੱਖ ਰੇਲਵੇ ਸਟੇਸ਼ਨਾਂ 'ਤੇ ਯਾਤਰੀਆਂ ਲਈ ਲਗਾਏ ਬੈਂਚਾਂ ਨੂੰ ਭਾਰਤੀ ਫੌਜ ਦੇ ਵਰਦੀ ਰੰਗਾਂ ਵਿੱਚ ਪੇਂਟ ਕਰਕੇ ਉਨ੍ਹਾਂ 'ਤੇ 'ਸੈਨਿਕ ਸਨਮਾਨ' ਲਿਖਿਆ ਗਿਆ, ਜੋ ਕਿ ਸੈਨਿਕਾਂ ਦੀ ਬਹਾਦਰੀ ਤੇ ਕੁਰਬਾਨੀ ਨੂੰ ਨਮਨ ਕਰਨ ਵਾਲਾ ਪ੍ਰਤੀਕ ਹੈ। ਇਹ ਪ੍ਰੋਗਰਾਮ ਡਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਤੇ ਸੀਨੀਅਰ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਦੀ ਅਗਵਾਈ ਹੇਠ ਕਰਵਾਇਆ ਗਿਆ। ਡੀ.ਆਰ.ਐੱਮ. ਸੰਜੇ ਸਾਹੂ ਨੇ ਕਿਹਾ ਕਿ ਇਹ ਉਪਰਾਲਾ ਸਿਰਫ ਸਜਾਵਟ ਨਹੀਂ, ਸਗੋਂ ਭਾਰਤੀ ਰੇਲਵੇ ਵੱਲੋਂ ਸੈਨਿਕਾਂ ਦੀ ਬਹਾਦਰੀ ਨੂੰ ਦਰਸਾਉਂਦਾ ਹੈ, ਜੋ ਦੇਸ਼ ਲਈ ਆਪਣੀ ਜ਼ਿੰਦਗੀ ਦੀ ਨਿਛਾਵਰ ਕਰਦੇ ਹਨ।

## ਮੈਰਿਟ 'ਚ ਆਉਣ ਵਾਲੇ ਵਿਦਿਆਰਥੀਆਂ ਦਾ ਡੀ ਸੀ ਵੱਲੋਂ ਸਨਮਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ 'ਚ ਪੰਜਾਬ ਦੀ ਮੈਰਿਟ ਸੂਚੀ 'ਚ ਆਉਣ ਵਾਲੇ ਦਸਵੀਂ ਤੇ ਬਾਰਵੀਂ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਇਨ੍ਹਾਂ 'ਚ ਜਮਾਤ ਬਾਰਵੀਂ ਦੇ 11 ਤੇ ਦਸਵੀਂ ਦੇ 6 ਵਿਦਿਆਰਥੀ ਸ਼ਾਮਲ ਸਨ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਮਿਹਨਤ ਦਾ ਪੱਲਾ ਨਾ ਛੱਡਣ, ਕਿਉਂਕਿ ਸਖਤ ਮਿਹਨਤ ਨਾਲ ਹੀ ਜ਼ਿੰਦਗੀ ਵਿੱਚ ਹਰ ਔਖੀ ਤੋਂ ਔਖੀ ਮੰਜ਼ਲ ਨੂੰ ਸਰ ਕੀਤਾ ਜਾ ਸਕਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਨ ਦੇ ਨਾਲ-ਨਾਲ ਇਹ ਵੀ ਕਿਹਾ ਕਿ ਆਪਣੀ ਮਾਤ ਭਾਸ਼ਾ ਦੇ ਨਾਲ-ਨਾਲ ਹੋਰਨਾਂ ਭਾਸ਼ਾਵਾਂ ਨੂੰ ਸਿੱਖਣ ਨੂੰ ਤਰਜੀਹ ਦੇਣ ਤਾਂ ਜੋ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਉਨ੍ਹਾਂ ਨੂੰ ਭਾਸ਼ਾ ਪ੍ਰਤੀ ਬੋਲਣ 'ਚ ਸਮੱਸਿਆ ਦਰਪੇਸ਼ ਨਾ ਆਵੇ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਦੀ ਪੜ੍ਹਾਈ ਵੱਲ ਹੋਰ ਵਧੇਰੇ ਧਿਆਨ ਦੇਣ ਤਾਂ ਜੋ ਉਹ ਜ਼ਿੰਦਗੀ ਵਿੱਚ ਉੱਚ ਮੁਕਾਮ ਹਾਸਲ ਕਰ ਸਕਣ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸ੍ਰੀਮਤੀ ਮਨਿੰਦਰ ਕੌਰ, ਮੈਰੀਟੋਰੀਅਸ ਸਕੂਲ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਸਿੱਧੂ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।

## ਨਸ਼ਿਆਂ ਦੇ ਖਾਤਮੇ ਲਈ ਪ੍ਰੈੱਸ, ਪਬਲਿਕ ਤੇ ਪੁਲਸ ਦਰਮਿਆਨ ਸਹਿਯੋਗ ਜ਼ਰੂਰੀ : ਐੱਸ ਐੱਸ ਪੀ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਐਸ.ਐਸ.ਪੀ ਡਾ. ਪ੍ਰਗਿਆ ਜੈਨ ਵੱਲੋਂ ਪੁਲਸ ਲਾਈਨ ਵਿਖੇ ਮੀਡੀਆ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ 'ਚ ਮੀਡੀਆ ਦੀ ਭੂਮਿਕਾ ਨੂੰ ਮਹੱਤਵਪੂਰਨ ਦੱਸਿਆ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਦਾ ਪੂਰੀ ਤਰ੍ਹਾਂ ਨਿਵਾਰਨ ਤਦੋਂ ਹੀ ਸੰਭਵ ਹੈ ਜਦੋਂ ਪ੍ਰੈੱਸ, ਪਬਲਿਕ ਤੇ ਪੁਲਸ ਪ੍ਰਸ਼ਾਸਨ ਮਿਲ ਕੇ ਇਕ ਮਜ਼ਬੂਤ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਹੋ ਸਕਦੇ ਹਨ, ਜਦੋਂ ਮੀਡੀਆ ਪੱਖੋਂ ਪੁਲਸ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਮਿਲੇ। ਉਨ੍ਹਾਂ ਮੀਡੀਆ ਨੁਮਾਇੰਦਿਆਂ ਦੀ ਸਮਰਪਿਤ ਭੂਮਿਕਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪੱਤਰਕਾਰ ਜ਼ਮੀਨੀ ਹਕੀਕਤਾਂ ਨਾਲ ਵਾਕਫ਼ ਹੁੰਦੇ ਹਨ ਅਤੇ ਜੇਕਰ ਉਨ੍ਹਾਂ ਪਾਸ ਨਸ਼ਿਆਂ, ਮਾੜੇ ਅਨਸਰਾਂ ਜਾਂ ਕਿਸੇ ਹੋਰ ਜ਼ਰੂਰੀ ਜਾਣਕਾਰੀ ਹੋਵੇ ਤਾਂ ਉਹ ਇਸ ਨੂੰ ਪੁਲਸ ਨਾਲ ਸਾਂਝਾ ਕਰਨ ਸਕਦੇ ਹਨ।

## ਅੰਡਰ ਬ੍ਰਿਜ ਦਾ ਦਾਮਨ ਬਾਜਵਾ ਤੇ ਹਰਮਨ ਦੇਵ ਬਾਜਵਾ ਵੱਲੋਂ ਜਾਇਜ਼ਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬੱਸ ਸਟੈਂਡ ਨੇੜਲੇ ਰੇਲਵੇ ਫਾਟਕਾਂ 'ਤੇ ਬਣ ਰਹੇ ਰੇਲਵੇ ਅੰਡਰ ਬਰਿਜ ਦੇ ਕੰਮਾਂ ਦੀ ਪ੍ਰਗਤੀ ਦਾ ਰੇਲਵੇ ਅਧਿਕਾਰੀਆਂ ਨੂੰ ਨਾਲ ਲੈਕੇ ਜਾਇਜ਼ਾ ਲੈਣ ਪੁੱਜੇ ਭਾਜਪਾ ਦੀ ਸੂਬਾ ਸਕੱਤਰ ਦਾਮਨ ਥਿੰਦ ਬਾਜਵਾ ਤੇ ਹਰਮਨਦੇਵ ਸਿੰਘ ਬਾਜਵਾ ਨੇ ਆਖਿਆ ਕਿ ਉਕਤ ਰੇਲਵੇ ਅੰਡਰ ਬਰਿੱਜ ਸੌ ਫ਼ੀਸਦੀ ਕੇਂਦਰ ਵਿਚਲੀ ਨਰਿੰਦਰ ਮੋਦੀ ਸਰਕਾਰ ਦਾ ਪ੍ਰੋਜੈਕਟ ਹੈ ਕੇਂਦਰ ਸਰਕਾਰ ਨੇ ਸਵਾ ਅੱਠ ਕਰੋੜ ਰੁਪਏ ਭੇਜੇ ਹਨ।ਰੇਲਵੇ ਦੇ ਵਧੀਕ ਡਵੀਜ਼ਨਲ ਇੰਜੀਨੀਅਰ ਡੀ.ਕੇ. ਗਰਗ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।ਭਾਜਪਾ ਦੀ ਸੂਬਾ ਸਕੱਤਰ ਦਾਮਨ ਬਾਜਵਾ ਨੇ ਕਿਹਾ ਕਿ ਇਹ ਪ੍ਰੋਜੈਕਟ ਸੌ ਫ਼ੀਸਦੀ ਕੇਂਦਰ ਸਰਕਾਰ ਦਾ ਹੈ ਅਤੇ ਕੇਂਦਰ 100 ਪ੍ਰਤੀਸ਼ਤ ਪੈਸਾ ਖਰਚ ਕਰ ਰਿਹਾ ਹੈ।ਲਗਭਗ 8.25 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਅੰਡਰਬ੍ਰਿਜ ਅਗਲੇ ਤਿੰਨ ਮਹੀਨਿਆਂ ਵਿੱਚ ਤਿਆਰ ਹੋ ਜਾਵੇਗਾ।ਦਾਮਨ ਬਾਜਵਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਗਤੀਸ਼ੀਲ ਅਗਵਾਈ ਹੇਠ ਪ੍ਰੋਜੈਕਟ ਦਾ ਲਗਭਗ 40 ਪ੍ਰਤੀਸ਼ਤ ਕੰਮ ਪੂਰਾ ਹੋ ਗਿਆ ਹੈ।ਉਨ੍ਹਾਂ ਆਖਿਆ ਕਿ ਇੰਦਰਾ ਬਸਤੀ ਦੇ ਪਾਣੀ ਦੀ ਨਿਕਾਸੀ ਲਈ ਨਾਲਾ (ਡਰੇਨਜ ਸਿਸਟਮ) ਵੀ ਕੇਂਦਰ ਸਰਕਾਰ ਨੇ ਪੈਸਾ ਖ਼ਰਚ ਕਰਕੇ ਬਣਾਇਆ ਹੈ।ਦਾਮਨ ਬਾਜਵਾ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਬਿਜਲੀ ਦੀਆਂ ਲਾਈਨਾਂ ਖੰਭੇ ਤੇ ਟ੍ਰਾਂਸਫਾਰਮਰ ਵੀ ਨਹੀਂ ਹਟਾ ਸਕੀ। ਇਨ੍ਹਾਂ ਨੂੰ ਤੁਰੰਤ ਹਟਾਇਆ ਜਾਣਾ ਚਾਹੀਦਾ ਹੈ ਤਾਂ ਜੁ ਅੰਡਰਬ੍ਰਿਜ ਦਾ ਕੰਮ ਸੁਚਾਰੂ ਢੰਗ ਨਾਲ ਚੱਲਦਾ ਰਹੇ।ਉਨ੍ਹਾਂ ਕਿਹਾ ਕਿ ਕੇਂਦਰ ਦੇ ਇਸ ਪ੍ਰੋਜੈਕਟ ਨੂੰ ਦੇਖਣ ਲਈ ਕੁੱਝ ਕੁ ਲੋਕ ਰੋਜ਼ਾਨਾ ਇੱਥੇ ਘੁੰਮਦੇ ਦਿਖਾਈ ਦਿੰਦੇ ਹਨ, ਜੇਕਰ ਅਜਿਹੇ ਲੋਕਾਂ ਦੀ ਪੰਜਾਬ ਸਰਕਾਰ ਤੱਕ ਪਹੁੰਚ ਹੈ ਤਾਂ ਉਨ੍ਹਾਂ ਨੂੰ ਸੂਬੇ ਦੀਆਂ ਵਿਕਾਸ ਯੋਜਨਾਵਾਂ ਦੀ ਘੋਖ ਕਰਨੀ ਚਾਹੀਦੀ ਹੈ ਤੇ ਸ਼ਹੀਦ ਊਧਮ ਸਿੰਘ ਦੀ ਯਾਦਗਾਰ ਲਈ ਕੇਂਦਰ ਨੂੰ ਪ੍ਰਸਤਾਵ ਭੇਜਣਾ ਚਾਹੀਦਾ ਹੈ।

## ਨਸ਼ਾਮੁਕਤੀ ਯਾਤਰਾ ਬਣੀ ਲੋਕ ਲਹਿਰ, ਜਲਦੀ ਹੋਵੇਗਾ ਨਸ਼ਿਆਂ ਦਾ ਸਫਾਇਆ : ਰਾਜਾ ਸਰਪੰਚ ਮੱਲਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਰਕਾਰ ਵੱਲੋਂ ਨਸ਼ਾ ਤਸਕਰਾਂ ਉੱਪਰ ਮਿਸਾਲੀ ਕਾਰਵਾਈਆਂ ਕਰਕੇ ਬਹੁਤ ਹੱਦ ਤੱਕ ਨਸ਼ੇ ਦੀ ਸਪਲਾਈ ਚੇਨ ਨੂੰ ਤੋੜ ਦਿੱਤਾ ਹੈ।ਨਸ਼ਾ ਤਸਕਰ ਜਾਂ ਤਾਂ ਜੇਲ੍ਹਾਂ ਵਿਚ ਹਨ ਤੇ ਜਾਂ ਫਿਰ ਹੁਣ ਪੰਜਾਬ ਛੱਡ ਕੇ ਭੱਜ ਚੁੱਕੇ ਹਨ।ਹੁਣ ਇਹ ਮੁਹਿੰਮ ਜ਼ਮੀਨੀ ਪੱਧਰ ਭਾਵ ਪਿੰਡਾਂ ਤੇ ਵਾਰਡਾਂ ਵਿਚੋਂ ਚੱਲਣ ਲੱਗੀ ਹੈ, ਜਿਸ ਨੂੰ ਨਸ਼ਾ ਮੁਕਤੀ ਯਾਤਰਾ ਦਾ ਨਾਂਅ ਦਿੱਤਾ ਗਿਆ ਹੈ।ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਸਿੰਘ ਨੇ ਕਰਦਿਆਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਲੋਕ ਲਹਿਰ ਬਣ ਗਈ ਹੈ ਤੇ ਹੁਣ ਜਲਦੀ ਹੀ ਪੰਜਾਬ ਵਿਚੋਂ ਨਸ਼ਿਆਂ ਸਫ਼ਾਇਆ ਹੋਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਉਹ ਪੰਜਾਬ ਸਰਕਾਰ ਦਾ ਨਸ਼ਾ ਵਿਰੋਧੀ ਮੁਹਿੰਮ ਵਿਚ ਬਿਨਾਂ ਕਿਸੇ ਦਬਾਅ ਤੋਂ ਸਹਿਯੋਗ ਦੇਣ।ਉਨ੍ਹਾਂ ਕਿਹਾ ਕਿ ਜੇਕਰ ਹਰੇਕ ਵਾਰਡ ਜਾਂ ਪਿੰਡਾਂ ਦੀਆਂ ਪੰਚਾਇਤਾਂ ਨਸ਼ਾ ਮੁਕਤੀ ਦਾ ਪ੍ਰਣ ਲੈ ਲੈਣਗੀਆਂ ਤਾਂ ਨਸ਼ਾ ਜਾਂ ਨਸ਼ਾ ਤਸਕਰਾਂ ਦਾ ਨਾਮੋ ਨਿਸ਼ਾਨ ਵੀ ਨਹੀਂ ਰਹੇਗਾ।ਹੁਣ ਕਿਸੇ ਵੀ ਨਸ਼ਾ ਤਸਕਰ ਨੂੰ ਸਿਆਸੀ ਜਾਂ ਹੋਰ ਕੋਈ ਸਹਿਯੋਗ ਨਹੀਂ ਮਿਲ ਰਿਹਾ, ਇਸ ਲਈ ਬਹੁਤ ਜਲਦ ਪੰਜਾਬ ਨਸ਼ਾ ਮੁਕਤ ਹੋਵੇਗਾ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਨਗਰ ਕੌਂਸਲਾਂ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਨ ਸਹਿਜੋਗ ਦੇਣ ਦਾ ਪ੍ਰਣ ਕਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਨਸ਼ਾ ਪੀੜਤਾਂ ਦਾ ਸਹੀ ਇਲਾਜ ਕਰਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਸਾਰਥਿਕ ਯਤਨ ਕੀਤੇ ਜਾ ਰਹੇ ਹਨ। ਸਰਪੰਚ ਰਾਜਾ ਮੱਲਕੇ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਸਬੰਧੀ ਪ੍ਰਸ਼ਾਸ਼ਨ ਤੇ ਪੁਲਸ ਵਿਭਾਗ ਨੂੰ ਸਹਿਯੋਗ ਦੇਣ।

## ਜੈ ਇੰਦਰ ਕੌਰ ਨੇ ਡਾ. ਬਲਬੀਰ ਸਿੰਘ ਦੇ ਗੁੰਮਰਾਹ ਕਰਨ ਵਾਲੇ ਬਿਆਨਾਂ ਦੀ ਕੀਤੀ ਨਿੰਦਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਭਾਜਪਾ ਮਹਿਲਾ ਮੋਰਚਾ ਪੰਜਾਬ ਦੀ ਪ੍ਰਧਾਨ ਸ਼੍ਰੀਮਤੀ ਜੈ ਇੰਦਰ ਕੌਰ ਨੇ ਆਮ ਆਦਮੀ ਪਾਰਟੀ ਦੇ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਦੀ ਵਿਕਾਸ ਸੰਬੰਧੀ ਕੀਤੇ ਗਏ ਬਿਆਨਾਂ 'ਤੇ ਸਖ਼ਤ ਪ੍ਰਤਿਕਿਰਿਆ ਜ਼ਾਹਰ ਕੀਤੀ ਹੈ। ਉਨ੍ਹਾਂ ਨੇ ਇਸ ਨੂੰ ਸਿਰਫ਼ ਗ਼ਲਤ ਜਾਣਕਾਰੀਆਂ ਦੇਣਾ ਤੇ ਆਮ ਲੋਕਾਂ ਦਾ ਧਿਆਨ ਭਟਕਾਉਣ ਦੀ ਇੱਕ ਸਾਜ਼ਿਸ਼ ਦੱਸਿਆ। ਜੈ ਇੰਦਰ ਕੌਰ ਨੇ ਕਿਹਾ ਕਿ ਡਾ. ਬਲਬੀਰ ਸਿੰਘ, ਜੋ ਕੈਬਨਿਟ ਮੰਤਰੀ ਤੇ ਪਟਿਆਲਾ (ਦਿਹਾਤੀ) ਤੋਂ ਵਿਧਾਇਕ ਹਨ, ਉਨ੍ਹਾਂ ਨੂੰ ਸਭ ਤੋਂ ਪਹਿਲਾਂ ਆਪਣੀ ਸਰਕਾਰ ਦੀ ਨਾ-ਕਾਰਗੁਜ਼ਾਰੀ ਲਈ ਜਵਾਬਦੇਹ ਹੋਣਾ ਚਾਹੀਦਾ ਹੈ, ਨਾ ਕਿ ਦੂਜਿਆਂ 'ਤੇ ਸਵਾਲ ਉਠਾਉਣੇ ਚਾਹੀਦੇ। ਉਨ੍ਹਾਂ ਦੱਸਿਆ ਕਿ 2023 ਦੇ ਬਰਸਾਤੀ ਮੌਸਮ ਸਮੇਂ, ਜਦੋਂ ਪਟਿਆਲਾ ਦੇ ਵੱਡੇ ਹਿੱਸੇ ਡੁੱਬ ਗਏ ਸਨ, ਉਸ ਸਮੇਂ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਸੀ, ਅਜਿਹਾ ਹੀ ਅੱਜ ਵੀ ਹੈ, ਇਸ ਸਮੇਂ ਵੀ ਆਪ ਪਾਰਟੀ ਸੱਤਾ ਵਿੱਚ ਹੈ। ਫਿਰ ਵੀ ਉਨ੍ਹਾਂ ਦੁਆਰਾ ਕੋਈ ਖਾਸ ਕਦਮ ਨਹੀਂ ਚੁੱਕੇ ਗਏ, ਜਿਨ੍ਹਾਂ ਨਾਲ ਇਸ ਤਰ੍ਹਾਂ ਦੀਆਂ ਆਫਾਤਾਂ ਨੂੰ ਰੋਕਿਆ ਜਾ ਸਕੇ। ਪਟਿਆਲਾ ਵਿੱਚ ਸਿਹਤ ਸੇਵਾ ਦੀ ਖਰਾਬ ਹਾਲਤ 'ਤੇ ਗੰਭੀਰ ਚਿੰਤਾ ਪ੍ਰਗਟਾਉਂਦੇ ਹੋਏ ਜੈ ਇੰਦਰ ਕੌਰ ਨੇ ਪੰਜਾਬ ਦੀ ਪ੍ਰਮੁੱਖ ਸਰਕਾਰੀ ਸਿਹਤ ਸੰਸਥਾ ਰਾਜਿੰਦਰਾ ਹਸਪਤਾਲ ਵਿੱਚ ਬਿਜਲੀ ਦੇ ਕੱਟਣ ਦੀਆਂ ਘਟਨਾਵਾਂ ਦੀ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਕਈ ਵਾਰੀ ਸਰਜਰੀਆਂ ਰੁਕ ਗਈਆਂ ਤੇ ਮਰੀਜ਼ ਬਿਨਾਂ ਬਿਜਲੀ ਦੇ ਛੱਡੇ ਗਏ ਹਨ। ਉਨ੍ਹਾਂ ਕਿਹਾ ਕਿ ਸਿਹਤ ਮੰਤਰੀ ਹੋਣ ਦੇ ਬਾਵਜੂਦ ਡਾ. ਬਲਬੀਰ ਸਿੰਘ ਨੇ ਹਸਪਤਾਲ ਵਿੱਚ ਨਵੀਆਂ ਸੁਵਿਧਾਵਾਂ ਜਿਸ ਵਿੱਚ ਇੱਕ ਕੰਮਯੋਗ ਐਮਰਜੈਂਸੀ ਪਾਵਰ ਬੈਕਅਪ ਸਿਸਟਮ ਸ਼ਾਮਲ ਹੈ, ਉਸ ਨੂੰ ਉਪਲਬਧ ਕਰਾਉਣ ਵਿੱਚ ਅਸਫ਼ਲ ਰਹੇ ਹਨ। ਸ਼੍ਰੀਮਤੀ ਜੈ ਇੰਦਰ ਕੌਰ ਨੇ ਜਨਤਾ ਨੂੰ ਯਾਦ ਦਿਵਾਇਆ ਕਿ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਤੇ ਸੰਸਦ ਮੈਂਬਰ ਸ਼੍ਰੀਮਤੀ ਪ੍ਰਨੀਤ ਕੌਰ ਦੀ ਵਿਕਾਸੀ ਰਿਕਾਰਡ ਨੂੰ ਵਧੀਆ ਤਰੀਕੇ ਨਾਲ ਦਸਤਾਵੇਜ਼ੀ ਤੌਰ 'ਤੇ ਦਰਸਾਇਆ ਗਿਆ ਹੈ ਅਤੇ ਉਨ੍ਹਾਂ ਦੇ ਕੀਤੇ ਕੰਮਾਂ ਨੂੰ ਅੱਜ ਵੀ ਯਾਦ ਕੀਤਾ ਜਾਂਦਾ ਹੈ।

# ਸੜਕ ਠੇਕੇਦਾਰਾਂ ਦੀ ਗਲਤੀ ਬਣੀ ਕਬੱਡੀ ਖ਼ਿਡਾਰੀ ਦੀ ਮੌਤ ਦਾ ਕਾਰਨ

### ਸੜਕ ਦੇ ਠੇਕੇਦਾਰਾਂ ਖਿਲਾਫ਼ ਲਗਾਇਆ ਧਰਨਾ





**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਲੰਘੀ ਰਾਤ ਨਿਹਾਲ ਸਿੰਘ ਵਾਲਾ ਤੋਂ ਬਾਘਾ ਪੁਰਾਣਾ ਮਾਰਗ ਸਥਿਤ ਪਿੰਡ ਖੋਟੇ ਵਿਖੇ ਉਸਾਰੀ ਅਧੀਨ ਕੌਮੀ ਸੜਕ 'ਤੇ ਇਕ ਪਾਸੇ ਬਣਾਈ ਜਾ ਰਹੀ ਪੁਲੀ ਨਾਲ ਕਾਰ ਟਕਰਾਉਣ ਕਰਕੇ ਪਿੰਡ ਰੌਂਤਾ ਦੇ ਕਬੱਡੀ ਖਿਡਾਰੀ ਸੁਰਜੀਤ ਸਿੰਘ (37 ਸਾਲ) ਪੁੱਤਰ ਬਹਾਦਰ ਸਿੰਘ ਵਾਸੀ ਰੌਂਤਾ ਦੀ ਮੌਤ ਹੋ ਗਈ ਤੇ ਉਸ ਦੇ ਤਾਏ ਦਾ ਪੁੱਤਰ ਸੁਰਜੀਤ ਸੀਤੀ ਸਖ਼ਤ ਜ਼ਖਮੀ ਹੋ ਗਿਆ ਸੀ। ਮੌਤ ਦਾ ਪਤਾ ਲੱਗਦਿਆਂ ਪਿੰਡ ਵਿੱਚ ਸੋਗ ਫੈਲ ਗਿਆ ਤੇ ਇਸ ਹਾਦਸੇ ਲਈ ਸੜਕ ਦੇ ਠੇਕੇਦਾਰਾਂ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਪੀੜਤ ਪਰਵਾਰ ਦੀ ਹਮਾਇਤ ਵਿੱਚ ਵੱਖ ਵੱਖ ਜਥੇਬੰਦੀਆਂ ਤੇ ਪਿੰਡ ਵਾਸੀਆਂ ਵੱਲੋਂ ਧਰਨਾ ਲਗਾਇਆ।

ਇਸ ਮੌਕੇ ਐਡਵੋਕੇਟ ਸੰਦੀਪ ਅਰੋੜਾ, ਮ੍ਰਿਤਕ ਦੇ ਵਾਰਿਸਾਂ ਤੇ ਧਰਨਾਕਾਰੀਆਂ ਨੇ ਦੱਸਿਆ ਕਿ ਸੜਕ ਵਿਭਾਗ ਦੇ ਠੇਕੇਦਾਰਾਂ ਵੱਲੋਂ ਸੜਕ ਦੇ ਇਕ ਪਾਸੇ ਢਾਈ-ਤਿੰਨ ਫੁੱਟ ਉੱਚੀ ਪੁਲੀ ਬਣਾਉਣ ਲਈ ਕੋਈ ਚਿੰਨ੍ਹ, ਬੋਰਡ, ਰਿਫਲੈਕਟਰ, ਫਲੈਕਸ ਨਹੀਂ ਲਗਾਇਆ।ਸੜਕ ਠੇਕੇਦਾਰਾਂ ਦੀ ਗ਼ਲਤੀ ਕਰਕੇ ਹੱਸਦਾ ਵੱਸਦਾ ਘਰ ਉੱਜੜ ਗਿਆ।ਪਿੰਡ ਰੌਂਤਾ ਤੇ ਖੋਟੇ ਵਾਸੀਆਂ ਵੱਲੋਂ ਸੜਕ ਠੇਕੇਦਾਰਾਂ ਦੀ ਗਲਤੀ ਲਈ ਉਨ੍ਹਾਂ ਨੂੰ ਹਾਦਸੇ ਲਈ ਜ਼ਿੰਮੇਵਾਰ ਦੱਸਦਿਆਂ ਸੜਕ 'ਤੇ ਅੱਤ ਦੀ ਗਰਮੀ ਵਿੱਚ ਰੋਸ ਧਰਨਾ ਲਗਾ ਕੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਸੀ, ਪ੍ਰੰਤੂ ਠੇਕੇਦਾਰਾਂ ਦੇ ਕੰਨ 'ਤੇ ਜੂੰ ਨਾ ਸਰਕਣ ਕਾਰਨ ਅੱਜ ਪਿੰਡ ਵਾਸੀਆਂ, ਕਿਸਾਨ ਜਥੇਬੰਦੀਆਂ, ਹਮਦਰਦਾਂ ਵੱਲੋਂ ਪੱਤੋਂ ਨੇੜੇ ਠੇਕੇਦਾਰਾਂ ਦੇ ਪਲਾਂਟ ਮੂਹਰੇ ਧਰਨਾ ਲਗਾ ਦਿੱਤਾ ਹੈ।

ਧਰਨਾਕਾਰੀਆਂ ਦੀ ਮੰਗ ਹੈ ਕਿ ਕਥਿਤ ਠੇਕੇਦਾਰਾਂ ਦੀ ਅਣਗਹਿਲੀ ਕਾਰਨ ਇਹ ਘਟਨਾ ਵਾਪਰੀ ਹੈ, ਇਸ ਦੇ ਜ਼ਿੰਮੇਵਾਰ ਇਹ ਹਨ।ਸੜਕ ਠੇਕੇਦਾਰਾਂ ਖਿਲਾਫ਼ ਪਰਚਾ ਦਰਜ ਸਖ਼ਤ ਕਾਰਵਾਈ ਦੀ ਮੰਗ ਕਰ ਰਹੇ ਹਨ।

ਇਸ ਸਮੇਂ ਐਡਵੋਕੇਟ ਸੰਦੀਪ ਅਰੋੜਾ, ਬਿੱਕਰ ਸਿੰਘ ਰੌਂਤਾ ਸੂਬਾ ਪ੍ਰੈੱਸ ਸਕੱਤਰ ਸ਼ੇਰੇ ਪੰਜਾਬ ਭਾਰਤੀ ਕਿਸਾਨ ਯੂਨੀਅਨ, ਡਾਕਟਰ ਰਾਜਵੀਰ ਸਿੰਘ ਰੌਂਤਾ, ਸਰਪੰਚ ਗੁਰਸੇਵਕ ਸਿੰਘ ਰੌਂਤਾ, ਫਤਿਹ ਸਿੰਘ ਕੋਟ ਕਰੋੜ ਬੀਕੇਯੂ ਖੋਸਾ, ਆਤਮਾ ਸਿੰਘ ਧੂੜਕੋਟ ਜ਼ਿਲਾ ਪ੍ਰਧਾਨ ਬੀਕੇਯੂ ਸ਼ੇਰੇ ਪੰਜਾਬ, ਪਰਮਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਬੀਕੇਯੂ ਖੋਸਾ, ਮ੍ਰਿਤਕ ਪਰਿਵਾਰ ਦੇ ਵਾਰਸ, ਅਗਵਾੜ ਤੇ ਪਿੰਡ ਵਾਸੀ, ਵੱਖ-ਵੱਖ ਸਮਾਜਕ, ਧਾਰਮਿਕ ਜਥੇਬੰਦੀਆਂ ਦੇ ਆਗੂ ਤੇ ਬੁਲਾਰੇ ਵੱਡੀ ਗਿਣਤੀ ਵਿੱਚ ਸ਼ਾਮਲ ਸਨ।ਉਨ੍ਹਾਂ ਮੰਗ ਕੀਤੀ ਕਿ ਠੇਕੇਦਾਰ ਵਿਰੁੱਧ ਬਰਾਏ ਨਾਮ ਧਾਰਾ 304 ਏ ਤਹਿਤ ਪਰਚਾ ਦਰਜ ਕੀਤਾ ਜਾਵੇ।ਸਰਪੰਚ ਗੁਰਸੇਵਕ ਸਿੰਘ ਰੌਂਤਾ, ਐਡਵੋਕੇਟ ਸੰਦੀਪ ਅਰੋੜਾ, ਸੂਬਾ ਕਿਸਾਨ ਆਗੂ ਬਿੱਕਰ ਸਿੰਘ, ਮੇਲਾ ਸਿੰਘ, ਜਗਸੀਰ ਸਿੰਘ, ਰਾਜਾ ਸਿੰਘ ਨੇ ਦੱਸਿਆ ਕਿ ਪੀੜਤ ਗਰੀਬ ਬੇਜ਼ਮੀਨਾਂ ਪਰਵਾਰ ਹੈ।

ਮ੍ਰਿਤਕ ਸੁਰਜੀਤ ਸਿੰਘ ਦੀ ਕਮਾਈ ਹੀ ਪਰਵਾਰ ਦਾ ਸਹਾਰਾ ਸੀ।ਪੀੜਤ ਪਰਵਾਰ ਦੀ ਢੁੱਕਵੀਂ ਮਾਇਕ ਸਹਾਇਤਾ ਦੀ ਵੀ ਮੰਗ ਕੀਤੀ।

## ਨਸ਼ਾ ਮੁਕਤੀ ਮਾਰਚ ਨੂੰ ਸ਼ੁਤਰਾਣਾ ਹਲਕੇ 'ਚ ਭਰਵਾਂ ਹੁੰਗਾਰਾ

### 'ਯੁੱਧ ਨਸ਼ਿਆਂ ਵਿਰੁੱਧ' ਨੇ ਨਸ਼ੇ ਦੇ ਆਦੀਆਂ ਨੂੰ ਨਵਾਂ ਰਸਤਾ ਦਿਖਾਇਆ : ਕੁਲਵੰਤ ਸਿੰਘ



**ਪਾਤੜਾਂ (ਨਿਸ਼ਾਨ ਸਿੰਘ ਬਟਵਾਲਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ਼ੁਤਰਾਣਾ ਹਲਕੇ ਦੇ ਪਿੰਡਾਂ ਅਤਾਲਾਂ, ਕਲਵਾਣੂ, ਹੋਰਨਗਰ ਡਰੋਲੀ, ਢਾਬੀ ਗੁੱਜਰਾਂ, ਸ਼ੇਰਗੜ੍ਹ ਤੇ ਗਲੌਲੀ 'ਚ ਪੁੱਜੇ ਨਸ਼ਾ ਮੁਕਤੀ ਮਾਰਚ ਨੂੰ ਲੋਕਾਂ ਨੇ ਭਰਵਾਂ ਹੁੰਗਾਰਾ ਦਿੱਤਾ ਹੈ।ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ ਤੇ ਨਸ਼ਾ ਵਿਰੋਧੀ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਰਣਜੀਤ ਸਿੰਘ ਵਿਰਕ ਤੇ ਯੂਥ ਆਪ ਆਗੂ ਗੁਰਮੀਤ ਸਿੰਘ ਵਿੱਕੀ ਦੇ ਨਾਲ ਨਾਲ ਐੱਸ ਡੀ ਐੱਮ ਅਸ਼ੋਕ ਕੁਮਾਰ, ਬੀਡੀਪੀਓ ਬਘੇਲ ਸਿੰਘ ਅਜਿਲਾ, ਐੱਸਐੱਮਓ ਅਤੇ ਸਬੰਧਤ ਥਾਣਾ ਤੇ ਪੁਲਸ ਚੌਕੀ ਇੰਚਾਰਜ ਸਮੇਤ ਯੂਥ ਆਗੂ ਗੁਰਮੀਤ ਸਿੰਘ ਵਿੱਕੀ ਤੇ ਪਿੰਡ ਡਿਫੈਂਸ ਕਮੇਟੀਆਂ ਦੇ ਮੈਂਬਰ ਲਗਾਤਾਰ ਮਾਰਚ ਵਿੱਚ ਸ਼ਿਰਕਤ ਕਰ ਰਹੇ ਹਨ।

ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਦੇ ਖਾਤਮੇ ਲਈ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਹਲਕੇ ਦੇ ਹਰ ਪਿੰਡ ਵਿੱਚ ਦਸਤਕ ਦੇਵੇਗੀ।ਇਸ ਦੌਰਾਨ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਲੋਕ ਨਸ਼ਾ ਮੁਕਤੀ ਮਾਰਚ ਨੂੰ ਖੁਦ ਸਫਲ ਬਣਾਉਣ ਲਈ ਅੱਗੇ ਆ ਕੇ ਨਸ਼ਾ ਤਸਕਰਾਂ ਦੀ ਸੂਹ ਦੇਣ ਸਮੇਤ ਨਸ਼ਿਆਂ ਦੀ ਲਤ ਦੇ ਸ਼ਿਕਾਰ ਵਿਅਕਤੀਆਂ ਦੇ ਇਲਾਜ ਤੇ ਪੁਨਰਵਾਸ ਲਈ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰਾਂ ਵਿੱਚ ਦਾਖਲ ਕਰਵਾਉਣ ਲਈ ਲਾਜ਼ਮੀ ਤੌਰ ਤੇ ਸਹਿਯੋਗ ਕਰ ਰਹੇ ਹਨ।

ਇਨ੍ਹਾਂ ਸਮਾਗਮਾਂ ਵਿੱਚ ਹੋਰਨਾਂ ਤੋਂ ਇਲਾਵਾ ਸੀਨੀਅਰ ਆਪ ਆਗੂ ਕੁਲਦੀਪ ਸਿੰਘ ਥਿੰਦ, ਬਲਜਿੰਦਰ ਸਿੰਘ ਸੋਨੀ ਠੇਕੇਦਾਰ, ਸਿੱਖਿਆ ਕੋਆਰਡੀਨੇਟਰ ਬਲਜੀਤ ਸਿੰਘ ਸਹੋਤਾ, ਸਰਪੰਚ ਚਰਨਜੀਤ ਸਿੰਘ ਸੰਧੂ, ਸਰਪੰਚ ਧਰਮਿੰਦਰ ਸਿੰਘ ਸ਼ੇਰਗੜ੍ਹ, ਜਸਵਿੰਦਰ ਸਿੰਘ ਸ਼ੇਰਗੜ੍ਹ ਆਦਿ ਹਾਜ਼ਰ ਸਨ।

## ਪੀ.ਏ.ਯੂ. ਦੇ ਖੋਜਾਰਥੀ ਨੇ ਨੌਜਵਾਨ ਖੋਜੀ ਪੁਰਸਕਾਰ ਜਿੱਤਿਆ



**ਲੁਧਿਆਣਾ (ਰੈਕਟਰ ਕਥੂਰੀਆ)**

ਪੀ.ਏ.ਯੂ. ਦੇ ਮਾਈਕ੍ਰੋਬਾਇਆਲੋਜੀ ਵਿਭਾਗ ਵਿਚ ਜੂਨੀਅਰ ਖੋਜ ਫੈਲੋ ਵਜੋਂ ਕਾਰਜਸ਼ੀਲ ਸ਼੍ਰੀ ਰਾਹੁਲ ਕੁਮਾਰ ਨੂੰ ਮਾਈਕ੍ਰੋਬਾਇਆਲੋਜੀ ਦੇ ਖੇਤਰ ਵਿੱਚ ਖੋਜ ਲਈ ਨੌਜਵਾਨ ਖੋਜੀ ਪੁਰਸਕਾਰ ਨਾਲ ਨਿਵਾਜਿਆ ਗਿਆ ਹੈ। ਉਨ੍ਹਾਂ ਨੂੰ ਇਹ ਐਵਾਰਡ ਬੀਤੇ ਦਿਨੀਂ ਪਟੇਲ ਯੂਨੀਵਰਸਿਟੀ ਬਾਲਾਘਾਟ ਵਿਖੇ ਆਈ ਸੀ ਏ ਆਰ ਖੋਜ ਕੇਂਦਰ ਪਟਨਾ ਦੇ ਸਹਿਯੋਗ ਨਾਲ ਖੇਤੀ ਤੇ ਸਹਾਇਕ ਵਿਗਿਆਨਾਂ ਬਾਰੇ ਹੋਈ ਕੌਮਾਂਤਰੀ ਕਾਨਫਰੰਸ ਦੌਰਾਨ ਪ੍ਰਦਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਸ਼੍ਰੀ ਰਾਹੁਲ ਖੰਨਾ ਨੇ ਪੀ.ਏ.ਯੂ. ਦੇ ਮਾਈਕ੍ਰੋਬਾਇਆਲੋਜੀ ਵਿਭਾਗ ਤੋਂ ਐੱਮ ਐੱਸ ਸੀ ਕੀਤੀ। ਉਨ੍ਹਾਂ ਦੇ ਐੱਮ ਐੱਸ ਸੀ ਨਿਗਰਾਨ ਡਾ. ਰਿਚਾ ਅਰੋੜਾ ਸਨ। ਮੌਜੂਦਾ ਸਮੇਂ ਉਹ ਡੀ ਬੀ ਟੀ ਪ੍ਰਾਯੋਜਤ ਪ੍ਰੋਜੈਕਟ ਵਿਚ ਡਾ. ਕਿਸ਼ਾਨੀ ਭੂਸ਼ਣ ਦੀ ਅਗਵਾਈ ਵਿਚ ਕਾਰਜ ਕਰ ਰਹੇ ਹਨ।

# ਪੀ ਜੀ ਆਈ ਦੇ ਪੀਡੀਆਟ੍ਰਿਕ ਗੈਸਟਰੋਐਂਟਰੋਲੋਜੀ ਵਿਭਾਗ ਨੇ ਵਿਸ਼ਵ ਆਈ ਬੀ ਡੀ ਡੇ ਮਨਾਇਆ

### ਬੱਚਿਆਂ 'ਚ ਆਈਬੀਡੀ ਦੀ ਸੰਭਾਲ ਤੇ ਸਹਿਯੋਗ ਵਧਾਉਣ ਲਈ ਸਰਕਾਰ, ਸਮਾਜ ਤੇ ਸਕੂਲਾਂ ਦੀ ਸਾਂਝੀ ਭੂਮਿਕਾ ਜ਼ਰੂਰੀ : ਪ੍ਰੋ. ਸਾਧਨਾ ਲਾਲ




**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਪੀਡੀਆਟ੍ਰਿਕ ਗੈਸਟਰੋਐਂਟਰੋਲੋਜੀ ਅਤੇ ਹੈਪਾਟੋਲੋਜੀ ਵਿਭਾਗ ਵੱਲੋਂ ਵਰਲਡ ਇਨਫਲੇਮੈਂਟਰੀ ਬਾਉਲ ਡਿਜੀਜ਼ (ਆਈਬੀਡੀ) ਡੇ ਮੌਕੇ ਪੀਡੀਆਟ੍ਰਿਕ ਆਈਬੀਡੀ 'ਤੇ ਮਹੱਤਵਪੂਰਨ ਮਰੀਜ਼ ਜਾਗਰੂਕਤਾ ਸੈਸ਼ਨ ਆਯੋਜਨ ਕੀਤਾ ਗਿਆ, ਜਿਸ ਦਾ ਮੁੱਖ ਮਕਸਦ ਭਾਰਤੀ ਬੱਚਿਆਂ ਵਿੱਚ ਵਧ ਰਹੀ ਆਈਬੀਡੀ ਦੀ ਸਮੇਂ ਸਿਰ ਪਛਾਣ ਤੇ ਸੰਪੂਰਨ ਇਲਾਜ ਦੀ ਮਹੱਤਤਾ ਨੂੰ ਉਭਾਰਨਾ ਸੀ।ਸੈਸ਼ਨ ਦੌਰਾਨ ਡਾ. ਸਾਧਨਾ ਲਾਲ, ਪ੍ਰੋ. ਤੇ ਹੈੱਡ ਪੀਡੀਆਟ੍ਰਿਕ ਗੈਸਟਰੋਐਂਟਰੋਲੋਜੀ ਅਤੇ ਹੈਪਾਟੋਲੋਜੀ ਵਿਭਾਗ ਪੀਜੀਆਈ ਨੇ ਕਿਹਾ ਕਿ ਭਾਰਤ ਵਿੱਚ ਬੱਚਿਆਂ ਵਿੱਚ ਆਈਬੀਡੀ ਦੇ ਮਾਮਲੇ ਵਧ ਰਹੇ ਹਨ।ਇਸ ਵਾਧੇ ਦੇ ਪਿੱਛੇ ਖਾਣ-ਪੀਣ ਦੀਆਂ ਆਦਤਾਂ, ਸ਼ਹਿਰੀ ਜੀਵਨ ਸ਼ੈਲੀ, ਐਂਟੀਬਾਇਓਟਿਕਸ ਤੇ ਐਸਿਡ ਦਬਾਉਣ ਵਾਲੀਆਂ ਦਵਾਈਆਂ ਦੀ ਜ਼ਿਆਦਾ ਮਾਤਰਾ ਵਿੱਚ ਵਰਤੋਂ ਮੁੱਖ ਕਾਰਨ ਹਨ।ਡਾ. ਲਾਲ ਨੇ ਕਿਹਾ ਕਿ ਜਨਤਕ ਸਿਹਤ ਪ੍ਰਣਾਲੀ ਦੀ ਭੂਮਿਕਾ ਇਲਾਜ ਵਿਚ ਮਦਦਗਾਰ ਹੋ ਸਕਦੀ ਹੈ।ਉਨ੍ਹਾਂ ਦੱਸਿਆ ਕਿ ਜਨਮ ਤੋਂ ਲੈ ਕੇ 18 ਸਾਲ ਦੀ ਉਮਰ ਤੱਕ ਪੀਡੀਆਟ੍ਰਿਕ ਆਈਬੀਡੀ ਦੀ ਸ਼ੁਰੂਆਤ ਹੋ ਸਕਦੀ ਹੈ ਤੇ ਇਹ ਬਾਲਗਾਂ ਨਾਲੋਂ ਕਾਫੀ ਤੇਜ਼ ਤੇ ਗੰਭੀਰ ਰੂਪ ਵਿੱਚ ਸਾਹਮਣੇ ਆਉਂਦੀ ਹੈ।ਇਲਾਜ ਦੌਰਾਨ ਕਈ ਵਾਰੀ ਸਰਜਰੀ ਦੀ ਲੋੜ ਵੀ ਪੈਂਦੀ ਹੈ।ਡਾ. ਲਾਲ ਨੇ ਕਿਹਾ ਕਿ ਆਈਬੀਡੀ ਦੇ ਦੋ ਮੁੱਖ ਪ੍ਰਕਾਰ ਹਨ ਅਲਸਰੇਟਿਵ ਕੋਲਾਇਟਿਸ ਤੇ ਕਰੋਨਜ਼ ਡਿਜ਼ੀਜ਼।ਉਨ੍ਹਾਂ ਮੋਨੋਜੈਨਿਕ ਆਈਬੀਡੀ ਬਾਰੇ ਵੀ ਜਾਣਕਾਰੀ ਦਿੱਤੀ, ਜੋ ਮੁੱਖ ਤੌਰ 'ਤੇ 2 ਤੋਂ 5 ਸਾਲ ਦੀ ਉਮਰ ਦੇ ਬੱਚਿਆਂ ਵਿੱਚ ਪਾਈ ਜਾਂਦੀ ਹੈ, ਜਿਸ ਲਈ ਖਾਸ ਤਰੀਕੇ ਨਾਲ ਪਛਾਣ ਤੇ ਇਲਾਜ ਦੀ ਲੋੜ ਹੁੰਦੀ ਹੈ। ਡਾ. ਲਾਲ ਨੇ ਕਿਹਾ ਕਿ ਨਰਮ, ਤਾਜ਼ਾ ਤੇ ਕੁਦਰਤੀ ਭੋਜਨ ਬੱਚਿਆਂ ਲਈ ਸਭ ਤੋਂ ਵਧੀਆ ਹੈ, ਜਦਕਿ ਤੀਖੇ, ਪ੍ਰੋਸੈਸਡ ਤੇ ਤਲੇ ਹੋਏ ਭੋਜਨ ਸੋਜ ਵਧਾਉਂਦੇ ਹਨ।ਡਾ. ਲਾਲ ਨੇ ਕਿਹਾ ਕਿ ਆਈਬੀਡੀ ਦਾ ਪੱਕਾ ਇਲਾਜ ਨਹੀਂ ਹੈ, ਪਰ ਨਿਯਮਤ ਦਵਾਈਆਂ ਤੇ ਡਾਕਟਰ ਨਾਲ ਮਿਲਣ ਨਾਲ ਬੱਚੇ ਆਮ ਜ਼ਿੰਦਗੀ ਜੀ ਸਕਦੇ ਹਨ।ਉਨ੍ਹਾਂ ਕਿਹਾ ਕਿ ਤਣਾਅ ਆਈਬੀਡੀ ਦੇ ਵਧਣ ਦਾ ਮੁੱਖ ਕਾਰਕ ਹੈ ਤੇ ਬੱਚਿਆਂ ਲਈ ਸਮਾਜਕ ਅਤੇ ਸਕੂਲੀ ਸਹਿਯੋਗ ਅਤਿਅੰਤ ਜ਼ਰੂਰੀ ਹੈ।

ਡਾ. ਲਾਲ ਨੇ ਸਰਕਾਰ, ਸਮਾਜ ਤੇ ਸਕੂਲਾਂ ਦੀ ਭੂਮਿਕਾ ਵਾਲਾ ਇੱਕ ਵਿਸਤ੍ਰਿਤ ਦਸਤਾਵੇਜ਼ ਵੀ ਪੇਸ਼ ਕੀਤਾ, ਜਿਸ ਵਿੱਚ ਪਰਿਵਾਰਾਂ ਦੀ ਸਿੱਖਿਆ, ਡਾਇਟ, ਦਵਾਈ ਤੇ ਤਣਾਅ ਮੈਨੇਜਮੈਂਟ ਦੀ ਅਹਿਮ ਭੂਮਿਕਾ ਨੂੰ ਉਭਾਰਿਆ ਗਿਆ।ਉਨ੍ਹਾਂ ਖਾਸ ਕਰਕੇ ਸਕੂਲਾਂ ਵਿੱਚ ਇਮਤਿਹਾਨੀ ਤਣਾਅ ਘਟਾਉਣ ਦੀ ਲੋੜ 'ਤੇ, ਸਰਕਾਰ ਤੇ ਫਾਰਮਾ ਕੰਪਨੀਆਂ ਨਾਲ 'ਮੇਕ ਇਨ ਇੰਡੀਆ' ਤਹਿਤ ਇਲਾਜ ਦੀ ਲਾਗਤ ਘਟਾਉਣ ਤੇ ਉਪਲੱਬਧਤਾ ਵਧਾਉਣ ਦੀ ਅਪੀਲ ਕੀਤੀ।ਇਸ ਇਵੈਂਟ ਵਿੱਚ ਡਾ. ਚੇਨਕੇਸ਼ਵ ਬੁੰਗਾ ਤੇ ਹੋਰ ਸੀਨੀਅਰ ਰੈਜ਼ੀਡੈਂਟਾਂ ਨੇ ਭਾਗ ਲਿਆ।

# ਲਖਵਿੰਦਰ ਮੂਸਾ ਦੇ ਮਿੰਨੀ ਕਹਾਣੀ ਸੰਗ੍ਰਹਿ 'ਸ਼ਤਰੰਜ ਤੇ ਜ਼ਿੰਦਗੀ' 'ਤੇ ਗੋਸ਼ਟੀ

### ਪਾਠਕ ਲੇਖਕ ਤੋਂ ਵੀ ਵੱਡਾ ਹੁੰਦੈ : ਪ੍ਰੋ. ਢਿੱਲੋਂ



**ਮਾਨਸਾ (ਆਤਮਾ ਸਿੰਘ ਪਮਾਰ)**-ਅਦਬ ਲੋਕ ਵੱਲੋਂ ਲੜੀਵਾਰ ਪ੍ਰੋਗਰਾਮ 'ਬੈਠਕ' ਦੌਰਾਨ ਲਖਵਿੰਦਰ ਸਿੰਘ ਮੂਸਾ ਦੇ ਪਲੇਠੇ ਮਿੰਨੀ ਕਹਾਣੀ ਸੰਗ੍ਰਹਿ 'ਸ਼ਤਰੰਜ ਤੇ ਜ਼ਿੰਦਗੀ' 'ਤੇ ਗੋਸ਼ਟੀ ਦੇ ਨਾਲ ਹੀ ਕਵੀ ਦਰਬਾਰ ਵੀ ਕਰਵਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਉੱਘੇ ਚਿੰਤਕ ਪ੍ਰੋ. ਗੁਰਦੀਪ ਸਿੰਘ ਢਿੱਲੋਂ ਨੇ ਕੀਤੀ, ਜਦੋਂਕਿ ਮੁੱਖ ਮਹਿਮਾਨ ਵਜੋਂ ਵਾਇਸ ਆਫ਼ ਮਾਨਸਾ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਨੇ ਸ਼ਿਰਕਤ ਕੀਤੀ।ਹਰਿਆਣਾ ਸਾਹਿਤ ਅਕਾਦਮੀ ਪੁਰਸਕਾਰ ਨਾਲ ਸਨਮਾਨਤ ਉੱਘੇ ਲੇਖਕ ਤੇ ਆਲੋਚਕ ਡਾ. ਨਾਇਬ ਸਿੰਘ ਮੰਡੇਰ ਨੇ ਪਰਚਾ ਪੜ੍ਹਦਿਆਂ ਮਿੰਨੀ ਕਹਾਣੀ ਦੀ ਉਤਪਤੀ ਤੋਂ ਲੈ ਕੇ ਮੌਜੂਦਾ ਦੌਰ ਤੱਕ ਪ੍ਰਾਪਤੀਆਂ ਤੇ ਦਰਪੇਸ਼ ਸੰਕਟ ਬਾਰੇ ਵਿਸਥਾਰ ਸਾਹਿਤ ਚਰਚਾ ਕੀਤੀ।ਉਨ੍ਹਾਂ 'ਸ਼ਤਰੰਜ ਤੇ ਜ਼ਿੰਦਗੀ' ਨੂੰ ਕੇਂਦਰ 'ਚ ਲਿਆਉਂਦਿਆਂ ਇਸ ਵਿਚ ਦਰਜ ਵਿਸ਼ਿਆਂ ਦੀ ਵਿਭਿੰਨਤਾ ਨੂੰ ਪੁਸਤਕ ਦੀ ਪ੍ਰਾਪਤੀ ਦੱਸਿਆ।ਡਾ. ਮੰਡੇਰ ਨੇ ਕਿਹਾ ਕਿ ਇਸ ਵਿਚਲੀਆਂ ਜ਼ਿਆਦਾਤਰ ਕਹਾਣੀਆਂ, ਮਿੰਨੀ ਕਹਾਣੀ ਦੀ ਪਰਿਭਾਸ਼ਾ ਵਿੱਚ ਨਹੀਂ ਆਉਂਦੀਆਂ ਤੇ ਲੇਖਕ ਨੇ ਇਨ੍ਹਾਂ ਵਿੱਚ ਕੁੱਝ ਵੀ ਅਣਕਿਹਾ ਨਹੀਂ ਛੱਡਿਆ, ਜੋ ਲਿਖਤ ਦੀ ਖ਼ੂਬਸੂਰਤੀ ਹੁੰਦਾ ਹੈ।

ਪਰਚੇ 'ਤੇ ਬਹਿਸ ਦਾ ਆਰੰਭ ਕਰਦਿਆਂ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਤੇ ਉੱਘੇ ਮਿੰਨੀ ਕਹਾਣੀਕਾਰ ਜਗਦੀਸ਼ ਰਾਏ ਕੁੱਲਰੀਆਂ, ਮਿੰਨੀ ਕਹਾਣੀਕਾਰ ਦਰਸ਼ਨ ਸਿੰਘ ਬਰੇਟਾ ਤੇ ਕਹਾਣੀਕਾਰ ਭੁਪਿੰਦਰ ਫ਼ੌਜੀ ਨੇ ਕਿਹਾ ਕਿ ਲੇਖਕ ਨੂੰ ਆਲੋਚਕਾਂ ਵੱਲੋਂ ਨਿਸ਼ਚਿਤ ਕੀਤੇ ਮਾਪਦੰਡਾਂ ਦੀ ਬਹੁਤੀ ਪ੍ਰਵਾਹ ਨਹੀਂ ਕਰਨੀ ਚਾਹੀਦੀ, ਕਿਉਂਕਿ ਹਰ ਲੇਖਕ ਦਾ ਆਪਣਾ ਆਪਣਾ ਮਿਜ਼ਾਜ ਹੁੰਦਾ ਹੈ, ਜਿਸ ਨੂੰ ਤਿਆਗ ਕੇ ਸਿਰਜਣਾ ਨਹੀਂ ਕਰਨੀ ਚਾਹੀਦੀ ਹੈ।ਡਾ. ਸਿੰਗਲਾ ਨੇ ਅਦਬ ਲੋਕ ਮਾਨਸਾ ਵੱਲੋਂ ਲਗਾਤਾਰ ਕੀਤੀਆਂ ਜਾ ਰਹੀਆਂ ਸਾਹਿਤਕ ਸਰਗਰਮੀਆਂ ਦੀ ਸ਼ਲਾਘਾ ਕੀਤੀ।ਕਵੀ ਦਰਬਾਰ 'ਚ ਉੱਘੇ ਸ਼ਾਇਰ ਗੁਰਪ੍ਰੀਤ, ਉੱਘੇ ਗੀਤਕਾਰ ਤੇ ਗਾਇਕ ਬਲਜਿੰਦਰ ਸੰਗੀਲਾ, ਕਾਵਿ ਵਿਅੰਗਕਾਰ ਸੁਖਚਰਨ ਸੱਦੇਵਾਲੀਆ, ਸ਼ਾਇਰ ਮਨਜਿੰਦਰ ਮਾਖਾ, ਸ਼ੰਭੂ ਮਸਤਾਨਾ ਤੇ ਇੰਦਰਜੀਤ ਜਾਦੂ ਨੇ ਰਚਨਾਵਾਂ ਰਾਹੀਂ ਕਾਵਿਕ ਰੰਗ ਬੰਨ੍ਹਿਆ।ਪ੍ਰਧਾਨਗੀ ਭਾਸ਼ਣ 'ਚ ਪ੍ਰੋ. ਢਿੱਲੋਂ ਨੇ ਕਿਹਾ ਕਿ ਭਾਵੇਂ ਲੇਖਕ ਵੱਡਾ ਹੁੰਦਾ ਹੈ, ਪ੍ਰੰਤੂ ਉਸ ਤੋਂ ਵੀ ਵੱਡਾ ਪਾਠਕ ਹੁੰਦਾ ਹੈ।ਸੰਸਥਾ ਦੇ ਪ੍ਰਧਾਨ ਬਲਵੰਤ ਭਾਟੀਆ ਨੇ ਸਵਾਗਤੀ ਤੇ ਜਨਰਲ ਸਕੱਤਰ ਬਲਵਿੰਦਰ ਸਿੰਘ ਧਾਲੀਵਾਲ ਨੇ ਧੰਨਵਾਦੀ ਸ਼ਬਦਾਂ ਵਿੱਚ ਅਹਿਦ ਕੀਤਾ ਕਿ ਸੰਸਥਾ ਭਵਿੱਖ 'ਚ ਵੀ ਅਜਿਹੇ ਸਮਾਗਮਾਂ ਦਾ ਸਮੇਂ ਸਮੇਂ 'ਤੇ ਆਯੋਜਨ ਕਰਦੀ ਰਹੇਗੀ।ਮੰਚ ਸੰਚਾਲਨ ਪ੍ਰੋ. ਬੱਲਮ ਲੀਂਬਾ ਨੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ।

## ਲੋਕਾਂ ਦੇ ਸਹਿਯੋਗ ਨਾਲ ਹੀ ਮੁਹਿੰਮ ਨੂੰ ਅੰਜਾਮ ਤੱਕ ਪਹੁੰਚਾਇਆ ਜਾ ਸਕਦੈ : ਕਾਕਾ ਬਰਾੜ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਨਸ਼ੇ ਦੀ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਲਈ ਸ਼ੁਰੂ ਕੀਤੀ ਗਈ 'ਨਸ਼ਾ ਮੁਕਤੀ ਯਾਤਰਾ' ਤਹਿਤ ਸ੍ਰੀ ਮੁਕਤਸਰ ਸਾਹਿਬ ਦੇ 12 ਪਿੰਡਾਂ ਦੇ ਲੋਕਾਂ ਨੇ ਨਸ਼ੇ ਵਿਰੁੱਧ ਲੜਾਈ ਵਿੱਚ ਮੂਹਰੇ ਹੋ ਕੇ ਲੜਨ ਦਾ ਅਹਿਦ ਲਿਆ। ਅੱਜ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਹਰਾਜ, ਖੋਖਰ, ਸਰਾਏਨਾਗਾ, ਕੋਠੇ ਹਿੰਮਤਪੁਰਾ, ਦੌਲਾ, ਪਿਉਰੀ, ਆਧਨੀਆਂ, ਮਾਹੂਆਣਾ, ਤਪਾ ਖੇੜਾ, ਸੰਮੇਵਾਲੀ, ਨੰਦਗੜ੍ਹ ਤੇ ਲੱਖੇਵਾਲੀ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਸਭਾਵਾਂ ਕਰਵਾਈਆਂ ਗਈਆਂ। ਇਨ੍ਹਾਂ ਸਭਾਵਾਂ ਵਿੱਚ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ੇ ਵਿਰੁੱਧ ਛੇੜੀ ਜੰਗ ਵਿੱਚ ਭਾਗੀਦਾਰ ਬਣਨ ਦੀ ਸਹੁੰ ਚੁੱਕੀ ਗਈ। ਪਿੰਡ ਹਰਾਜ, ਖੋਖਰ ਤੇ ਸਰਾਏਨਾਗਾ ਵਿਖੇ ਹਲਕਾ ਵਿਧਾਇਕ ਸ੍ਰੀ ਜਗਦੀਪ ਸਿੰਘ ਕਾਕਾ ਬਰਾੜ ਦੀ ਅਗਵਾਈ ਹੇਠ ਹੋਈਆਂ ਸਭਾਵਾਂ ਵਿੱਚ ਵੱਡੀ ਗਿਣਤੀ 'ਚ ਲੋਕਾਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਸ ਯਾਤਰਾ ਦਾ ਮਕਸਦ ਨਸ਼ੇ ਵਿਰੁੱਧ ਲੜਾਈ ਨੂੰ ਲੋਕ ਲਹਿਰ ਬਣਾਉਣਾ ਹੈ, ਕਿਉਂਕਿ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਨੂੰ ਨਿਰਣਾਇਕ ਅੰਜਾਮ ਤੱਕ ਪਹੁੰਚਾਇਆ ਜਾ ਸਕਦਾ ਹੈ।

ਇਸੇ ਤਰ੍ਹਾਂ ਮਲੋਟ ਹਲਕੇ ਦੇ ਪਿੰਡਾਂ ਸੰਮੇਵਾਲੀ, ਨੰਦਗੜ੍ਹ ਤੇ ਲੱਖੇਵਾਲੀ ਵਿਖੇ ਸਭਾਵਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਮਾਰਕਿਟ ਕਮੇਟੀ ਜਸ਼ਨ ਬਰਾੜ ਨੇ ਕਿਹਾ ਕਿ ਇਹ 'ਨਸ਼ਾ ਮੁਕਤੀ ਯਾਤਰਾ' ਕੋਈ ਸਿਆਸੀ ਯਾਤਰਾ ਨਹੀਂ, ਸਗੋਂ ਨਸ਼ੇ ਦੇ ਖਾਤਮੇ ਦਾ ਸਮਾਜਿਕ ਸੰਕਲਪ ਹੈ। ਉਨ੍ਹਾਂ ਕਿਹਾ ਕਿ ਸਮਾਜ ਦਾ ਹਰ ਵਰਗ, ਪੰਚਾਇਤ, ਮਾਤਾ-ਪਿਤਾ ਇਸ ਅੰਦੋਲਨ ਨਾਲ ਜੁੜਨ ਤਾਂ ਜੋ ਨਸ਼ੇ ਦੇ ਦੈਂਤ ਨੂੰ ਹਰਾਇਆ ਜਾ ਸਕੇ। ਇਸੇ ਤਰ੍ਹਾਂ ਗਿੱਦੜਬਾਹਾ ਹਲਕੇ ਦੇ ਪਿੰਡ ਕੋਠੇ ਹਿੰਮਤਪੁਰਾ, ਦੌਲਾ ਤੇ ਪਿਉਰੀ ਵਿਖੇ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਗੂਆਂ ਨੇ ਲੋਕਾਂ ਨੂੰ ਨਸ਼ੇ ਵਿਰੁੱਧ ਲੜਾਈ ਦਾ ਹਲਫ ਦਿਵਾਇਆ। ਲੰਬੀ ਹਲਕੇ ਦੇ ਪਿੰਡਾਂ ਆਧਨੀਆਂ, ਮਾਹੂਆਣਾ ਤੇ ਤੱਪਾ ਖੇੜਾ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਹੋਏ ਸਮਾਗਮਾਂ ਦੌਰਾਨ ਖੇਤੀਬਾੜੀ ਮੰਤਰੀ, ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਗੂਆਂ ਨੇ ਲੋਕਾਂ ਨੂੰ ਨਸ਼ੇ ਵਿਰੁੱਧ ਜੰਗ 'ਚ ਅਹਿਮ ਭੂਮਿਕਾ ਨਿਭਾਉਣ ਦੀ ਸਹੁੰ ਚੁਕਾਈ।

## ਰਿਸ਼ਤੇ ਬਚਾਉਣ ਲਈ ਝੁਕਣ ਵਾਲਾ ਕਮਜ਼ੋਰ ਨਹੀਂ ਹੁੰਦਾ : ਅਸ਼ਵਨੀ ਗਰਗ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸ਼ਿਵਾਲਿਕ ਪਬਲਿਕ ਸਕੂਲ ਦੇ ਦਸਵੀਂ ਤੇ ਬਾਰ੍ਹਵੀਂ ਜਮਾਤ ਦਾ ਰਿਜ਼ਲਟ ਉਮੀਦਾਂ 'ਤੇ ਖਰਾ ਉਤਰਨ ਕਰਕੇ ਗਦਗਦ ਹੋਏ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਬੱਚਿਆਂ ਦੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੋਈ ਬੱਚਾ ਪੰਜਾਬ ਵਿੱਚੋਂ ਪਹਿਲੇ ਨੰਬਰ 'ਤੇ ਆਉਂਦਾ ਹੈ, ਕੋਈ ਬੱਚਾ ਜ਼ਿਲ੍ਹੇ ਵਿੱਚੋਂ ਅਤੇ ਕੋਈ ਬੱਚਾ ਸਕੂਲ ਵਿੱਚੋਂ ਪਹਿਲੇ ਨੰਬਰ 'ਤੇ ਆਉਂਦਾ ਹੈ। ਮਿਹਨਤ ਸਾਰੇ ਹੀ ਕਰਦੇ ਹਨ ਪ੍ਰੰਤੂ ਫਿਰ ਵੀ ਹਰ ਬੱਚਾ ਪਹਿਲੇ ਨੰਬਰ 'ਤੇ ਨਹੀਂ ਆ ਸਕਦਾ। ਮਿਹਨਤ ਕਰਨਾ ਤੇ ਕੋਸ਼ਿਸ਼ ਕਰਨ ਤੋਂ ਮੂੰਹ ਨਹੀਂ ਮੋੜਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਮਨ ਦਾ ਸ਼ਾਂਤ ਰਹਿਣਾ ਤੇ ਮਨ ਦਾ ਵੱਸ ਵਿੱਚ ਰਹਿਣਾ ਚੰਗਾ ਹੈ ਮਨ ਤੋਂ ਕਿਸੇ ਨੂੰ ਯਾਦ ਕਰਨਾ ਉੱਤਮ ਹੈ ਅਤੇ ਮਨ ਨਾਲ ਕੋਈ ਤੁਹਾਨੂੰ ਯਾਦ ਕਰੇ ਤਾਂ ਅਤਿ ਉੱਤਮ ਹੈ। ਅਸਵਨੀ ਗਰਗ ਨੇ ਕਿਹਾ ਕਿ ਸੋਚਣ ਦਿਓ ਜਿਸਨੇ ਜੋ ਸੋਚਣਾ ਹੈ ਜੇਕਰ ਤੁਹਾਡਾ ਦਿਲ ਸਾਫ ਹੈ ਤਾਂ ਖੁਦ 'ਤੇ ਮਾਣ ਮਹਿਸੂਸ ਕਰੋ। ਬੱਚਿਆਂ ਨੂੰ ਉੱਜਵਲ ਭਵਿੱਖ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਰਿਸ਼ਤੇ ਬਚਾਉਣ ਲਈ ਝੁਕਣ ਵਾਲਾ ਕਮਜ਼ੋਰ ਨਹੀਂ ਹੁੰਦਾ।

## ਵਿਧਾਇਕ ਦਿਆਲਪੁਰਾ ਨੇ ਸ਼ਹਿਰ 'ਚ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਸ਼ਹਿਰ ਦੇ 4 ਵੱਖ ਵੱਖ ਵਾਰਡਾਂ ਵਿੱਚ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ 80 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ। ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਅੱਜ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ, ਜਿਸ ਤਹਿਤ ਜੋ ਪਹਿਲ ਦੇ ਅਧਾਰ 'ਤੇ ਹੋਣ ਵਾਲੇ ਕੰਮ ਹਨ, ਉਹ ਸ਼ੁਰੂ ਕਰਵਾ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕੂਕਾ ਕਾਲੋਨੀ ਵਿਖੇ ਸੜਕ ਦੇ ਨਿਰਮਾਣ ਦਾ ਕੰਮ, ਦੁਸਹਿਰਾ ਮੈਦਾਨ ਵਿਖੇ ਪਾਰਕ ਤੇ ਜਨਤਕ ਲਗਾਉਣ ਦਾ ਕੰਮ, ਪ੍ਰੇਮ ਨਗਰ ਵਿਖੇ ਨਿਰਮਾਣ ਕਾਰਜ ਤੇ ਗੋਬਿੰਦ ਨਗਰ ਵਿਖੇ ਧਰਮਸ਼ਾਲਾ ਦੇ ਕੰਮਾਂ ਦਾ ਨੀਂਹ ਪੱਥਰ ਰੱਖਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਅੱਜ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਦੇ ਵਿਕਾਸ ਕਾਰਜ ਸ਼ੁਰੂ ਕਰਵਾਉਣ ਦਾ ਸੁਭਾਗ ਸਮਾਂ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਸ਼ਹਿਰ ਵੀ ਕੰਮਾਂ ਦੇ ਉਦਘਾਟਨ ਹੋ ਰਹੇ ਹਨ, ਉਸ ਦਾ ਲੋਕਾਂ ਨੂੰ ਕਾਫੀ ਸਮੇਂ ਤੋਂ ਇੰਤਜ਼ਾਰ ਸੀ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਗਿੱਲ, ਜਸਪਾਲ ਸਿੰਘ ਜੱਜ, ਨਗਿੰਦਰਪਾਲ ਸਿੰਘ ਮੱਕੜ, ਪਰਕਾਸ਼ ਕੌਰ, ਕਿਸ਼ੋਰ ਕੁਮਾਰ, ਨੀਰਜ ਕੁਮਾਰ (ਸਾਰੇ ਕੌਂਸਲਰ), ਬਲਜਿੰਦਰ ਸਿੰਘ ਮੱਕੜ, ਨਿਰਮਲ ਸਿੰਘ, ਪ੍ਰਵੀਨ ਮੱਕੜ, ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਵਰਿੰਦਰ ਰਾਣਾ, ਰਣਜੀਤ ਸਿੰਘ ਜੀਤੀ, ਨਿਰੰਜਨ ਸਿੰਘ ਹੁਰ, ਪੀਏ ਨਵਜੀਤ ਸਿੰਘ ਉਟਾਲਾਂ ਮੌਜੂਦ ਸਨ।

## 10ਵੀਂ ਦੇ ਨਤੀਜਿਆਂ 'ਚ ਮੋਹਰੀ ਰਹੇ ਵਿਦਿਆਰਥੀਆਂ ਦਾ ਸਨਮਾਨ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪਿਛਲੇ ਦਿਨੀਂ ਐਲਾਨੇ ਗਏ 10ਵੀਂ ਜਮਾਤ ਦੇ ਸਾਲਾਨਾ ਨਤੀਜਿਆਂ ਵਿੱਚ ਨੇੜਲੇ ਪਿੰਡ ਜਖੇਪਲ ਦੇ ਸ਼ਹੀਦ ਬਾਬਾ ਦੀਪ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸੌ ਫ਼ੀਸਦੀ ਰਿਹਾ ਤੇ ਸਕੂਲ ਪ੍ਰਿੰਸੀਪਲ ਮਮਤਾ ਗੋਇਲ ਤੇ ਮੈਨੇਜਿੰਗ ਡਾਇਰੈਕਟਰ ਹਰੀਸ਼ ਗੋਇਲ ਦੀ ਅਗਵਾਈ ਹੇਠ ਪ੍ਰੀਖਿਆ ਦੌਰਾਨ ਸਕੂਲ ਵਿੱਚੋਂ ਮੋਹਰੀ ਰਹੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਮਮਤਾ ਗੋਇਲ ਤੇ ਮੈਨੇਜਿੰਗ ਡਾਇਰੈਕਟਰ ਹਰੀਸ਼ ਗੋਇਲ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਸਕੂਲ ਵਿੱਚ ਵਿਦਿਆਰਥਣ ਰਜ਼ਦੀਪ ਕੌਰ ਨੇ ਪਹਿਲਾ, ਸੁਖਪ੍ਰੀਤ ਸਿੰਘ ਨੇ ਦੂਜਾ, ਕਮਲਦੀਪ ਕੌਰ ਨੇ ਤੀਸਰਾ, ਗੁਰਜੀਤ ਕੌਰ ਨੇ ਚੌਥਾ, ਸਿਮਰਦੀਪ ਕੌਰ ਨੇ ਪੰਜਵਾਂ, ਮਨਿੰਦਰ ਕੌਰ ਨੇ ਛੇਵਾਂ, ਵਣਨਦੀਪ ਸਿੰਘ ਨੇ ਸੱਤਵਾਂ, ਰਾਜਵੀਰ ਸਿੰਘ ਨੇ ਅੱਠਵਾਂ, ਗੁਰਨੀਤ ਕੌਰ ਨੇ ਨੌਵਾਂ ਤੇ ਨਵਜੋਤ ਕੌਰ ਨੇ ਦਸਵਾਂ ਸਥਾਨ ਹਾਸਲ ਕੀਤਾ, ਜਿਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜਿਆਂ ਲਈ ਸਿਹਰਾ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਨੂੰ ਦਿੱਤਾ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ। ਇਸ ਮੌਕੇ ਸਮੂਹ ਸਕੂਲ ਸਟਾਫ ਮੈਂਬਰ ਮੌਜੂਦ ਸਨ।

## ਬੰਗੜ ਹਸਪਤਾਲ ਵੱਲੋਂ ਬੱਚਿਆਂ ਦੇ ਰੋਗਾਂ ਦੀ ਜਾਂਚ ਲਈ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੰਗੜ ਸੁਪਰ ਸਪੈਸ਼ਲਿਸਟ ਹਸਪਤਾਲ ਵੱਲੋਂ ਏਂਜਲ ਪੈਰਾਡਾਈਸ ਪ੍ਰੀ ਸਕੂਲ ਵਿੱਚ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਜਾਣਕਾਰੀ ਸਾਂਝੀ ਕਰਦਿਆਂ ਬਲਜੀਤ ਕੌਰ ਬੰਗੜ ਵੱਲੋਂ ਹਸਪਤਾਲ ਵਿੱਚ ਚੱਲ ਰਹੀਆਂ ਇੱਕੋ ਛੱਤ ਹੇਠ ਸੇਵਾਵਾਂ ਤੇ ਮਾਹਰ ਡਾਕਟਰਾਂ ਤੇ ਤਜਰਬੇਕਾਰ ਨਰਸਿੰਗ ਸਟਾਫ਼ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ। ਇਸ ਮੌਕੇ ਬੱਚਿਆਂ ਦੇ ਮਾਹਰ ਡਾਕਟਰ ਰੋਹਿਤ ਕੁਮਾਰ ਡੁੱਗਰ ਵੱਲੋਂ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਜਾਂਚ ਕਰਕੇ ਗਰਮੀ ਦੇ ਪ੍ਰਕੋਪ ਤੋਂ ਬਚਾਅ ਰੱਖਣ ਵਾਲੀਆਂ ਸਾਵਧਾਨੀਆਂ ਵਰਤਣ ਲਈ ਦੱਸਿਆ ਗਿਆ। ਇਸ ਮੌਕੇ ਪ੍ਰਿੰਸੀਪਲ ਨਿਤਿਕਾ ਮੋਂਗਾ, ਗਗਨ ਦੀਪ, ਵਿਕਾਸ ਕੁਮਾਰ, ਵਿਸ਼ਾਲ ਤੇਜੀ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਕਟੋਰਾ, ਨਿਸ਼ਾਨ ਸਿੰਘ ਅਰਮਾਨਪੁਰਾ, ਕੁਲਦੀਪ ਸਿੰਘ ਧੀਰਾ ਪੱਤਰਾ, ਸੁਖਵਿੰਦਰ ਸਿੰਘ, ਹਰਮਨ ਕੌਰ ਤੋਂ ਇਲਾਵਾ ਹੋਰ ਹਾਜ਼ਰ ਸਨ।

## ਮਾਊਂਟ ਲਿਟਰਾ ਜ਼ੀ ਸਕੂਲ 'ਚ 'ਗੁੱਡ ਟੱਚ-ਬੈਡ ਟੱਚ' ਬਾਰੇ ਕੀਤਾ ਜਾਗ੍ਰਿਤ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਮਾਊਂਟ ਲਿਟਰਾ ਜ਼ੀ ਸਕੂਲ ਫਰੀਦਕੋਟ ਵਿਖੇ ਜ਼ਿਲ੍ਹਾ ਮਹਿਲਾ ਹੈਲਪ ਡੈਸਕ ਵੱਲੋਂ 'ਗੁੱਡ ਟਚ-ਬੈਡ ਟਚ' ਵਿਸ਼ੇ 'ਤੇ ਇੱਕ ਔਗਾਹਤਾ ਸੈਸ਼ਨ ਸਾਂਝ ਜਾਗ੍ਰਿਤੀ ਪ੍ਰੋਗ੍ਰਾਮ ਕਰਵਾਇਆ ਗਿਆ।ਇਹ ਸੈਸ਼ਨ ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਦੇ ਨੇਤ੍ਰਤਵ ਹੇਠ ਕਰਵਾਇਆ ਗਿਆ।ਇਹ ਸੈਸ਼ਨ ਐਸ.ਆਈ. ਸੁਸ਼ਰੀ ਹਰਜਿੰਦਰ, ਇੰਚਾਰਜ, ਜ਼ਿਲ੍ਹਾ ਮਹਿਲਾ ਹੈਲਪ ਡੈਸਕ ਅਤੇ ਹੈੱਡ ਕਾਂਸਟੇਬਲ ਸੁਸ਼ਰੀ ਰੁਪਿੰਦਰ ਕੌਰ, ਡਿਪਟੀ ਇੰਚਾਰਜ ਵੱਲੋਂ ਲੈਂਖਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚੰਗੇ ਅਤੇ ਮਾੜੇ ਸਪਰਸ਼ ਵਿਚਕਾਰ ਅੰਤਰ ਸਮਝਾਉਂਦੇ ਹੋਏ ਆਤਮ-ਸੁਰੱਖਿਆ ਦੇ ਬੁਨਿਆਦੀ ਤਰੀਕਿਆਂ ਬਾਰੇ ਵੀ ਜਾਣੂ ਕਰਵਾਇਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।ਪ੍ਰਿੰਸੀਪਲ ਸਾਹਿਬ ਤੇ ਚੇਅਰਮੈਨ ਸ੍ਰ. ਚਮਨ ਲਾਲ ਗੁਲਾਟੀ ਨੇ ਮਹਿਲਾ ਹੈਲਪ ਡੈਸਕ ਦੀ ਟੀਮ ਤੇ ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਦਾ ਧੰਨਵਾਦ ਕੀਤਾ ਅਤੇ ਇਸ ਤਰ੍ਹਾਂ ਦੇ ਔਗਾਹਤਾ ਸੈਸ਼ਨਾਂ ਦੀ ਖੂਬ ਸਾਰਾਹਣਾ ਕੀਤੀ।

## ਵਾਟਰ ਸਪਲਾਈ ਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ



**ਲੁਧਿਆਣਾ (ਰੈਕਟਰ ਕਥੂਰੀਆ)**-ਵਾਟਰ ਸਪਲਾਈ ਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਪ੍ਰਧਾਨ ਗੁਰਦੇਵ ਸਿੰਘ ਨਿਹੰਗ ਦੀ ਅਗਵਾਈ ਵਿੱਚ ਈਸੜੂ ਭਵਨ ਲੁਧਿਆਣਾ ਵਿਖੇ ਕੀਤੀ ਗਈ।ਮੀਟਿੰਗ ਵਿੱਚ ਜਥੇਬੰਦੀ ਦੀ ਸਟੇਟ ਬਾਡੀ ਦੀ ਚੋਣ ਕੀਤੀ ਗਈ। ਇਸ ਚੋਣ ਵਿੱਚ ਸੂਬਾ ਪ੍ਰਧਾਨ ਗੁਰਦੇਵ ਸਿੰਘ ਨਿਹੰਗ, ਸੀਨੀਅਰ ਪ੍ਰਧਾਨ ਬਲਦੇਵ ਸਿੰਘ ਮੰਡੇਰ, ਖਜ਼ਾਨਚੀ ਕਲਵਿੰਦਰ ਸਿੰਘ, ਪ੍ਰੈੱਸ ਸਕੱਤਰ ਨਰਿੰਦਰ ਸਿੰਘ ਮੋਰਿੰਡਾ, ਮਿਲਖਾ ਸਿੰਘ ਜਨ. ਸਕੱਤਰ, ਜਗਵੀਰ ਸਿੰਘ ਵਾਇਸ ਜਨ, ਸਕੱਤਰ, ਮੁੱਖ ਸਲਾਹਕਾਰ ਵਿਜੇ ਕੁਮਾਰ ਲੁਧਿਆਣਾ ਚੁਣੇ ਗਏ। ਸਟੇਟ ਬਾਡੀ ਦੇ ਐਗਜ਼ੈਕਟਿਵ ਮੈਂਬਰ ਬੀਰ ਸਿੰਘ, ਸੱਤਪਾਲ ਸਿੰਘ, ਜਿੰਦਰ ਸਿੰਘ, ਸੁਖਜੀਵਨ ਸਿੰਘ, ਰਾਜੇਸ਼ ਕੁਮਾਰ, ਨਵਨੀਤ ਸ਼ਰਮਾ, ਗੁਰਵਿੰਦਰ ਸਿੰਘ ਗੋਨਿਆਣਾ, ਵਿਜੇ ਕੁਮਾਰ ਬੁਢਲਾਡਾ, ਵਿਨੋਦ ਕੁਮਾਰ ਬਰਨਾਲਾ, ਜਗਸੀਰ ਸਿੰਘ ਟਾਹਲੀਆਂ, ਗੁਰਪ੍ਰੀਤ ਸਿੰਘ, ਸੁਖਜਿੰਦਰ ਸਿੰਘ, ਕਰਮਜੀਤ ਭਦੌੜ, ਜਗਤਾਰ ਸਿੰਘ ਬਠਿੰਡਾ, ਕੁਲਦੀਪ ਸਿੰਘ ਐਗਜ਼ੈਕਟਿਵ ਮੈਂਬਰ ਚੁਣੇ ਗਏ। ਇਸ ਮੀਟਿੰਗ ਵਿੱਚ ਪੰਜਾਬ ਭਰ ਦੇ ਸੀਵਰੇਜ ਬੋਰਡ ਦੇ ਕੱਚੇ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ।ਮੀਟਿੰਗ ਵਿੱਚ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਕੱਚੇ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ ਤੇ 1948 ਦੇ ਕਨੂੰਨ ਤਹਿਤ ਗੁਜ਼ਾਰੇ ਜੋਗੀ ਤਨਖਾਹ ਕੀਤੀ ਜਾਵੇ।ਜੇਕਰ ਸਰਕਾਰ ਉਪਰੋਕਤ ਮੰਗਾਂ ਦਾ ਹੱਲ ਨਹੀਂ ਕਰਦੀ ਤਾਂ ਬਹੁਤ ਜਲਦੀ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

## ਬੀ ਬੀ ਐੱਮ ਬੀ ਪੰਜਾਬ, ਹਰਿਆਣਾ ਤੇ ਰਾਜਸਥਾਨ ਨੂੰ ਮੰਗ ਅਨੁਸਾਰ ਪਾਣੀ ਦੇਣ ਲਈ ਸਹਿਮਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐੱਮਬੀ) ਨੇ ਮੰਗ ਅਨੁਸਾਰ ਪੰਜਾਬ, ਹਰਿਆਣਾ ਤੇ ਰਾਜਸਥਾਨ ਨੂੰ ਪਾਣੀ ਦੇਣ ਲਈ ਸਹਿਮਤੀ ਦਿੱਤੀ ਹੈ। ਬੀਤੇ 15 ਮਈ ਨੂੰ ਬੀ ਬੀ ਐੱਮ ਬੀ ਹੈੱਡਕੁਆਰਟਰ ਵਿਖੇ ਹੋਈ ਤਕਨੀਕੀ ਕਮੇਟੀ ਦੀ ਮੀਟਿੰਗ ਵਿੱਚ 21 ਤੋਂ 31 ਮਈ ਤੱਕ ਪੰਜਾਬ ਨੇ 17,000 ਕਿਊਸਿਕ, ਹਰਿਆਣਾ ਨੇ 10,300 ਕਿਊਸਿਕ ਤੇ ਰਾਜਸਥਾਨ ਨੇ 12,400 ਕਿਊਸਿਕ ਪਾਣੀ ਦੀ ਮੰਗ ਕੀਤੀ ਸੀ। ਮੀਟਿੰਗ ਵਿੱਚ ਪੰਜਾਬ ਨੇ ਹਰਿਆਣਾ ਦੀ ਮੰਗ ਦਾ ਵਿਰੋਧ ਕੀਤਾ ਸੀ, ਪਰ ਹੁਣ ਸਾਹਮਣੇ ਆਈ ਜਾਣਕਾਰੀ ਅਨੁਸਾਰ, ਬੀਬੀਐੱਮਬੀ ਨੇ ਫੈਸਲਾ ਕੀਤਾ ਹੈ ਕਿ ਪੰਜਾਬ, ਹਰਿਆਣਾ ਤੇ ਰਾਜਸਥਾਨ ਵੱਲੋਂ 10 ਦਿਨਾਂ ਲਈ ਕੀਤੀ ਗਈ ਪਾਣੀ ਦੀ ਮੰਗ ਨੂੰ ਪੂਰਾ ਕੀਤਾ ਜਾਵੇਗਾ। ਇਸ ਦਾ ਮਤਲਬ ਹੈ ਕਿ ਪੰਜਾਬ ਦੇ ਵਿਰੋਧ ਦੇ ਬਾਵਜੂਦ ਹਰਿਆਣਾ ਨੂੰ ਹੁਣ 10,300 ਕਿਊਸਿਕ ਪਾਣੀ ਮਿਲੇਗਾ। ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਨੇ 17,000 ਕਿਊਸਿਕ ਪਾਣੀ ਦੀ ਮੰਗ ਕੀਤੀ ਸੀ। ਫੈਸਲੇ ਅਨੁਸਾਰ ਪੰਜਾਬ ਨੂੰ ਹਰੀਕੇ ਤੋਂ 7,000 ਕਿਊਸਿਕ ਤੇ ਰੋਪੜ ਤੋਂ 10,000 ਕਿਊਸਿਕ ਪਾਣੀ ਮਿਲੇਗਾ। ਰਾਜਸਥਾਨ ਨੂੰ 12,400 ਕਿਊਸਿਕ ਤੇ ਹਰਿਆਣਾ ਨੂੰ 10,300 ਕਿਊਸਿਕ ਪਾਣੀ ਦੇਣ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਮੰਨਿਆ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਦੇ ਸਖਤ ਸਟੈਂਡ ਤੋਂ ਬਾਅਦ ਬੋਰਡ ਨੇ ਨਿਰਪੱਖ ਰਵੱਈਆ ਅਪਣਾਇਆ ਹੈ।

21-MAY-PAGE-1.qxd 5/20/2025 10:49 PM Page 1

ਬੁੱਧਵਾਰ, 21 ਮਈ, 2025
8 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 350

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 21 MAY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

## ਘਰਦਿਆਂ ਨੂੰ ਹਨੇਰੇ 'ਚ ਰੱਖ ਕੇ ਬਾਹਰਲਿਆਂ ਨੂੰ ਚਾਨਣਾ ਪਾਉਣਾ ਨਾ-ਮਨਜ਼ੂਰ : ਡੀ ਰਾਜਾ



**ਨਵੀਂ ਦਿੱਲੀ** : 'ਅਪ੍ਰੇਸ਼ਨ ਸਿੰਧੂਰ' 'ਤੇ ਚਰਚਾ ਲਈ ਸੰਸਦ ਦਾ ਵਿਸ਼ੇਸ਼ ਅਜਲਾਸ ਸੱਦਣ ਦੀ ਮੰਗ ਦਰਮਿਆਨ ਸੀ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਡੀ ਰਾਜਾ ਨੇ ਮੰਗਲਵਾਰ ਕਿਹਾ ਕਿ ਭਾਰਤੀਆਂ ਨੂੰ ਹਨੇਰੇ ਵਿੱਚ ਰੱਖ ਕੇ ਵਿਦੇਸ਼ੀ ਸਰਕਾਰਾਂ ਨੂੰ ਇਸ ਬਾਰੇ ਜਾਣਕਾਰੀ ਦੇਣਾ ਅਪ੍ਰਵਾਨਯੋਗ ਹੈ। ਉਨ੍ਹਾ ਇਹ ਵੀ ਕਿਹਾ ਕਿ ਸਰਕਾਰ ਦਾ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਦੇ ਮੈਂਬਰਾਂ ਤੇ ਹੋਰ ਅਹਿਮ ਦੇਸ਼ਾਂ ਵਿੱਚ ਸਰਬ-ਪਾਰਟੀ ਵਫਦ ਘੱਲਣੇ ਦਿਖਾਵਾ ਹੀ ਜਾਪਦਾ ਹੈ। ਉਨ੍ਹਾ ਕਿਹਾ ਕਿ ਇਸ ਮਾਮਲੇ ਵਿੱਚ ਸਿਆਸੀ ਪਾਰਟੀਆਂ ਨਾਲ ਕੋਈ ਮਸ਼ਵਰਾ ਨਹੀਂ ਕੀਤਾ ਗਿਆ ਅਤੇ ਵਫਦਾਂ ਨੂੰ ਹੋਰਨਾਂ ਦੇਸ਼ਾਂ ਵਿੱਚ ਕੀ ਸਮਝਾਉਣ ਲਈ ਘੱਲਿਆ ਜਾ ਰਿਹਾ ਹੈ, ਇਹ ਵੀ ਅਸਪੱਸ਼ਟ ਹੈ। ਇਹ ਅਪ੍ਰਵਾਨਯੋਗ ਹੈ ਕਿ ਵਿਦੇਸ਼ੀ ਸਰਕਾਰਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ, ਜਦਕਿ ਭਾਰਤ ਦੀ ਆਪਣੀ ਸੰਸਦ ਤੇ ਲੋਕਾਂ ਨੂੰ ਹਨੇਰੇ ਵਿੱਚ ਰੱਖਿਆ ਗਿਆ ਹੈ।

ਕਾਂਗਰਸ ਸਣੇ ਕਈ ਆਪੋਜ਼ੀਸ਼ਨ ਪਾਰਟੀਆਂ ਮੰਗ ਕਰ ਰਹੀਆਂ ਹਨ ਕਿ ਪਹਿਲਗਾਮ ਹਮਲੇ ਤੋਂ ਬਾਅਦ ਕੀਤੇ ਗਏ ਸਿੰਧੂਰ ਅਪ੍ਰੇਸ਼ਨ ਬਾਰੇ ਚਰਚਾ ਕਰਨ ਲਈ ਸੰਸਦ ਦਾ ਵਿਸ਼ੇਸ਼ ਅਜਲਾਸ ਸੱਦਿਆ ਜਾਵੇ। ਕਾਮਰੇਡ ਰਾਜਾ ਨੇ ਭਾਰਤ ਤੇ ਪਾਕਿਸਤਾਨ ਵਿਚਾਲੇ ਲੜਾਈਬੰਦੀ ਦੀਆਂ ਸ਼ਰਤਾਂ ਬਾਰੇ ਵਧ ਰਹੇ ਭੰਬਲਭੂਸੇ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ, ਜਿਸ ਨੇ ਪ੍ਰਮਾਣੂ ਟਕਰਾਅ ਰੋਕਣ ਲਈ ਲੜਾਈਬੰਦੀ ਕਰਾਉਣ ਦਾ ਗੈਰ-ਜ਼ਿੰਮੇਵਾਰਾਨਾ ਦਾਅਵਾ ਕੀਤਾ, ਦੇ ਰੋਲ ਬਾਰੇ ਸਰਕਾਰ ਤੋਂ ਸਪੱਸ਼ਟੀਕਰਨ ਮੰਗਿਆ ਹੈ। ਉਨ੍ਹਾ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਸਰਕਾਰ ਨੇ ਟਰੰਪ ਦੇ ਦਾਅਵਿਆਂ ਦਾ ਖੁੱਲ੍ਹ ਕੇ ਖੰਡਨ ਨਹੀਂ ਕੀਤਾ। ਇਹ ਦਾਅਵੇ ਵਿਦੇਸ਼ ਸਕੱਤਰ ਦੇ ਸੰਸਦੀ ਪੈਨਲ ਅੱਗੇ ਦਿੱਤੇ ਇਸ ਬਿਆਨ ਦੇ ਇਕਦਮ ਉਲਟ ਹਨ ਕਿ ਦੋਹਾਂ ਦੇਸ਼ਾਂ ਨੇ ਰਵਾਇਤੀ ਹਥਿਆਰ ਵਰਤੇ।

ਸਿੰਧੂਰ ਅਪ੍ਰੇਸ਼ਨ 'ਤੇ ਇੱਕ ਪੋਸਟ ਨੂੰ ਲੈ ਕੇ ਅਸ਼ੋਕਾ ਯੂਨੀਵਰਸਿਟੀ ਦੇ ਪ੍ਰੋਫੈਸਰ ਅਲੀ ਖਾਨ ਮਹਿਮੂਦਾਬਾਦ ਦੀ ਗ੍ਰਿਫਤਾਰੀ ਨੂੰ ਕਾਮਰੇਡ ਰਾਜਾ ਨੇ ਅਸਹਿਮਤੀ ਦੀ ਆਵਾਜ਼ ਨੂੰ ਦਬਾਉਣਾ ਕਰਾਰ ਦਿੱਤਾ। ਇਸੇ ਦੌਰਾਨ ਅਪ੍ਰੇਸ਼ਨ ਸਿੰਧੂਰ ਤੋਂ ਬਾਅਦ ਭਾਰਤ ਦਾ ਕੂਟਨੀਤਕ ਸੰਪਰਕ ਬੁੱਧਵਾਰ ਨੂੰ ਸ਼ੁਰੂ ਹੋ ਰਿਹਾ ਹੈ, ਜਿਸ ਤਹਿਤ ਸੱਤ ਸਰਬ ਪਾਰਟੀ ਵਫਦਾਂ ਵਿੱਚੋਂ ਪਹਿਲਾ ਵਫਦ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਲਈ ਰਵਾਨਾ ਹੋਵੇਗਾ।

ਸ਼ਿਵ ਸੈਨਾ ਸੰਸਦ ਮੈਂਬਰ ਸ੍ਰੀਕਾਂਤ ਏਕਨਾਥ ਸ਼ਿੰਦੇ ਦੀ ਅਗਵਾਈ ਵਿਚ ਇਹ ਵਫਦ ਕਾਂਗੋ, ਸੀਅਰਾ ਲਿਓਨ ਅਤੇ ਲਾਇਬੇਰੀਆ ਦਾ ਵੀ ਦੌਰਾ ਕਰੇਗਾ। ਅਗਲੇ ਚਾਰ ਦਿਨਾਂ ਵਿਚ 25 ਮਈ ਤੱਕ ਬਾਕੀ ਛੇ ਵਫਦ ਲੋਕਾਂ, ਨੀਤੀ ਨਿਰਮਾਤਾਵਾਂ ਅਤੇ ਚੁਣੇ ਹੋਏ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਨ ਲਈ ਵੱਖ-ਵੱਖ ਦੇਸ਼ਾਂ ਦੇ ਦੌਰੇ 'ਤੇ ਜਾਣਗੇ।

## ਪਾਕਿਸਤਾਨ ਨੇ ਮੁਨੀਰ ਨੂੰ ਫੀਲਡ ਮਾਰਸ਼ਲ ਬਣਾਇਆ



**ਇਸਲਾਮਾਬਾਦ** : ਪਾਕਿਸਤਾਨੀ ਕੈਬਨਿਟ ਨੇ ਮੰਗਲਵਾਰ ਸੈਨਾ ਮੁਖੀ ਜਨਰਲ ਆਸਿਮ ਮੁਨੀਰ ਨੂੰ ਤਰੱਕੀ ਦੇ ਕੇ ਫੀਲਡ ਮਾਰਸ਼ਲ ਦਾ ਰੈਂਕ ਦੇਣ ਨੂੰ ਮਨਜ਼ੂਰੀ ਦੇ ਦਿੱਤੀ। ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦੇ ਦਫਤਰ ਮੁਤਾਬਕ ਜਨਰਲ ਮੁਨੀਰ ਨੇ ਭਾਰਤ ਨਾਲ ਟਕਰਾਅ ਦੌਰਾਨ ਮਿਸਾਲੀ ਰੋਲ ਨਿਭਾਇਆ। ਜਨਰਲ ਦੇ ਚਾਰ ਸਟਾਰ ਲੱਗਦੇ ਹਨ, ਜਦਕਿ ਫੀਲਡ ਮਾਰਸ਼ਲ ਦੇ ਪੰਜ। ਇਸ ਤੋਂ ਪਹਿਲਾਂ 1959 ਵਿੱਚ ਅਯੂਬ ਖਾਨ ਨੂੰ ਇਹ ਰੈਂਕ ਦਿੱਤਾ ਗਿਆ ਸੀ। ਮੁਨੀਰ ਦੇ ਪਿਤਾ ਸਈਅਦ ਸਰਵਰ ਮੁਨੀਰ 1947 ਵਿੱਚ ਜਲੰਧਰ ਤੋਂ ਪਾਕਿਸਤਾਨ ਗਏ ਸਨ।

## ਹੇਮਕੁੰਟ ਯਾਤਰਾ ਭਲਕ ਤੋਂ

**ਦੇਹਰਾਦੂਨ** : ਉਤਰਾਖੰਡ 'ਚ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ 25 ਮਈ ਨੂੰ ਸ਼ਰਧਾਲੂਆਂ ਲਈ ਖੋਲ੍ਹੇ ਜਾਣਗੇ। 22 ਮਈ ਨੂੰ ਰਿਸ਼ੀਕੇਸ਼ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਪਹਿਲਾ ਜਥਾ ਰਵਾਨਾ ਹੋਵੇਗਾ। ਲਗਭਗ 60 ਹਜ਼ਾਰ ਸ਼ਰਧਾਲੂਆਂ ਨੇ ਯਾਤਰਾ ਲਈ ਆਨਲਾਈਨ ਰਜਿਸਟਰੇਸ਼ਨ ਕਰਵਾਈ ਹੈ।

## ਮਜ਼ਦੂਰਾਂ-ਕਿਸਾਨਾਂ ਵੱਲੋਂ ਅੰਮ੍ਰਿਤਸਰ 'ਚ ਜ਼ਬਰਦਸਤ ਪ੍ਰਦਰਸ਼ਨ




**ਅੰਮ੍ਰਿਤਸਰ** : ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਅਤੇ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਉੱਪਰ ਮੰਗਲਵਾਰ ਇੱਥੇ ਅੰਮ੍ਰਿਤਸਰ ਬੱਸ ਸਟੈਂਡ ਵਿਖੇ ਰੋਸ ਪ੍ਰਦਰਸਨ ਕੀਤਾ ਗਿਆ। ਰੋਸ ਪ੍ਰਦਰਸਨ ਨੂੰ ਏਟਕ, ਐੱਚ ਐੱਮ ਐੱਸ, ਸੀ ਟੀ ਯੂ ਪੰਜਾਬ, ਇੰਟਕ ਅਤੇ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕੀਤਾ। ਇਹਨਾਂ ਵਿੱਚ ਅਮਰਜੀਤ ਸਿੰਘ ਆਸਲ, ਸੁੱਚਾ ਸਿੰਘ ਅਜਨਾਲਾ, ਕੁਲਵੰਤ ਸਿੰਘ ਬਾਵਾ, ਸੁਰਿੰਦਰ ਸ਼ਰਮਾ, ਜਗਤਾਰ ਸਿੰਘ ਕਰਮਪੁਰਾ, ਬਲਦੇਵ ਸਿੰਘ ਬੱਬੂ, ਨਰਿੰਦਰ ਬੱਲ, ਸਰੋਜ ਬਾਲਾ, ਗੁਰਮਿੰਦਰ ਕੌਰ, ਮੰਗਲ ਸਿੰਘ ਟਾਂਡਾ, ਤੀਰਥ ਸਿੰਘ, ਲਖਬੀਰ ਸਿੰਘ ਨਿਜ਼ਾਮਪੁਰਾ, ਸਵਿੰਦਰ ਸਿੰਘ ਮੀਰਾਂਕੋਟ, ਮਾਸਟਰ ਅਮਰੀਕ ਸਿੰਘ, ਬਲਬੀਰ ਸਿੰਘ ਝਾਮਕਾ ਆਦਿ ਸ਼ਾਮਿਲ ਹਨ। ਬੁਲਾਰਿਆਂ ਨੇ ਕੇਂਦਰੀ ਮਜ਼ਦੂਰ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦੱਸੇ ਗਏ ਮੁੱਦਿਆਂ/ਮੰਗਾਂ ਦੀ ਵਿਸਥਾਰਪੂਰਵਕ ਵਿਆਖਿਆ ਕੀਤੀ। ਬੁਲਾਰਿਆਂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਨੀਤੀਆਂ ਮਜ਼ਦੂਰਾਂ ਅਤੇ ਕਿਸਾਨਾਂ ਦੇ ਵਿਰੁੱਧ ਹਨ। ਇਹ ਨੀਤੀਆਂ ਕਾਰਪੋਰੇਟ ਘਰਾਣਿਆਂ ਦੇ ਮੁਨਾਫਿਆਂ ਵਿੱਚ ਵਾਧਾ ਕਰਨ ਵਾਲੀਆਂ ਹਨ ਅਤੇ ਕਿਰਤੀ ਵਰਗ ਲਈ ਬੇਹੱਦ ਨੁਕਸਾਨਦਾਇਕ ਹਨ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਮਜ਼ਦੂਰਾਂ ਦੇ ਸੰਘਰਸ਼ਾਂ ਨਾਲ ਪ੍ਰਾਪਤ ਕੀਤੇ 29 ਲੇਬਰ ਕਾਨੂੰਨਾਂ ਨੂੰ ਇੱਕੋ ਝਟਕੇ ਨਾਲ ਖਤਮ ਕਰਕੇ 4 ਲੇਬਰ ਕੋਡ ਜ਼ਬਰਦਸਤੀ ਲਾਗੂ ਕਰਨਾ ਚਾਹੁੰਦੀ ਹੈ। ਇਹ ਲੇਬਰ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਦੇ ਹੱਕ ਬਿਲਕੁਲ ਖਤਮ ਹੋ ਜਾਣਗੇ ਅਤੇ ਉਹ ਗੁਲਾਮੀ ਵਾਲਾ ਜੀਵਨ ਬਸਰ ਕਰਨ ਲਈ ਮਜਬੂਰ ਹੋਣਗੇ। ਵੈਸੇ ਵੀ ਕੇਂਦਰ ਦੀ ਭਾਜਪਾ ਸਰਕਾਰ ਦੀ ਹੱਲਾਸ਼ੇਰੀ ਨਾਲ ਮਜ਼ਦੂਰਾਂ ਦੇ ਕੰਮ ਦੇ ਘੰਟੇ ਗੈਰ-ਕਾਨੂੰਨੀ ਢੰਗ ਨਾਲ ਵਧਾਏ ਜਾ ਰਹੇ ਹਨ, ਘੱਟੋ-ਘੱਟ ਮਜ਼ਦੂਰੀ ਅਤੇ ਸਮਾਜਿਕ ਸੁਰੱਖਿਆ ਦੇ ਕਾਨੂੰਨ ਲਾਗੂ ਨਹੀਂ ਹੋ ਰਹੇ। ਇਸੇ ਤਰੀਕੇ ਨਾਲ ਕਿਸਾਨ ਅੰਦੋਲਨ ਦੇ ਦਬਾਅ ਹੇਠ ਭਾਵੇਂ ਕਿਸਾਨ ਵਿਰੋਧੀ ਕਾਨੂੰਨ ਵਾਪਿਸ ਲੈ ਲਏ ਗਏ ਹਨ, ਪਰ ਫਿਰ ਵੀ ਕਿਸਾਨਾਂ ਦੀਆਂ ਮੰਗਾਂ ਉਸੇ ਤਰ੍ਹਾਂ ਹੀ ਲਟਕੀਆਂ ਪਈਆਂ ਹਨ। ਬੁਲਾਰਿਆਂ ਨੇ ਕਿਹਾ ਕਿ 20 ਮਈ ਨੂੰ ਹੋਣ ਵਾਲੀ ਦੇਸ਼-ਵਿਆਪੀ ਹੜਤਾਲ ਭਾਵੇਂ ਜੰਗੀ ਹਾਲਾਤ ਕਰਕੇ 9 ਜੁਲਾਈ ਤੱਕ ਟਾਲ ਦਿੱਤੀ ਗਈ ਹੈ ਅਤੇ ਇਹ ਕੇਂਦਰ ਸਰਕਾਰ ਲਈ ਇੱਕ ਮੌਕਾ ਹੈ ਕਿ ਉਹ ਮਜ਼ਦੂਰ ਜਥੇਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਨਾਲ ਬੈਠ ਕੇ ਗੱਲਬਾਤ ਕਰਕੇ ਮਸਲਿਆਂ ਦਾ ਹੱਲ ਕਰੇ। ਲੇਬਰ ਕੋਡ ਜ਼ਬਰਦਸਤੀ ਲਾਗੂ ਕਰਨ ਦਾ ਫੈਸਲਾ ਵਾਪਿਸ ਲਵੇ ਅਤੇ ਕਿਸਾਨਾਂ ਦੀਆਂ ਮੰਗਾਂ ਮੰਨੀਆਂ ਜਾਣ। ਉਹਨਾਂ ਕਿਹਾ ਕਿ ਜੇਕਰ ਸਰਕਾਰ ਇਸ ਪਾਸੇ ਵੱਲ ਧਿਆਨ ਨਹੀਂ ਦੇਵੇਗੀ ਤਾਂ 9 ਜੁਲਾਈ ਨੂੰ ਸਾਰੇ ਦੇਸ਼ ਵਿੱਚ ਮਜਬੂਰੀਵੱਸ ਇੱਕ ਦਿਨ ਦੀ ਹੜਤਾਲ ਮਜ਼ਦੂਰਾਂ/ ਮੁਲਾਜ਼ਮਾਂ ਨੂੰ ਕਰਨੀ ਪਵੇਗੀ, ਜਿਸ ਦੀ ਡਟਵੀਂ ਹਮਾਇਤ ਕਿਸਾਨ ਜਥੇਬੰਦੀਆਂ ਵੱਲੋਂ ਵੀ ਹੋਵੇਗੀ ਅਤੇ ਇਸ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ। ਬੁਲਾਰਿਆਂ ਕਿਹਾ ਕਿ 9 ਜੁਲਾਈ ਨੂੰ ਹੜਤਾਲ ਤੋਂ ਬਾਅਦ ਅੰਮ੍ਰਿਤਸਰ ਦੇ ਮਜ਼ਦੂਰਾਂ/ਕਿਸਾਨਾਂ ਦਾ ਵੱਡਾ ਇਕੱਠ ਬੱਸ ਸਟੈਂਡ ਅੰਮ੍ਰਿਤਸਰ ਵਿਖੇ ਕੀਤਾ ਜਾਵੇਗਾ।

## ਦਰਬਾਰ ਸਾਹਿਬ ਕੰਪਲੈਕਸ 'ਚ ਗੰਨਾਂ ਤਾਇਨਾਤ ਕਰਨ ਦੀ ਪ੍ਰਵਾਨਗੀ ਦੇਣ ਨੂੰ ਝੁਠਲਾਇਆ

**ਅੰਮ੍ਰਿਤਸਰ** : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੰਗਲਵਾਰ ਭਾਰਤੀ ਫੌਜ ਦੇ ਇਸ ਦਾਅਵੇ ਨੂੰ ਰੱਦ ਕੀਤਾ ਕਿ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਵਾਈ ਸੁਰੱਖਿਆ ਗੰਨਾਂ ਤਾਇਨਾਤ ਕੀਤੀਆਂ ਗਈਆਂ ਸਨ। ਭਾਰਤੀ ਫੌਜ ਦੇ ਲੈਫਟੀਨੈਂਟ ਜਨਰਲ ਸੁਮੇਰ ਇਵਾਨ ਨੇ ਬੀਤੇ ਦਿਨ ਇੱਕ ਚੈਨਲ ਨਾਲ ਇੰਟਰਵਿਊ ਦੌਰਾਨ ਭਾਰਤ-ਪਾਕਿਸਤਾਨ ਤਣਾਅ ਦਰਮਿਆਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਫੌਜ ਦੀਆਂ ਹਵਾਈ ਸੁਰੱਖਿਆ ਗੰਨਾਂ ਲਗਾਉਣ ਸੰਬੰਧੀ ਦਾਅਵਾ ਕੀਤਾ ਸੀ।

ਇਸ ਦਾਅਵੇ ਨੂੰ ਮੂਲੋਂ ਰੱਦ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਇਸ ਨੂੰ ਹੈਰਾਨੀਜਨਕ ਕਰਾਰ ਦਿੱਤਾ ਹੈ। ਉਨ੍ਹਾ ਸਪੱਸ਼ਟ ਕੀਤਾ ਹੈ ਕਿ ਬੀਤੇ ਦਿਨੀਂ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਹਿਰ ਵਿੱਚ ਬਲੈਕਆਊਟ ਸੰਬੰਧੀ ਕੀਤੀਆਂ ਗਈਆਂ ਹਦਾਇਤਾਂ ਦੇ ਮੱਦੇਨਜ਼ਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧ ਵੱਲੋਂ ਸਹਿਯੋਗ ਕੀਤਾ ਗਿਆ, ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਸਮੂਹ ਦੀਆਂ ਬਾਹਰਲੀਆਂ ਤੇ ਉੱਪਰਲੀਆਂ ਲਾਈਟਾਂ ਤੈਅ ਸਮੇਂ ਸੀਮਾ ਅਨੁਸਾਰ ਬੰਦ ਕੀਤੀਆਂ ਗਈਆਂ ਪਰ ਜਿੱਥੇ-ਜਿੱਥੇ ਗੁਰੂ ਦਰਬਾਰ ਦੀ ਮਰਿਆਦਾ ਚੱਲਦੀ ਹੈ, ਉਨ੍ਹਾਂ ਥਾਵਾਂ ਉੱਤੇ ਲਾਈਟਾਂ ਚੱਲਦੀਆਂ ਰੱਖ ਕੇ ਪੂਰੀ ਜ਼ਿੰਮੇਵਾਰੀ ਨਾਲ ਮਰਿਆਦਾ ਨਿਭਾਈ ਗਈ ਹੈ।

ਉਨ੍ਹਾ ਕਿਹਾ ਕਿ ਲੈਫਟੀਨੈਂਟ ਜਨਰਲ ਵੱਲੋਂ ਇਹ ਦਾਅਵਾ ਕਰਨਾ ਕਿ 'ਅਪ੍ਰੇਸ਼ਨ ਸਿੰਧੂਰ' ਦੌਰਾਨ ਹੈੱਡ ਗ੍ਰੰਥੀ ਵੱਲੋਂ ਫੌਜ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਪਣੀਆਂ ਹਵਾਈ ਸੁਰੱਖਿਆ ਗੰਨਾਂ ਲਗਾਉਣ ਦੀ ਪ੍ਰਵਾਨਗੀ ਦਿੱਤੀ ਗਈ, ਇਹ ਮੂਲੋਂ ਗਲਤ ਹੈ ਕਿਉਂਕਿ ਅਜਿਹੀ ਕੋਈ ਪ੍ਰਵਾਨਗੀ ਨਹੀਂ ਦਿੱਤੀ ਗਈ ਅਤੇ ਨਾ ਹੀ ਕੋਈ ਗੰਨਾਂ ਇਸ ਪਾਵਨ ਅਸਥਾਨ 'ਤੇ ਤਾਇਨਾਤ ਕੀਤੀਆਂ ਗਈਆਂ ਸਨ। ਉਨ੍ਹਾ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਮੂਹ, ਲੰਗਰ ਸ੍ਰੀ ਗੁਰੂ ਰਾਮਦਾਸ, ਅਖੰਡ ਪਾਠ ਵਾਲੇ ਅਸਥਾਨ ਅਤੇ ਹੋਰ ਸੰਬੰਧਤ ਗੁਰੂ ਅਸਥਾਨਾਂ ਦੀ ਰੋਜ਼ਾਨਾ ਚੱਲਣ ਵਾਲੀ ਮਰਿਆਦਾ ਲਾਜ਼ਮੀ ਹੁੰਦੀ ਹੈ, ਜਿਸ ਵਿੱਚ ਕਿਸੇ ਕਿਸਮ ਦਾ ਵਿਘਨ ਪਾਉਣ ਦਾ ਅਧਿਕਾਰ ਕਿਸੇ ਨੂੰ ਨਹੀਂ ਹੈ। ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਬੀਤੇ ਦਿਨੀਂ ਬਣੇ ਹਾਲਾਤ ਦੇ ਮੱਦੇਨਜ਼ਰ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਗੁਰੂ ਦਰਬਾਰ ਦੀ ਸਮੁੱਚੀ ਮਰਿਆਦਾ ਪੂਰਨ ਸਮਰਪਣ ਭਾਵ ਅਤੇ ਦ੍ਰਿੜ੍ਹਤਾ ਨਾਲ ਜਾਰੀ ਰੱਖੀ ਗਈ ਹੈ। ਉਨ੍ਹਾ ਕਿਹਾ ਕਿ ਬਲੈਕਆਊਟ ਸਮੇਂ ਕਿਸੇ ਵੀ ਗੁਰ ਅਸਥਾਨ, ਜਿੱਥੇ ਮਰਿਆਦਾ ਚੱਲਦੀ ਸੀ, ਦੀਆਂ ਲਾਈਟਾਂ ਬੰਦ ਨਹੀਂ ਕੀਤੀਆਂ ਗਈਆਂ।

ਉਨ੍ਹਾ ਕਿਹਾ ਕਿ ਭਾਰਤੀ ਫੌਜ ਦੇ ਅਧਿਕਾਰੀ ਨੇ ਅਜਿਹਾ ਬਿਆਨ ਕਿਉਂ ਦਿੱਤਾ, ਇਸ ਬਾਰੇ ਤਾਂ ਉਹ ਹੀ ਸਪੱਸ਼ਟ ਕਰ ਸਕਦੇ ਹਨ, ਪਰ ਅਜਿਹਾ ਕਹਿਣਾ ਬਹੁਤ ਗਲਤ ਤੇ ਹੈਰਾਨੀਜਨਕ ਹੈ। ਉਨ੍ਹਾ ਕਿਹਾ ਕਿ ਐਡੀਸ਼ਨਲ ਮੁੱਖ ਗ੍ਰੰਥੀ ਵਜੋਂ ਉਹ ਇਹ ਗੱਲ ਦਾਅਵੇ ਨਾਲ ਕਹਿ ਰਹੇ ਹਨ ਕਿ ਗੰਨਾਂ ਲਗਾਉਣ ਸੰਬੰਧੀ ਕੋਈ ਪ੍ਰਵਾਨਗੀ ਫੌਜ ਨੂੰ ਨਹੀਂ ਦਿੱਤੀ ਗਈ।

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾ ਨਾਲ ਬਲੈਕਆਊਟ ਦੇ ਸਮੇਂ ਲਾਈਟਾਂ ਬੰਦ ਕਰਵਾਉਣ ਸੰਬੰਧੀ ਸੰਪਰਕ ਕੀਤਾ ਗਿਆ ਸੀ, ਜਿਸ ਸੰਬੰਧੀ ਪ੍ਰਬੰਧਕੀ ਤੌਰ 'ਤੇ ਜ਼ਿੰਮੇਵਾਰੀ

• ਬਾਕੀ ਸਫਾ 10 'ਤੇ

### ਡਰਾਈਵਰਾਂ ਦੀ ਚੌਕਸੀ ਨਾਲ ਦੋ ਰੇਲ ਹਾਦਸੇ ਟਲੇ

**ਹਰਦੋਈ** : ਯੂ ਪੀ ਦੇ ਹਰਦੋਈ ਜ਼ਿਲ੍ਹੇ ਵਿੱਚ ਰਾਜਧਾਨੀ ਐੱਕਸਪ੍ਰੈੱਸ ਸਮੇਤ ਦੋ ਰੇਲ ਗੱਡੀਆਂ ਨੂੰ ਲੀਹ ਤੋਂ ਉਤਾਰਨ ਦੀ ਕੋਸ਼ਿਸ਼ ਨੂੰ ਲੋਕੋ ਪਾਇਲਟਾਂ ਦੀ ਚੌਕਸੀ ਕਾਰਨ ਨਾਕਾਮ ਕਰ ਦਿੱਤਾ ਗਿਆ। ਸੋਮਵਾਰ ਸ਼ਾਮ ਨੂੰ ਅਣਪਛਾਤੇ ਬਦਮਾਸ਼ਾਂ ਨੇ ਦਲੇਲ ਨਗਰ ਅਤੇ ਉਮਰਤਾਲੀ ਸਟੇਸ਼ਨਾਂ ਦੇ ਵਿਚਕਾਰ ਪਟੜੀ 'ਤੇ ਅਰਥਿੰਗ ਤਾਰ ਦੀ ਵਰਤੋਂ ਕਰਕੇ ਲੱਕੜ ਦੇ ਬਲਾਕ ਬੰਨ੍ਹੇ ਹੋਏ ਸਨ। ਦਿੱਲੀ ਤੋਂ ਅਸਾਮ ਦੇ ਡਿਬਰੂਗੜ੍ਹ ਜਾ ਰਹੀ ਰਾਜਧਾਨੀ ਐੱਕਸਪ੍ਰੈੱਸ (20504) ਦੇ ਲੋਕੋ ਪਾਇਲਟ ਨੇ ਰੁਕਾਵਟ ਨੂੰ ਦੇਖ ਕੇ ਐਮਰਜੈਂਸੀ ਬ੍ਰੇਕ ਲਗਾਈ ਅਤੇ ਇਸ ਰੋਕ ਨੂੰ ਹਟਾਉਂਦਿਆਂ ਰੇਲਵੇ ਅਧਿਕਾਰੀਆਂ ਨੂੰ ਸੂਚਿਤ ਕੀਤਾ। ਇਸੇ ਤਰ੍ਹਾਂ ਕਾਠਗੋਦਮ ਐੱਕਸਪ੍ਰੈੱਸ (15044) ਨੂੰ ਵੀ ਲੀਹ ਉਤਾਰਨ ਦੀ ਦੂਜੀ ਕੋਸ਼ਿਸ਼ ਕੀਤੀ ਗਈ। ਲੋਕੋ ਪਾਇਲਟ ਦੀ ਚੌਕਸੀ ਕਾਰਨ ਬਚਾਅ ਰਿਹਾ।

### ਬੰਗਾਲ ਦੀ ਖਾੜੀ 'ਚ ਭੁਚਾਲ

**ਨਵੀਂ ਦਿੱਲੀ** : ਬੰਗਾਲ ਦੀ ਖਾੜੀ ਵਿੱਚ ਮੰਗਲਵਾਰ ਦੁਪਹਿਰ 3:15 ਵਜੇ 4.4 ਤੀਬਰਤਾ ਵਾਲਾ ਭੂਚਾਲ ਆਇਆ। ਇਸਦੀ ਡੂੰਘਾਈ ਦਸ ਕਿੱਲੋਮੀਟਰ ਸੀ। ਮਾਲੀ ਜਾਂ ਜਾਨੀ ਨੁਕਸਾਨ ਦੀ ਖਬਰ ਨਹੀਂ ਹੈ। ਇਸ ਤੋਂ ਪਹਿਲਾਂ ਪੱਛਮੀ ਨੇਪਾਲ ਦੇ ਕਾਸਕੀ ਜ਼ਿਲ੍ਹੇ ਵਿੱਚ ਦੁਪਹਿਰ 4.7 ਤੀਬਰਤਾ ਵਾਲੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਸਨ।

## ਜੇਲ੍ਹਾਂ 'ਚ ਨਸ਼ਾ ਤਸਕਰੀ ਨੂੰ ਲੈ ਕੇ ਹਾਈ ਕੋਰਟ ਸਖਤ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੀਆਂ ਜੇਲ੍ਹਾਂ ਵਿੱਚ ਨਸ਼ਾ ਤਸਕਰੀ ਦੇ ਮਾਮਲਿਆਂ 'ਤੇ ਸਖਤ ਰੁਖ਼ ਅਪਨਾਉਂਦਿਆਂ ਸੂਬੇ ਭਰ ਵਿੱਚ ਵਿਸ਼ੇਸ਼ ਜਾਂਚ ਕਮੇਟੀਆਂ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਕੋਰਟ ਨੇ ਡੀ ਜੀ ਪੀ ਨੂੰ ਕਿਹਾ ਸੀ ਕਿ ਉਹ ਐੱਨ ਡੀ ਪੀ ਐੱਸ ਐਕਟ ਤਹਿਤ ਜੇਲ੍ਹਾਂ ਨਾਲ ਜੁੜੇ ਸਾਰੇ ਮਾਮਲਿਆਂ ਦੀ ਜਾਂਚ ਲਈ ਇੱਕ ਵਿਸ਼ੇਸ਼ ਅਧਿਕਾਰੀ ਨਿਯੁਕਤ ਕਰਨ। ਡੀ ਜੀ ਪੀ ਦੇ 16 ਮਈ ਦੇ ਆਦੇਸ਼ ਤਹਿਤ ਹੁਣ ਰੇਂਜ ਪੱਧਰ 'ਤੇ ਏ ਡੀ ਜੀ ਪੀ/ਆਈ ਜੀ ਪੀ/ਡੀ ਆਈ ਜੀ ਅਤੇ ਕਮਿਸ਼ਨਰੇਟ ਪੱਧਰ 'ਤੇ ਪੁਲਸ ਕਮਿਸ਼ਨਰ ਦੀ ਅਗਵਾਈ ਵਿੱਚ ਜਾਂਚ ਕਮੇਟੀਆਂ ਬਣਾ ਦਿੱਤੀਆਂ ਗਈਆਂ ਹਨ। ਇਨ੍ਹਾਂ ਕਮੇਟੀਆਂ ਦੀ ਜਾਂਚ ਪ੍ਰਕਿਰਿਆ ਦੀ ਨਿਗਰਾਨੀ ਆਈ ਪੀ ਐੱਸ ਅਧਿਕਾਰੀ ਅਤੇ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ ਐੱਨ ਟੀ ਐੱਫ) ਅਤੇ ਏ ਡੀ ਜੀ ਪੀ ਨਿਲਾਭ ਕਿਸ਼ੋਰ ਕਰਨਗੇ। ਇਸ ਤੋਂ ਪਹਿਲਾਂ ਅਦਾਲਤ ਨੇ ਅੰਮ੍ਰਿਤਸਰ (ਦਿਹਾਤੀ) ਐੱਸ ਐੱਸ ਪੀ ਦੀ ਜੇਲ੍ਹ ਅਧਿਕਾਰੀਆਂ ਦੀ ਮਿਲੀ-ਭੁਗਤ ਸੰਬੰਧੀ ਜਾਂਚ ਵਿੱਚ ਲਾਪ੍ਰਵਾਹੀ ਵਰਤਣ ਲਈ ਝਾੜ-ਝੰਬ ਕੀਤੀ। ਜਸਟਿਸ ਐੱਨ ਐੱਸ ਸ਼ੇਖਾਵਤ ਨੇ ਕਿਹਾ ਕਿ ਜਦੋਂ ਐੱਸ ਐੱਸ ਪੀ ਨੂੰ ਖੁਦ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਗਏ ਸੀ ਤਾਂ ਉਨ੍ਹਾ ਇਹ ਜ਼ਿੰਮੇਵਾਰੀ ਇੱਕ ਡੀ ਐੱਸ ਪੀ ਨੂੰ ਕਿਵੇਂ ਸੌਂਪ ਦਿੱਤੀ? ਕੋਰਟ ਨੇ ਸਾਫ ਨਿਰਦੇਸ਼ ਦਿੱਤੇ ਸੀ ਕਿ ਐੱਸ ਐੱਸ ਪੀ ਖੁਦ ਜਾਂਚ ਫਾਈਲ ਦੀ ਸਮੀਖਿਆ ਕਰਨ ਅਤੇ ਇਹ ਸਪੱਸ਼ਟ ਕਰਨ ਕਿ ਜੇਲ੍ਹ ਅਧਿਕਾਰੀਆਂ ਨੂੰ ਹੁਣ ਤੱਕ ਕਥਿਤ ਦੋਸ਼ੀ ਵਜੋਂ ਪੇਸ਼ ਕਿਉਂ ਨਹੀਂ ਕੀਤਾ ਗਿਆ। ਹਾਲਾਂਕਿ, ਐੱਸ ਐੱਸ ਪੀ ਨੇ ਇਹ ਜ਼ਿੰਮੇਵਾਰੀ ਇੱਕ ਡੀ ਐੱਸ ਪੀ ਨੂੰ ਸੌਂਪ ਦਿੱਤੀ ਸੀ, ਜਿਸ ਨੂੰ ਕੋਰਟ ਨੇ ਮਾਣਹਾਨੀ ਦੇ ਬਰਾਬਰ ਕਰਾਰ ਦਿੱਤਾ ਹੈ। ਜਸਟਿਸ ਸ਼ੇਖਾਵਤ ਨੇ ਕਿਹਾ ਕਿ ਇੱਕ ਵਾਰ ਜਦੋਂ ਐੱਸ ਐੱਸ ਪੀ ਨੂੰ ਕੇਸ ਦੀ ਫਾਈਲ ਨੂੰ ਨਿੱਜੀ ਤੌਰ 'ਤੇ ਪੜ੍ਹਨ ਅਤੇ ਉਸ ਅਨੁਸਾਰ ਪ੍ਰਭਾਵਸ਼ਾਲੀ ਕਦਮ ਚੁੱਕਣ ਲਈ ਇੱਕ ਖਾਸ ਨਿਰਦੇਸ਼ ਦਿੱਤਾ ਗਿਆ ਸੀ ਤਾਂ ਉਹ ਮਾਮਲਾ ਅੱਗੇ ਡੀ ਐੱਸ ਪੀ ਨੂੰ ਨਹੀਂ ਸੌਂਪ ਸਕਦੇ ਸਨ।

ਮੁੜ ਸ਼ੁਰੂ ਹੋਈ ਸੁਣਵਾਈ ਦੌਰਾਨ ਕੋਰਟ ਨੂੰ ਦੱਸਿਆ ਗਿਆ ਕਿ 14 ਮਈ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਅੰਮ੍ਰਿਤਸਰ (ਦਿਹਾਤੀ) ਦੇ ਐੱਸ ਐੱਸ ਪੀ ਮਨਿੰਦਰ ਸਿੰਘ ਕੋਰਟ ਵਿੱਚ ਪੇਸ਼ ਹੋਏ ਅਤੇ ਇੱਕ ਹਲਫਨਾਮਾ ਜਮ੍ਹਾਂ ਕਰਦਿਆਂ ਬਿਨਾਂ ਸ਼ਰਤ ਮੁਆਫੀ ਮੰਗੀ, ਜਿਸ ਨੂੰ ਕੋਰਟ ਨੇ ਸਵੀਕਾਰ ਕਰ ਲਿਆ।

ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਜੇਲ੍ਹਾਂ ਵਿੱਚ ਨਸ਼ਾ ਤਸਕਰੀ ਜੇਲ੍ਹ ਅਤੇ ਪੁਲਸ ਅਧਿਕਾਰੀਆਂ ਦੀ ਮਿਲੀ-ਭੁਗਤ ਤੋਂ ਬਿਨਾਂ ਸੰਭਵ ਨਹੀਂ ਹੋ ਸਕਦੀ। ਅਜਿਹੇ ਵਿੱਚ ਹੁਣ ਬਣੀਆਂ ਕਮੇਟੀਆਂ ਤੋਂ ਹਰ ਕੇਸ ਦੀ ਨਿਰਪੱਖ ਅਤੇ ਡੂੰਘਾਈ ਨਾਲ ਜਾਂਚ ਦੀ ਉਮੀਦ ਕੀਤੀ ਜਾ ਰਹੀ ਹੈ। ਮਾਮਲੇ ਨੂੰ 28 ਜੁਲਾਈ ਤੱਕ ਮੁਲਤਵੀ ਕਰਦਿਆਂ ਜਸਟਿਸ ਸ਼ੇਖਾਵਤ ਨੇ ਨਿਰਦੇਸ਼ ਦਿੱਤਾ ਕਿ ਅੰਮ੍ਰਿਤਸਰ (ਦਿਹਾਤੀ) ਦੇ ਐੱਸ ਐੱਸ ਪੀ ਵੱਲੋਂ ਇੱਕ ਹਲਫਨਾਮੇ ਰਾਹੀਂ ਜਾਂਚ ਦੀ ਇੱਕ ਨਵੀਂ ਸਥਿਤੀ ਰਿਪੋਰਟ ਦਾਇਰ ਕੀਤੀ ਜਾਵੇ, ਜੋ ਨਿੱਜੀ ਤੌਰ 'ਤੇ ਜਾਂਚ ਦੀ ਨਿਗਰਾਨੀ ਯਕੀਨੀ ਬਣਾਉਣ।

## ਜਾਸੂਸੀ ਦੇ ਸ਼ੱਕ 'ਚ ਫੜੇ ਛੇ ਜਣਿਆਂ ਨਾਲ ਸੰਪਰਕ ਰੱਖਣ ਵਾਲਿਆਂ ਦੀ ਵੀ ਜਾਂਚ

**ਚੰਡੀਗੜ੍ਹ** : ਹਾਲ ਹੀ ਵਿੱਚ ਪਾਕਿਸਤਾਨ ਲਈ ਜਾਸੂਸੀ ਕਰਨ ਲਈ ਪੰਜਾਬ 'ਚ ਫੜੇ ਗਏ ਛੇ ਸ਼ੱਕੀਆਂ ਦੇ ਨਾਲ ਸੰਪਰਕ ਰੱਖਣ ਵਾਲੇ ਲਗਭਗ 50 ਵਿਅਕਤੀਆਂ ਦੀਆਂ ਗਤੀਵਿਧੀਆਂ ਅਤੇ ਪਿਛੋਕੜਾਂ ਦਾ ਪਤਾ ਲਗਾਉਣ ਲਈ ਪੰਜਾਬ ਪੁਲਸ ਵੱਡੇ ਪੱਧਰ 'ਤੇ ਜਾਂਚ ਕਰ ਰਹੀ ਹੈ। ਪੁਲਸ ਸੂਤਰਾਂ ਨੇ ਕਿਹਾ ਕਿ ਭਾਰਤ-ਪਾਕਿਸਤਾਨ ਟਕਰਾਅ ਤੋਂ ਬਾਅਦ ਛੇ ਸ਼ੱਕੀਆਂ ਨੂੰ ਪਠਾਨਕੋਟ, ਮਲੇਰਕੋਟਲਾ, ਬਠਿੰਡਾ ਅਤੇ ਗੁਰਦਾਸਪੁਰ ਤੋਂ ਫੜਿਆ ਗਿਆ ਸੀ। ਤਕਨੀਕੀ ਅਤੇ ਮਨੁੱਖੀ ਜਾਂਚ ਤੋਂ ਬਾਅਦ ਇਨ੍ਹਾਂ 50 ਵਿਅਕਤੀਆਂ ਦੀ ਪਛਾਣ ਉਨ੍ਹਾਂ ਦੇ ਸਿੱਧੇ ਜਾਂ ਅਸਿੱਧੇ ਸਹਿਯੋਗੀਆਂ ਵਜੋਂ ਕੀਤੀ ਗਈ ਸੀ ਅਤੇ ਹੁਣ ਉਨ੍ਹਾਂ ਦੀ ਜਾਂਚ ਕੀਤੀ ਜਾ ਰਹੀ ਹੈ। ਹਾਲਾਂਕਿ ਇਨ੍ਹਾਂ ਸ਼ੱਕੀਆਂ ਨੂੰ ਹਿਰਾਸਤ ਵਿੱਚ ਨਹੀਂ ਲਿਆ ਗਿਆ। ਪੁਲਸ ਸੂਤਰਾਂ ਨੇ ਕਿਹਾ ਕਿ ਇਨ੍ਹਾਂ 50 ਵਿਅਕਤੀਆਂ ਦੀਆਂ ਗਤੀਵਿਧੀਆਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਕਥਿਤ ਜਾਸੂਸਾਂ ਦੇ ਸਾਰੇ ਸੰਪਰਕਾਂ ਦੀ ਪੁਸ਼ਟੀ ਕੀਤੀ ਜਾ ਰਹੀ ਹੈ।

ਸੂਤਰਾਂ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਤੋਂ ਪੁੱਛਗਿੱਛ ਕੀਤੀ ਗਈ ਹੈ, ਉਨ੍ਹਾਂ ਵਿੱਚੋਂ ਜ਼ਿਆਦਾਤਰ ਨੇ ਜਾਸੂਸਾਂ ਦੇ ਗੁਪਤ ਕੰਮ ਬਾਰੇ ਬੇਗੁਨਾਹ ਹੋਣ ਦਾ ਦਾਅਵਾ ਕੀਤਾ ਸੀ, ਪਰ ਪੂਰੀ ਤਰ੍ਹਾਂ ਤਸਦੀਕ ਕਰਨ ਤੋਂ ਬਾਅਦ ਹੀ ਉਨ੍ਹਾਂ ਨੂੰ ਕਲੀਨ ਚਿੱਟ ਮਿਲ ਸਕੇਗੀ। ਗ੍ਰਿਫਤਾਰ ਕੀਤੇ ਗਏ ਜਾਸੂਸਾਂ ਵਿਚ ਪੰਜ ਪੁਰਸ਼ ਅਤੇ ਇਕ ਮਹਿਲਾ ਸ਼ਾਮਲ ਹੈ।

## ਛੇ ਦਹਿਸ਼ਤਗਰਦ ਫੜਨ ਦਾ ਦਾਅਵਾ

**ਬਟਾਲਾ** : ਇੱਥੇ 17 ਮਈ ਨੂੰ ਸ਼ਰਾਬ ਦੇ ਇਕ ਠੇਕੇ 'ਤੇ ਗਰਨੇਡ ਹਮਲਾ ਕਰਨ ਦੇ ਮਾਮਲੇ ਵਿੱਚ ਬਟਾਲਾ ਪੁਲਸ ਨੇ ਪਾਕਿਸਤਾਨ ਦੀ ਏਜੰਸੀ ਆਈ ਐੱਸ ਆਈ ਸਮਰਥਤ ਦਹਿਸ਼ਤਗਰਦਾਂ ਦੇ ਨੈੱਟਵਰਕ ਦਾ ਪਰਦਾ ਫਾਸ਼ ਕਰਨ ਵਿੱਚ ਸਫਲਤਾ ਹਾਸਲ ਕਰਨ ਦਾ ਦਾਅਵਾ ਕੀਤਾ ਹੈ। ਪੁਲਸ ਨੇ ਪਾਕਿਸਤਾਨ 'ਚ ਰਹਿੰਦੇ ਦਹਿਸ਼ਤਗਰਦ ਹਰਵਿੰਦਰ ਸਿੰਘ ਰਿੰਦਾ ਦੀਆਂ ਹਦਾਇਤਾਂ 'ਤੇ ਵਿਦੇਸ਼ੀ ਹੈਂਡਲਰਾਂ ਮਨਿੰਦਰ ਬਿੱਲਾ ਅਤੇ ਮਨੂੰ ਅਗਵਾਨ ਵੱਲੋਂ ਚਲਾਏ ਜਾ ਰਹੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮਡਿਊਲ ਦਾ ਪਰਦਾ ਫਾਸ਼ ਕਰਕੇ ਛੇ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ।

ਪੁਲਸ ਨੇ ਮੁਲਜ਼ਮਾਂ ਦੀ ਪਛਾਣ ਜਤਿਨ ਕੁਮਾਰ ਉਰਫ ਰੋਹਨ, ਬਰਿੰਦਰ ਸਿੰਘ ਉਰਫ ਸਾਜਨ, ਰਾਹੁਲ ਮਸੀਹ, ਇਬਰਾਹੀਮ ਉਰਫ ਰੋਹਿਤ, ਸੋਹਿਤ ਅਤੇ ਸੁਨੀਲ ਕੁਮਾਰ ਵਜੋਂ ਸਾਂਝੀ ਕੀਤੀ ਹੈ। ਐੱਸ ਐੱਸ ਪੀ ਬਟਾਲਾ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਪੁਰਤਗਾਲ ਸਥਿਤ ਮਨਿੰਦਰ ਬਿੱਲਾ ਅਤੇ ਬੀ ਕੇ ਆਈ ਦੇ ਮਾਸਟਰਮਾਈਂਡ ਮਨੂੰ ਅਗਵਾਨ ਤੋਂ ਸਿੱਧੀਆਂ ਹਦਾਇਤਾਂ ਮਿਲ ਰਹੀਆਂ ਸਨ। ਪੁਲਸ ਅਨੁਸਾਰ ਹਾਲ ਹੀ ਵਿੱਚ ਅਮਰੀਕਾ ਵਿੱਚ ਹੈਪੀ ਪਾਸੀਆਂ ਦੀ ਗ੍ਰਿਫਤਾਰੀ ਤੋਂ ਬਾਅਦ ਗਰੁੱਪ ਨੂੰ ਚਲਾਉਣ ਦੀ ਸਾਰੀ ਜ਼ਿੰਮੇਵਾਰੀ ਮਨੂੰ ਅਗਵਾਨ ਨੇ ਸੰਭਾਲ ਲਈ ਹੈ।

ਉਨ੍ਹਾ ਦੱਸਿਆ ਕਿ ਠੇਕੇ 'ਤੇ ਹਮਲਾ ਕਰਨ ਵਾਲੀ ਵਾਰਦਾਤ ਦੇ ਮੁੱਖ ਮੁਲਜ਼ਮ ਜਤਿਨ ਕੁਮਾਰ ਨੂੰ ਹਥਿਆਰਾਂ ਦੀ ਬਰਾਮਦਗੀ ਲਈ ਲਿਜਾਇਆ ਗਿਆ ਤਾਂ ਉਸ ਨੇ ਉੱਥੇ ਪਹਿਲਾਂ ਤੋਂ ਛੁਪਾਏ ਆਪਣੇ ਹਥਿਆਰ ਨਾਲ ਪੁਲਸ 'ਤੇ ਗੋਲੀ ਚਲਾ ਦਿੱਤੀ। ਮੁਕਾਬਲੇ ਦੌਰਾਨ ਪੁਲਸ ਨੇ ਇਕ 30 ਬੋਰ ਦਾ ਪਿਸਤੌਲ ਵੀ ਬਰਾਮਦ ਕੀਤਾ ਹੈ।

## ਆਜ਼ਾਦੀ ਤੋਂ ਬਾਅਦ ਦੇ ਹਾਕਮਾਂ ਨੇ ਬਸਤੀਵਾਦੀਆਂ ਨਾਲੋਂ ਵੀ ਵੱਧ ਲੁੱਟ ਮਚਾਈ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਭ੍ਰਿਸ਼ਟਾਚਾਰ ਅਤੇ ਨਸ਼ਿਆਂ ਦੇ ਦੋਹਰੇ ਖ਼ਤਰੇ ਵਿਰੁੱਧ ਸੂਬਾ ਸਰਕਾਰ ਦੇ ਯੁੱਧ ਵਿੱਚ ਮੂਹਰਲੀ ਕਤਾਰ ਦੇ ਸਿਪਾਹੀ ਬਣਨ ਦੀ ਅਪੀਲ ਕੀਤੀ।

ਇੱਥੇ 450 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨਸ਼ਿਆਂ ਅਤੇ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਵਿੱਚ ਦਿਲੋਂ ਯੋਗਦਾਨ ਪਾਉਣ। ਉਨ੍ਹਾ ਕਿਹਾ ਕਿ ਸੂਬੇ ਵਿੱਚੋਂ ਇਨ੍ਹਾਂ ਬੁਰਾਈਆਂ ਨੂੰ ਖ਼ਤਮ ਕਰਨਾ ਸਮੇਂ ਦੀ ਲੋੜ ਹੈ, ਜਿਸ ਲਈ ਨੌਜਵਾਨਾਂ ਦਾ ਸਮਰਥਨ ਬਹੁਤ ਜ਼ਰੂਰੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੇ ਤਿੰਨ ਸਾਲਾਂ 'ਚ ਨੌਜਵਾਨਾਂ ਨੂੰ 54,142 ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਨਵੇਂ ਭਰਤੀ ਹੋਏ ਨੌਜਵਾਨਾਂ ਲਈ ਅੱਜ ਦਾ ਦਿਨ ਬਹੁਤ ਹੀ ਮਹੱਤਵਪੂਰਨ ਹੈ, ਜਿਨ੍ਹਾਂ ਮਕਾਨ ਉਸਾਰੀ, ਖੇਤੀਬਾੜੀ, ਜਲ ਸਰੋਤ, ਖੇਡਾਂ ਅਤੇ ਯੁਵਕ ਸੇਵਾਵਾਂ, ਸਥਾਨਕ ਸਰਕਾਰਾਂ, ਸਿਹਤ ਅਤੇ ਪਰਵਾਰ ਭਲਾਈ, ਸਕੂਲ ਸਿੱਖਿਆ, ਜਲ ਸਪਲਾਈ ਅਤੇ ਸੈਨੀਟੇਸ਼ਨ, ਆਬਕਾਰੀ ਤੇ ਕਰ, ਵਿੱਤ ਅਤੇ ਸੈਰ-ਸਪਾਟਾ ਵਿਭਾਗਾਂ ਵਿੱਚ ਨੌਕਰੀ ਹਾਸਲ ਕੀਤੀ ਹੈ।

ਮੁੱਖ ਮੰਤਰੀ ਨੇ ਵਿਅੰਗ ਕੱਸਦਿਆਂ ਕਿਹਾ ਕਿ ਆਜ਼ਾਦੀ ਤੋਂ ਬਾਅਦ ਸੱਤਾ ਸੰਭਾਲਣ ਵਾਲਿਆਂ ਨੇ ਬਸਤੀਵਾਦੀ ਸ਼ਾਸਕਾਂ ਤੋਂ ਵੀ ਵੱਧ ਬੇਰਹਿਮੀ ਨਾਲ ਦੇਸ਼ ਨੂੰ ਲੁੱਟਿਆ। ਸਾਡੇ ਸ਼ਹੀਦਾਂ ਦਾ ਇਹ ਦੇਖ ਕੇ ਦਿਲ ਦੁਖਦਾ ਹੋਵੇਗਾ ਕਿ ਜਿਨ੍ਹਾਂ ਤਾਕਤਾਂ ਨੂੰ ਉਨ੍ਹਾਂ ਆਜ਼ਾਦੀ ਸੰਘਰਸ਼ ਦੌਰਾਨ ਦੇਸ਼ ਤੋਂ ਬਾਹਰ ਕੱਢਿਆ, ਹੁਣ ਪੰਜਾਬ ਦੇ ਨੌਜਵਾਨ ਉਨ੍ਹਾਂ ਦੇ ਦੇਸ਼ਾਂ ਵਿੱਚ ਜਾ ਕੇ ਵਸਣ ਲਈ ਕਤਾਰਾਂ ਬੰਨ੍ਹੀ ਖੜ੍ਹੇ ਹਨ। ਮਾਨ ਨੇ ਕਿਹਾ ਕਿ ਜਿਨ੍ਹਾਂ ਪੰਜਾਬੀਆਂ ਨੇ ਕਦੇ ਬਸਤੀਵਾਦ ਵਿਰੁੱਧ ਲੜਾਈ ਦੀ

• ਬਾਕੀ ਸਫਾ 10 'ਤੇ

### ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ਼ਹਿਰ **ਚੌਕੀਮਾਨ** ਤੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ 'ਤੇ 24 ਮਈ ਨੂੰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਇੰਜ. ਬਲਬੀਰ ਸਿੰਘ ਮਾਨ** ਨਾਲ ਮੋਬਾਇਲ 98155-89980, 98147-89980 'ਤੇ ਸੰਪਰਕ ਕਰੋ।

*-ਜਨਰਲ ਮੈਨੇਜਰ*

### ਅੱਜ-ਨਾਮਾ

ਮਸਲਾ ਸਿਰੇ ਨਹੀਂ ਲੱਗਾ ਹੈ ਪਾਣੀਆਂ ਦਾ,
ਮਿਲੀ ਆ ਫੇਰ ਇੱਕ ਨਵੀਂ ਤਰੀਕ ਬੇਲੀ।
ਹਾਈ ਕੋਰਟ ਵਿੱਚ ਹੁੰਦੀ ਸੁਣਵਾਈ ਮੌਕੇ,
ਭਿੜ ਰਹੇ ਭੇੜ ਹਨ ਅਸਲ ਫਰੀਕ ਬੇਲੀ।
ਝਗੜਾ ਪਾਣੀ ਦਾ ਰੋਕਣ ਤੇ ਵਗਣ ਵਾਲਾ,
ਢਿੱਲ ਨਹੀਂ ਦੇਂਦਾ ਏ ਕੋਈ ਸ਼ਰੀਕ ਬੇਲੀ।
ਸਿਆਸਤ ਟਿਕੀ ਹੈ ਨਦੀ ਦੇ ਕੰਢਿਆਂ 'ਤੇ,
ਨੁਕਤਾ ਵਿੰਹਦੀ ਆ ਕੋਰਟ ਬਰੀਕ ਬੇਲੀ।
ਭਿੜਦੇ ਬੇਸ਼ੱਕ ਵਕੀਲ ਆ ਬਹੁਤ ਓਧਰ,
ਨਿਕਲਣਾ ਸੌਖਾ ਨਾ ਕੋਈ ਵੀ ਹੱਲ ਬੇਲੀ।
ਤਾਣਾ-ਪੇਟਾ ਜਦ ਵਿਗੜਿਆ ਹੋਏ ਸਾਰਾ,
ਝਟਕੇ ਸਕੂ ਫਿਰ ਕਿਵੇਂ ਉਹ ਝੱਲ ਬੇਲੀ।

-ਤੀਸ ਮਾਰ ਖਾਂ

## ਪਹਾੜ ਸਾਰਿਆਂ ਲਈ ਇੱਕੋ ਜਿਹੇ ਹੀ ਹੁੰਦੇ ਹਨ...

**ਨਵੀਂ ਦਿੱਲੀ** : ਹਿੰਮਤ ਅਤੇ ਦ੍ਰਿੜ੍ਹ ਇਰਾਦੇ ਦੀ ਮਿਸਾਲ ਕਾਇਮ ਕਰਦਿਆਂ ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀ ਆਈ ਐੱਸ ਐੱਫ) ਦੀ ਗੀਤਾ ਸਮੋਥਾ ਨੇ ਦੁਨੀਆ ਦੀ ਸਭ ਤੋਂ ਉੱਚੀ (8,849 ਮੀਟਰ ਜਾਂ 29,032 ਫੁੱਟ) ਚੋਟੀ ਮਾਊਂਟ ਐਵਰੈਸਟ 'ਤੇ ਚੜ੍ਹਨ ਵਾਲੀ ਫੋਰਸ ਦੀ ਪਹਿਲੀ ਮਹਿਲਾ ਅਧਿਕਾਰੀ ਬਣ ਕੇ ਇਤਿਹਾਸ ਰਚਿਆ ਹੈ। ਸੀ ਆਈ ਐੱਸ ਐੱਫ ਦੇ ਸੀਨੀਅਰ ਅਧਿਕਾਰੀਆਂ ਨੇ ਇਸ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਇਸ ਨੂੰ ਸਿਰਫ ਨਿੱਜੀ ਜਿੱਤ ਨਹੀਂ, ਸਗੋਂ ਫੋਰਸ ਲਈ ਇਤਿਹਾਸਕ ਪਲ ਦੱਸਿਆ। ਅਧਿਕਾਰੀਆਂ ਨੇ ਕਿਹਾ ਕਿ ਭਾਰਤ ਦੀਆਂ ਵਰਦੀਧਾਰੀ ਸੇਵਾਵਾਂ ਵਿੱਚ ਮਹਿਲਾਵਾਂ ਦੀ ਵਿਕਸਤ ਹੋ ਰਹੀ ਭੂਮਿਕਾ ਦਾ ਇਹ ਇੱਕ ਸ਼ਕਤੀਸ਼ਾਲੀ ਪ੍ਰਤੀਕ ਹੈ।

ਗੀਤਾ ਨੇ ਕਿਹਾ, "ਪਹਾੜ ਸਾਰਿਆਂ ਲਈ ਇੱਕੋ ਜਿਹੇ ਹੀ ਹੁੰਦੇ ਹਨ। ਉਹ ਤੁਹਾਡੇ ਲਿੰਗ ਦੀ ਪਰਵਾਹ ਨਹੀਂ ਕਰਦੇ। ਸਿਰਫ ਉਹੀ ਇਨ੍ਹਾਂ ਉਚਾਈਆਂ ਨੂੰ ਸਰ ਕਰ ਸਕਦੇ ਹਨ, ਜਿਨ੍ਹਾਂ 'ਚ ਕੁਝ ਖਾਸ ਗੁਣ (ਐੱਕਸ ਫੈਕਟਰ) ਹੁੰਦਾ ਹੈ।"

ਰਾਜਸਥਾਨ ਦੇ ਸੀਕਰ ਜ਼ਿਲ੍ਹੇ ਦੇ ਚੱਕ ਪਿੰਡ ਦੇ ਸਾਦੇ ਮਾਹੌਲ ਵਿੱਚ ਪਲੀ ਅਤੇ ਵੱਡੀ ਹੋਈ ਗੀਤਾ ਦਾ ਪਿੰਡ ਤੋਂ ਉੱਠ ਕੇ ਦੁਨੀਆ ਦੇ ਸਿਖਰ ਤੱਕ ਦਾ ਸਫਰ ਦ੍ਰਿੜ੍ਹਤਾ ਅਤੇ ਟੀਚੇ ਦਾ ਪ੍ਰਮਾਣ ਹੈ। ਚਾਰ ਭੈਣਾਂ ਦੇ ਪਰਵਾਰ ਵਿੱਚ ਜਨਮੀ ਗੀਤਾ ਛੋਟੀ ਉਮਰ ਤੋਂ ਹੀ ਰੂੜ੍ਹੀਵਾਦੀ ਧਾਰਨਾਵਾਂ ਨੂੰ ਤੋੜਨ ਅਤੇ ਆਪਣਾ ਰਾਹ ਆਪ ਬਣਾਉਣ ਦੇ ਇਰਾਦੇ ਨਾਲ ਮਜ਼ਬੂਤ ਸੀ। ਕਾਲਜ ਦੇ ਸਾਲਾਂ ਦੌਰਾਨ ਸੱਟ ਲੱਗਣ ਕਾਰਨ ਇੱਕ ਹੋਣਹਾਰ ਹਾਕੀ ਖਿਡਾਰਨ ਦਾ ਸਫਰ ਸ਼ੁਰੂ ਹੋਣ ਤੋਂ ਪਹਿਲਾਂ ਹੀ ਸਮਾਪਤ ਹੋ ਗਿਆ। ਇਸ ਹਾਦਸੇ ਨੇ ਉਸ ਲਈ ਇੱਕ ਨਵਾਂ ਰਾਹ ਖੋਲ੍ਹਿਆ, ਜੋ ਗੀਤਾ ਨੂੰ ਪਰਬਤਾਰੋਹਣ ਬਣਨ ਦੇ ਮੁਕਾਮ 'ਤੇ ਲੈ ਗਿਆ। ਗੀਤਾ 2011 ਵਿੱਚ ਸੀ ਆਈ ਐੱਸ ਐੱਫ 'ਚ ਸ਼ਾਮਲ ਹੋਈ ਸੀ, ਜਿੱਥੇ ਉਸ ਨੂੰ ਪਤਾ ਲੱਗਿਆ ਕਿ ਪਰਬਤ ਸਰ ਕਰਨ ਦੇ ਰਾਹ 'ਤੇ ਅਜੇ ਤੱਕ ਕਿਸੇ ਮਹਿਲਾ ਨੇ ਪਹਿਲ ਨਹੀਂ ਕੀਤੀ। ਮੌਕੇ ਦਾ ਲਾਹਾ ਲੈਂਦਿਆਂ ਗੀਤਾ ਨੇ 2015 ਵਿੱਚ ਔਲੀ 'ਚ ਇੰਡੋ-ਤਿੱਬਤਨ ਬਾਰਡਰ ਪੁਲਸ (ਆਈ ਟੀ ਬੀ ਪੀ) ਸਿਖਲਾਈ ਸੰਸਥਾ ਵਿੱਚ ਇੱਕ ਬੁਨਿਆਦੀ ਪਰਬਤਾਰੋਹਣ ਕੋਰਸ 'ਚ ਦਾਖਲਾ ਲਿਆ। ਉਹ ਇਸ ਬੈਚ 'ਚ ਦਾਖਲਾ ਲੈਣ ਵਾਲੀ ਇਕਲੌਤੀ ਮਹਿਲਾ ਸੀ। ਗੀਤਾ ਦੇ ਜਨੂੰਨ ਅਤੇ ਯੋਗਤਾ ਨੇ ਉਸ ਨੂੰ 2017 ਵਿੱਚ ਐਡਵਾਂਸ ਕੋਰਸ ਪੂਰਾ ਕਰਨ ਲਈ ਅਗਵਾਈ ਕੀਤੀ ਅਤੇ ਉਹ ਅਜਿਹਾ ਕਰਨ ਵਾਲੀ ਸੀ ਆਈ ਐੱਸ ਐੱਫ ਦੀ ਪਹਿਲੀ ਕਰਮਚਾਰੀ ਬਣ ਗਈ। ਗੀਤਾ 2019 ਵਿੱਚ ਕਿਸੇ ਵੀ ਕੇਂਦਰੀ ਹਥਿਆਰਬੰਦ ਪੁਲਸ ਬਲ (ਸੀ ਏ ਪੀ ਐੱਫ) ਦੀ ਪਹਿਲੀ ਔਰਤ ਬਣ ਗਈ, ਜਿਸ ਨੇ ਉਤਰਾਖੰਡ ਵਿੱਚ ਮਾਊਂਟ ਸਤੋਪੰਥ (7,075 ਮੀਟਰ) ਅਤੇ ਨੇਪਾਲ ਵਿੱਚ ਮਾਊਂਟ ਲੋਬੁਚੇ (6,119 ਮੀਟਰ) ਦੋਵਾਂ 'ਤੇ ਚੜ੍ਹਾਈ ਕੀਤੀ।



ਤਕਨੀਕੀ ਕਾਰਨਾਂ ਕਰਕੇ 2021 ਦੀ ਯੋਜਨਾਬੱਧ ਐਵਰੈਸਟ ਮੁਹਿੰਮ ਰੱਦ ਹੋਣ ਤੋਂ ਬਾਅਦ ਗੀਤਾ ਨੇ ਆਪਣੀਆਂ ਨਜ਼ਰਾਂ ਇੱਕ ਨਵੀਂ ਚੁਣੌਤੀ 'ਤੇ ਰੱਖਦਿਆਂ ਔਖੇ 'ਸੈਵਨ ਸੱਮਿਟਸ' ਹਰੇਕ ਮਹਾਂਦੀਪ ਵਿੱਚ ਸਭ ਤੋਂ ਉੱਚੀ ਚੋਟੀ 'ਤੇ ਚੜ੍ਹਾਈ ਕੀਤੀ। 2021 ਅਤੇ 2022 ਦਰਮਿਆਨ ਗੀਤਾ ਨੇ ਸਫਲਤਾਪੂਰਵਕ ਚਾਰ ਚੋਟੀਆਂ ਸਰ ਕੀਤੀਆਂ, ਜਿਨ੍ਹਾਂ ਵਿੱਚ ਆਸਟਰੇਲੀਆ ਵਿੱਚ ਮਾਊਂਟ ਕੋਸੀਅਜ਼ਕੋ (2,228 ਮੀਟਰ), ਰੂਸ ਵਿੱਚ ਮਾਊਂਟ ਐਲਬਰੂਸ (5,642 ਮੀਟਰ), ਤਨਜ਼ਾਨੀਆ ਵਿੱਚ ਮਾਊਂਟ ਕਿਲੀਮਨਜਾਰੋ (5,895 ਮੀਟਰ) ਅਤੇ ਅਰਜਨਟੀਨਾ ਵਿੱਚ ਮਾਊਂਟ ਐਕੋਨਕਗੁਆ (6,961 ਮੀਟਰ) ਸ਼ਾਮਲ ਹਨ।

• ਬਾਕੀ ਸਫਾ 10 'ਤੇ

### ਪਰਬਤਾਰੋਹੀ ਦੀ ਮੌਤ

**ਕਾਠਮੰਡੂ** : ਹਿਮਾਲਿਆ ਵਿੱਚ ਦੁਨੀਆ ਦੇ ਚੌਥੇ ਸਭ ਤੋਂ ਉੱਚੇ ਪਹਾੜ ਮਾਊਂਟ ਲੋਹੋਤਸੇ ਨੂੰ ਚੜ੍ਹਨ ਤੋਂ ਬਾਅਦ ਇੱਕ ਭਾਰਤੀ ਪਰਬਤਾਰੋਹੀ ਦੀ ਮੌਤ ਹੋ ਗਈ। ਰਾਜਸਥਾਨ ਦੇ ਰਾਕੇਸ਼ ਬਿਸ਼ਨੋਈ ਨੇ ਸੋਮਵਾਰ ਨੂੰ ਲੋਹੋਤਸੇ ਦੇ ਸਿਖਰ ਬਿੰਦੂ ਤੋਂ ਵਾਪਸ ਆਉਣ ਤੋਂ ਬਾਅਦ ਕੈਂਪ ਚਾਰ ਦੇ ਨੇੜੇ ਯੈਲੋ ਬੈਂਡ 'ਤੇ ਆਖਰੀ ਸਾਹ ਲਿਆ। ਬਿਸ਼ਨੋਈ ਨੇ ਐਤਵਾਰ ਨੂੰ ਆਪਣੀ ਮਾਊਂਟ ਐਵਰੈਸਟ ਦੀ ਕੋਸ਼ਿਸ਼ ਛੱਡਣ ਬਾਅਦ ਮਾਊਂਟ ਲੋਹੋਤਸੇ 'ਤੇ ਚੜ੍ਹਾਈ ਕੀਤੀ। ਚੋਟੀ ਤੋਂ ਉਤਰਨ ਦੌਰਾਨ ਯੈਲੋ ਬੈਂਡ ਦੇ ਨੇੜੇ ਉਸ ਦੀ ਮੌਤ ਹੋ ਗਈ। ਉਸ ਦੀ ਲਾਸ਼ ਨੂੰ ਬਰਾਮਦ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਸਮੁੰਦਰ ਤਲ ਤੋਂ 8516 ਮੀਟਰ ਦੀ ਉਚਾਈ 'ਤੇ ਲੋਹੋਤਸੇ ਮਾਊਂਟ ਐਵਰੈਸਟ ਕੇ 2 ਅਤੇ ਕੰਗਚੇਨਜੰਗਾ ਤੋਂ ਬਾਅਦ ਧਰਤੀ ਦੀ ਚੌਥੀ ਸਭ ਤੋਂ ਉੱਚੀ ਚੋਟੀ ਹੈ।

ਨਵਾਂ ਜ਼ਮਾਨਾ

ਬੁੱਧਵਾਰ, 21 ਮਈ 2025

# ਮਨਰੇਗਾ ਦੇ ਮਗਰ ਪਏ ਗੌਂਡਸੇ

'ਨਾ ਖਾਊਂਗਾ, ਨਾ ਖਾਨੇ ਦੂੰਗਾ' ਦਾ ਦਾਅਵਾ ਕਰਨ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੂਬੇ ਵਿੱਚ ਕਰੋੜਾਂ ਰੁਪਏ ਦੇ ਮਨਰੇਗਾ ਘੁਟਾਲੇ ਵਿੱਚ ਭਾਜਪਾਈ ਪੰਚਾਇਤ ਤੇ ਪੇਂਡੂ ਵਿਕਾਸ ਮੰਤਰੀ ਬੱਚੂ ਖਾਬੜ ਦੇ ਦੋ ਬੇਟੇ ਬਲਵੰਤ ਖਾਬੜ ਤੇ ਕਿਰਨ ਖਾਬੜ ਅਤੇ ਕੁਝ ਅਫਸਰਾਂ ਸਣੇ ਕੋਈ ਇੱਕ ਦਰਜਨ ਲੋਕ ਫੜੇ ਗਏ ਹਨ। ਇਹ ਘੁਟਾਲਾ ਕੇਂਦਰੀ ਗੁਜਰਾਤ ਦੇ ਦਾਹੋਦ ਜ਼ਿਲ੍ਹੇ ਵਿੱਚ 2021 ਤੋਂ 2024 ਤੱਕ ਹੋਇਆ। ਜ਼ਿਲ੍ਹੇ ਦੀਆਂ ਧਾਨਪੁਰ ਤੇ ਦੇਵਗੜ੍ਹ ਬੜੀਆ ਤਹਿਸੀਲਾਂ ਦੇ ਪਿੰਡਾਂ ਵਿੱਚ ਮਨਰੇਗਾ ਤਹਿਤ ਕੰਮ ਮੁਕੰਮਲ ਕਰਨ ਦੇ ਜਾਲ੍ਹੀ ਦਸਤਾਵੇਜ਼ ਦੇ ਕੇ ਪੈਸੇ ਲੈ ਲਏ ਗਏ, ਜਦਕਿ ਉੱਥੇ ਨਾ ਸੜਕਾਂ ਬਣੀਆਂ, ਨਾ ਬੰਨ੍ਹ ਤੇ ਨਾ ਕੋਈ ਹੋਰ ਵਿਕਾਸ ਦਾ ਕੰਮ ਹੋਇਆ। ਪੜਤਾਲ ਵਿੱਚ ਪਤਾ ਲੱਗਾ ਕਿ ਇਸ ਘੁਟਾਲੇ ਵਿੱਚ ਦੇਵਗੜ੍ਹ ਬਾੜੀਆ ਦੇ 28 ਤੇ ਧਾਨਪੁਰ ਦੇ 7 ਮਟੀਰੀਅਲ ਸਪਲਾਇਰ ਸ਼ਾਮਲ ਸਨ, ਜਿਨ੍ਹਾਂ ਸਥਾਨਕ ਅਧਿਕਾਰੀਆਂ ਨਾਲ ਮਿਲ ਕੇ ਜਾਲ੍ਹੀ ਕਲੇਮ ਪੇਸ਼ ਕਰਕੇ ਭੁਗਤਾਨ ਕਰਵਾ ਲਿਆ। ਪੜਤਾਲ ਦੌਰਾਨ ਪਤਾ ਲੱਗਾ ਕਿ ਮੰਤਰੀ ਦੇ ਦੋਵਾਂ ਬੇਟਿਆਂ ਦੀਆਂ ਕੰਪਨੀਆਂ ਰਾਜ ਕੰਸਟ੍ਰਕਸ਼ਨ ਤੇ ਰਾਜ ਟਰੇਡਰਜ਼ ਨੇ ਤਕੜੇ ਗੱਫੇ ਲਾਏ। ਇਹ ਫਰਾਡ ਉਦੋਂ ਸਾਹਮਣੇ ਆਇਆ, ਜਦੋਂ ਜ਼ਿਲ੍ਹਾ ਦਿਹਾਤੀ ਵਿਕਾਸ ਏਜੰਸੀ ਦੇ ਡਾਇਰੈਕਟਰ ਬੀ ਐੱਮ ਪਟੇਲ ਨੇ ਠੇਕਿਆਂ 'ਚ ਕਈ ਖਾਮੀਆਂ ਦੇਖੀਆਂ। ਉਸ ਵੱਲੋਂ ਕਰਵਾਏ ਆਡਿਟ ਵਿੱਚ ਸਾਹਮਣੇ ਆਇਆ ਕਿ ਜਾਲ੍ਹੀ ਵਰਕ ਸਾਈਟਾਂ ਦਿਖਾ ਕੇ ਘੁਟਾਲਾ ਕੀਤਾ ਗਿਆ। ਸੀਨੀਅਰ ਨੌਕਰਸ਼ਾਹਾਂ ਨੇ ਵੀ ਅੱਖਾਂ ਮੀਟੀ ਰੱਖੀਆਂ। ਦੇਵਗੜ੍ਹ ਬਾੜੀਆ ਵਿੱਚ 60.90 ਕਰੋੜ ਤੇ ਧਾਨਪੁਰ ਵਿੱਚ 10.10 ਕਰੋੜ ਦੀ ਅਦਾਇਗੀ ਜਾਲ੍ਹੀ ਦਸਤਾਵੇਜ਼ਾਂ ਦੇ ਆਧਾਰ 'ਤੇ ਕੀਤੀ ਗਈ। ਘੁਟਾਲਾ 160 ਕਰੋੜ ਤੱਕ ਜਾਣ ਦਾ ਅੰਦਾਜ਼ਾ ਹੈ, ਕਿਉਂਕਿ ਕੁਝ ਹੋਰ ਤਹਿਸੀਲਾਂ ਵਿੱਚ ਪੜਤਾਲ ਸ਼ੁਰੂ ਕੀਤੀ ਗਈ ਹੈ।

ਕਾਂਗਰਸ ਤੇ ਹੋਰਨਾਂ ਆਪੋਜ਼ੀਸ਼ਨ ਪਾਰਟੀਆਂ ਨੇ ਇਸ ਨੂੰ ਸੂਬੇ ਵਿੱਚ ਵੱਡਾ ਮੁੱਦਾ ਬਣਾਉਂਦਿਆਂ ਵਿਸ਼ੇਸ਼ ਜਾਂਚ ਟੀਮ ਤੋਂ ਜਾਂਚ ਕਰਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਗਰੀਬਾਂ ਲਈ ਬਣਾਈ ਗਈ ਯੋਜਨਾ ਦਾ ਪੈਸਾ ਲੁੱਟਿਆ ਗਿਆ ਹੈ। ਮਨਰੇਗਾ ਯੋਜਨਾ ਪੇਂਡੂ ਭਾਰਤ ਵਿੱਚ ਰੁਜ਼ਗਾਰ ਪੈਦਾ ਕਰਨ ਤੇ ਗਰੀਬੀ ਘਟਾਉਣ ਲਈ ਇੱਕ ਅਹਿਮ ਪਹਿਲ ਹੈ। ਇਸ ਯੋਜਨਾ ਤਹਿਤ ਜਿਨ੍ਹਾਂ ਨੂੰ ਰੁਜ਼ਗਾਰ ਤੇ ਮਜ਼ਦੂਰੀ ਮਿਲਣੀ ਸੀ, ਉਨ੍ਹਾਂ ਨੂੰ ਤਾਂ ਕੁਝ ਮਿਲਿਆ ਨਹੀਂ, ਪਰ ਬਿਨਾਂ ਕੰਮ ਕੀਤੇ ਮੰਤਰੀ ਦੇ ਬੇਟੇ ਕਰੋੜਾਂ ਰੁਪਏ ਲੁੱਟ ਕੇ ਲੈ ਗਏ। ਇਖਲਾਕ ਤਾਂ ਇਹ ਕਹਿੰਦਾ ਹੈ ਕਿ ਹੁਣ ਤੱਕ ਮਹਿਕਮੇ ਦੇ ਮੰਤਰੀ ਬੱਚੂ ਖਾਬੜ ਨੂੰ ਅਸਤੀਫਾ ਦੇ ਦੇਣਾ ਚਾਹੀਦਾ ਸੀ, ਪਰ ਭਾਜਪਾ ਵਿੱਚ ਇਹ ਰਿਵਾਜ ਨਹੀਂ, ਭਾਵੇਂ ਸੁਪਰੀਮ ਕੋਰਟ ਵੀ ਜਿੰਨੀਆਂ ਮਰਜ਼ੀ ਝਾੜਾਂ ਪਾ ਦੇਵੇ।

# ਜੰਗ ਦਾ ਆਮ ਲੋਕਾਂ ਦੀ ਜ਼ਿੰਦਗੀ 'ਤੇ ਪ੍ਰਭਾਵ

**ਮਾ. ਜਗਦੀਪ ਸਿੰਘ ਕਿਰਤੀ**

ਭਾਰਤ-ਪਾਕਿਸਤਾਨ 'ਚ ਵਾਪਰੀਆਂ ਜੰਗਾਂ ਨੇ ਸਿਰਫ ਰਾਜਨੀਤਕ ਅਤੇ ਆਰਥਕ ਪੱਧਰ 'ਤੇ ਹੀ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ 'ਤੇ ਵੀ ਡੂੰਘੇ ਅਸਰ ਪਾਏ। 1947 ਦੀ ਵੰਡ ਤੋਂ ਬਾਅਦ ਦੋਵੇਂ ਦੇਸਾਂ ਵਿਚਕਾਰ ਵੱਖ-ਵੱਖ ਸਮੇਂ 'ਤੇ ਜੰਗ ਹੋਈ, ਜਿਵੇਂ 1947-48, 1965, 1971 ਅਤੇ 1999 ਦੀ ਕਾਰਗਿਲ ਜੰਗ। ਇਹ ਜੰਗਾਂ ਸਿਰਫ ਦੋ ਫੌਜਾਂ ਵਿਚਾਲੇ ਨਹੀਂ, ਸਗੋਂ ਅੰਕੜਿਆਂ ਤੋਂ ਪਰੇ, ਕਈ ਆਮ ਪਰਵਾਰਾਂ, ਪਿੰਡਾਂ ਅਤੇ ਸ਼ਹਿਰੀ ਹਿੱਸਿਆਂ ਦੀ ਜ਼ਿੰਦਗੀ 'ਤੇ ਵੀ ਅਸਰ ਪੈਂਦੀਆਂ ਰਹੀਆਂ।

ਜੰਗਾਂ ਕਰਕੇ ਹੋਏ ਜਾਨੀ ਨੁਕਸਾਨ ਅਤੇ ਲਾਜ਼ਮੀ ਮਾਨਸਿਕ ਪ੍ਰਭਾਵ: ਜੰਗ ਦੇ ਸਮੇਂ ਹਜ਼ਾਰਾਂ ਲੋਕ ਆਪਣੀ ਜਾਨ ਗੁਆ ਬੈਠੇ। ਸਿਰਫ ਫੌਜੀ ਨਹੀਂ, ਸਗੋਂ ਨਿਰਦੋਸ ਨਾਗਰਿਕ ਵੀ, ਜੋ ਜਾਂ ਤਾਂ ਸੀਮਾ ਕੋਲ ਰਹਿੰਦੇ ਹਨ ਜਾਂ ਜੰਗ ਦੇ ਹਲਕੇ 'ਚ ਆ ਜਾਂਦੇ ਹਨ। ਅਜਿਹੇ ਹਾਲਾਤ ਆਮ ਲੋਕਾਂ ਦੀ ਮਾਨਸਿਕ ਵਸਤੂ ਨੂੰ ਬਹੁਤ ਪ੍ਰਭਾਵਤ ਕਰਦੇ ਹਨ। ਘਰ-ਪਰਵਾਰ ਦੇ ਨੁਕਸਾਨ, ਬੇ-ਵਿਚਾਰਤ ਤਬਾਹੀ ਅਤੇ ਨਫਰਤ ਦੇ ਮਾਹੌਲ ਨੇ ਲੋਕਾਂ ਵਿੱਚ ਡਰ ਅਤੇ ਅਣਸੁਰੱਖਿਅਤ ਮਹਿਸੂਸ ਕਰਵਾਇਆ।

ਆਰਥਕ ਨੁਕਸਾਨ ਤੇ ਵਿਕਾਸ 'ਤੇ ਅਸਰ: ਜੰਗਾਂ ਨਾਲ ਦੇਸ਼ਾਂ ਦੀ ਆਰਥਿਕਤਾ ਨੂੰ ਵੱਡਾ ਨੁਕਸਾਨ ਪਹੁੰਚਦਾ ਹੈ। ਸਰਹੱਦੀ ਇਲਾਕਿਆਂ ਵਿਚ ਵਪਾਰ ਅਤੇ ਰੋਜ਼ਗਾਰ ਠੱਪ ਹੋ ਜਾਂਦੇ ਹਨ। ਖੇਤੀਬਾੜੀ, ਉਦਯੋਗ ਅਤੇ ਆਮ ਵਪਾਰ ਨੂੰ ਨੁਕਸਾਨ ਹੁੰਦਾ ਹੈ। ਜਦ ਜੰਗੀ ਹਾਲਾਤ ਬਣਦੇ ਹਨ, ਸਰਕਾਰਾਂ ਆਪਣਾ ਸਮਾਜਿਕ ਹਿੱਸਾ ਰੱਖਣ ਦੀ ਥਾਂ ਰੱਖਿਆ ਖਰਚ 'ਚ ਲਗਾ ਦੇਂਦੀਆਂ ਹਨ, ਜਿਸ ਕਰਕੇ ਆਮ ਲੋਕਾਂ ਦੀ ਤਰੱਕੀ ਠੱਪ ਹੋ ਜਾਂਦੀ ਹੈ।

ਹੋਂਦ-ਬਚਾਅ ਅਤੇ ਪੁਨਰਵਾਸ: ਜੰਗ ਦੇ ਸਮੇਂ ਸਰਹੱਦੀ ਇਲਾਕਿਆਂ ਦੇ ਲੋਕ ਬੇਘਰ ਹੋ ਜਾਂਦੇ ਹਨ। ਅਜਿਹੀ ਤਬਾਹੀ ਵਿੱਚ ਕਈ ਲੋਕ ਆਪਣੀਆਂ ਜ਼ਿੰਦਗੀਆਂ ਤਬਾਹ ਹੋਣ ਦੇ ਬਾਅਦ ਨਵੇਂ ਸਥਾਨਾਂ 'ਤੇ ਜਾਣ ਦੀ ਕੋਸ਼ਿਸ਼ ਕਰਦੇ ਹਨ, ਪਰ ਇਹ ਵੀ ਆਸਾਨ ਨਹੀਂ ਹੁੰਦਾ। ਨਵੇਂ ਸਥਾਨ 'ਤੇ ਆਵਾਸ, ਕੰਮ ਅਤੇ ਨਵੀਂ ਜ਼ਿੰਦਗੀ ਸ਼ੁਰੂ ਕਰਨੀ ਔਖੀ ਹੁੰਦੀ ਹੈ।

ਪਰਵਾਰਕ ਵਿਛੋੜਾ ਅਤੇ ਭਾਵਨਾਤਮਿਕ ਤਬਦੀਲੀਆਂ: ਵੰਡ ਤੋਂ ਸ਼ੁਰੂ ਹੋਈਆ ਜੰਗਾਂ ਨੇ ਅੰਨ੍ਹੇ ਪਿਆਰ ਕਰਨ ਵਾਲਿਆਂ ਨੂੰ ਹਮੇਸ਼ਾ ਵੱਖ ਕੀਤਾ। ਇੱਕੋ ਪਰਵਾਰ ਦੇ ਮੈਂਬਰ, ਜੋ ਵੰਡ ਦੀ ਕਾਰਨ ਵੱਖ ਹੋ ਗਏ, ਉਹ ਵਾਪਸ ਮਿਲਣ ਦੀ ਆਸ ਹੀ ਰੱਖਦੇ ਰਹੇ। ਨਫਰਤ ਦੀ ਲਕੀਰ ਨੇ ਮਨੁੱਖਤਾ ਨੂੰ ਅੱਗ ਲਗਾ ਦਿੱਤੀ। ਇਸ ਤਰ੍ਹਾਂ ਆਮ ਲੋਕਾਂ 'ਚ ਜੰਗਾਂ ਕਾਰਨ ਜਾਦੂਗਰੀ ਭਾਵਨਾਤਮਿਕ ਤਬਦੀਲੀਆਂ ਆਈਆਂ।

ਸਰਹੱਦਾਂ 'ਤੇ ਰਹਿਣ ਵਾਲਿਆਂ ਦੀ ਜ਼ਿੰਦਗੀ: ਸਰਹੱਦਾਂ ਦੇ ਨੇੜੇ ਰਹਿਣ ਵਾਲੇ ਲੋਕ ਹਮੇਸ਼ਾ ਇੱਕ ਅਣਹੋਂਦ ਭਰੀ ਜ਼ਿੰਦਗੀ ਜੀਣ ਲਈ ਮਜਬੂਰ ਹੋ ਜਾਂਦੇ ਹਨ। ਉਹਨਾਂ 'ਤੇ ਹਮੇਸ਼ਾ ਇੱਕ ਡਰ ਰਹਿੰਦਾ ਹੈ ਕਿ ਕਦ ਜੰਗ ਛਿੜ ਜਾਵੇਗੀ, ਕਦ ਉਹਨਾਂ ਦੇ ਘਰ ਤਬਾਹ ਹੋ ਜਾਣਗੇ। ਇਹਨਾਂ ਲੋਕਾਂ ਨੂੰ ਆਪਣੀ ਆਮ ਜ਼ਿੰਦਗੀ ਵਿੱਚ ਅਣਸੁਰੱਖਿਅਤ ਮਹਿਸੂਸ ਕਰਨਾ ਪੈਂਦਾ ਹੈ।

ਨਤੀਜਾ ਇਹ ਨਿਕਲਦਾ ਹੈ ਕਿ ਜੰਗ ਦਾ ਸਭ ਤੋਂ ਵੱਡਾ ਨੁਕਸਾਨ ਉਹ ਆਮ ਲੋਕ ਹੁੰਦੇ ਹਨ, ਜੋ ਸਿਆਸਤਦਾਨਾਂ ਦੇ ਵੱਡੇ ਫੈਸਲਿਆਂ ਦਾ ਸ਼ਿਕਾਰ ਹੋ ਜਾਂਦੇ ਹਨ। ਹਾਲਾਂਕਿ ਜੰਗ ਦੇ ਨਤੀਜੇ ਕਈ ਵਾਰ ਦੋਵਾਂ ਦੇਸ਼ਾਂ ਦੀ ਰਾਜਨੀਤਕ ਦਿਸ਼ਾ ਨੂੰ ਤੈਅ ਕਰਦੇ ਹਨ, ਪਰ ਸਭ ਤੋਂ ਵੱਡੀ ਤਬਾਹੀ ਉਹਨਾਂ ਲਈ ਹੁੰਦੀ ਹੈ, ਜੋ ਵਕਤ ਦੀ ਮਾਰ 'ਚ ਆਪਣੀ ਜ਼ਿੰਦਗੀ ਗੁਆ ਜਾਂਦੇ ਹਨ।

**# ਸੰਪਰਕ : 70093-33209**

# ਪੰਜਾਬ ਦੇ ਜ਼ਖ਼ਮਾਂ ਦਾ ਹਿਸਾਬ



**ਗੁਰਮੀਤ ਸਿੰਘ ਪਲਾਹੀ**

ਪੰਜਾਬ ਦੇ ਜ਼ਖ਼ਮਾਂ ਦਾ ਹਿਸਾਬ ਆਖ਼ਿਰ ਕੌਣ ਦੇਵੇਗਾ? ਪੰਜਾਬ ਇਸ ਵੇਲੇ ਉਬਾਲੇ ਖਾ ਰਿਹਾ ਹੈ। ਪੰਜਾਬ ਇਸ ਵੇਲੇ ਤਪਸ਼ ਨਾਲ ਭੁੱਜ ਰਿਹਾ ਹੈ। ਪੰਜਾਬ ਇਸ ਵੇਲੇ ਵੱਡੇ ਕਸ਼ਟ ਹੰਢਾ ਰਿਹਾ ਹੈ। ਪੰਜਾਬ ਦੇ ਇਹਨਾਂ ਕਸ਼ਟਾਂ ਨੇ ਪੰਜਾਬ ਅਧਮੋਇਆ ਕੀਤਾ ਹੋਇਆ ਹੈ। ਸਮੱਸਿਆਵਾਂ ਵੱਡੀਆਂ ਹਨ, ਜ਼ਖ਼ਮ ਵੱਡੇ ਹਨ, ਮੱਲ੍ਹਮ-ਪੱਟੀ ਲਾਉਣ ਵਾਲੇ ਗਾਇਬ ਹਨ। ਕਿਥੇ ਤੁਰ ਗਏ ਪੰਜਾਬ ਦੇ ਰਾਖੇ, ਛੈਲ-ਛਬੀਲੇ ਗੱਭਰੂ, ਮੁਟਿਆਰਾਂ, ਸਿਆਣੇ ਲੋਕ? ਪੰਜਾਬ ਸਿਰਫ਼ ਸਿਆਸਤਦਾਨਾਂ ਹੱਥ ਫੜਾ ਕੇ!

ਪੰਜਾਬ ਦਾ ਤਾਪਮਾਨ 42 ਡਿਗਰੀ ਸੈਲਸੀਅਸ ਤੋਂ 45 ਡਿਗਰੀ ਸੈਲਸੀਅਸ ਬਣਿਆ ਹੋਇਆ ਹੈ। ਤਪ ਰਿਹਾ ਹੈ ਪੰਜਾਬ, ਪੰਜਾਬ ਦੀ ਸਿਆਸਤ ਵਾਂਗ। ਰਤਾ ਕੁ ਕਿਸੇ ਪਾਸਿਓਂ ਖੰਗੂਰਾ ਪੈਂਦਾ, ਦੂਜੇ ਪਾਸਿਓਂ ਚੀਕਾਂ, ਬੜ੍ਹਕਾਂ ਪੈਣ ਲੱਗ ਪੈਂਦੀਆਂ ਹਨ। ਆਹ ਵੇਖੋ ਨਾ ਹੁਣੇ ਜਿਹੇ ਪੰਜਾਬ ਜੰਗ ਦੀ ਤਪਸ਼ ਹੰਢਾ ਬੈਠਾ। ਕੁਰੇਦੇ ਗਏ ਹਨ ਜ਼ਖ਼ਮ ਪੰਜਾਬ ਦੇ। ਪੰਜਾਬ ਨੂੰ ਸੰਨ '47 ਯਾਦ ਆਇਆ। ਪੰਜਾਬ ਨੂੰ ਸੰਨ 62, 65, 70 99 ਯਾਦ ਆਇਆ ਤੇ ਵਿਚ-ਵਿਚਾਲੇ 84 ਨੇ ਉਹਨੂੰ ਬੇਆਰਾਮ ਕੀਤਾ। ਸਿਤਮ ਵੇਖੋ, ਜਿਹੜਾ ਵੀ ਉੱਠਦਾ ਪੰਜਾਬ ਨੂੰ ਦੱਬ ਲੈਂਦਾ, ਕੇਰੀ ਅੱਖ ਪੰਜਾਬ ਵੱਲ ਕਰ ਲੈਂਦਾ। ਚੰਗੇ ਭਲੇ ਜੀਓ ਰਹੇ ਸਾਂ, ਪੂਰਬੋਂ-ਪੱਛਮੋਂ ਆਉਂਦੀਆਂ ਹਵਾਵਾਂ ਸੀਨਾ ਠਾਰ ਰਹੀਆਂ ਹਨ ਕਿ ਠਾਹ-ਠੂਹ, ਗੋਲੇ, ਬੰਬ, ਮਿਜ਼ਾਇਲਾਂ ਪੰਜਾਬ 'ਤੇ ਡਿੱਗਣ ਲੱਗੇ। ਕੀ ਕਸੂਰ ਸੀ ਯਾਰੋ ਪੰਜਾਬ ਦੇ ਲੋਕਾਂ ਦਾ? ਕਈ ਰਾਤਾਂ ਜਾਗਦਿਆਂ ਕੱਟੀਆਂ। ਮਣਾਂਮੂੰਹੀ ਦਰਦ ਸੀਨੇ ਹੰਢਾਇਆ। ਪ੍ਰਮਾਣੂ ਦੇ ਡਰ ਨੇ ਸੀਨਾ ਤਾਰ-ਤਾਰ ਕੀਤਾ। ਆਖ਼ਰ ਜਿਹੜੇ ਹੁਣੇ-ਹੁਣੇ ਤਾਜ਼ੇ-ਤਾਜ਼ੇ ਜ਼ਖ਼ਮ ਉਸ ਦੇ ਪਿੰਡੇ ਤੇ ਸੀਨੇ 'ਤੇ ਆ ਪਏ ਹਨ, ਉਹਦੀ ਜ਼ੁੰਮੇਵਾਰੀ ਕੀਹਦੀ ਆ ਭਾਈ? 'ਹਮ ਦੇਸ਼ ਕੇ ਰਖਵਾਲੇ ਹੈਂ, ਹਮ ਤਹਿਸ-ਨਹਿਸ ਕਰ ਦੇਂਗੇ' ਵਾਲਿਆਂ ਦੀ ਜਾਂ ਸਾਡੇ ਆਪਣਿਆਂ ਦੀ, ਜੋ ਮੂੰਹ 'ਚ ਘੁੰਗਣੀਆਂ ਪਾਕੇ ਬੈਠੇ ਰਹਿੰਦੇ ਹਨ, ਤਿਆਰ -ਬਰ-ਤਿਆਰ ਰਹਿੰਦੇ ਹਨ, ਲੋਕਾਂ ਨੂੰ ਝੂਠੇ ਦਿਲਾਸੇ ਦੇਣ ਲਈ। ਇੱਕ ਮਾਂ ਦਾ ਪੁੱਤ ਮਰ ਗਿਆ, ਸਰਹੱਦ 'ਤੇ ਰਾਖੀ ਕਰਦਿਆਂ, ਉਹਨੂੰ ਦੇ ਦਿਓ ਨਾ ਵਾਪਿਸ ਉਸ ਦਾ ਪੁੱਤ, ਚਾਰ ਛਿਲੜ ਦੇ ਕੇ ਆਖਦੇ ਹੋ, ਜੈ ਜਵਾਨ ਅਤੇ ਤੁਸੀਂ ਕੀ ਦੇਣਾ ਹੈ, ਚਾਰ ਛਿਲੜ ਦੇ ਦਿਓਗੇ, ਮੂੰਹ ਪਲੋਸ ਦਿਓਗੇ। ਦਿੰਦੇ ਤਾਂ ਤੁਸੀਂ ਉਸ ਨੂੰ ਵੀ ਕੁਝ ਨਹੀਂ, ਜਿਹੜਾ ਪੂਰੇ ਦੇਸ਼ ਦਾ ਢਿੱਡ ਪਾਲਦਾ, ਆਪਣਾ ਢਿੱਡ ਖਾਲੀ ਰੱਖਦਾ, ਕਰਜ਼ਾਈ ਹੋਇਆ, ਛਤੀਰਾਂ ਨੂੰ ਜੱਫੇ ਜਾ ਪਾਉਂਦਾ। ਜੈ ਕਿਸਾਨ!! ਹੈ ਕਿ ਨਾ!!!

ਭਾਰਤ ਦੀ ਵੰਡ 'ਚ 10 ਲੱਖ ਲੋਕ ਦੰਗਿਆਂ ਚ ਮਰੇ, ਕਰੋੜਾਂ ਲੋਕ ਪ੍ਰਭਾਵਤ ਹੋਏ। ਲਗਭਗ 1.46 ਕਰੋੜ ਲੋਕ ਸ਼ਰਨਾਰਥੀ ਬਣੇ। ਔਰਤਾਂ ਦੀ ਇੱਜ਼ਤ ਰੁਲੀ। ਬੱਚਿਆਂ ਦਾ ਬਚਪਨ ਗੁਆਚ ਗਿਆ। ਵੱਢ-ਟੁੱਕ 'ਚ ਲੋਕਾਂ ਦੇ ਇਹੋ ਜਿਹੇ ਅੰਦਰੂਨੀ ਫੱਟ ਲੱਗੇ ਕਿ ਜੀਵਨ ਭਰ ਉਹ ਇਹਨਾ ਫੱਟਾਂ-ਸੱਟਾਂ, ਜ਼ਖ਼ਮਾਂ ਨੂੰ ਭੁੱਲ ਨਹੀਂ ਸਕੇ। ਸਰਹੱਦੀ ਸੂਬਾ ਹੈ ਪੰਜਾਬ, ਇਸ ਨੂੰ ਗੁਆਂਢੀਆਂ ਨਾਲ ਲੜਾਈ ਦਾ ਵੱਡਾ ਮੁੱਲ ਤਾਰਨਾ ਪਿਆ। ਸੰਨ 1962, 1970, 1999 ਅਤੇ ਫਿਰ 2025 ਦੀ ਜੰਗ ਨੇ ਪੰਜਾਬ 'ਚ ਵੱਡੀ ਤਬਾਹੀ ਮਚਾਈ, ਵੱਡੇ ਜ਼ਖ਼ਮ ਦਿੱਤੇ। ਇਨ੍ਹਾਂ ਸਾਲਾਂ ਚ ਪੰਜਾਬ ਨੂੰ 1984 ਦਾ ਦਰਦ ਝੱਲਣਾ ਪਿਆ। ਪੰਜਾਬ ਹਲੂਣਿਆ ਗਿਆ। ਹਰ ਪੰਜਾਬੀ ਦੀ ਰੂਹ ਜ਼ਖ਼ਮੀ ਹੋਈ। ਇਹ ਜ਼ਖ਼ਮ ਵਰ੍ਹਿਆਂ ਤੱਕ ਰਿਸਦੇ ਰਹੇ। ਇਹਨਾ ਜ਼ਖ਼ਮਾਂ ਨੂੰ ਭਰਨ, ਫੈਹੇ ਲਾਉਣ ਲਈ ਕਦੇ ਵੀ ਉਹ ਯਤਨ ਨਹੀਂ ਹੋਏ, ਜਿਹੜੇ ਹੋਣੇ ਜ਼ਰੂਰੀ ਸਨ। ਬੱਸ ਇਹਨਾਂ 'ਤੇ ਵੀ ਸਿਆਸਤ ਹੋਈ। ਹੁਣ ਤੱਕ ਅਦਾਲਤਾਂ 'ਚ ਕੇਸ ਦਰਜ਼ ਹਨ, ਦੋਸ਼ੀ ਬਾਹਰ ਹਨ। ਕਿੱਡਾ ਦਰਦਨਾਕ ਵਰਤਾਰਾ ਹੈ।

ਇਹ ਵਾਰਤਾ ਤਾਂ ਉਹ ਹੈ, ਜਿਹੜਾ ਪੰਜਾਬੀਆਂ ਅੱਖੀਂ ਸਬਰ ਕਰਕੇ ਵੇਖੀ, ਸੁਣੀ, ਹੰਢਾਈ, ਪਰ ਕੁਝ ਵਾਰਤਾਵਾਂ ਉਹ ਹਨ, ਜਿਹੜੀਆਂ ਅਣਹੋਈਆਂ ਦਿਸਦੀਆਂ ਹਨ। ਜਿਹੜੀ ਪੰਜਾਬੀਆਂ ਦਾ ਸਬਰ ਸੰਤੋਖ ਪਰਖਣ ਲਈ ਉਸ ਦੇ ਮੱਥੇ ਮੜ੍ਹ ਦਿੱਤੀਆਂ ਗਈਆਂ। ਪੰਜਾਬੀ ਸੂਬਾ ਪੰਜਾਬ ਨੂੰ ਬਖ਼ਸ਼ ਦਿੱਤਾ ਗਿਆ, ਰਾਜਧਾਨੀ ਤੋਂ ਬਿਨ੍ਹਾਂ ਪੰਜਾਬੀ ਬੋਲਦੇ ਇਲਾਕੇ ਜਾਣ-ਬੁੱਝ ਕੇ ਹੋਰ ਸੂਬਿਆਂ 'ਚ ਰਹਿਣ ਦਿੱਤੇ ਗਏ। ਪੰਜਾਬ ਦੇ ਪਾਣੀਆਂ 'ਤੇ ਡਾਕਾ ਮਾਰਿਆ ਗਿਆ। ਬਿਨਾਂ ਹਿੱਸੇ ਤੋਂ ਰਾਜਸਥਾਨ ਨੂੰ ਪਾਣੀ ਦੇ ਦਿੱਤਾ ਗਿਆ। ਅੱਜ ਜਦੋਂ ਪੰਜਾਬ ਪਾਣੀ ਦੀ ਆਪਣੀ ਲੋੜ ਪੂਰੀ ਕਰਨੋਂ ਵੀ ਅਸਮਰਥ ਹੈ, ਉਹਦਾ ਪਾਣੀ ਹਰਿਆਣਾ, ਦਿੱਲੀ ਨੂੰ ਦੇਣ ਲਈ ਕੇਂਦਰ ਪੱਬਾਂ ਭਾਰ ਹੈ। ਬਾਵਜੂਦ ਇਸ ਦੇ ਕਿ ਪੰਜਾਬ ਵਿਧਾਨ ਸਭਾ 'ਚ ਸਾਰੀਆਂ ਪਾਰਟੀਆਂ ਮਤੇ ਪਾਸ ਕਰ ਚੁੱਕੀਆਂ ਹਨ, ਪਰ ਉਸ ਦੀ ਸੁਣਦਾ ਕੋਈ ਨਹੀਂ। ਅਦਾਲਤਾਂ ਚ ਪੰਜਾਬ ਧੱਕੇ ਖਾ ਰਿਹਾ ਹੈ, ਆਪਣਾ ਹੱਕ ਪ੍ਰਾਪਤ ਕਰਨ ਲਈ। ਇਸ ਕਿਸਮ ਦੀ ਬੇਇਨਸਾਫੀ-ਦਰ-ਬੇਇਨਸਾਫ਼ੀ ਪੰਜਾਬ ਵਰ੍ਹਿਆਂ ਤੋਂ ਭੁਗਤ ਰਿਹਾ ਹੈ। ਰਾਜ ਭਾਵੇਂ ਉਪਰ ਕਾਂਗਰਸ ਦਾ ਰਿਹਾ ਜਾਂ ਫਿਰ ਹੁਣ ਵਾਲੀ ਭਾਜਪਾ ਦਾ, ਇਹਨਾਂ ਲਈ ਤਾਂ ਪੰਜਾਬ ਦੁਪਰਿਆਰਾ ਰਿਹਾ! ਜੇਕਰ ਇੰਜ ਨਾ ਹੁੰਦਾ ਤਾਂ ਕਿਸਾਨ ਜਿਹਨਾਂ ਆਪਣੇ ਜ਼ਮੀਨ ਤੋਂ ਸਿਰਿਆਂ ਤੱਕ ਪਾਣੀ ਕੱਢਦੇ ਪੂਰੇ ਦੇਸ਼ ਦਾ ਢਿੱਡ ਭਰਿਆ ਤੇ ਭਰ ਰਿਹਾ ਹੈ, ਉਹਨੂੰ ਸਾਲ ਭਰ ਤੋਂ ਵੱਧ ਸਮਾਂ ਆਪਣੀ ਜ਼ਮੀਨ ਬਚਾਉਣ ਲਈ ਵੱਡਾ ਸੰਘਰਸ਼ ਕਿਉਂ ਕਰਨਾ ਪੈਂਦਾ? ਹਰੇ ਇਨਕਲਾਬ ਨੇ ਪੰਜਾਬ 'ਚ ਹਰਿਆਲੀ ਲਿਆਂਦੀ, ਪਰ ਇਹ ਹਰਿਆਲੀ ਦੇਸ਼ ਦੀ ਹਰਿਆਲੀ ਤਾਂ ਬਣੀ, ਪਰ ਪੰਜਾਬ ਦੀ ਧਰਤੀ ਅਧਮੋਈ ਕਰ ਗਈ, ਸਰੀਰ ਨੂੰ ਲੱਗੇ ਨਸ਼ਿਆਂ ਵਾਂਗਰ ਧਰਤੀ ਖਾਦਾਂ, ਦਵਾਈਆਂ 'ਤੇ ਲੱਗ ਗਈ ਅਤੇ ਅੱਜ ਪਾਣੀ ਦੀ ਥੁੜੋਂ ਕਾਰਨ ਮਾਰੂਥਲ ਹੋਣ ਵੱਲ ਵਧ ਰਹੀ ਹੈ। ਇੱਕ ਰਿਪੋਰਟ ਕਹਿੰਦੀ ਹੈ ਕਿ ਪੰਜਾਬ ਦੇ 136 ਬਲਾਕਾਂ ਵਿਚੋਂ 125 ਬਲਾਕਾਂ ਵਿੱਚ ਧਰਤੀ ਹੇਠਲਾ ਪਾਣੀ ਹਰ ਸਾਲ ਪਹੁੰਚ ਤੋਂ ਬਾਹਰ ਹੋ ਰਿਹਾ ਹੈ।

ਪੰਜਾਬ ਦੀ ਉਪਜਾਊ ਧਰਤੀ ਦਾ ਸੀਨਾ ਪਾੜ ਕੇ ਜਿਵੇਂ ਪੰਜਾਬ ਦੇ ਇੱਕ ਸਿਰੇ ਤੋਂ ਦੂਜੇ ਸਿਰੇ ਤੱਕ ਵੱਡੀਆਂ ਸੜਕਾਂ ਦਾ ਜਾਲ ਕਾਰਪੋਰੇਟਾਂ ਨੂੰ ਖੁਸ਼ ਕਰਨ ਲਈ ਵਿਛਾਇਆ ਜਾ ਰਿਹਾ ਹੈ, ਉਸ ਨਾਲ ਕਾਰਪੋਰੇਟ ਤਾਂ ਬੁਲ੍ਹੇ ਲੁੱਟਣਗੇ, ਮਾਲ ਇਧਰ-ਉਧਰ ਲੈ ਜਾਣ ਕਰਨ ਲਈ, ਪਰ ਪੰਜਾਬੀਆਂ ਪੱਲੇ ਕੀ ਪਏਗਾ? ਉਜਾੜਾ? ਇੱਕ ਹੋਰ ਜ਼ਖ਼ਮ, ਉਸ ਧਰਤੀ ਨੂੰ ਖੋਹਣ ਦਾ ਜਿਸ ਨਾਲ ਉਸ ਨੂੰ ਅੰਤਾਂ ਦਾ ਪਿਆਰ ਹੈ, ਜਿਸ ਦੇ ਇੱਕ ਬੰਨੇ ਨੂੰ ਖੋਹਣ ਲਈ ਲੜਨ ਖ਼ਾਤਰ ਉਹ ਮਰਨ-ਮਾਰਨ 'ਤੇ ਹੋ ਤੁਰਦਾ ਹੈ। ਬਣਦੀਆਂ ਸੜਕਾਂ ਦੇ ਇਸ ਜਾਲ ਨਾਲ ਪੰਜਾਬ ਇੱਕ ਰਿਪੋਰਟ ਅਨੁਸਾਰ ਲਗਭਗ ਇੱਕ ਤਿਹਾਈ ਉਪਜਾਊ ਧਰਤੀ ਗੁਆ ਬੈਠੇਗਾ। ਕਿਸਾਨ, ਖੇਤ ਮਜ਼ਦੂਰ ਜਿਹਨਾਂ ਲਗਾਤਾਰ ਉਜਾੜਾ ਵੇਖਿਆ, ਇਹ ਹੋਰ ਉਜਾੜਾ ਵੇਖ ਰਹੇ ਹਨ।

ਪੰਜਾਬ ਨੂੰ ਉਜਾੜਾ ਤਾਂ ਉਦੋਂ ਵੀ ਵੇਖਣਾ ਪੈ ਰਿਹਾ ਹੈ, ਜਦੋਂ ਪੰਜਾਬ 'ਚੋਂ ਬਰੇਨ ਡਰੇਨ ਅਤੇ ਮਨੀ (ਦਿਮਾਗ ਅਤੇ ਦੌਲਤ) ਡਰੇਨ (ਬਾਹਰ) ਹੋ ਰਹੀ ਹੈ। ਲੱਖਾਂ ਪੰਜਾਬੀ ਮੁੰਡੇ ਕਾਨੂੰਨ ਵਿਵਸਥਾ ਅਤੇ ਬੇਰੁਜ਼ਗਾਰੀ ਦੀ ਮਾਰ ਝਲਦਿਆਂ ਪੰਜਾਬੋਂ ਤੁਰ ਗਏ ਹਨ ਜਾਂ ਤੁਰੇ ਜਾ ਰਹੇ ਹਨ। ਹੈ ਕੋਈ ਉਹਨਾਂ ਦੇ ਦਰਦ ਦਾ ਪਾਰਖੂ? ਹੈ ਕੋਈ ਉਹਨਾਂ ਨੂੰ ਰੋਕਣ ਦੇ ਯਤਨ ਕਰਨ ਵਾਲਾ? ਸਿਆਸਤ ਹੋ ਰਹੀ ਹੈ। ਬੱਸ ਉਹਨਾਂ ਨੂੰ ਪੁਚਕਾਰਿਆ ਜਾ ਰਿਹਾ ਹੈ। ਪੰਜਾਬ ਤਪਸ਼ ਹੇਠ ਹੈ। ਨਸ਼ਿਆਂ ਦੇ ਦਰਿਆ ਨੇ ਜਵਾਨੀ ਖਾ ਲਈ, ਕੀ ਇਹ ਕੋਈ ਸਾਜ਼ਿਸ਼ ਨਹੀਂ? ਪੰਜਾਬੀ ਸੂਰਬੀਰਾਂ, ਯੋਧਿਆਂ, ਸੋਚਵਾਨਾਂ ਦੀ ਧਰਤੀ ਖਾਲੀ ਕਰਨ ਦੀ ਸਾਜ਼ਿਸ਼? ਕਿੰਨੇ ਕੁ ਜ਼ਖ਼ਮ ਸਹਿ ਸਕੇਗਾ ਪੰਜਾਬ? ਨਿੱਤ-ਦਿਹਾੜੇ ਮੁਹਿੰਮਾਂ ਹਨ, ਪੰਜਾਬ ਦੀ ਧਰਤੀ ਕੁਰਲਾ ਰਹੀ ਹੈ, ਪੰਜਾਬ ਦੀ ਧਰਤੀ ਹੁਣ ਗਾ ਨਹੀਂ ਰਹੀ। ਉਹ ਰੰਗ ਜਿਹੜੇ ਪੰਜਾਬ ਦੇ ਨਿਵੇਕਲੇ ਹਨ, ਉਹ ਰੰਗ ਜਿਹਨਾਂ ਕਾਰਨ ਪੰਜਾਬ ਨਵੀਆਂ ਪੈੜਾ ਪਾਉਂਦਾ ਰਿਹਾ ਹੈ, ਉਹ ਪੰਜਾਬ ਜਿਹੜਾ ਜੀਊਂਦਾ ਗੁਰਾਂ ਦੇ ਨਾਂਅ 'ਤੇ ਉਹ ਕਿਧਰ ਤੋਰਿਆ ਜਾ ਰਿਹਾ ਹੈ। ਉਹਨਾਂ ਅਣ ਦਿਸਦੇ ਰਾਹਾਂ 'ਤੇ ਜਿਥੋਂ ਮੋੜਾ ਕੋਈ ਨਹੀਂ, ਜਿਥੇ ਉਜਾੜਾ ਹੈ, ਜਿਥੇ ਰੌਣਕਾਂ ਨਹੀਂ, ਸਿਆਪਾ ਹੈ। ਪੰਜਾਬ ਦਾ ਕਿਹੜਾ ਪਿੰਡ ਰਹਿ ਗਿਆ, ਜਿਸ ਦੇ ਵਿੱਚ ਵੱਡੀ ਗਿਣਤੀ ਘਰਾਂ ਦੇ ਦਰਵਾਜੇ ਵੱਡੇ ਤਾਲਿਆਂ ਨਾਲ ਬੰਦ ਨਹੀਂ, ਜਿਥੇ ਖੂਹਾਂ 'ਤੇ ਰੌਣਕਾਂ ਸਨ, ਸੱਥਾਂ ਬਜ਼ੁਰਗਾਂ ਨਾਲ ਭਰੀਆਂ ਸਨ, ਜਿਥੇ ਫ਼ੈਸਲੇ ਪਰਿਆਂ 'ਚ ਹੁੰਦੇ ਸਨ, ਜਿਥੇ ਲੋਕ ਜੁੜਦੇ ਸਨ, ਦੁੱਖ-ਸੁੱਖ ਕਰਦੇ ਸਨ। ਹੁਣ ਤਾਂ ਪੰਜਾਬ ਦੀ ਨੀਂਹ ਪੰਜਾਬ ਦਾ ਪਿੰਡ ਹੀ ਮਨਫ਼ੀ ਕਰ ਦਿੱਤਾ ਗਿਆ ਹੈ।

ਪੰਜਾਬ ਦੇ ਜ਼ਖ਼ਮਾਂ ਦੀ ਬਾਤ ਪ੍ਰਦੇਸ਼ ਵਸਦੇ ਪੁੱਤਰ, ਧੀਆਂ ਦਾ ਮਾਂ-ਬਾਪ ਖੁਸ਼ੀਆਂ ਦੇ ਉਜੜੇ ਘਰ ਤੋਂ ਪਾਉਂਦਾ ਹੈ। ਪੱਗ ਦੇ ਲੜ ਨਾਲ ਅੱਖਾਂ ਪੂੰਝ ਪਿਓ ਡੁਸਕਦਾ ਹੈ, ਮਾਂ ਰੋ-ਰੋ ਅੱਖਾਂ ਚੁੰਨੀਆਂ ਕਰਦੀ ਹੈ। ਪ੍ਰਦੇਸ਼ ਗਏ ਪੁੱਤ, ਧੀ ਦਾ ਦਰਦ ਵੀ ਪੰਜਾਬ ਲਈ ਵੱਡਾ ਹੈ, ਤੇ ਸਰਹੱਦ ਗਏ ਪੁੱਤਾਂ ਦਾ ਵੀ।

ਹੈ ਕੋਈ ਦਵਾਈ ਦੀ ਖ਼ੁਰਾਕ, ਜੋ ਉਸ ਦੇ ਪਿੰਡੇ ਦੇ ਦਰਦ ਨੂੰ ਹਟਾ, ਘਟਾ ਸਕੇ, ਉਹਦੀਆਂ ਚੀਸਾਂ ਦਾ ਨਿਵਾਰਨ ਕਰ ਸਕੇ। ਮਿੱਠੀਆਂ ਗੋਲੀਆਂ ਦੇਣ ਵਾਲੇ ਸਿਆਸਤਦਾਨ ਆਖ਼ਰ ਉਹਦੇ ਜ਼ਖ਼ਮਾਂ ਦੀ ਸਾਰ ਕਿਉਂ ਨਹੀਂ ਲੈਂਦੇ? ਰਿਸਦੇ ਜ਼ਖ਼ਮਾਂ 'ਤੇ ਫੂਕਾਂ ਕਿਉਂ ਨਹੀਂ ਮਾਰਦੇ? ਕਿਉਂ ਕਦੇ ਚੁੱਪ ਕਰਕੇ ਅਤੇ ਕਦੇ ਵੱਡੀਆਂ ਟਾਹਰਾਂ ਮਾਰ ਕੇ ਆਪਣੀ ਕੁਰਸੀ ਦੀਆਂ ਚਾਰੇ ਟੰਗਾਂ ਬਚਾਉਣ ਦੇ ਆਹਰ 'ਚ ਲੱਗੇ ਹੋਏ ਹਨ।

ਐ ਪੰਜਾਬ! ਕਰਾਂ ਕੀ ਸਿਫ਼ਤ ਤੇਰੀ, ਤੇਰੇ ਜਿਹਾ ਕੋਈ ਹੋਰ ਨਾ! ਵੱਢਿਆ-ਟੁੱਕਿਆ ਤੂੰ ਮੁੜ ਸੁਰਜੀਤ ਹੁੰਦਾ ਰਿਹੈਂ! ਹੁਣ ਵੀ ਹੋਵੇਂਗਾ।

'ਤੂੰ ਉੱਠ ਜਗਾ ਦੇ ਮੋਮਬੱਤੀਆਂ,<br>
ਇਹ ਤਾਂ ਏਥੇ ਵਗਦੀਆਂ ਹੀ ਰਹਿਣੀਆਂ ਹਵਾਵਾਂ<br>
ਕੁਪੱਤੀਆਂ<br>
ਉੱਠ ਜਗਾ ਦੇ ਮੋਮਬੱਤੀਆਂ।

– (ਸੁਰਜੀਤ ਪਾਤਰ)

**# ਸੰਪਰਕ : 98158-02070**

# ਸੜਕਾਂ 'ਤੇ ਲਟਕਦੇ ਫੰਦੇ

**ਰਾਜਿੰਦਰ ਸਿੰਘ ਰਾਜਨ**

ਪੰਜਾਬ ਭਰ ਦੀਆਂ ਸੜਕਾਂ 'ਤੇ ਦੌੜਦੇ ਵੱਖ-ਵੱਖ ਕਿਸਮ ਦੇ ਵਾਹਨਾਂ ਦੀ ਹਾਦਸਿਆਂ ਨਾਲ ਭਰੀ ਇੱਕ ਡਰਾਵਣੀ ਲੰਮੀ ਲਿਸਟ ਹੈ, ਪਰ ਇਸ ਲਿਸਟ ਵਿੱਚ ਇੱਕ ਅਜਿਹਾ ਖਾਮੋਸ਼, ਪਰ ਘਾਤਕ ਪਹਿਲੂ ਇਹ ਵੀ ਹੈ, ਜਿਸ ਵੱਲ ਅਕਸਰ ਧਿਆਨ ਨਹੀਂ ਦਿੱਤਾ ਜਾਂਦਾ-ਉਹ ਹਨ ਰਿਕਸ਼ੇ, ਰੇਹੜੇ ਘੋੜੇ, ਛੋਟੇ ਹਾਥੀ, ਟਰੈਕਟਰ-ਟਰਾਲੀਆਂ, ਜੀਪਾਂ, ਟਰੱਕ ਆਦਿ, ਜਿਨ੍ਹਾਂ ਉੱਤੇ ਲੋਡ ਕਰਦੇ ਸਮੇਂ ਕਦੇ ਵੀ ਸੁਰੱਖਿਆ ਦੇ ਨਿਯਮਾਂ ਦੀ ਪਰਵਾਹ ਨਹੀਂ ਕੀਤੀ ਜਾਂਦੀ।

ਕਈ ਵਾਰੀ ਇਨ੍ਹਾਂ ਵਾਹਨਾਂ ਉੱਤੇ ਲੱਦੀਆਂ ਹੋਈਆਂ ਵਸਤਾਂ—ਚਾਹੇ ਉਹ ਲੋਹੇ ਦੇ ਸਰੀਏ ਹੋਣ, ਲੱਕੜ ਦੀਆਂ ਬੱਲੀਆਂ, ਪਾਈਪ ਆਦਿ, ਉਹ ਵਾਹਨ ਦੀ ਲੰਬਾਈ ਤੋਂ ਕਈ-ਕਈ ਫੁੱਟ ਬਾਹਰ ਨਿਕਲੀਆਂ ਹੋਈਆਂ ਹੁੰਦੀਆਂ ਹਨ, ਇੱਥੋਂ ਤੱਕ ਕਿ ਕਈ ਥ੍ਰੀ-ਵ੍ਹੀਲਰ ਚਾਲਕ ਤਾਂ ਸਾਰੇ ਕਾਨੂੰਨਾਂ ਨੂੰ ਛਿੱਕੇ ਟੰਗ ਕੇ ਐਸਾ ਕਮਾਲ ਕਰਦੇ ਹਨ ਕਿ ਉਨ੍ਹਾਂ ਦੇ ਥ੍ਰੀ-ਵ੍ਹੀਲਰ ਇੱਕ ਮਿੰਨੀ ਰੇਲ ਗੱਡੀ ਵਿੱਚ ਤਬਦੀਲ ਹੋ ਜਾਂਦੇ ਹਨ, ਜਦੋਂ ਉਹਨਾਂ ਦੇ ਅੱਗੇ ਅਤੇ ਪਿੱਛੇ ਨਿਕਲਿਆ ਸਰੀਆ ਮੌਤ ਦਾ ਨਾਚ ਕਰਦਾ ਹੈ, ਜੋ ਦ੍ਰਿਸ਼ ਸੜਕ ਸੁਰੱਖਿਆ ਲਈ ਇੱਕ ਜਿਊਂਦਾ-ਜਾਗਦਾ ਤਾਨਾਸ਼ਾਹੀ ਐਲਾਨ ਹੁੰਦਾ ਹੈ।

ਅਜਿਹੇ ਢੰਗ ਤਰੀਕੇ ਜੋ ਰਾਤ ਦੇ ਹਨੇਰੇ ਜਾਂ ਧੁੰਦ ਭਰੀ ਸਵੇਰ ਵਿੱਚ ਕਿਸੇ ਅਣਜਾਣੇ ਰਾਹਗੀਰ ਜਾਂ ਦੂਜੇ ਵਾਹਨ ਸਵਾਰ ਨੂੰ ਅਚਾਨਕ ਆਪਣੀ ਲਪੇਟ 'ਚ ਲੈ ਲੈਂਦੇ ਹਨ, ਜਿਸ ਦੇ ਫਲਸਰੂਪ ਦੁਰਘਟਨਾ ਨਾਲ ਇਨਸਾਨ ਦੀ ਮੌਤ ਅਜਿਹੇ ਖ਼ਾਮੋਸ਼ ਫੰਦੇ ਵਾਂਗ ਹੁੰਦੀ ਹੈ, ਜੋ ਨਾ ਹੀ ਕੋਈ ਸਾਵਧਾਨੀ ਦੇਣ ਦਾ ਮੌਕਾ ਦਿੰਦੇ ਹਨ, ਨਾ ਹੀ ਕੋਈ ਬਚਾਅ ਦੀ ਗੁੰਜਾਇਸ਼ ਤੇ ਪਲਕਾਂ ਝਮਕਦਿਆਂ ਹੀ ਜ਼ਿੰਦਗੀ ਦੀ ਰੋਸ਼ਨੀ ਸਦਾ ਲਈ ਬੁਝ ਜਾਂਦੀ ਹੈ।

ਸੋਚੋ! ਜੇ ਇੱਕ ਨੌਜਵਾਨ ਪਿਤਾ, ਜੋ ਆਪਣੀ ਧੀ ਦੀ ਫੀਸ ਜਾਂ ਮਾਂ ਦੀ ਦਵਾਈ ਲੈਣ ਲਈ ਰੋਜ਼ੀ ਦੀ ਤਲਾਸ਼ 'ਚ ਨਿਕਲਿਆ ਹੋਵੇ ਜਾਂ ਕੋਈ ਵਿਦਿਆਰਥੀ ਆਪਣੇ ਸੁਪਨਿਆਂ ਦੀ ਗੰਢ ਲੈ ਕੇ ਸਕੂਲ ਜਾਂ ਕਾਲਜ ਵੱਲ ਵਧ ਰਿਹਾ ਹੋਵੇ ਜਾਂ ਦਫਤਰੀ ਸਮਿਆਂ ਵਿੱਚ ਮੁਲਾਜ਼ਮਾਂ ਦਾ ਆਉਣਾ-ਜਾਣਾ, ਉਹਨਾਂ ਦੀ ਜ਼ਿੰਦਗੀ ਅਜਿਹੇ ਅਣਜਾਣੇ, ਲਾਪਰਵਾਹੀ ਨਾਲ ਲੱਦੇ ਹੋਏ ਵਾਹਨ ਵਿਚੋਂ ਨਿਕਲੇ ਸਰੀਏ ਨਾਲ ਹੋਈ ਦੁਰਘਟਨਾ 'ਚ ਖ਼ਤਮ ਹੋ ਜਾਵੇ, ਤਾਂ ਉਸ ਪਰਵਾਰ ਦੇ ਦਿਲਾਂ 'ਤੇ ਕੀ ਕੁਝ ਬੀਤਦੀ ਹੋਏਗੀ? ਇਹ ਇੱਕ ਅਜਿਹਾ ਦੁੱਖ ਹੈ, ਜੋ ਸਿਰਫ਼ ਲਫ਼ਜ਼ਾਂ ਵਿੱਚ ਨਹੀਂ, ਹਿਰਦੇ ਦੀ ਗਹਿਰਾਈ ਵਿੱਚ ਮਹਿਸੂਸ ਹੁੰਦਾ ਹੈ।

ਅੱਜ ਸੜਕਾਂ ਉੱਤੇ ਟਰੈਫਿਕ ਦੇ ਨਿਯਮ ਸਿਰਫ਼ ਸੈਮੀਨਾਰ ਤੇ ਕਿਤਾਬਾਂ ਦੀ ਸ਼ੋਭਾ ਬਣੇ ਹੋਏ ਹਨ। ਕਿਸੇ ਵੀ ਵਾਹਨ ਦੇ ਪਿਛਲੇ ਹਿੱਸੇ ਵਿੱਚੋਂ ਬਾਹਰ ਨਿਕਲਦੇ ਲੋਹੇ ਦੇ ਸਰੀਏ ਜਾਂ ਨੋਕਦਾਰ ਬਾਂਸ ਤੇ ਨਾ ਹੀ ਕੋਈ ਰਿਫਲੈਕਟਰ ਟਾਈਪ ਇਸ਼ਾਰਾ ਹੁੰਦਾ ਹੈ, ਜਿਸ ਨਾਲ ਕਿ ਪਤਾ ਲੱਗ ਜਾਵੇ ਕਿ ਟਰੱਕ ਦੀ ਹੱਦ ਤੋਂ ਬਾਹਰ ਇਹ ਵਸਤਾਂ ਵਧੀਆਂ ਹੋਈਆਂ ਹਨ, ਸਾਵਧਾਨ! ਪਰ ਇਹ ਚੀਜ਼ਾਂ ਨਾ ਸਿਰਫ਼ ਕਾਨੂੰਨ ਦੀ ਉਲੰਘਣਾ ਹਨ, ਬਲਕਿ ਮਨੁੱਖਤਾ ਦੇ ਮੂੰਹ 'ਤੇ ਇਕ ਥੱਪੜ ਵੀ ਹਨ।

ਸਵਾਲ ਇਹ ਨਹੀਂ ਕਿ ਇਨ੍ਹਾਂ ਹਾਦਸਿਆਂ ਲਈ ਜ਼ਿੰਮੇਵਾਰ ਕੌਣ ਹੈ। ਸਵਾਲ ਇਹ ਹੈ ਕਿ ਅਸੀਂ ਸਭ ਮਿਲ ਕੇ ਇਹ ਲਹੂ ਦੇ ਥੱਬੇ ਕਿਉਂ ਰੋਕ ਨਹੀਂ ਰਹੇ? ਸੜਕਾਂ ਉੱਤੇ ਚੱਲ ਰਹੇ ਇਹ 'ਮੌਤ ਦੇ ਰਾਖਵੇਂ' ਕਿਉਂ ਸਾਡੀ ਨਿਗਾਹ ਤੋਂ ਬਚ ਜਾਂਦੇ ਹਨ? ਕਿਉਂ ਨਾ ਸੜਕਾਂ ਦੀ ਸਫ਼ਾਈ, ਨਿਯਮਾਂ ਦੀ ਪਾਲਣਾ ਅਤੇ ਵਾਹਨ ਚਲਾਉਣ ਵਾਲਿਆਂ ਦੀ ਤਰਬੀਅਤ ਨੂੰ ਤਰਜੀਹ ਦਿੱਤੀ ਜਾਵੇ?

ਸੋਚਣ ਵਾਲੀ ਗੱਲ ਇਹ ਹੈ ਕਿ ਸਰਕਾਰਾਂ ਦੇ ਬਦਲਣ ਨਾਲ ਨਹੀਂ, ਪਰ ਨੀਤੀਆਂ ਦੇ ਲਾਗੂ ਹੋਣ ਨਾਲ ਹਾਲਾਤ ਬਦਲਦੇ ਹਨ। ਜਦ ਤੱਕ ਹਰੇਕ ਵਾਹਨ-ਮਾਲਕ ਨੂੰ ਇਹ ਅਹਿਸਾਸ ਨਹੀਂ ਹੋ ਜਾਂਦਾ ਕਿ ਉਹ ਆਪਣੇ ਨਾਲ-ਨਾਲ ਦੂਜਿਆਂ ਦੀ ਜ਼ਿੰਦਗੀ ਲਈ ਵੀ ਜ਼ਿੰਮੇਵਾਰ ਹੈ, ਤਦ ਤੱਕ ਇਹ ਹਾਦਸੇ ਸਾਡੀ ਦਿਲੀ ਰੂਹ ਨੂੰ ਰੋਜ਼ ਝੰਜੋੜਦੇ ਰਹਿਣਗੇ।

ਇਹ ਸਿਰਫ਼ ਨਿਯਮ ਦੀ ਉਲੰਘਣਾ ਨਹੀਂ—ਇਹ ਇਕ ਸਮਾਜਿਕ ਅਪਰਾਧ ਹੈ। ਜਦੋਂ ਸੜਕਾਂ ਉੱਤੇ ਦਿਨ ਦਿਹਾੜੇ ਆਤਮ ਹੱਤਿਆ ਵਰਗੀ ਸਥਿਤੀ ਬਣੀ ਹੋਈ ਹੋਵੇ, ਤਾਂ ਚੁੱਪ ਰਹਿਣਾ ਵੀ ਸਾਥ ਦੇਣ ਵਾਂਗ ਹੋ ਜਾਂਦਾ ਹੈ।

ਸਰਕਾਰ ਦੀ ਜ਼ਿੰਮੇਵਾਰੀ ਆਪਣੀ ਥਾਂ ਅਹਿਮ ਹੈ। ਨਵੇਂ ਨਿਯਮ ਬਣਾਉਣ ਦੀ ਲੋੜ ਨਹੀਂ, ਪੁਰਾਣਿਆਂ ਦੀ ਸਖ਼ਤੀ ਨਾਲ ਲਾਗੂ ਕਰਨਾ ਸਭ ਤੋਂ ਵੱਡੀ ਲੋੜ ਹੈ। ਵਾਹਨਾਂ ਦੀ ਪੂਰੀ ਜਾਂਚ, ਟਰਾਂਸਪੋਰਟ ਅਫਸਰਾਂ ਦੀ ਨਿਰੰਤਰ ਮੌਜੂਦਗੀ ਅਤੇ ਉਨ੍ਹਾਂ ਵੱਲੋਂ ਇਨਸਾਫ਼ ਨਾਲ ਭਰਪੂਰ ਕਾਰਵਾਈ, ਇਹ ਅਜਿਹੇ ਕਦਮ ਹਨ, ਜੋ ਸੜਕਾਂ 'ਤੇ ਮੌਤਾਂ ਦੀ ਗਿਣਤੀ ਘਟਾ ਸਕਦੇ ਹਨ।

ਜਦੋਂ ਇਕ ਆਮ ਵਾਹਨ ਚਲਾਉਣ ਵਾਲਾ ਇਹ ਸਮਝ ਲਵੇ ਕਿ ਉਸ ਦੇ ਵਾਹਨ ਦੀ ਸੁਰੱਖਿਆ ਸਿਰਫ਼ ਉਸ ਦੀ ਨਿੱਜੀ ਜ਼ਿੰਦਗੀ ਲਈ ਨਹੀਂ, ਸਗੋਂ ਹਰ ਰੋਜ਼ ਸੜਕ 'ਤੇ ਲੰਘ ਰਹੇ ਅਣਜਾਣ ਲੋਕਾਂ ਦੀ ਜਾਨ ਲਈ ਵੀ ਜ਼ਰੂਰੀ ਹੈ, ਤਦ ਅਸੀਂ ਇਕ ਬਿਹਤਰ ਸੜਕ ਸੰਸਕਾਰ ਦੀ ਨੀਂਹ ਰੱਖ ਸਕਦੇ ਹਾਂ। ਅਸੀਂ ਜੇ ਹੁਣ ਵੀ ਨਹੀਂ ਜਾਗੇ ਤਾਂ ਕੱਲ੍ਹ ਨੂੰ ਹਮਦਰਦੀ ਦੇ ਅਸ਼ਕ, ਦੁੱਖ ਭਰੇ ਫੋਟੋਆਂ ਅਤੇ ਮੋਮਬੱਤੀਆਂ ਵਾਲੀ ਸ਼ਾਂਤੀ ਯਾਤਰਾ ਤੋਂ ਇਲਾਵਾ ਸਾਡੇ ਹੱਥ ਵਿੱਚ ਕੁਝ ਨਹੀਂ ਰਹਿ ਜਾਣਾ।

ਪਰ ਜੇ ਅਸੀਂ ਅੱਜ ਹੀ ਇਹ ਸੋਚ ਲਈਏ ਕਿ ਸਾਡੀ ਹਰ ਇੱਕ ਚੁੱਕੀ ਗਤੀਵਿਧੀ ਕਿਸੇ ਦੀ ਜ਼ਿੰਦਗੀ ਬਚਾ ਸਕਦੀ ਹੈ ਤਾਂ ਇਹ ਲਿਖਤ ਸਿਰਫ਼ ਇਕ ਚੇਤਾਵਨੀ ਨਹੀਂ ਰਹਿ ਜਾਵੇਗੀ, ਇਹ ਇਕ ਇਨਕਲਾਬੀ ਰੂਪ ਲੈ ਸਕੇਗੀ।

ਆਓ, ਅਸੀਂ ਹਰੇਕ ਵਾਹਨ ਚਲਾਉਣ ਵਾਲੇ ਲਈ ਇਹ ਸੁਨੇਹਾ ਬਣੀਏ—

ਸੜਕ ਸਿਰਫ਼ ਰਸਤੇ ਨਹੀਂ, ਸਗੋਂ ਜ਼ਿੰਦਗੀਆਂ ਦੇ ਪੱਲੇ ਹਨ।

ਇਨ੍ਹਾਂ 'ਤੇ ਲੰਘਦਿਆਂ ਆਪਣਾ ਨਹੀਂ, ਦੂਜਿਆਂ ਦਾ ਭਲਾ ਵੀ ਸੋਚੀਏ।

**# ਸੰਪਰਕ : 94174-27656।**

# ਵਿਦੇਸ਼ੀ ਕਰਜ਼ਿਆਂ ਦਾ ਮੱਕੜ ਜਾਲ



**ਜਗਦੇਵ ਸ਼ਰਮਾ ਬੁਗਰਾ**

ਪਿਛਲੇ ਦਿਨੀਂ ਮੈਨੂੰ ਅੰਤਰਰਾਸ਼ਟਰੀ ਆਰਥਿਕਤਾ ਬਾਰੇ ਇੱਕ ਕਿਤਾਬ ਪੜ੍ਹਨ ਦਾ ਸਬੱਬ ਬਣਿਆ। ਉਸ ਕਿਤਾਬ ਦੇ ਲੇਖਕ ਨੇ ਅਜਿਹੇ ਖੁਲਾਸੇ ਕੀਤੇ ਹੋਏ ਸਨ, ਜਿਨ੍ਹਾਂ ਤੋਂ ਮੈਂ, ਇੱਕ ਬੈਂਕਰ ਅਤੇ ਆਰਥਿਕਤਾ ਦੀ ਖਾਸੀ ਸੋਝੀ ਰੱਖਣ ਵਾਲਾ ਅੱਜ ਤੱਕ ਅਣਜਾਣ ਸਾਂ। ਬੈਂਕਿੰਗ ਦੀ ਸਰਲ ਪ੍ਰੀਭਾਸਾ ਹੈ ਲੋਕਾਂ ਕੋਲੋਂ ਜਮ੍ਹਾਂ ਪੂੰਜੀ ਸਵੀਕਾਰ ਕਰਕੇ ਉਸ ਪੂੰਜੀ ਨੂੰ ਕਰਜ਼ ਦੇਣ ਅਤੇ ਨਿਵੇਸ਼ ਕਰਨ ਲਈ ਵਰਤਣਾ। ਉਸੇ ਤਰਾਂ ਦੀ ਭੂਮਿਕਾ ਮੈਂ ਅੰਤਰ ਰਾਸ਼ਟਰੀ ਬੈਂਕਿੰਗ ਪ੍ਰਣਾਲੀ (ਆਈ ਐੱਮ ਐੱਫ ਅਤੇ ਵਰਲਡ ਬੈਂਕ ਆਦਿ) ਕੋਲੋਂ ਤਵੱਕੋ ਕਰਦਾ ਸਾਂ। ਇਸ ਕਿਤਾਬ ਦੇ ਲੇਖਕ ਨੇ ਖੁਲਾਸਾ ਕੀਤਾ ਹੋਇਆ ਹੈ ਕਿ ਇਹਨਾਂ ਬੈਂਕਾਂ ਰਾਹੀਂ ਅਣ-ਵਿਕਸਤ ਦੇਸ਼ਾਂ ਨੂੰ ਦਿੱਤਾ ਜਾਂਦਾ ਕਰਜ਼ਾ ਵਿਕਾਸ ਦੇ ਮੰਤਵ ਨਾਲ ਨਹੀਂ ਦਿੱਤਾ ਜਾਂਦਾ, ਸਗੋਂ ਲੰਮੀ ਰਣਨੀਤੀ ਬਣਾ ਕੇ ਉਹਨਾਂ ਗਰੀਬ ਦੇਸ਼ਾਂ ਨੂੰ ਹੋਰ ਗਰੀਬ ਬਣਾਇਆ ਜਾਂਦਾ ਹੈ। ਅਜਿਹੇ ਹਾਲਾਤ ਪੈਦਾ ਕੀਤੇ ਜਾਂਦੇ ਹਨ ਕਿ ਇਹਨਾਂ ਤੋਂ ਕਰਜ਼ਾ ਲੈ ਕੇ ਇਹ ਗਰੀਬ ਦੇਸ਼ ਇਹਨਾਂ ਸੰਸਥਾਵਾਂ ਦੇ ਨੀਤੀ ਘਾੜੇ ਅਮਰੀਕਾ ਵਰਗੇ ਦੇਸ਼ਾਂ ਦੇ ਗਲਬੇ ਹੇਠ ਰਹਿਣ। ਕਈ ਉਦਾਹਰਣਾਂ ਹਨ, ਜਦੋਂ ਬੈਂਕ ਦੇ ਕਰਜ਼ੇ ਨੂੰ ਕਿਸੇ ਦੇਸ਼ ਦੇ ਅੜੀਅਲ ਸ਼ਾਸਕ ਦਾ ਤਖਤਾ ਪਲਟ ਕਰਨ ਲਈ ਵਰਤਿਆ ਗਿਆ ਹੈ। ਉਪਰੋਕਤ ਕਿਤਾਬ ਦਾ ਲੇਖਕ ਈਰਾਨ ਵਿੱਚ 1951 ਵਿੱਚ ਉਥੋਂ ਦੇ ਬਹੁਤ ਹੀ ਮਕਬੂਲ ਪ੍ਰਧਾਨ ਮੰਤਰੀ ਮੋਹੰਮਦ ਮੁਸੱਦਗ ਦੇ ਰਾਜ ਪਲਟੇ ਵਿਚ ਸੀ ਆਈ ਏ ਦੇ ਏਜੰਟ ਕਰਮਟ ਰੂਜ਼ਵੈਲਟ ਦੀ ਭੂਮਿਕਾ ਦਾ ਜ਼ਿਕਰ ਕਰਦਾ ਹੈ। ਮੋਹੰਮਦ ਮੁਸੱਦਗ ਉਹ ਵਿਅਕਤੀ ਸੀ, ਜਿਸ ਨੂੰ ਟਾਈਮ ਮੈਗਜ਼ੀਨ ਨੇ 1951 ਦਾ 'ਮੈਨ ਆਫ ਦਾ ਯੀਅਰ' ਦਾ ਖਿਤਾਬ ਦਿੱਤਾ ਸੀ। ਜਿਵੇਂ ਮਰੇ ਹੋਏ ਪਸ਼ੂ ਦੇ ਮਾਸ ਨੂੰ ਗਿਰਝਾਂ ਨੋਚਦੀਆਂ ਹਨ, ਇਹ ਦੇਸ਼ ਅੱਤ ਗਰੀਬ ਦੇਸ਼ਾਂ ਵਿਚ ਬਿਜਲੀ, ਪ੍ਰੀਵਹਿਨ, ਸੰਚਾਰ ਅਤੇ ਸਨਅਤ ਦੇ ਵਿਕਾਸ ਦੇ ਬਹਾਨੇ ਆਪਣਾ ਸਮਾਨ ਵੇਚ ਕੇ ਮੁਨਾਫਾ ਆਪਣੇ ਦੇਸ਼ ਨੂੰ ਢੋਂਦੇ ਹਨ। ਕਿਸੇ ਦੇਸ਼ ਦੇ ਵਸਨੀਕਾਂ ਨੂੰ ਹਨੇਰੇ ਵਿਚੋਂ ਬਾਹਰ ਕੱਢਣ ਦਾ ਸਬਜ਼ਬਾਗ ਦਿਖਾ ਕੇ ਅਮਰੀਕਾ ਵਰਗੇ ਦੇਸ਼ਾਂ ਦੀਆਂ ਬਹੁ ਕੌਮੀ ਕੰਪਨੀਆਂ ਬਿਜਲੀ ਉਪਕਰਣ ਵੇਚਦੀਆਂ ਹਨ। ਚਾਟ 'ਤੇ ਲੱਗੇ ਲੋਕਾਂ ਨੂੰ ਹੋਰ ਕਰਜ਼ ਦੀ ਲੋੜ ਪੈਂਦੀ ਹੈ। ਦੇਸ ਹੋਰ ਕਰਜ ਲੈਂਦਾ ਹੈ ਅਤੇ ਇਸ ਤਰ੍ਹਾਂ ਕਰਜ਼ ਦੇ ਦੁਸ਼ਟ ਚੱਕਰ ਵਿੱਚ ਫਸੇ ਹੋਏ ਦੇਸ਼ ਨੂੰ ਸਿੱਖਿਆ, ਸਿਹਤ ਅਤੇ ਪੇਟ ਭਰ ਭੋਜਨ ਲਈ ਵੀ ਵਿਕਸਤ ਦੇਸ਼ਾਂ ਦਾ ਮੁਥਾਜ਼ ਹੋਣਾ ਪੈਂਦਾ ਹੈ।

ਅਸੀਂ ਭਾਰਤੀ ਦਮਗਜ਼ੇ ਮਾਰਦੇ ਨਹੀਂ ਥੱਕਦੇ ਕਿ ਅਸੀਂ ਵਿਕਾਸਸ਼ੀਲ ਅਰਥਚਾਰਾ ਹਾਂ। ਥੋੜ੍ਹੀ-ਬਹੁਤੀ ਸਾਡੀ ਅਤੇ ਦੱਖਣ ਪੂਰਬੀ ਏਸ਼ੀਆਈ ਦੇਸ਼ਾਂ ਦੀ ਸਥਿਤੀ ਵੀ ਉਪਰੋਕਤ ਵਰਗੀ ਹੀ ਹੈ। ਮਾਰਚ 2014 ਵਿੱਚ ਭਾਰਤ ਸਿਰ ਜਿਹੜਾ ਕੁੱਲ (ਅੰਦਰੂਨੀ ਅਤੇ ਬਾਹਰੀ) ਕਰਜ 53.11 ਲੱਖ ਕਰੋੜ ਸੀ, ਮਾਰਚ 2025 ਨੂੰ ਵੱਧ ਕੇ 166.57 ਲੱਖ ਕਰੋੜ ਦਾ ਅੰਦਰੂਨੀ ਅਤੇ 57.4 ਲੱਖ ਕਰੋੜ ਦਾ ਬਾਹਰੀ ਯਾਨੀ ਕਿ ਕੁੱਲ 223.97 ਲੱਖ ਕਰੋੜ 'ਤੇ ਪਹੁੰਚ ਚੁੱਕਿਆ ਹੈ। ਇਸ ਅੰਕੜੇ 'ਤੇ ਪਿਛਲੇ ਚਾਰ-ਪੰਜ ਸਾਲਾਂ 'ਤੇ ਨਿਗਾਹ ਮਾਰਿਆਂ ਪਤਾ ਚਲਦਾ ਹੈ ਕਿ ਇਹ ਅੰਕੜਾ ਸਾਲ ਦਰ ਸਾਲ ਬੜੀ ਤੇਜ਼ੀ ਨਾਲ ਵਧ ਰਿਹਾ ਹੈ। ਵਿਸਥਾਰ ਵਿੱਚ 2019- 20 ਤੋਂ ਅੱਜ ਤੱਕ ਦੇ ਅੰਕੜਿਆਂ ਅਨੁਸਾਰ ਅੰਦਰੂਨੀ ਕਰਜ਼ ਦੇ ਅੰਕੜੇ ਇਸ ਪ੍ਰਕਾਰ ਹਨ:

2019-2020 --- 83.19 ਲੱਖ ਕਰੋੜ ਰੁਪਏ<br>
2020-2021 ---102.98 ਲੱਖ ਕਰੋੜ ਰੁਪਏ<br>
2021-2022 ---119.01 ਲੱਖ ਕਰੋੜ ਰੁਪਏ<br>
2022-2023 ---135.66 ਲੱਖ ਕਰੋੜ ਰੁਪਏ<br>
2023-2024 ---151.99 ਲੱਖ ਕਰੋੜ ਰੁਪਏ

ਅੰਦਰੂਨੀ ਕਰਜ਼ ਵਿਚ ਅਸੀਂ ਸਰਕਾਰੀ ਬਾਂਡਾਂ, ਟਰਜਰੀ ਬਿੱਲ ਅਤੇ ਹੋਰ ਸਰਕਾਰੀ ਇੰਸਟਰੂਮੈਂਟਸ ਰਾਹੀਂ ਇਕੱਤਰ ਕੀਤੇ ਪੈਸੇ ਨੂੰ ਸਾਮਿਲ ਕਰਦੇ ਹਾਂ।

ਸਾਲ ਦਰ ਸਾਲ ਬਾਹਰੀ ਕਰਜ਼ ਦਾ ਹਿਸਾਬ-ਕਿਤਾਬ ਭਾਰਤੀ ਰੁਪਇਆਂ ਵਿੱਚ ਹੇਠ ਲਿਖੇ ਅਨੁਸਾਰ ਹੈ:

2019 -20 --- 29.90 ਲੱਖ ਕਰੋੜ ਰੁਪਏ<br>
2020 -21 --- 38.80 ਲੱਖ ਕਰੋੜ ਰੁਪਏ<br>
2021-22 --- 43.93 ਲੱਖ ਕਰੋੜ ਰੁਪਏ<br>
2022 -23 --- 49.31 ਲੱਖ ਕਰੋੜ ਰੁਪਏ<br>
2023 -24 --- 53.70 ਲੱਖ ਕਰੋੜ ਰੁਪਏ

ਦੂਜੇ ਦੇਸ਼ਾਂ ਦੀ ਬਨਿਸਬਤ ਸਾਡੀ ਪੁਜ਼ੀਸ਼ਨ ਦੇਖਣ ਲਈ ਆਉ ਇੱਕ ਪੰਛੀ ਝਾਤ ਦੁਨੀਆ ਦੇ ਦੂਜੇ ਦੇਸ਼ਾਂ ਦੇ ਕਰਜ 'ਤੇ ਵੀ ਮਾਰੀਏ। ਕਰਜ਼ਿਆਂ ਦੇ ਭਾਰ ਨੂੰ ਸਿਰਫ ਆਕਾਰ ਦੇ ਪੈਮਾਨੇ 'ਤੇ ਮਾਪ ਕੇ ਨਿਆਂ ਨਹੀਂ ਕਰ ਰਹੇ ਹੋਵਾਂਗੇ, ਸਗੋਂ ਇਸ ਨੂੰ ਦੇਸ਼ ਦੇ ਕੁਲ ਘਰੇਲੂ ਉਤਪਾਦ (ਜੀ ਡੀ ਪੀ) ਦੇ ਪ੍ਰਤੀਸ਼ਤ ਨਾਲ ਮਾਪਣਾ ਸਹੀ ਰਹੇਗਾ। ਕਰਜ਼ ਅਤੇ ਕੁਲ ਘਰੇਲੂ ਉਤਪਾਦ ਦੇ ਸਭ ਤੋਂ ਵੱਧ ਅਨੁਪਾਤ ਵਾਲੇ ਦੇਸ਼ਾਂ ਦਾ ਵੇਰਵਾ ਕੁਝ ਇਸ ਤਰਾਂ ਹੈ:

1. ਸੂਡਾਨ-ਸਾਰੇ ਦੇਸ਼ਾਂ ਤੋਂ ਵੱਧ ਅਨੁਪਾਤ 252 ਪ੍ਰਤੀਸ਼ਤ ਦੇ ਅੰਕੜੇ ਨਾਲ ਸੂਡਾਨ ਸਭ ਤੋਂ ਉੱਪਰ ਹੈ।

2 ਜ਼ਾਪਾਨ --- ਅਨੁਪਾਤ 234. 9 ਫੀਸਦੀ ਦੂਜਾ ਸਥਾਨ।

3 ਸਿੰਘਾਪੁਰ --- ਅਨੁਪਾਤ 174.9 ਫੀਸਦੀ ਤੀਜਾ ਸਥਾਨ।

4 ਯੂਨਾਨ --- ਅਨੁਪਾਤ 142.2 ਫੀਸਦੀ ਨਾਲ ਦੁਨੀਆ ਵਿੱਚੋਂ ਚੌਥੇ ਨੰਬਰ 'ਤੇ ਆਉਂਦਾ ਹੈ।

ਦੇਸ਼ ਦਰ ਦੇਸ਼ ਦੇ ਉਪਰੋਕਤ ਅੰਕੜੇ ਬਿਲਕੁੱਲ ਤਾਜ਼ੇ ਅਰਥਾਤ 2025 ਦੇ ਹਨ।

ਅੰਕੜਿਆਂ ਅਨੁਸਾਰ ਸਭ ਤੋਂ ਘੱਟ ਕਰਜ਼ੇ ਥੱਲੇ ਦੱਬਿਆ ਦੇਸ ਦਾਰੂਸਲਮ ਹੈ। 2023 ਵਿੱਚ ਦਾਰੂਸਲਮ ਦਾ ਕੁੱਲ ਕਰਜ਼ ਕੁਲ ਘਰੇਲੂ ਉਤਪਾਦ ਦਾ ਮਾਤਰ 2.33 ਫੀਸਦੀ ਸੀ। ਮਾਰਚ 2025 ਨੂੰ ਭਾਰਤ ਦੀ ਕਰਜ਼ ਦੀ ਕੁਲ ਘਰੇਲੂ ਉਤਪਾਦ ਨਾਲ ਅਨੁਪਾਤ 81.6 ਫੀਸਦੀ ਹੈ।

ਕਰਜ਼ ਦੇ ਮਾਮਲੇ ਵਿਚ ਪਾਠਕਾਂ ਨੂੰ ਸਾਡੇ ਗੁਆਂਢੀ ਦੇਸ਼ ਪਾਕਿਸਤਾਨ ਦੀ ਹਾਲਤ ਦਾ ਵੀ ਪਤਾ ਹੋਣਾ ਚਾਹੀਦਾ ਹੈ। ਜੂਨ 2023 ਦੇ ਅੰਕੜਿਆਂ ਅਨੁਸਾਰ ਪਾਕਿਸਤਾਨ ਸਿਰ ਕੁੱਲ 223.86 ਟ੍ਰਿਲੀਅਨ ਅਮਰੀਕੀ ਡਾਲਰ ਦਾ ਕਰਜ਼ ਸੀ, ਜੋ ਕਿ ਉਸ ਦੀ ਕੁਝ ਘਰੇਲੂ ਉਤਪਾਦ ਦਾ 74.3 ਫੀਸਦੀ ਬਣਦਾ ਹੈ ਅਤੇ ਭਾਰਤ ਦੇ ਅੰਕੜੇ ਤੋਂ ਥੋੜ੍ਹਾ ਘੱਟ ਹੈ। ਬਾਹਰੀ ਕਰਜ਼ ਦੇ ਮਾਮਲੇ ਵਿਚ ਅਮਰੀਕਾ ਦੀ ਗਿਣਤੀ ਵੀ ਮੂਹਰਲੇ ਦੇਸ਼ਾਂ ਵਿਚ ਕੀਤੀ ਜਾਂਦੀ ਹੈ। ਵਿਕਾਸਸ਼ੀਲ ਦੇਸ਼ਾਂ ਨੂੰ ਬਾਹਰੀ ਕਰਜ਼ਿਆਂ ਦੇ ਖਰਚੇ ਅਤੇ ਵਿਆਜ ਬਹੁਤ ਮਹਿੰਗੇ ਪੈਂਦੇ ਹਨ।

ਜੇਕਰ ਭਾਰਤ ਦੀ ਹੀ ਗੱਲ ਕਰ ਲਈਏ ਤਾਂ ਭਾਰੀ ਭਰਕਮ ਕਰਜ਼ੇ ਦੀਆਂ ਕਿਸ਼ਤਾਂ ਅਤੇ ਵਿਆਜ ਭਰਨ ਤੋਂ ਬਾਅਦ ਸਿਹਤ ਅਤੇ ਸਿੱਖਿਆ ਦੇ ਵਿਕਾਸ ਲਈ ਬਹੁਤ ਥੋੜ੍ਹੇ ਫੰਡ ਬਚਦੇ ਹਨ। ਇਹੀ ਕਾਰਨ ਹੈ ਭੁੱਖਮਰੀ, ਗਰੀਬੀ, ਸਿਹਤ ਅਤੇ ਸਿੱਖਿਆ ਵਿੱਚ ਭਾਰਤ ਦਾ ਰੈਂਕ ਬਹੁਤ ਮਾੜਾ ਹੈ। ਉਦਾਹਰਨ ਵਜੋਂ 2023 ਵਿੱਚ ਭੁੱਖਮਰੀ ਇੰਡੈਕਸ ਵਿੱਚ ਸਾਡੇ ਦੇਸ਼ ਦਾ ਰੈਂਕ 125 ਦੇਸ਼ਾਂ ਵਿਚੋਂ 111 ਵਾਂ ਸੀ। ਪਿਛਲੇ ਛੇ ਸਾਲਾਂ ਦੌਰਾਨ ਕੁੱਲ ਕਰਜ਼ ਦਾ ਬੋਝ ਵਧ ਕੇ ਲੱਗ ਭੱਗ ਦੁੱਗਣਾ ਹੋ ਗਿਆ ਹੈ।

ਬੈਂਕ ਕਿਸੇ ਅਦਾਰੇ ਦੀ ਕਰਜ਼ ਮੋੜਨ ਦੀ ਸ਼ਕਤੀ ਇੱਕ ਖਾਸ ਅਨੁਪਾਤ ਅਨੁਸਾਰ ਮਿਥਦਾ ਹੈ। ਉਹ ਅਦਾਰਾ, ਜਿਸ ਕੋਲ ਰੋਜ਼ਾਨਾ ਦੀਆਂ ਜ਼ੁੰਮੇਵਾਰੀਆਂ ਦਾ ਇੱਕ ਰੁਪਈਆ ਤਾਰਨ ਲਈ 1 ਰੁਪਈਆ 33 ਪੈਸੇ ਹੋਣ, ਉਸ ਅਨੁਪਾਤ ਨੂੰ ਆਦਰਸ ਅਨੁਪਾਤ ਮੰਨਿਆ ਗਿਆ ਹੈ। ਦੇਸ਼ ਦੇ ਸਿਰ ਕੁੱਲ ਕਰਜ਼ ਇਹ ਦੱਸਦਾ ਹੈ ਕਿ ਰੋਜ਼ਾਨਾ ਦੇ ਖਰਚੇ ਕਰਨ ਤੋਂ ਬਾਅਦ ਕਰਜ਼ ਦੀ ਵਾਪਸੀ ਅਤੇ ਵਿਕਾਸ ਲਈ ਕਿੰਨਾ ਪੈਸਾ ਬਚਦਾ ਹੈ।

ਸਵਾਲਾਂ ਦਾ ਸਵਾਲ ਹੈ ਕਿ ਦੇਸ ਕਰਜ਼ਿਆਂ ਦੇ ਇਸ ਮੱਕੜ ਜਾਲ ਵਿੱਚ ਕਿਉਂ ਫਸਦੇ ਹਨ। ਮੁੱਖ ਤੌਰ 'ਤੇ ਇਹਨਾ ਕਰਜ਼ਿਆਂ ਦੀ ਸਹੀ ਵਰਤੋਂ ਦੇਸ਼ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਦੀ ਹੈ, ਸਨਅਤੀ ਵਿਕਾਸ ਜ਼ਰੀਏ ਰੁਜ਼ਗਾਰ ਦੇ ਮੌਕੇ ਵਧਾ ਕੇ ਆਮ ਜਨਤਾ ਦੀ ਖਰੀਦ ਸ਼ਕਤੀ ਵਿੱਚ ਵਾਧਾ ਕਰਦੀ ਹੈ। ਆਰਥਿਕ ਪਸਾਰਾ, ਬਿਹਤਰ ਸੰਪਰਕ ਅਤੇ ਉਤਪਾਦਿਕਤਾ ਵਿੱਚ ਵਾਧਾ, ਇਸ ਦੇ ਦੂਜੇ ਮੰਤਵ ਮੰਨੇ ਜਾ ਸਕਦੇ ਹਨ। ਇਸ ਤਰ੍ਹਾਂ ਇਹ ਕਰਜ਼ੇ ਦੇਸ਼ ਦੀ ਆਰਥਕ ਉੱਨਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਬੈਂਕਾਂ ਨੇ ਕਰਜ਼ੇ ਦੇ ਕੇ ਆਪਣੀ ਆਮਦਨ ਵਧਾਉਣ ਵੱਲ ਧਿਆਨ ਕੇਂਦਰਤ ਕਰਨਾ ਹੁੰਦਾ ਹੈ। ਸਮਾਂ ਇਹਨਾਂ ਵਾਸਤੇ ਕੋਈ ਮਾਅਨੇ ਨਹੀਂ ਰੱਖਦਾ। ਭਾਰਤ-ਪਾਕ ਦੇ ਵਰਤਮਾਨ ਯੁੱਧ ਦੇ ਚਲਦਿਆਂ ਵੀ ਆਈ ਐੱਮ ਐੱਫ ਨੇ ਪਾਕਿਸਤਾਨ ਨੂੰ 1.023 ਬਿਲੀਆਨ ਯੂ ਐੱਸ ਡਾਲਰ ਦਾ ਕਰਜ਼ਾ ਦੇ ਕੇ ਇਹ ਦਰਸਾ ਦਿੱਤਾ ਹੈ ਕਿ ਅੱਤ ਵਿਕਸਤ ਦੇਸ਼ ਕਿਸੇ ਦੇ ਮਿੱਤ ਨਹੀਂ ਹੁੰਦੇ ਹਨ ਅਤੇ ਬੈਂਕਾਂ ਨੇ ਤਾਂ ਕਰਜ਼ ਦੇਣ ਦੀ ਭੂਮਿਕਾ ਅਦਾ ਕਰਨੀ ਹੀ ਹੁੰਦੀ ਹੈ। ਹੁਣੇ-ਹੁਣੇ ਭਾਰਤ-ਪਾਕ ਜੰਗ ਦੌਰਾਨ ਜਦੋਂ ਭਾਰਤ ਨੂੰ ਸਿਰਫ ਅਤੇ ਸਿਰਫ ਅਮਰੀਕਾ ਨੇ ਮਲਵੀ ਜਿਹੀ ਜੀਭ ਨਾਲ, ਨਾਲ ਖੜ੍ਹਨ ਦੀ ਹਾਮੀ ਭਰੀ, ਉਦੋਂ ਸਿਰਫ ਦੋ ਦੇਸ਼, ਤੁਰਕੀ ਅਤੇ ਚੀਨ ਖੁੱਲ੍ਹ ਕੇ ਪਾਕਿਸਤਾਨ ਦੀ ਹਮਾਇਤ ਤੇ ਆਏ। ਬਾਕੀ ਸਾਰੀ ਦੁਨੀਆ ਟੱਸ ਤੋਂ ਮੱਸ ਨਹੀਂ ਹੋਈ। ਯੂ ਐੱਨ ਓ, ਜਿਸ ਦੀ ਹੋਂਦ ਹੀ ਦੁਨੀਆਂ ਉੱਤੇ ਸ਼ਾਂਤੀ ਸਥਾਪਨਾ ਲਈ ਕੀਤੀ ਗਈ ਸੀ, ਉਹ ਤਾਂ ਆਮ ਵਾਂਗ ਲੰਮੀਆਂ ਤਾਣ ਕੇ ਸੁੱਤਾ ਹੀ ਪਿਆ ਹੋਇਆ।

ਵਿਕਸਤ ਦੇਸ਼, ਜਿਨ੍ਹਾਂ ਨੇ ਅੰਤਰਰਾਸ਼ਟਰੀ ਵਿੱਤੀ ਸੰਸਥਾਵਾਂ ਨੂੰ ਆਪਣੇ ਕੰਟਰੋਲ ਹੇਠ ਰੱਖਿਆ ਹੋਇਆ ਹੈ, ਉਹ ਅਣ ਵਿਕਸਤ ਦੇਸ਼ਾਂ ਦੀ ਸਹਾਇਤਾ ਕਰਨ ਦਾ ਢਕਵੰਜ ਕਰਦੇ ਦੇਖੇ ਜਾ ਸਕਦੇ ਹਨ। ਉਪਰੋਕਤ ਕਿਤਾਬ ਦਾ ਲੇਖਕ ਇੱਕ ਥਾਂ ਲਿਖਦਾ ਹੈ ਕਿ ਤੁਸੀਂ ਨਿਖੇੜਾ ਨਹੀਂ ਕਰ ਸਕਦੇ ਕਿ ਕਦੋਂ ਇਹ ਸਹਾਇਤਾ ਸੱਚੀ-ਸੁੱਚੀ ਅਤੇ ਕਦੋਂ ਸਿਰਫ ਆਪਣੇ ਹੀ ਮਕਸਦਾਂ ਦੀ ਪੂਰਤੀ ਲਈ ਕੀਤੀ ਜਾਂਦੀ ਹੈ। ਸਹਾਇਤਾ ਕਰ ਰਹੇ ਮੁਲਕਾਂ ਦਾ ਅਸਲੀ ਮਕਸਦ ਇਹਨਾਂ ਮੁਲਕਾਂ ਵਿੱਚ ਆਪਣੀ ਦਖਲਅੰਦਾਜ਼ੀ ਯਕੀਨੀ ਬਣਾਉਣਾ ਹੁੰਦਾ ਹੈ। ਵਿਦੇਸ਼ੀ ਸਹਾਇਤਾ ਰਾਹੀਂ ਇਹ ਸੁਨਿਸਚਿਤ ਕੀਤਾ ਜਾਂਦਾ ਹੈ ਕਿ ਅੱਜ ਦੇ ਬੱਚੇ ਅਤੇ ਉਨ੍ਹਾਂ ਦੇ ਪੁੱਤ-ਪੋਤਰੇ ਵਿਕਸਤ ਦੇਸ਼ਾਂ ਦੇ ਗੁਲਾਮ ਬਣ ਕੇ ਰਹਿਣ।

ਅੰਤ ਵਿੱਚ ਇਸ ਕਿਤਾਬ ਦਾ ਲੇਖਕ ਇਹ ਕਬੂਲਦਾ ਹੈ ਕਿ ਉਹ ਅਮਰੀਕਾ ਦਾ ਪ੍ਰਤੀਨਿਧ ਬਣ ਕੇ ਉਸ ਦੀਆਂ ਕੰਪਨੀਆਂ ਵਿੱਚ ਬਰਸਰੇ ਰੁਜ਼ਗਾਰ ਕੰਮ ਕਰਦਾ ਹੈ ਅਤੇ ਨਤੀਜਾ ਇਹ ਕੱਢਦਾ ਹੈ ਕਿ ਉਹ ਜਾਵਾ, ਪਨਾਮਾ, ਇੰਡੋਨੇਸ਼ੀਆ, ਲਾਤੀਨੀ ਅਮਰੀਕਾ, ਇਕਵਾਡੋਰ, ਗੁਆਟੇਮਾਲਾ ਅਤੇ ਮੱਧ ਪੂਰਬੀ ਵਰਗੇ ਦੇਸ਼ਾਂ ਵਿੱਚ ਉਹਨਾ ਗਰੀਬ ਦੇਸ਼ਾਂ ਦੇ ਆਰਥਕ ਹਤਿਆਰੇ ਵਜੋਂ ਵਿਚਰਦਾ ਰਿਹਾ ਹੈ।

**# ਸੰਪਰਕ : 98727-87243**

21-MAY-PAGE-5.qxd 5/20/2025 10:55 PM Page 1



# ਬਨੇਗਾ ਦੀ ਪ੍ਰਾਪਤੀ ਲਈ 23 ਨੂੰ ਫਾਜ਼ਿਲਕਾ 'ਚ ਕੀਤਾ ਜਾਵੇਗਾ ਵਲੰਟੀਅਰ ਮਾਰਚ : ਢਾਬਾਂ, ਝੰਗੜਭੈਣੀ

**ਦਾਣਾ ਮੰਡੀ ਤੋਂ ਡੀ ਸੀ ਦਫਤਰ ਤੱਕ ਪਰੇਡ ਦੇ ਰੂਪ 'ਚ ਸ਼ਾਂਤਮਈ ਢੰਗ ਨਾਲ ਹੋਵੇਗਾ ਮਾਰਚ : ਬੱਖੂਸ਼ਾਹ, ਗੁਰਦਿਆਲ ਢਾਬਾਂ**



**ਫਾਜ਼ਿਲਕਾ (ਰਣਬੀਰ ਕੌਰ ਢਾਬਾਂ)**

ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ 'ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ' (ਬਨੇਗਾ) ਦੀ ਪ੍ਰਾਪਤੀ ਲਈ ਫਾਜ਼ਿਲਕਾ ਦੀ ਧਰਤੀ 'ਤੇ 23 ਮਈ ਨੂੰ ਹਜ਼ਾਰਾਂ ਦੀ ਗਿਣਤੀ 'ਚ ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਭਗਤ ਸਿੰਘ ਦੀ ਫੋਟੋ ਵਾਲੀ ਟੀ ਸ਼ਰਟ ਪਹਿਨ ਕੇ ਪੈਦਲ ਮਾਰਚ ਕੀਤਾ ਜਾਵੇਗਾ।ਇਸ ਦਾ ਪ੍ਰਗਟਾਵਾ ਸਥਾਨਕ ਹੋਟਲ ਹੋਮ ਸਟੈਂਡ ਵਿਖੇ ਪ੍ਰੋਗਰਾਮ ਦੇ ਐਲਾਨ ਸਬੰਧੀ ਸੱਦੀ ਗਈ ਪ੍ਰੈੱਸ ਕਾਨਫਰੰਸ ਮੌਕੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਤੇ ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜਭੈਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਦੇਸ਼ ਦੀ ਰੀੜ੍ਹ ਦੀ ਹੱਡੀ ਦੇ ਨਾਮ 'ਤੇ ਵਡਿਆਈ ਜਾਂਦੀ 'ਜਵਾਨੀ' ਨੇ ਵੋਟ ਪਾ ਕੇ ਆਪਣੇ ਦੇਸ਼ ਦਾ ਨੇਤਾ ਤਾਂ ਚੁਣ ਲਿਆ, ਪ੍ਰੰਤੂ ਉਸ ਨੂੰ ਆਪਣਾ ਜੀਵਨ ਨਿਰਬਾਹ ਕਰਨ ਲਈ ਰੁਜ਼ਗਾਰ ਦੀ ਗਾਰੰਟੀ ਕਰਦਾ 'ਕਾਨੂੰਨ' ਨਸੀਬ ਨਹੀਂ ਹੋਇਆ।ਦੇਸ਼ ਦੀ ਜਵਾਨੀ ਬੇਰੁਜ਼ਗਾਰੀ ਤੋਂ ਤੰਗ ਆ ਕੇ ਆਤਮਹੱਤਿਆ ਨਾ ਕਰੇ, ਲੁੱਟਾਂ-ਖੋਹਾਂ ਦਾ ਸ਼ਿਕਾਰ ਨਾ ਹੋਵੇ, ਨਸ਼ਿਆਂ ਦੀ ਦਲਦਲ ਵਿੱਚ ਨਾ ਫਸੇ ਤੇ ਹੋਰ ਗਲਤ ਅਲਾਮਤਾਂ ਵਿੱਚ ਮਜਬੂਰੀ ਵੱਸ ਪੈ ਕੇ ਆਪਣੀ ਜ਼ਿੰਦਗੀ ਤੋਂ ਮੁੱਖ ਨਾ ਮੋੜੇ, ਉਸ ਨੂੰ ਆਸ ਦੀ ਕਿਰਨ ਦਿਖਾਉਣ ਵਾਸਤੇ ਚੇਤਨ ਜਵਾਨੀ ਮਾਰਚ ਕਰੇਗੀ।ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਸਾਥੀ ਢਾਬਾਂ ਤੇ ਝੰਗੜਭੈਣੀ ਨੇ ਕਿਹਾ ਕਿ ਭਾਰਤ ਦੇਸ਼ ਨੌਜਵਾਨਾਂ ਦਾ ਦੇਸ਼ ਹੈ।ਅਰਥਸ਼ਾਸਤਰ ਦਾ ਨੇਮ ਹੈ, ਜੇਕਰ ਦੇਸ਼ ਵਿੱਚ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇ ਤਾਂ ਦੇਸ਼ ਦੀ ਕੌਮੀ ਆਮਦਨ ਵਿੱਚ ਵਾਧਾ ਹੁੰਦਾ ਹੈ।ਫਿਰ ਸਵਾਲ ਇਹ ਉੱਠਦਾ ਹੈ ਕਿ ਸਾਡੇ ਦੇਸ਼ ਦੇ ਨੌਜਵਾਨਾਂ ਨੂੰ ਰੁਜ਼ਗਾਰ ਨਾ ਦੇ ਕੇ ਦੇਸ਼ ਦੀ ਸੱਤਾ 'ਤੇ ਕਾਬਜ਼ ਤੇ ਸੱਤਾ 'ਤੇ ਰਾਜ ਕਰ ਚੁੱਕੀਆਂ ਸਰਕਾਰਾਂ ਨੇ ਦੇਸ਼ ਦੀ ਕੌਮ ਦੀ ਆਮਦਨ ਵਿੱਚ ਵਾਧਾ ਕਰਨ ਦੀ ਬਜਾਏ, ਦੇਸ਼ ਨੂੰ ਆਰਥਿਕ ਤੌਰ 'ਤੇ ਕਮਜ਼ੋਰ ਕਰ ਕੇ ਕਾਰਪੋਰੇਟ ਘਰਾਣਿਆਂ ਨੂੰ ਬੜ੍ਹਾਵਾ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਇਸ ਕਾਨੂੰਨ ਮੁਤਾਬਕ ਹਰੇਕ ਚਾਹੁੰਦੇ ਪੁਰਸ਼ ਇਸਤਰੀ ਨੂੰ ਉਸ ਦੀ ਯੋਗਤਾ ਮੁਤਾਬਿਕ ਅਨਪੜ੍ਹ ਤੇ ਅਣਸਿੱਖਿਅਤ ਨੂੰ ਘੱਟੋ ਘੱਟ 35000 ਰੁਪਏ, ਅਰਧ ਸਿੱਖਿਅਤ ਨੂੰ 40,000, ਸਿੱਖਿਅਤ ਨੂੰ 45 ਹਜ਼ਾਰ ਰੁਪਏ ਤੇ 60 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦੀ ਗਰੰਟੀ ਕੀਤੀ ਜਾਵੇ।ਸਰਬ ਭਾਰਤ ਨੌਜਵਾਨ ਸਭਾ ਦੇ ਬਲਾਕ ਜਲਾਲਾਬਾਦ ਦੇ ਪ੍ਰਧਾਨ ਕੁਲਦੀਪ ਬੱਖੂਸ਼ਾਹ ਤੇ ਗੁਰਦਿਆਲ ਢਾਬਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 23 ਮਈ ਨੂੰ ਫਾਜ਼ਿਲਕਾ ਵਿਖੇ ਹਜ਼ਾਰਾਂ ਦੀ ਗਿਣਤੀ ਵਿੱਚ ਕੀਤਾ ਜਾ ਰਿਹਾ ਵਲੰਟੀਅਰ ਮਾਰਚ ਸਥਾਨਕ ਦਾਣਾ ਮੰਡੀ ਤੋਂ ਡੀ ਸੀ ਦਫਤਰ ਤੱਕ ਪਰੇਡ ਦੇ ਰੂਪ ਵਿੱਚ ਸ਼ਾਂਤਮਈ ਢੰਗ ਨਾਲ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਥੀ ਰਾਜਵਿੰਦਰ ਨੌਲਾਂ ਤੇ ਭਜਨ ਲਾਲ ਫਾਜ਼ਿਲਕਾ ਵੀ ਹਾਜ਼ਰ ਸਨ।

# ਸਰਪੰਚਣੀ ਦੇ ਪਤੀ ਵੱਲੋਂ ਨਰੇਗਾ ਕਾਮਿਆਂ 'ਤੇ ਹਮਲੇ ਨੂੰ ਲੈ ਕੇ ਆਗੂ ਡੀ ਐੱਸ ਪੀ ਨੂੰ ਮਿਲੇ

**ਪੁਲਸ ਨੇ ਮੁਲਜ਼ਮ ਖਿਲਾਫ ਕਾਰਵਾਈ ਨਾ ਕੀਤੀ ਤਾਂ ਸੰਘਰਸ਼ ਵਿੱਢਾਂਗੇ : ਗਦਾਈਆ**



**ਨਾਭਾ (ਵਰਿੰਦਰ ਵਰਮਾ)**-ਪਿਛਲੀ 17 ਮਈ ਨੂੰ ਨਾਭਾ ਤਹਿਸੀਲ ਦੇ ਪਿੰਡ ਤੁੰਗਾਂ ਵਿਖੇ ਨਰੇਗਾ ਕਾਮੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਵੱਲੋਂ 23 ਮਈ ਨੂੰ ਦੇਣ ਵਾਲੇ ਧਰਨਿਆਂ ਸੰਬੰਧੀ ਮੀਟਿੰਗ ਕਰ ਰਹੇ ਸਨ, ਤਾਂ ਪਿੰਡ ਦੀ ਸਰਪੰਚ ਜਸਵੀਰ ਕੌਰ ਦੇ ਪਤੀ ਮੇਜਰ ਸਿੰਘ ਆਗੂ ਆਮ ਆਦਮੀ ਪਾਰਟੀ ਨੇ ਮੀਟਿੰਗ ਵਿੱਚ ਆ ਕੇ ਨਰੇਗਾ ਕਾਮਿਆਂ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੂੰ ਗਾਲੀ ਗਲੋਚ ਕਰਨਾ ਸ਼ੁਰੂ ਕਰ ਦਿੱਤਾ। ਇਸ ਸੰਬੰਧੀ ਪਿੰਡ ਤੁੰਗਾਂ ਦੇ ਨਰੇਗਾ ਆਗੂ ਲੀਲੂ ਸਿੰਘ ਤੇ ਪਿੰਡ ਦੀ ਇਕਾਈ ਦੇ ਪ੍ਰਧਾਨ ਜੱਗੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ, ਤੇ ਇਹ ਕਹਿਣਾ ਸ਼ੁਰੂ ਕੀਤਾ ਕਿ ਤੂੰ ਸਾਡੇ ਪਿੰਡ ਕੀ ਕਰਨ ਆਇਆ ਹੈ, ਮੈਂ ਤੇਰੀਆਂ ਲੱਤਾਂ ਤੋੜਾਂਗਾ, ਤੈਨੂੰ ਫੌੜੀਆਂ 'ਤੇ ਭੇਜਾਂਗਾ, ਇਸ ਤਰ੍ਹਾਂ ਵਾਰ ਵਾਰ ਪੁੱਠਾ ਸਿੱਧਾ ਬੋਲਦਾ ਰਿਹਾ। ਇਸ ਵਕਤ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ (ਰਜਿ. ਏਟਕ) ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਦੱਸਿਆ ਕਿ ਪਿੰਡ ਤੁੰਗਾਂ ਦੇ ਨਰੇਗਾ ਮਜ਼ਦੂਰ 15 ਸਾਲਾਂ ਤੋਂ ਸਾਡੀ ਜਥੇਬੰਦੀ ਦੇ ਮੈਂਬਰ ਹਨ, ਇਨ੍ਹਾਂ ਦੀ ਹਿਫਾਜ਼ਤ ਕਰਨਾ ਸਾਡਾ ਮੁੱਢਲਾ ਫਰਜ਼ ਹੈ, ਸਰਪੰਚਣੀ ਜਸਵੀਰ ਕੌਰ ਦੇ ਘਰ ਵਾਲਾ ਮੇਜਰ ਸਿੰਘ ਧੱਕੇ ਨਾਲ ਜਿੱਥੇ ਕੰਮ ਦਾ ਪ੍ਰਾਜੈਕਟ ਬਣਿਆ ਹੋਇਆ ਹੈ, ਉਸ ਤੋਂ ਹਟਾ ਕੇ ਜਿੱਥੇ ਇਸ ਨੂੰ ਆਰਥਿਕ ਲਾਭ ਹੋ ਰਿਹਾ ਹੈ, ਨਰੇਗਾ ਕਾਮਿਆਂ ਤੋਂ ਉਸ ਜਗ੍ਹਾ ਕੰਮ ਕਰਵਾ ਰਿਹਾ ਹੈ। ਭੋਲੇ ਭਾਲੇ ਨਰੇਗਾ ਕਾਮਿਆਂ ਨੂੰ ਆਪਣੀ ਮਰਜ਼ੀ ਵਰਤਣਾ ਚਾਹੁੰਦਾ, ਜਿਹੜੇ ਮਜ਼ਦੂਰ ਇਸ ਦੇ ਆਖੇ ਨਹੀਂ ਲੱਗਦੇ, ਉਨ੍ਹਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ ਹੈ। ਪਿੰਡ ਦੇ ਘੱਟੋ ਘੱਟ 10 ਤੋਂ 15 ਮਜ਼ਦੂਰ ਹਨ, ਜਿਨ੍ਹਾਂ ਦਾ ਮੇਜਰ ਨੇ ਹੱਕ ਮਾਰਿਆ ਹੈ, ਅਸੀਂ ਜ਼ਿਲ੍ਹਾ ਨਰੇਗਾ ਪ੍ਰਸ਼ਾਸਨ ਤੋਂ, ਡੀ ਸੀ ਪਟਿਆਲਾ ਤੋਂ ਮੰਗ ਕਰਦੇ ਹਾਂ ਕਿ ਨਰੇਗਾ ਕਾਮਿਆਂ ਦਾ ਹੱਕ ਮਾਰਨ ਵਾਲੇ ਇਸ ਵਿਅਕਤੀ 'ਤੇ ਨਰੇਗਾ 2005 ਦੀ ਧਾਰਾ 25 ਅਨੁਸਾਰ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਸਮੇਂ ਏਟਕ ਦੇ ਆਗੂ ਕ੍ਰਿਸ਼ਨ ਸਿੰਘ ਭੜੋ, ਨਰੇਗਾ ਆਗੂ ਚਰਨਜੀਤ ਸਿੰਘ ਨੇ ਕਿਹਾ ਕਿ ਸਰਪੰਚਣੀ ਦੇ ਪਤੀ ਮੇਜਰ ਸਿੰਘ 'ਤੇ ਬਣਦੀ ਕਾਰਵਾਈ ਨਾ ਕੀਤੀ ਤਾਂ ਹੋਰਨਾਂ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਘਰਸ਼ ਕਰਨ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ।

# ਫਾਇਨਾਂਸ ਕੰਪਨੀ ਨੇ ਕਰਜ਼ੇ ਦਾ ਝਾਂਸਾ ਦੇ ਕੇ ਗਰੀਬ ਔਰਤਾਂ ਤੋਂ ਲੱਖਾਂ ਰੁਪਏ ਠੱਗੇ

**ਮਜ਼ਦੂਰ ਮੁਕਤੀ ਮੋਰਚਾ ਨੇ ਐੱਸ ਐੱਸ ਪੀ ਨੂੰ ਕਾਰਵਾਈ ਹਿੱਤ ਸੌਂਪਿਆ ਮੰਗ ਪੱਤਰ**



**ਮਾਨਸਾ (ਆਤਮਾ ਸਿੰਘ ਪਮਾਰ)**-ਲੋਨ ਦੇਣ ਦੀ ਆੜ 'ਚ ਝਾਂਸਾ ਦੇ ਕੇ ਗਰੀਬ ਔਰਤਾਂ ਨਾਲ ਲੱਖਾਂ ਦੀ ਠੱਗੀ ਮਾਰਨ ਵਾਲੇ ਇੱਕ ਫਾਇਨਾਂਸ ਕੰਪਨੀ ਦੇ ਮੁਲਾਜ਼ਮਾਂ ਖਿਲਾਫ ਪਰਚਾ ਦਰਜ ਕਰਕੇ ਗ੍ਰਿਫਤਾਰ ਕਰਵਾਉਣ ਲਈ ਐੱਸ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੀ ਅਗਵਾਈ ਹੇਠ ਪੀੜਤ ਗਰੀਬ ਪਰਵਾਰਾਂ ਨੇ ਐੱਸ ਐੱਸ ਪੀ ਮਾਨਸਾ ਨੂੰ ਇੱਕ ਮੰਗ ਪੱਤਰ ਸੌਂਪਿਆ। ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਮਾਨਸਾ ਨੇ ਕਥਿਤ ਦੋਸ਼ੀਆਂ ਖਿਲਾਫ ਤੁਰੰਤ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਜਥੇਬੰਦੀ ਨੇ ਐਲਾਨ ਕੀਤਾ ਕਿ ਜੇਕਰ ਪੁਲਸ ਪ੍ਰਸ਼ਾਸਨ ਨੇ ਗਰੀਬ ਔਰਤਾਂ ਨੂੰ ਲੁੱਟਣ ਵਾਲੀ ਕੰਪਨੀ ਖਿਲਾਫ ਸਖ਼ਤ ਕਾਰਵਾਈ ਕਰਕੇ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਨਾ ਕੀਤਾ ਤਾਂ ਪੁਲਸ ਪ੍ਰਸ਼ਾਸਨ ਖਿਲਾਫ ਵੀ ਤਿੱਖਾ ਅੰਦੋਲਨ ਵਿੱਢਿਆ ਜਾਵੇਗਾ।

ਇਸ ਮੌਕੇ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੇ ਸੂਬਾਈ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕਿਹਾ ਕਿ ਸਰਕਾਰਾਂ ਦੀਆਂ ਲੋਕ ਮਾਰੂ ਨੀਤੀਆਂ ਕਾਰਨ ਤੇ ਵੱਧ ਰਹੀ ਬੇਰੁਜ਼ਗਾਰੀ, ਮਹਿੰਗਾਈ ਕਾਰਨ ਗਰੀਬ ਲੋਕ ਪਰਿਵਾਰਕ ਲੋੜਾਂ ਲਈ ਨਿੱਜੀ ਕੰਪਨੀਆਂ ਤੋਂ ਕਰਜ਼ਾ ਲੈ ਕੇ ਉਨ੍ਹਾਂ ਦੇ ਜਾਲ ਵਿੱਚ ਫਸ ਰਹੇ ਹਨ। ਮਜ਼ਦੂਰ ਆਗੂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਹਿਣ ਨੂੰ ਤਾਂ ਭਾਵੇਂ ਕਰਜ਼ਾ ਸਕੀਮਾਂ ਚਲਾਈਆਂ ਹਨ, ਪਰ ਗਰੀਬਾਂ ਨੂੰ ਸਰਕਾਰੀ ਬੈਂਕਾਂ ਨੇੜੇ ਨਹੀਂ ਢੁੱਕਣ ਦਿੰਦੀਆਂ। ਗਰੀਬੀ ਤੇ ਆਰਥਿਕ ਮਜਬੂਰੀ ਦਾ ਫਾਇਦਾ ਉਠਾ ਫਾਇਨਾਂਸ ਕੰਪਨੀ ਗਰੀਬਾਂ ਨੂੰ ਲੁੱਟ ਰਹੀਆਂ ਹਨ। ਉਨ੍ਹਾਂ ਕਿਹਾ ਕਿ ਉਧਰ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਰਹੀ ਸਰਕਾਰ ਦੇ ਰਾਜ ਵਿੱਚ ਠੱਗ, ਨਸ਼ਾ ਤਸਕਰ, ਗੈਂਗਸਟਰ ਸਰੇਆਮ ਆਪਣੀਆਂ ਗਤੀਵਿਧੀਆਂ ਨੂੰ ਅੰਜਾਮ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਪ੍ਰਾਈਵੇਟ ਫਾਇਨਾਂਸ ਕੰਪਨੀ ਦੇ ਠੱਗਾਂ ਨੇ ਮਨਰੇਗਾ ਤਹਿਤ ਕੰਮ ਕਰਦੀਆਂ ਤੇ ਲੋਕਾਂ ਦੇ ਘਰਾਂ ਅੰਦਰ ਝਾੜੂ ਪੋਚਾ ਲਾਉਣ ਵਾਲੀਆਂ ਔਰਤਾਂ ਤੋਂ 15 ਦਿਨਾਂ ਵਿੱਚ ਲੱਖਾਂ ਰੁਪਏ ਠੱਗ ਕੇ ਲੈ ਗਏ, ਪਰ ਪੁਲਸ ਪ੍ਰਸ਼ਾਸਨ ਨੇ ਠੱਗ ਕੰਪਨੀ ਨੂੰ ਦਫਤਰ ਲਈ ਕੋਠੀ ਦੇਣ ਵਾਲੇ ਨੂੰ ਇੱਕ ਵਾਰ ਥਾਣੇ ਤੱਕ ਨਹੀਂ ਬੁਲਾਇਆ ਗਿਆ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਆਗੂ ਜਰਨੈਲ ਸਿੰਘ ਮਾਨਸਾ, ਭੋਲਾ ਸਿੰਘ ਝੱਬਰ, ਰਾਮ ਸਿੰਘ ਅਤਲਾ ਡਾ. ਸੰਦੀਪ ਸਿੰਘ, ਕਰਮਪਾਲ ਕੌਰ, ਸੁਖਦੇਵ ਸਿੰਘ ਮਾਨਸਾ ਖੁਰਦ, ਹਰਦੇਵ ਸਿੰਘ ਬਣਾਂਵਾਲੀ, ਮਾਣਕ ਸਿੰਘ ਬੀਰੋਕੇ ਕਲਾਂ ਵੀ ਮੌਜੂਦ ਸਨ।

## ਕਾਤਰਾਂ

### ਹਲਕਾ ਫ਼ਰੀਦਕੋਟ 'ਚ ਵਿਕਾਸ ਕਾਰਜ ਲਗਾਤਾਰ ਜਾਰੀ : ਸੇਖੋਂ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਮਗਨਰੇਗਾ ਸਕੀਮ ਅਧੀਨ ਹੁਣ ਤੱਕ ਲਗਭਗ 10 ਕਰੋੜ ਰੁਪਏ ਖਰਚ ਕਰਕੇ ਪਿੰਡਾਂ ਵਿੱਚ ਗਲੀਆਂ, ਨਵੀਂਆਂ ਆਂਗਣਵਾੜੀਆਂ, ਪਲੇਅ ਗਰਾਊਂਡ, ਸਟੇਡੀਅਮ, ਪਾਰਕਾਂ ਦਾ ਨਿਰਮਾਣ ਕਰਾਇਆ ਜਾ ਚੁੱਕਾ ਹੈ ਤੇ ਭਵਿੱਖ ਵਿੱਚ ਵੀ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਨਿਰਮਾਣ ਕਾਰਜ ਜਾਰੀ ਰੱਖੇ ਜਾਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਤਰੱਕੀ ਤੱਕ ਲਿਜਾਣ ਲਈ ਵਿਕਾਸ ਕਾਰਜ ਲਗਾਤਾਰ ਜਾਰੀ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਹੈ ਤੇ ਹਲਕੇ ਦਾ ਵਿਕਾਸ ਹੀ ਉਨ੍ਹਾਂ ਦੀ ਮੁੱਖ ਤਰਜੀਹ ਹੈ।

### ਕੁੱਟਮਾਰ ਕਰਕੇ 10 ਹਜ਼ਾਰ ਰੁਪਏ ਕੱਢਣ ਦੇ ਦੋਸ਼ 'ਚ 3 ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਇਕ ਵਿਅਕਤੀ ਦੇ ਪੈਸੇ ਕੱਢਣ ਤੇ ਉਸ ਦੀ ਮਾਰਕੁੱਟ ਕਰਨ ਦੇ ਦੋਸ਼ ਵਿੱਚ 3 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਾਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਰਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਕਾਠਗੜ੍ਹ ਵੱਲੋਂ ਬਿਆਨ ਦਰਜ ਕਰਵਾਏ ਗਏ ਹਨ ਕਿ 19-05-2025 ਨੂੰ ਦੇਰ ਰਾਤ ਕਰੀਬ 10 ਵਜੇ ਪਿੰਡ ਕਾਠਗੜ੍ਹ ਦੇ ਕੋਲ ਸਥਿਤ ਸ਼ਮਸ਼ਾਨ ਘਾਟ ਦੇ ਕੋਲ ਆਪਣੇ ਘਰ ਨੂੰ ਜਾ ਰਿਹਾ ਸੀ ਤਾਂ ਅਮਰਜੀਤ ਸਿੰਘ ਵਗੈਰਾ ਨੇ ਸ਼ਮਸ਼ਾਨ ਘਾਟ ਕਾਠਗੜ੍ਹ ਦੇ ਕੋਲ ਘੇਰ ਲਿਆ ਤੇ ਉਸ ਦੀ ਜੇਬ ਵਿੱਚੋਂ 10 ਹਜ਼ਾਰ ਰੁਪਏ ਕੱਢ ਲਏ ਅਤੇ ਕੁੱਟਮਾਰ ਕੀਤੀ ਗਈ। ਪੁਲਸ ਵੱਲੋਂ ਮੁਦੱਈ ਸੁਰਿੰਦਰ ਸਿੰਘ ਨੇ ਪੁਲਸ ਕੋਲ ਦਰਜ ਕਰਵਾਏ ਬਿਆਨਾਂ ਦੇ ਅਧਾਰ 'ਤੇ ਅਮਰਜੀਤ ਸਿੰਘ ਪੁੱਤਰ ਫੁੱਲਾ ਸਿੰਘ, ਕੁਲਵੰਤ ਸਿੰਘ ਪੁੱਤਰ ਮੰਗਲ ਸਿੰਘ ਤੇ ਫੁੰਮਣ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀਆਨ ਚੱਕ ਬਲੋਚਾਂ ਉਰਫ ਮਹਾਲਮ ਦੇ ਵਿਰੁੱਧ ਮੁਕੱਦਮਾ ਥਾਣਾ ਵੈਰੋਕੇ ਵਿਖੇ ਦਰਜ ਕੀਤਾ ਗਿਆ ਹੈ।

### ਨਸ਼ੀਲੀਆਂ ਗੋਲੀਆਂ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 90 ਨਸ਼ੀਲੀਆਂ ਗੋਲੀਆਂ ਟਰਾਮਾਡੋਲ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਲਈ ਥਾਣਾ ਸਦਰ ਏਰੀਏ ਵਿੱਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਬੱਸ ਅੱਡਾ ਸੋਹਣਾ ਸਾਂਦੜ ਤੋਂ ਲਿੰਕ ਰੋਡ ਨਾਨਕ ਨਗਰੀ ਨੂੰ ਜਾ ਰਹੇ ਸੀ ਤਾਂ ਸਾਹਮਣੇ ਤੋਂ ਇਕ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜੋ ਪਲਸ ਨੂੰ ਆਪਣੇ ਵੱਲ ਆਉਂਦਾ ਵੇਖ ਕੇ ਆਪਣੇ ਸੱਜੇ ਹੱਥ ਵਿੱਚ ਫੜਿਆ ਮੋਮੀ ਲਿਫਾਫਾ ਸੁੱਟ ਕੇ ਭੱਜਣ ਲੱਗਿਆ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਉਸ ਪਾਸੋਂ 90 ਨਸ਼ੀਲੀਆਂ ਗੋਲੀਆਂ ਸਮੇਤ ਮਹਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

# ਬੇਗਮਪੁਰਾ ਵਸਾਉਣ ਲਈ ਤੁਰੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੈਂਕੜੇ ਕਾਰਕੁਨਾਂ ਤੇ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਦੀ ਨਿੰਦਾ

**ਆਪ ਸਰਕਾਰ ਪੰਜਾਬ 'ਚ ਹਰ ਜਮਹੂਰੀ ਸੰਘਰਸ਼ ਨੂੰ ਜਬਰ ਦੇ ਜ਼ਰੀਏ ਕੁਚਲਣ ਦੇ ਰਾਹ ਪਈ : ਆਗੂ**



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਨੇ ਸੰਗਰੂਰ ਜ਼ਿਲ੍ਹੇ ਦੇ ਬੀੜ ਐਸ਼ਵਿਨ ਵਿੱਚ ਜੀਂਦ ਦੇ ਰਾਜੇ ਦੀ 927 ਏਕੜ ਜ਼ਮੀਨ ਉੱਤੇ ਬੇਗਮਪੁਰਾ ਵਸਾਉਣ ਲਈ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਜਮਹੂਰੀ ਪ੍ਰਦਰਸ਼ਨ ਨੂੰ ਛੇ ਜ਼ਿਲ੍ਹਿਆਂ ਦੀ ਪੁਲਸ ਦੇ ਜ਼ੋਰ ਰੋਕਣ, ਸੈਂਕੜਿਆਂ ਦੀ ਗਿਣਤੀ ਵਿੱਚ ਕਾਰਕੁਨਾਂ ਤੇ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਜਥੇਬੰਦੀ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੀ ਹਾਰ ਮਗਰੋਂ ਸੂਬੇ ਦੇ ਲੋਕਾਂ ਦੇ ਹਰ ਜਮਹੂਰੀ ਸੰਘਰਸ਼ ਨੂੰ ਪੁਲਸ ਜ਼ਬਰ ਰਾਹੀ ਕੁਚਲਣ ਦੇ ਆਤਮਘਾਤੀ ਰਾਹ ਪੈ ਗਈ ਹੈ।ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਚਮਕੌਰ ਸਿੰਘ ਰੋਡੇ ਖੁਰਦ ਤੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਨੇ ਕਿਹਾ ਕਿ ਸਮਾਜ ਦੇ ਸਭ ਤੋਂ ਵੱਧ ਪੀੜਤ ਲੋਕਾਂ ਵਿੱਚ ਸ਼ਾਮਲ ਬੇਜ਼ਮੀਨੇ ਦਲਿਤ ਵਰਗ ਵੱਲੋਂ ਬੇਚਿਰਾਗ ਪਿੰਡ ਦੀ 927 ਏਕੜ ਜ਼ਮੀਨ, ਜੋ ਕਿ ਜੀਂਦ ਦੇ ਰਾਜੇ ਨਾਲ ਸਬੰਧਤ ਹੈ, ਨੂੰ ਬੇਜ਼ਮੀਨਿਆਂ ਵਿੱਚ ਵੰਡਣ ਲਈ ਬੀਤੇ ਲੰਮੇਂ ਸਮੇਂ ਤੋਂ ਛੇੜੀ ਮੁਹਿੰਮ ਪ੍ਰਤੀ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਦਾ ਰਵੱਈਆ ਲੋਕਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਘੇਸਲ ਵੱਟ ਜਾਣ ਦੀ ਘਟੀਆ ਆਦਤ ਦਾ ਇਜ਼ਹਾਰ ਹੈ।ਉਨ੍ਹਾਂ ਕਿਹਾ ਕਿ ਅੱਜ ਬੇਗਮਪੁਰਾ ਵਸਾਉਣ ਲਈ ਆ ਰਹੇ ਜਥਿਆਂ ਨੂੰ ਪੁਲਸ ਵੱਲੋਂ ਰੋਕਾਂ ਖੜੀਆਂ ਕਰਕੇ ਰੋਕਣ, ਧੱਕਾਮੁੱਕੀ ਕਰਨ, ਸੈਂਕੜਿਆਂ ਦੀ ਗਿਣਤੀ ਵਿੱਚ ਗ੍ਰਿਫਤਾਰੀਆਂ ਨੇ ਦੱਸ ਦਿੱਤਾ ਹੈ ਕਿ ਆਪ ਸਰਕਾਰ ਕਿਸਾਨਾਂ ਮਗਰੋਂ ਹੁਣ ਦਲਿਤਾਂ ਦੇ ਸੰਘਰਸ਼ ਨੂੰ ਵੀ ਜਬਰ ਦੇ ਜ਼ੋਰ ਕੁਚਲਣ ਦੇ ਰਾਹ ਪੈ ਗਈ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਦਿੱਲੀ ਵਿੱਚ ਵਿਧਾਨ ਸਭਾ ਚੋਣਾਂ ਵਿੱਚ ਹਾਰ ਮਗਰੋਂ ਆਪ ਸਰਕਾਰ ਨੇ ਸੂਬੇ ਨੂੰ ਪੁਲਸ ਰਾਜ ਵਿੱਚ ਤਬਦੀਲ ਕਰ ਦਿੱਤਾ ਹੈ।ਸੂਬੇ ਦੇ ਲੋਕਾਂ ਦੇ ਹਰ ਜਮਹੂਰੀ ਸੰਘਰਸ਼ਾਂ 'ਤੇ ਪੁਲਸ ਜਬਰ ਢਾਹਿਆ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਸਦੀਆਂ ਤੋਂ ਦਬਾਏ ਤੇ ਲਤਾੜੇ ਦਲਿਤ ਲੋਕਾਂ ਲਈ ਆਵਾਜ਼ ਚੁੱਕਣ ਕਰਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਦਬਾਉਣਾ ਪੰਜਾਬ ਸਰਕਾਰ ਦੇ ਦਲਿਤ, ਮਜ਼ਦੂਰ ਵਿਰੋਧੀ ਚਿਹਰੇ ਨੂੰ ਬੇਪਰਦ ਕਰਦਾ ਹੈ।

# ਸਹਿਜੋ ਮਾਜਰਾ ਦੇ ਨੌਜਵਾਨ ਦੀ ਅਮਰੀਕਾ 'ਚ ਮੌਤ

***ਟਰਾਲਾ ਚਲਾਉਣ ਸਮੇਂ ਵਾਪਰਿਆ ਹਾਦਸਾ***



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਸਹਿਜੋ ਮਾਜਰਾ ਦੇ ਵਾਸੀ ਨੌਜਵਾਨ ਭੁਪਿੰਦਰ ਸਿੰਘ ਦੀ ਅਮਰੀਕਾ ਵਿਖੇ ਸੜਕ ਹਾਦਸੇ ਵਿੱਚ ਮੌਤ ਹੋ ਗਈ। ਜਾਣਕਾਰੀ ਅਨੁਸਾਰ ਸਹਿਜੋ ਮਾਜਰਾ ਵਾਸੀ ਹਜ਼ਾਰਾ ਸਿੰਘ ਦਾ ਇਕਲੌਤਾ ਪੁੱਤਰ ਭੁਪਿੰਦਰ ਸਿੰਘ ਆਪਣੇ ਚੰਗੇ ਭਵਿੱਖ ਲਈ ਅਮਰੀਕਾ ਦੇ ਕੈਲੇਫੋਰਨੀਆ ਸ਼ਹਿਰ ਗਿਆ ਸੀ, ਜਿੱਥੇ ਉਹ ਟਰਾਲਾ ਚਲਾਉਂਦਾ ਸੀ। ਭੁਪਿੰਦਰ ਸਿੰਘ ਟਰਾਲਾ ਲੈ ਕੇ ਅਮਰੀਕਾ ਦੇ 81-ਗ੍ਰੀਨੀ ਕਾਊਂਟੀ ਰੋਡ 'ਤੇ ਜਾ ਰਿਹਾ ਸੀ ਕਿ ਰਸਤੇ ਵਿੱਚ ਇੱਕ ਜੀਪ ਕਾਰ ਨਾਲ ਉਸ ਦੀ ਟੱਕਰ ਹੋ ਗਈ ਅਤੇ ਉਸ ਦਾ ਟਰਾਲਾ ਦਰੱਖਤ ਵਿੱਚ ਜਾ ਵੱਜਿਆ। ਹਾਦਸੇ ਤੋਂ ਬਾਅਦ ਟਰਾਲੇ ਨੂੰ ਅੱਗ ਲੱਗ ਗਈ, ਪਰ ਜਦੋਂ ਰੈਸਕਿਊ ਟੀਮ ਨੇ ਉਸ ਨੂੰ ਟਰਾਲੇ 'ਚੋਂ ਬਾਹਰ ਕੱਢਿਆ, ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਭੁਪਿੰਦਰ ਸਿੰਘ ਦੀ ਮੌਤ ਦੀ ਖ਼ਬਰ ਜਦੋਂ ਪਿੰਡ ਸਹਿਜੋ ਮਾਜਰਾ ਵਿਖੇ ਪਹੁੰਚੀ ਤਾਂ ਘਰ ਵਿੱਚ ਮਾਤਮ ਛਾ ਗਿਆ ਤੇ ਪਿੰਡ ਵਿੱਚ ਸੋਗ ਦੀ ਲਹਿਰ ਫੈਲ ਗਈ। ਮ੍ਰਿਤਕ ਭੁਪਿੰਦਰ ਸਿੰਘ ਦਾ ਪਿਤਾ ਹਜ਼ਾਰਾ ਸਿੰਘ ਸਪੇਨ ਵਿਖੇ ਰਹਿੰਦਾ ਹੈ ਤੇ ਜਦੋਂ ਉਸ ਨੂੰ ਆਪਣੇ ਪੁੱਤਰ ਦੀ ਮੌਤ ਬਾਰੇ ਪਤਾ ਲੱਗਾ ਤਾਂ ਉਹ ਵਾਪਸ ਪਿੰਡ ਲਈ ਰਵਾਨਾ ਹੋ ਗਿਆ। ਇਸ ਹਾਦਸੇ ਵਿੱਚ ਜੋ ਜੀਪ ਸਵਾਰ ਸਨ, ਉਨ੍ਹਾਂ ਦਾ ਬਚਾਅ ਹੋ ਗਿਆ, ਪਰ ਮਾਪਿਆਂ ਦੇ ਇਕਲੌਤੇ ਪੁੱਤਰ ਭੁਪਿੰਦਰ ਸਿੰਘ ਦੀ ਜਾਨ ਚਲੀ ਗਈ।

# ਸਰਕਾਰ ਫਾਇਰਮੈਨ ਗਗਨਦੀਪ ਨੂੰ ਸ਼ਹੀਦ ਮੰਨ ਕੇ ਪਰਵਾਰ ਨੂੰ ਮੁਆਵਜ਼ਾ ਤੇ ਨੌਕਰੀ ਦੇਵੇ : ਵਿਜੇ ਧੀਰ

**ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਮੁੱਖ ਮੰਤਰੀ ਨੂੰ ਲਿਖੀ ਚਿੱਠੀ**



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਤਹਿਸੀਲ ਨਿਹਾਲ ਸਿੰਘ ਵਾਲਾ ਦੇ ਪਿੰਡ ਖੋਟੇ ਦਾ ਵਸਨੀਕ ਨੌਜਵਾਨ ਗਗਨਦੀਪ ਸਿੰਘ ਨਗਰ ਨਿਗਮ ਮੋਗਾ ਵਿੱਚ ਫਾਇਰ ਬ੍ਰਿਗੇਡ ਵਿਭਾਗ ਵਿੱਚ ਬਤੌਰ ਆਊਟਸੋਰਸ ਫਾਇਰ ਫਾਈਟਰ ਮੁਲਾਜ਼ਮ ਤੈਨਾਤ ਸੀ ਅਤੇ 10 ਹਜ਼ਾਰ ਰੁਪਏ ਮਹੀਨਾ ਤਨਖਾਹ ਲੈਂਦਾ ਸੀ।ਬੀਤੇ ਦਿਨੀਂ ਮਹਿਮੇ ਵਾਲਾ ਪਿੰਡ ਦੇ ਖੇਤਾਂ ਵਿੱਚ ਲੱਗੀ ਅੱਗ ਨੂੰ ਬੁਝਾਉਦਿਆਂ ਬੁਰੀ ਤਰ੍ਹਾਂ ਨਾਲ ਝੁਲਸ ਗਿਆ ਤੇ ਇਲਾਜ ਦੌਰਾਨ ਪਰਵਾਰ ਨੂੰ ਸਦੀਵੀ ਵਿਛੋੜਾ ਦੇ ਗਿਆ।ਮਜ਼ਦੂਰ ਮੁਲਾਜ਼ਮ ਜਥੇਬੰਦੀਆਂ, ਸਮਾਜਿਕ ਜਥੇਬੰਦੀਆਂ ਤੇ ਆਮ ਲੋਕ ਡਿਊਟੀ ਕਰਦਿਆਂ ਆਪਣੀ ਜਾਨ ਕੁਰਬਾਨ ਕਰਨ ਵਾਲੇ ਇਸ ਨੌਜਵਾਨ ਗਗਨਦੀਪ ਸਿੰਘ ਨੂੰ ਸ਼ਹੀਦ ਮੰਨਦੇ ਹਨ, ਪ੍ਰੰਤੂ ਪੰਜਾਬ ਸਰਕਾਰ ਨੇ ਅਜੇ ਤੱਕ ਅਜਿਹਾ ਨਹੀਂ ਮੰਨਿਆ।ਲੋਕਾਂ ਵਿੱਚ ਇਸ ਗੱਲ ਦਾ ਰੋਸ ਹੈ ਕਿ ਨਕਲੀ ਸ਼ਰਾਬ ਪੀ ਕੇ ਮਰਨ ਵਾਲਿਆਂ ਨੂੰ ਪੰਜਾਬ ਸਰਕਾਰ ਨੇ ਤੁਰੰਤ 10-10 ਲੱਖ ਰੁਪਈਆ ਦੀ ਆਰਥਿਕ ਸਹਾਇਤਾ ਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਾ ਐਲਾਨ ਘਟਨਾ ਵਾਲੇ ਦਿਨ ਹੀ ਕਰ ਦਿੱਤਾ, ਪ੍ਰੰਤੂ ਡਿਊਟੀ ਕਰਦਿਆਂ ਸ਼ਹੀਦ ਹੋਣ ਵਾਲੇ ਇਸ ਨੌਜਵਾਨ ਦੀ ਪੰਜਾਬ ਸਰਕਾਰ ਨੇ ਕੋਈ ਸਾਰ ਨਹੀਂ ਲਈ।ਡਿਊਟੀ ਕਰਦਿਆਂ ਆਪਣੀ ਜਾਨ ਕੁਰਬਾਨ ਕਰਨ ਵਾਲੇ ਨੌਜਵਾਨ ਗਗਨਦੀਪ ਸਿੰਘ ਨੂੰ ਸ਼ਹੀਦ ਮੰਨ ਕੇ ਪੀੜਤ ਪਰਵਾਰ ਨੂੰ ਘੱਟੋ ਘੱਟ ਇਕ ਕਰੋੜ ਰੁਪਏ ਦੀ ਆਰਥਿਕ ਸਹਾਇਤਾ ਦੇਣ ਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਨੂੰ ਲੈ ਕੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਜ਼ਿਲ੍ਹਾ ਪ੍ਰਧਾਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਨੇ ਇਸ ਸਬੰਧੀ ਇੱਕ ਚਿੱਠੀ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲਿਖੀ ਹੈ।ਵਿਜੇ ਧੀਰ ਨੇ ਆਪਣੀ ਚਿੱਠੀ ਵਿੱਚ ਡਿਊਟੀ ਕਰਦਿਆਂ ਜਾਨ ਕੁਰਬਾਨ ਕਰਨ ਵਾਲੇ ਨੌਜਵਾਨ ਨੂੰ ਕਿਉਂ ਸ਼ਹੀਦ ਦਾ ਦਰਜਾ ਦਿੱਤਾ ਜਾਵੇ।

ਇਸ ਸਬੰਧੀ ਚਾਰ ਤਰਕ ਸੰਗਤ ਦਲੀਲਾਂ ਦਿੱਤੀਆਂ ਹਨ। ਮਜ਼ਦੂਰ ਆਗੂ ਨੇ ਡਿਪਟੀ ਕਮਿਸ਼ਨਰ ਮੋਗਾ, ਕਮਿਸ਼ਨਰ ਨਗਰ ਨਿਗਮ ਤੇ ਨਗਰ ਨਿਗਮ ਦੀਆਂ ਕਰਮਚਾਰੀ ਯੂਨੀਅਨਾਂ ਦੀ ਸ਼ਲਾਘਾ ਕੀਤੀ ਹੈ, ਜਿਨ੍ਹਾਂ ਸ਼ਹੀਦ ਹੋਏ ਗਗਨਦੀਪ ਸਿੰਘ ਦੇ ਇਲਾਜ ਲਈ ਲੱਖਾਂ ਰੁਪਈਆਂ ਦੀ ਆਰਥਿਕ ਸਹਾਇਤਾ ਕੀਤੀ ਹੈ।ਮਜ਼ਦੂਰ ਆਗੂ ਵਿਜੇ ਧੀਰ ਨੇ ਇਸ ਚਿੱਠੀ ਰਾਹੀਂ ਡਿਪਟੀ ਕਮਿਸ਼ਨਰ ਮੋਗਾ ਤੇ ਕਮਿਸ਼ਨਰ ਨਗਰ ਨਿਗਮ ਮੋਗਾ ਨੂੰ ਇਸ ਸਬੰਧੀ ਪੰਜਾਬ ਸਰਕਾਰ ਨੂੰ ਸਿਫਾਰਸ਼ ਕਰਨ ਦੀ ਅਪੀਲ ਕੀਤੀ ਹੈ।ਧੀਰ ਨੇ ਦੱਸਿਆ ਕਿ ਉਨ੍ਹਾਂ ਦੀ ਮੁੱਖ ਮੰਤਰੀ ਪੰਜਾਬ ਨੂੰ ਚਿੱਠੀ ਲਿਖਣ ਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ, ਸਮਾਜਿਕ ਜਥੇਬੰਦੀਆਂ ਤੇ ਆਮ ਲੋਕਾਂ ਦੇ ਮਿਹਣਿਆਂ ਤੋਂ ਬਾਅਦ ਬੀਤੇ ਦਿਨ ਕੈਬਨਿਟ ਮੰਤਰੀ ਰਵਜੋਤ ਸਿੰਘ ਪੀੜਤ ਪਰਵਾਰ ਨਾਲ ਖੋਟੇ ਪਿੰਡ ਅਫਸੋਸ ਕਰਨ ਲਈ ਪਹੁੰਚੇ, ਪ੍ਰੰਤੂ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਸੰਭਵ ਸਹਾਇਤਾ ਕਰਨ ਦਾ ਕੇਵਲ ਭਰੋਸਾ ਹੀ ਦਿੱਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਦੀਪ ਭਾਰਤੀ ਐਡਵੋਕੇਟ, ਵਰਿੰਦਰ ਗਰਗ ਐਡਵੋਕੇਟ, ਸੁਨਦੰਨ ਐਡਵੋਕੇਟ, ਅਮਨਪ੍ਰੀਤ ਸਿੰਘ ਐਡਵੋਕੇਟ, ਆਕਾਸ਼ਦੀਪ ਸਿੰਘ ਐਡਵੋਕੇਟ, ਮਿਡ ਡੇ ਮੀਲ ਕੁਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਖਜ਼ਾਨਚੀ ਸਤਨਾਮ ਸਿੰਘ ਚੜਿੱਕ ਤੇ ਮੁਨਸ਼ੀ ਬੂਟਾ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਆਂਗਣਵਾੜੀ ਵਰਕਰਜ਼ ਤੇ ਹੈਲਪਰਜ਼ ਯੂਨੀਅਨ ਏਟਕ ਵੱਲੋਂ ਸੀ ਡੀ ਪੀ ਓ ਨੂੰ ਮੰਗ ਪੱਤਰ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਲ ਇੰਡੀਆ ਆਂਗਣਵਾੜੀ ਵਰਕਰਜ਼ ਤੇ ਹੈਲਪਰਜ਼ ਯੂਨੀਅਨ ਏਟਕ (ਪੰਜਾਬ) ਵੱਲੋਂ ਬਲਾਕ ਪ੍ਰਧਾਨ ਚਰਨਜੀਤ ਕੌਰ ਧੂੜਕੋਟ ਤੇ ਹੋਰ ਆਗੂਆਂ ਵੱਲੋਂ ਸੀ ਡੀ ਪੀ ਓ ਨਿਹਾਲ ਸਿੰਘ ਵਾਲਾ ਨੂੰ ਮੰਗ ਪੱਤਰ ਸੌਂਪਿਆ ਗਿਆ। ਆਗੂਆਂ ਨੇ ਕਿਹਾ ਕਿ ਸਾਡਾ ਮੰਗ ਪੱਤਰ ਕੇਂਦਰ ਦੀ ਮੰਤਰੀ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਦਿੱਲੀ ਨੂੰ ਮਾਣਯੋਗ ਮੰਤਰੀ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਚੰਡੀਗੜ੍ਹ ਪੰਜਾਬ ਮਾਣਯੋਗ ਡਾਇਰੈਕਟਰ ਜੀ ਅਤੇ ਮਾਣਯੋਗ ਸਕੱਤਰ ਨੂੰ ਭੇਜਿਆ ਜਾਵੇ। ਆਂਗਣਵਾੜੀ ਵਰਕਰਾਂ ਤੋਂ ਲਾਭਪਾਤਰੀਆਂ ਨਾਲ ਓ ਟੀ ਪੀ ਸਬੰਧਤ ਕੰਮ ਨਾ ਕਰਾਏ ਜਾਣ, ਕੁਝ ਗਰੀਬ ਲੋਕਾਂ ਕੋਲ ਮੋਬਾਇਲ ਫੋਨ ਨਹੀਂ ਹਨ ਤੇ ਕੁਝ ਲੋਕ ਓ ਟੀ ਪੀ ਨਹੀਂ ਦਿੰਦੇ, ਜਿਸ ਨੂੰ ਚਲਾਉਂਦੇ ਸਮੇਂ ਆਂਗਣਵਾੜੀ ਵਰਕਰਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ, ਇਸ ਲਈ ਮੋਬਾਈਲ ਵੈਰੀਫਿਕੇਸ਼ਨ 'ਤੇ ਰੋਕ ਲਗਾਈ ਜਾਵੇ। ਇਸ ਸਮੇਂ ਵਰਕਰਜ਼ ਤੋਂ ਇਲਾਵਾ ਬਲਾਕ ਪ੍ਰਧਾਨ ਚਰਨਜੀਤ ਕੌਰ ਧੂੜਕੋਟ, ਮੀਤ ਪ੍ਰਧਾਨ ਬਿਮਲਜੀਤ ਕੌਰ ਦੀਨਾ, ਖਜ਼ਾਨਚੀ ਗੁਰਦੀਪ ਕੌਰ ਧੂੜਕੋਟ, ਦਲਜੀਤ ਕੌਰ, ਗੁਰਮੀਤ ਕੌਰ, ਮਲਕੀਤ ਕੌਰ, ਜਸਵੀਰ ਕੌਰ, ਚਰਨਜੀਤ ਕੌਰ ਦੀਨਾ, ਭਜਨ ਕੌਰ ਆਦਿ ਸ਼ਾਮਲ ਹੋਏ।

# ਈ ਟੀ ਟੀ ਟੀਚਰਜ਼ ਯੂਨੀਅਨ ਦਾ ਵਫਦ ਵਿਧਾਇਕ ਗੋਲਡੀ ਨੂੰ ਮਿਲਿਆ

**ਪੁਰਾਣੀ ਪੈਨਸ਼ਨ ਬਹਾਲੀ ਸਮੇਤ ਤਮਾਮ ਮੰਗਾਂ ਹੱਲ ਕਰਨ ਦੀ ਲਗਾਈ ਗੁਹਾਰ**



**ਜਲਾਲਾਬਾਦ (ਜੀਤ ਕੁਮਾਰ)**-ਈ.ਟੀ.ਟੀ. ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਸੂਬਾ ਆਗੂ ਗੁਰਮੀਤ ਸਿੰਘ ਢਾਬਾਂ, ਅਮਰਜੀਤ ਸਿੰਘ ਬਿੱਟੂ, ਸ਼ਿੰਦਰ ਸਿੰਘ ਲਾਧੂਕਾ, ਸ਼ਗਨ ਸਿੰਘ ਤਹਿਸੀਲ ਪ੍ਰਧਾਨ, ਸੋਨੂੰ ਕਪੂਰ ਬਲਾਕ ਪ੍ਰਧਾਨ ਜਲਾਲਾਬਾਦ-1 ਦੀ ਅਗਵਾਈ ਵਿੱਚ ਐੱਮ.ਐੱਲ.ਏ. ਜਗਦੀਪ ਕੰਬੋਜ ਗੋਲਡੀ ਹਲਕਾ ਜਲਾਲਾਬਾਦ ਨੂੰ ਯੂਨੀਅਨ ਦਾ ਵਫਦ ਮਿਲਿਆ। ਇਸ ਦੌਰਾਨ ਮੀਟਿੰਗ ਕਰਕੇ 'ਮੰਗ-ਪੱਤਰ' ਦਿੱਤਾ ਗਿਆ, ਜਿਸ ਵਿੱਚ ਅਹਿਮ ਮੁੱਦੇ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਸੰਬੰਧੀ ਵਿਧਾਨ ਸਭਾ ਵਿੱਚ ਮੁੱਦੇ ਨੂੰ ਚੁੱਕਣਾ, ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਬਣਾਉਣ ਤੋਂ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਣਨ 'ਤੇ ਪਹਿਲੀ ਮੀਟਿੰਗ ਵਿੱਚ ਹੀ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਜਾਵੇਗੀ। ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਅੱਜ ਸਰਕਾਰ ਬਣੇ ਨੂੰ ਤਿੰਨ ਸਾਲ ਬੀਤ ਚੁੱਕੇ ਹਨ, ਪਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਹੋਈ ਹੈ। ਪੰਜਾਬ ਦੇ ਐੱਨ.ਪੀ.ਐੱਸ. ਕਰਮਚਾਰੀ ਪੰਜਾਬ ਸਰਕਾਰ ਤੋਂ ਖ਼ਫ਼ਾ ਹੁੰਦਿਆਂ ਮੰਗ ਕੀਤੀ ਕਿ ਓ.ਪੀ.ਐੱਸ. ਬਹਾਲ ਕੀਤੀ ਜਾਵੇ। ਇਸ ਤੋਂ ਇਲਾਵਾ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਮਦਰ ਹੈਲਪ ਸੈਲਫ ਗਰੁੱਪ ਤੇ ਪਹਿਲ ਸੰਸਥਾ ਵੱਲੋਂ ਜੋ ਵਰਦੀਆਂ ਦਿੱਤੀਆਂ ਜਾ ਰਹੀਆਂ ਹਨ, ਕੁਆਲਿਟੀ ਵਧੀਆ ਨਹੀਂ ਹੈ, ਵਰਦੀਆਂ ਗਰਮੀ ਵਿੱਚ ਪਾਉਣੀਆਂ ਬਹੁਤ ਮੁਸ਼ਕਲ ਹੈ, ਮਾੜੀ ਕੁਆਲਿਟੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਐੱਸ.ਡੀ.ਐੱਮ. ਜਲਾਲਾਬਾਦ ਤੇ ਤਹਿਸੀਲਦਾਰ ਜਲਾਲਾਬਾਦ ਵੱਲੋਂ ਜੋ ਡਿਊਟੀਆਂ ਫਲੱਡ ਕੰਟਰੋਲ ਜਾਂ ਇਲੈਕਸ਼ਨ ਡਿਊਟੀਆਂ (ਬੀ.ਐੱਲ.ਓ) ਜਾਂ ਕਿਸੇ ਵੀ ਤਰ੍ਹਾਂ ਦੀਆਂ ਡਿਊਟੀਆਂ ਲਗਾਈਆਂ ਜਾਂਦੀਆਂ ਹਨ ਤਾਂ ਕੇਵਲ ਤਾਂ ਕੇਵਲ ਪ੍ਰਾਇਮਰੀ ਕੇਡਰ ਤੋਂ ਹੀ ਲਗਾਈਆਂ ਜਾਂਦੀਆਂ ਹਨ, ਜਿਸ ਵਿੱਚ ਫੀਮੇਲ ਸਟਾਫ਼ ਦੀ ਡਿਊਟੀਆਂ ਤੱਕ ਵੀ ਲਗਾ ਦਿੱਤੀਆਂ ਜਾਂਦੀਆਂ ਹਨ। ਯੂਨੀਅਨ ਨੇ ਮੰਗ ਕੀਤੀ ਕਿ ਸਾਰੇ ਵਿਭਾਗਾਂ ਵਿੱਚੋਂ ਬਰਾਬਰ ਡਿਊਟੀਆਂ ਲਗਾਈਆਂ ਜਾਣ, ਇਸ ਸਬੰਧੀ ਪਹਿਲਾਂ ਵੀ ਕਈ ਵਾਰ ਐਸ.ਡੀ.ਐਮ. ਜਲਾਲਾਬਾਦ ਨੂੰ ਮਿਲ ਚੁੱਕੇ ਹਾਂ, ਪਰ ਅਫਸੋਸ ਫਿਰ ਵੀ ਕੋਈ ਤਬਦੀਲੀ ਨਹੀਂ ਹੋਈ। ਇਸ ਤੋਂ ਇਲਾਵਾ ਅੱਜ ਗਰਮੀ ਦਾ ਤਾਪਮਾਨ ਬਹੁਤ ਹੋਣ ਕਾਰਨ ਪ੍ਰਾਇਮਰੀ ਸਕੂਲ ਦੇ ਛੋਟੇ ਬੱਚਿਆਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਯੂਨੀਅਨ ਵੱਲੋਂ ਮੰਗ ਕੀਤੀ ਗਈ ਕਿ ਪ੍ਰੀ-ਪ੍ਰਾਇਮਰੀ ਬੱਚਿਆਂ ਤੇ ਆਂਗਣਵਾੜੀ ਬੱਚਿਆਂ ਨੂੰ ਮੁਕੰਮਲ ਛੁੱਟੀਆਂ ਕੀਤੀਆਂ ਜਾਣ ਤੇ ਵੱਡੇ ਬੱਚਿਆਂ ਲਈ ਸਮੇਂ ਵਿੱਚ ਤਬਦੀਲੀ ਕੀਤੀ ਜਾਵੇ। ਇਸ ਤੋਂ ਇਲਾਵਾ ਇਨ੍ਹਾਂ ਸਾਰਿਆਂ ਮੁੱਦਿਆਂ 'ਤੇ ਐੱਮ.ਐੱਲ.ਏ. ਸਾਹਿਬ ਨਾਲ ਬਹੁਤ ਵਧੀਆ ਮਾਹੌਲ ਵਿੱਚ ਵਿਚਾਰ-ਚਰਚਾ ਕੀਤੀ ਗਈ। ਉਧਰ, ਐੱਮ.ਐੱਲ.ਏ. ਜਗਦੀਪ ਕੰਬੋਜ ਗੋਲਡੀ ਵੱਲੋਂ ਇਨ੍ਹਾਂ ਸਾਰੇ ਮੁੱਦਿਆਂ ਨੂੰ ਗੰਭੀਰਤਾ ਨਾਲ ਵਿਚਾਰਦੇ ਹੋਏ ਇਨ੍ਹਾਂ ਦੇ ਹੱਲ ਲਈ ਜ਼ਿੰਮੇਵਾਰੀ ਲਈ ਸਮੂਹ ਜਥੇਬੰਦੀ ਆਗੂਆਂ ਨੇ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਸੂਬਾ ਆਗੂ ਗੁਰਮੀਤ ਸਿੰਘ ਢਾਬਾਂ ਸੀਨੀਅਰ ਮੀਤ ਪ੍ਰਧਾਨ ਈ.ਟੀ.ਟੀ ਟੀਚਰਜ਼ ਯੂਨੀਅਨ ਪੰਜਾਬ, ਸੀਨੀਅਰ ਮੀਤ ਪ੍ਰਧਾਨ ਮਾਲਵਾ ਜ਼ੋਨ ਅਮਰਜੀਤ ਸਿੰਘ ਬਿੱਟੂ, ਸੀਨੀਅਰ ਅਡਵਾਈਜ਼ਰ ਗੁਰਦਿੱਤ ਸਿੰਘ, ਜ਼ਿਲ੍ਹਾ ਪ੍ਰਧਾਨ ਸੁਨੀਲ ਕੁਮਾਰ ਗਾਬਾ, ਜਨਰਲ ਸਕੱਤਰ ਕੁਮਾਰ ਦੁਸ਼ਯੰਤ, ਜ਼ਿਲ੍ਹਾ ਸਰਪ੍ਰਸਤ ਸੁਰਜੀਤ ਸਿੰਘ, ਤਹਿਸੀਲ ਪ੍ਰਧਾਨ ਸ਼ਗਨ ਸਿੰਘ, ਜਨਰਲ ਸਕੱਤਰ ਸੁਰਜੀਤ ਸਿੰਘ ਪਾਲੀ ਵਾਲਾ, ਤਿਲਕ ਰਾਜ, ਸੋਨੂੰ ਕਪੂਰ ਬਲਾਕ ਪ੍ਰਧਾਨ, ਜਨਰਲ ਸਕੱਤਰ ਪ੍ਰਦੀਪ ਸਿੰਘ, ਅੰਗਰੇਜ਼ ਸਿੰਘ ਜਨਰਲ ਮਹਾਲਮ ਬਲਾਕ ਪ੍ਰਧਾਨ, ਜਗਮੀਤ ਸਿੰਘ ਢਾਬਾਂ ਬਲਾਕ ਪ੍ਰਧਾਨ, ਜਨਰਲ ਸਕੱਤਰ ਅਵਤਾਰ ਸਿੰਘ ਸਿੱਧੂ ਵਾਲਾ, ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਲਮੋਚੜ, ਰਾਜ ਕੁਮਾਰ ਟਰਿਆ, ਕੈਸ਼ੀਅਰ ਜਨਕ ਰਾਜ, ਬਲਵਿੰਦਰ ਸਿੰਘ ਬੂਸ਼, ਗੁਰਮੀਤ ਸਿੰਘ ਸੋਨੂੰ, ਭਗਵਾਨ ਦਾਸ, ਸ਼ਮਸ਼ੇਰ ਸਿੰਘ, ਸੁਖਵਿੰਦਰ ਸਿੰਘ ਭੱਟੀ, ਗੁਰਦੀਪ ਸਿੰਘ ਕਾਠਗੜ੍ਹ, ਗੁਰਮੇਜ ਸਿੰਘ ਮੁਹੰਮਦ ਨਾ ਵਾਲਾ, ਰਜਨੀਸ਼ ਕੁਮਾਰ ਆਦਿ ਮੌਜੂਦ ਸਨ।

# ਮਜ਼ਦੂਰ ਆਗੂਆਂ ਦੇ ਘਰਾਂ 'ਤੇ ਛਾਪੇਮਾਰੀਆਂ ਤੇ ਗ੍ਰਿਫ਼ਤਾਰੀਆਂ ਕਰਨੀਆਂ ਬੰਦ ਕਰੇ ਸਰਕਾਰ : ਛਾਜਲੀ



**ਦਿੜ੍ਹਬਾ (ਜਸਵੀਰ ਲਾਡੀ)**-ਬੇਜ਼ਮੀਨੇ ਗਰੀਬ ਪਰਵਾਰਾਂ ਲਈ ਸੰਘਰਸ਼ ਸਦਕਾ ਜੀਂਦ ਵਾਲੇ ਰਾਜੇ ਦੀ ਜ਼ਮੀਨ 'ਤੇ ਬੇਗਮਪੁਰਾ ਵਸਾਉਣ ਦਾ ਸੰਕਲਪ ਕਰਨ ਵਾਲੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਕਰਨ ਅਤੇ ਲਗਾਤਾਰ ਛਾਪੇਮਾਰੀਆਂ ਕੀਤੇ ਜਾਣ ਦੀ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਇਸ ਮੌਕੇ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਮਾਨ ਸਰਕਾਰ ਨੇ ਮਜ਼ਦੂਰ ਮੰਗਾਂ ਪ੍ਰਤੀ ਮਾਨ ਸਰਕਾਰ ਨੇ ਹਮੇਸ਼ਾ ਬੇਰੁੱਖੀ ਵਾਲਾ ਰਵੱਈਆ ਅਪਣਾਇਆ ਹੈ।ਮਜ਼ਦੂਰ ਜਥੇਬੰਦੀਆਂ ਨਾਲ ਕਦੇ ਵੀ ਮੀਟਿੰਗ ਤੱਕ ਨਾ ਕਰਨ ਵਾਲਾ ਮੁੱਖ ਮੰਤਰੀ ਅੱਜ ਹੱਕੀ ਸੰਘਰਸ਼ ਦੇ ਰਾਹ ਪਏ ਮਜ਼ਦੂਰ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਕਰ ਰਿਹਾ ਹੈ, ਜਿਸ ਨੂੰ ਕਿਸੇ ਵੀ ਤਰ੍ਹਾਂ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਇਸ ਮੌਕੇ ਉਨ੍ਹਾਂ ਨਾਲ ਕਿਹਾ ਕਿ ਗ੍ਰਿਫ਼ਤਾਰੀਆਂ ਨਾਲ ਮਜ਼ਦੂਰ ਸੰਘਰਸ਼ ਦਬਾਇਆ ਨਹੀਂ ਜਾ ਸਕਦਾ।ਅਜਿਹੇ ਸਮੇਂ ਪੰਜਾਬ ਸਰਕਾਰ ਸੰਘਰਸ਼ ਕਰ ਰਹੇ ਮਜ਼ਦੂਰ ਆਗੂਆਂ ਨਾਲ ਬਕਾਇਦਾ ਮੀਟਿੰਗ ਕਰਕੇ ਬੇਜ਼ਮੀਨੇ ਮਜ਼ਦੂਰ ਪਰਵਾਰਾਂ ਨੂੰ ਉਨ੍ਹਾਂ ਦੀ ਬਣਦੀ ਹੱਕੀ ਜ਼ਮੀਨ ਲੈਂਡ ਸੀਲਿੰਗ ਐਕਟ ਲਾਗੂ ਕਰਕੇ ਦੇਵੇ।

# ਪੰਜਾਬੀ ਸਹਿਤ ਅਕਾਦਮੀ ਵੱਲੋਂ ਸੁਰਿੰਦਰ ਦੀਪ ਦਾ ਮਿੰਨੀ ਕਹਾਣੀ ਸੰਗ੍ਰਹਿ 'ਜੀਵਨ ਅਸੀਸ' ਲੋਕ ਅਰਪਣ



**ਲੁਧਿਆਣਾ (ਕਥੂਰੀਆ, ਸਿੰਗਲਾ)**

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਸੁਰਿੰਦਰ ਦੀਪ ਦਾ ਮਿੰਨੀ ਕਹਾਣੀ ਸੰਗ੍ਰਹਿ 'ਜੀਵਨ ਅਸੀਸ' ਪੰਜਾਬੀ ਭਵਨ ਲੁਧਿਆਣਾ ਵਿਖੇ ਲੋਕ ਅਰਪਣ ਕੀਤਾ ਗਿਆ।ਪ੍ਰਧਾਨਗੀ ਮੰਡਲ ਵਿੱਚ ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਗੁਰਇਕਬਾਲ ਸਿੰਘ, ਡਾ. ਗੁਰਚਰਨ ਕੌਰ ਕੋਚਰ, ਸੁਰਿੰਦਰ ਕੈਲੇ, ਤ੍ਰੈਲੋਚਨ ਲੋਚੀ, ਡਾ. ਅਰਵਿੰਦਰ ਕੌਰ ਕਾਕੜਾ ਸ਼ਾਮਲ ਸਨ।

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਿਹਾ ਕਿ ਸੁਰਿੰਦਰ ਦੀਪ ਦਾ ਮਿੰਨੀ ਕਹਾਣੀ ਸੰਗ੍ਰਹਿ 'ਜੀਵਨ ਅਸੀਸ' ਦੀਆਂ ਮਿੰਨੀ ਕਹਾਣੀਆਂ ਸਮਾਜਿਕ ਜ਼ਿੰਮੇਵਾਰੀ ਨਾਲ ਲਿਖੀਆਂ ਉੱਚ ਪੱਧਰ ਦੀਆਂ ਨੇ ਤੇ ਇਨ੍ਹਾਂ ਕਹਾਣੀਆਂ ਦੀ ਖ਼ੂਬਸੂਰਤੀ ਹੈ ਕਿ ਇਨ੍ਹਾਂ ਦੇ ਬਿਰਤਾਂਤ ਵਿੱਚੋਂ ਨੈਤਿਕਤਾ ਕਿਤੇ ਵੀ ਗ਼ੈਰ-ਹਾਜ਼ਰ ਨਹੀਂ ਹੁੰਦੀ।ਸੱਚਮੁੱਚ ਕਥਾਵਾਂ ਵੀ ਵੱਡਿਆਂ ਵੱਲੋਂ ਦਿੱਤੀ ਅਸੀਸ ਵਰਗੀਆਂ ਹਨ।

ਅਕਾਦਮੀ ਦੇ ਸਾਬਕਾ ਪ੍ਰਧਾਨ ਪ੍ਰੋ. ਰਵਿੰਦਰ ਸਿੰਘ ਭੱਠਲ ਨੇ ਕਿਹਾ ਕਿ ਸੁਰਿੰਦਰ ਦੀਪ ਦੀ ਕਹਾਣੀ ਜੀਵਨ ਦੀਆਂ ਨੈਤਿਕ ਕੀਮਤਾਂ ਨੂੰ ਲੈ ਕੇ ਚਲਦੀ ਹੈ, ਜਿਸ ਵਿੱਚ ਨੈਤਿਕਤਾ ਬੰਧਨ ਨਹੀਂ ਸਗੋਂ ਸੁਤੰਤਰਤਾ ਬਣਦੀ ਹੈ।ਮੈਨੂੰ ਇਸ ਗੱਲ ਦੀ ਬਹੁਤ ਖ਼ੁਸ਼ੀ ਹੈ ਕਿ ਸੁਰਿੰਦਰ ਪੰਜਾਬੀ ਭਵਨ ਵਿੱਚ ਇਕ ਵਿਦਿਆਰਥਣ ਦੇ ਰੂਪ ਵਿੱਚ ਆਈ ਸੀ ਤੇ ਲੇਖਕਾਂ 'ਚ ਵਿਚਰਦਿਆਂ ਅੱਜ ਸਫ਼ਲ ਲੇਖਿਕਾ ਦੇ ਰੂਪ ਵਿੱਚ ਸਥਾਪਤ ਹੋ ਗਈ ਹੈ।

ਅਕਾਦਮੀ ਦੇ ਸਾਬਕਾ ਪ੍ਰਧਾਨ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ ਨੇ ਕਿਹਾ ਸੁਰਿੰਦਰ ਦੀਪ ਪਰਿਵਾਰਕ ਸਮੱਸਿਆਵਾਂ ਨਾਲ ਸਬੰਧਤ ਵਿਸ਼ਿਆਂ ਦੀ ਕਹਾਣੀਕਾਰ ਹੈ, ਜਿਹੜੀ ਇਕ ਆਦਰਸ਼ ਨੂੰ ਲੈ ਕੇ ਸਮਾਜ ਦੇ ਵੱਖ ਵੱਖ ਵਰਤਾਰਿਆਂ ਨੂੰ ਆਪਣੀ ਕਹਾਣੀ ਦਾ ਹਿੱਸਾ ਬਣਾਉਂਦੀ ਹਾਂ-ਪੱਖੀ ਸੁਨੇਹਾ ਦਿੰਦੀ ਹੈ। ਇਸ ਮੌਕੇ ਸੁਰਿੰਦਰ ਕੈਲੇ, ਡਾ. ਅਰਵਿੰਦਰ ਕੌਰ ਕਾਕੜਾ, ਮਨਦੀਪ ਕੌਰ ਭੰਮਰਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

ਸੁਰਿੰਦਰ ਦੀਪ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੀ ਖੁਸ਼ਨਸੀਬੀ ਹੈ ਕਿ ਲੰਮੇ ਸਮੇਂ ਤੋਂ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵਿਖੇ ਦਫ਼ਤਰ ਇੰਚਾਰਜ ਦੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਮੈਨੂੰ ਵੱਡੇ ਲੇਖਕਾਂ ਤੇ ਚਿੰਤਕਾਂ ਤੋਂ ਲਿਖਣ ਦੀ ਪ੍ਰੇਰਮਾ ਮਿਲੀ ਅਤੇ ਉਨ੍ਹਾਂ ਸਭ ਦੇ ਆਸ਼ੀਰਵਾਦ ਨਾਲ ਹੀ ਅੱਜ ਇਹ ਮੁਕਾਮ ਹਾਸਲ ਹੋਇਆ ਹੈ।ਮੈਂ ਹਾਊਸ ਆਫ਼ ਲਿਟਰੇਚਰ ਦੇ ਮਾਲਕ ਵਿਜੇ ਕੁਮਾਰ ਜੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੀ ਹਾਂ, ਜਿਨ੍ਹਾਂ ਦੀ ਬਾਦੌਲਤ ਖ਼ੂਬਸੂਰਤ ਦਿੱਖ ਵਾਲਾ ਮਿੰਨੀ ਕਹਾਣੀ ਸੰਗ੍ਰਹਿ 'ਜੀਵਨ ਅਸੀਸ' ਪ੍ਰਕਾਸ਼ਤ ਹੋ ਕੇ ਪਾਠਕਾਂ ਤੱਕ ਪਹੁੰਚਿਆ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਭੋਲਾ ਸਿੰਘ ਸੰਘੇੜਾ, ਡਾ. ਸੁਰਿੰਦਰ ਸਿੰਘ ਭੱਠਲ, ਹਰਮੀਤ ਵਿਦਿਆਰਥੀ, ਜਸਵੀਰ ਝੱਜ, ਰਜਿੰਦਰ ਸਿੰਘ, ਇੰਦਰਜੀਤ ਪਾਲ ਕੌਰ, ਮਨਦੀਪ ਕੌਰ ਭੰਮਰਾ, ਬੀਬਾ ਕੁਲਵੰਤ, ਮੀਤ ਅਨਮੋਲ, ਦੀਪ ਜਗਦੀਪ ਸਿੰਘ, ਡਾ. ਨਾਇਬ ਸਿੰਘ ਮੰਡੇਰ, ਇੰਜ. ਡੀ. ਐੱਮ. ਸਿੰਘ, ਡਾ. ਹਰਪ੍ਰੀਤ ਸਿੰਘ ਰਾਣਾ, ਜਸਪਾਲ ਮਾਨਖੇੜਾ, ਜਗਦੀਸ਼ ਰਾਏ ਕੁਲਰੀਆ, ਡਾ. ਹਰਪ੍ਰੀਤ ਸਿੰਘ ਰਾਣਾ, ਡਾ. ਗੁਰਵਿੰਦਰ ਸਿੰਘ ਅਮਨ, ਕੁਲਵਿੰਦਰ ਕੌਸ਼ਲ, ਵਿਜੇ ਕੁਮਾਰ, ਅਮਰਜੀਤ ਸ਼ੇਰਪੁਰੀ, ਸਿਮਰਨਦੀਪ ਸਿੰਘ, ਦਵਿੰਦਰ ਪਟਿਆਲਵੀ, ਸੀਮਾ ਵਰਮਾ, ਗੁਰਪ੍ਰੀਤ ਕੌਰ, ਸਿਮਰਨ ਧੁੱਗਾ, ਰਘਬੀਰ ਸਿੰਘ ਸੰਧੂ, ਪਰਮਜੀਤ ਕੌਰ, ਨਿਮਰਤਾ, ਸੁਖਪਾਲ ਸਿੰਘ, ਧਰਮਿੰਦਰ ਕੁਮਾਰ, ਬੂਟਾ ਸਿੰਘ ਸਮੇਤ ਕਾਫ਼ੀ ਗਿਣਤੀ ਵਿਚ ਲੇਖਕ ਤੇ ਪਾਠਕ ਹਾਜ਼ਰ ਸਨ।

# ਜੁਆਇੰਟ ਫੋਰਮ ਦੇ ਸੱਦੇ 'ਤੇ ਬਿਜਲੀ ਕਾਮਿਆਂ ਵੱਲੋਂ ਗੇਟ ਰੈਲੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਜੁਆਇੰਟ ਫੋਰਮ ਪੰਜਾਬ ਏਕਤਾ ਮੰਚ ਐਸੋਸੀਏਸ਼ਨ ਆਫ ਜੇ ਈ ਵੱਲੋਂ ਦਿੱਤੇ ਸੱਦੇ 'ਤੇ ਸ੍ਰੀ ਮੁਕਤਸਰ ਸਾਹਿਬ ਦੇ ਬਿਜਲੀ ਕਾਮਿਆਂ ਵੱਲੋਂ ਗੇਟ ਰੈਲੀ ਕੀਤੀ ਗਈ, ਜਿਸ ਵਿੱਚ ਬੁਲਾਰਿਆਂ ਨੇ ਦੱਸਿਆ ਕਿ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਵੱਲੋਂ ਪਿਛਲੇ ਦਿਨ ਦਿੱਤੇ ਗਏ ਨਵੇਂ ਮੰਗ ਪੱਤਰ 'ਤੇ ਕੋਈ ਮੰਗਾਂ ਮਸਲਿਆਂ ਨੂੰ ਹੱਲ ਕਰਨ ਲਈ ਮੀਟਿੰਗ ਨਹੀਂ ਦਿੱਤੀ ਗਈ ਹੈ ਅਤੇ ਨਾ ਹੀ ਪੰਜਾਬ ਸਰਕਾਰ ਵੱਲੋਂ ਬਕਾਇਆ ਡੀ ਏ ਜਾਰੀ ਕੀਤਾ ਜਾ ਰਿਹਾ, ਨਾ ਪੇਕਮਿਸ਼ਨ ਦੇ 2016 ਤੋਂ ਬਕਾਇਆ ਖੜਾ ਏਰੀਅਰ ਦਿੱਤਾ ਜਾ ਰਿਹਾ। ਪੁਰਾਣੀ ਪੈਨਸ਼ਨ ਨੀਤੀ ਲਾਗੂ ਨਹੀਂ ਕੀਤੀ ਜਾ ਰਹੀ ਤੇ ਨਾ ਹੀ ਲੰਮੇ ਸਮੇਂ ਤੋਂ ਆਊਟ ਸੋਰਸਿੰਗ ਕਰਮਚਾਰੀਆਂ ਨੂੰ ਪੱਕਾ ਕੀਤਾ ਜਾ ਰਿਹਾ ਹੈ।ਇਸ ਤੋਂ ਅੱਗੇ ਜਾਂਦੇ ਹੋਏ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਨਵੇਂ ਲੇਬਰ ਕਾਨੂੰਨ ਲਾਗੂ ਕੀਤੇ ਜਾ ਰਹੇ ਹਨ।ਇਨ੍ਹਾਂ ਵਿਰੁੱਧ 9 ਜੁਲਾਈ 2025 ਨੂੰ ਕੇਂਦਰ ਦੀਆਂ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਹੜਤਾਲ ਵਿੱਚ ਵੀ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਦੇ ਕਰਮਚਾਰੀ ਹਿੱਸਾ ਲੈਣਗੇ।ਇਸ ਰੈਲੀ ਨੂੰ ਮਨਿੰਦਰ ਸਿੰਘ, ਗੁਰਸੇਵਕ ਸਿੰਘ, ਬਰਜਿੰਦਰ ਕੁਮਾਰ ਸ਼ਰਮਾ ਤੇ ਛਿੰਦਰ ਪਾਲ ਨੇ ਵੀ ਸੰਬੋਧਨ ਕੀਤਾ ਹੈ।

# ਟਿਕੈਤ ਨੂੰ ਧਮਕੀ ਦੇਣ ਨਾਲ ਮੁੜ ਭਾਜਪਾ ਦਾ ਕਿਸਾਨ ਵਿਰੋਧੀ ਚਿਹਰਾ ਸਾਹਮਣੇ ਆਇਆ : ਪਾਲਮਾਜਰਾ

**ਦੋਸ਼ੀ ਖਿਲਾਫ ਕਾਰਵਾਈ ਨਾ ਹੋਈ ਤਾਂ ਕਿਸਾਨ ਯੂਨੀਅਨਾਂ ਵਿੱਢਣਗੀਆਂ ਦੇਸ਼ ਵਿਆਪੀ ਸੰਘਰਸ਼ : ਢੀਂਡਸਾ**



**ਸਮਰਾਲਾ (ਸੁਰਜੀਤ ਸਿੰਘ)**-ਸੱਤਾ ਦਾ ਨਸ਼ਾ ਜਦੋਂ ਸਿਰ ਚੜ੍ਹ ਕੇ ਬੋਲਦਾ ਹੈ ਤਾਂ ਆਮ ਲੋਕੀਂ ਸੱਤਾਧਾਰੀਆਂ ਨੂੰ ਕੀੜੇ ਮਕੌੜੇ ਲੱਗਣ ਲੱਗ ਜਾਂਦੇ ਹਨ, ਅੱਜ ਭਾਰਤ ਵਿੱਚ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਨੂੰ ਵੀ ਸੱਤਾ ਦਾ ਨਸ਼ਾ ਏਨਾ ਜ਼ਿਆਦਾ ਚੜ੍ਹ ਗਿਆ ਕਿ ਉਨ੍ਹਾਂ ਨੂੰ ਪਤਾ ਨਹੀਂ ਲੱਗਦਾ ਕਿ ਉਹ ਕੀ ਕਹਿ ਰਹੇ ਹਨ, ਜਿਸ ਦੀ ਤਾਜ਼ਾ ਮਿਸਾਲ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਆਗੂ ਦੁਆਰਾ ਸੱਤਾ ਦੇ ਨਸ਼ੇ ਵਿੱਚ ਚੂਰ ਹੋ ਕੇ ਰਾਸ਼ਟਰੀ ਕਿਸਾਨ ਆਗੂ ਰਾਕੇਸ਼ ਟਿਕੈਤ ਨੂੰ ਜਾਨੋਂ ਮਾਰਨ ਦੀ ਸ਼ਰੇਆਮ ਧਮਕੀ ਦਿੱਤੀ ਹੈ ਅਤੇ ਸਿਰ ਕਲਮ ਕਰਨ ਵਾਲੇ ਨੂੰ ਪੰਜ ਲੱਖ ਦਾ ਇਨਾਮ ਦੇਣ ਦਾ ਵੀ ਐਲਾਨ ਕੀਤਾ ਹੈ।ਉਕਤ ਆਗੂ ਵੱਲੋਂ ਦਿੱਤਾ ਇਹ ਬਿਆਨ ਅਤਿ ਮੰਦਭਾਗਾ ਤੇ ਸ਼ਰਮਨਾਕ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲ ਮਾਜਰਾ ਤੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਸੱਦੀ ਕਿਸਾਨ ਆਗੂਆਂ ਦੀ ਮੀਟਿੰਗ ਦੌਰਾਨ ਕਹੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਸ ਮੁੱਦੇ ਉੱਤੇ ਕੁਝ ਕਹਿਣ ਦੀ ਬਜਾਏ ਬਿਲਕੁਲ ਹੀ ਚੁੱਪ ਧਾਰੀ ਬੈਠੀ ਹੈ, ਪਹਿਲਾਂ ਭਾਜਪਾ ਦੇ ਆਗੂ ਬਾਰਡਰਾਂ ਉੱਪਰ ਲੜਨ ਵਾਲੇ ਜਵਾਨਾਂ ਪ੍ਰਤੀ ਗਲਤ ਬੋਲ ਰਹੇ ਸਨ।ਭਾਜਪਾ ਆਗੂਆਂ ਦੇ ਹੌਸਲੇ ਏਨੇ ਬੁਲੰਦ ਹੋ ਗਏ, ਹੁਣ ਸਾਡੇ ਰਾਸ਼ਟਰੀ ਕਿਸਾਨ ਆਗੂ ਰਾਕੇਸ਼ ਟਿਕੈਤ ਦਾ ਸਿਰ ਕਲਮ ਕਰਕੇ ਜਾਨੋਂ ਮਾਰਨ ਦੀਆਂ ਸ਼ਰੇਆਮ ਧਮਕੀਆਂ ਦੇਣ ਲੱਗ ਪਏ।ਇਹ ਮੋਦੀ ਸਰਕਾਰ ਦੀ ਸ਼ਰੇਆਮ ਗੁੰਡਾਗਰਦੀ ਹੈ।ਜੇਕਰ ਰਾਸ਼ਟਰੀ ਆਗੂਆਂ ਨੂੰ ਇਸ ਤਰ੍ਹਾਂ ਧਮਕੀਆਂ ਦੇ ਸਕਦੇ ਹਨ ਤਾਂ ਆਮ ਲੋਕਾਂ ਦਾ ਕੋਈ ਵਾਲੀ ਵਾਰਸ ਨਹੀਂ ਹੈ।ਅਜੇ ਕੁਝ ਦਿਨ ਪਹਿਲਾਂ ਹੀ ਕਿਸਾਨ ਆਗੂ ਟਿਕੈਤ ਦੀ ਪੱਗ ਉੱਤੇ ਵੀ ਹਮਲਾ ਕੀਤਾ ਸੀ, ਅਜੇ ਉਨ੍ਹਾਂ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ, ਹੁਣ ਨਵੀਂ ਧਮਕੀ ਦੇ ਦਿੱਤੀ।ਕਿਸਾਨ ਆਗੂਆਂ ਨੇ ਕੇਂਦਰ ਸਰਕਾਰ ਨੂੰ ਸਖਤ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਧਮਕੀ ਦੇਣ ਵਾਲੇ ਸਿਰਫਿਰੇ ਭਾਜਪਾ ਆਗੂ ਖਿਲਾਫ ਕੋਈ ਕਾਰਵਾਈ ਅਮਲ ਵਿੱਚ ਨਾ ਲਿਆਂਦੀ ਤਾਂ ਭਾਕਿਯੂ (ਲੱਖੋਵਾਲ) ਹੋਰ ਯੂਨੀਅਨਾਂ ਨਾਲ ਮਿਲ ਕੇ ਇੱਕ ਵੱਡਾ ਸੰਘਰਸ਼ ਵਿੱਢੇਗੀ।ਉਨ੍ਹਾਂ ਟਿਕੈਤ ਨੂੰ ਵਿਸ਼ਵਾਸ ਦਿਵਾਇਆ ਕਿ ਪੂਰੇ ਦੇਸ਼ ਦੇ ਕਿਸਾਨ ਤੇ ਸੰਯੁਕਤ ਮੋਰਚੇ ਦੀਆਂ ਸਾਰੀਆਂ ਜਥੇਬੰਦੀਆਂ ਆਗੂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀਆਂ ਹਨ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਹਰਦੀਪ ਸਿੰਘ ਭਰਥਲਾ ਤੇ ਅੰਮ੍ਰਿਤ ਸਿੰਘ ਰਾਜੇਵਾਲ, ਗੁਰਪ੍ਰੀਤ ਸਿੰਘ ਸਾਹਬਾਣਾ ਤਿੰਨੇ ਜ਼ਿਲ੍ਹਾ ਮੀਤ ਪ੍ਰਧਾਨ, ਬੇਅੰਤ ਸਿੰਘ ਤੁਰਮਰੀ ਬਲਾਕ ਪ੍ਰਧਾਨ ਖੰਨਾ, ਦਲਜੀਤ ਸਿੰਘ ਊਰਨਾਂ ਜਨਰਲ ਸਕੱਤਰ ਬਲਾਕ ਮਾਛੀਵਾੜਾ ਸਾਹਿਬ, ਜਤਿੰਦਰ ਸਿੰਘ ਜਿੰਦੂ ਖੋਖਰ ਮੀਤ ਪ੍ਰਧਾਨ ਬਲਾਕ ਚਮਕੌਰ ਸਾਹਿਬ, ਡਾ. ਹਰਬੰਸ ਸਿੰਘ ਰੁਪਾਲੋਂ, ਜਗਤਾਰ ਸਿੰਘ ਮਾਦਪੁਰ ਤੇ ਹਰਪਾਲ ਸਿੰਘ ਬੰਬ ਮੀਤ ਪ੍ਰਧਾਨ ਬਲਾਕ ਸਮਰਾਲਾ ਅਤੇ ਹੋਰ ਬਹੁਤ ਸਾਰੇ ਕਿਸਾਨ ਆਗੂ ਸ਼ਾਮਲ ਸਨ।

# ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਜੰਗੀ ਪੱਧਰ 'ਤੇ ਕੰਮ ਕਰ ਰਹੀ : ਅਮਰਪਾਲ ਸਿੰਘ



**ਸ੍ਰੀ ਹਰਗੋਬਿੰਦਪੁਰ ਸਾਹਿਬ, (ਡਾ. ਮਲਵਿੰਦਰ ਸਿੰਘ)**-ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਤਹਿਤ ਪਿੰਡ ਦਰੋਗਾ, ਪੱਡੇ ਤੇ ਪੇਜੋਚੱਕ 'ਚ ਪ੍ਰੋਗਰਾਮ ਦੌਰਾਨ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਅਤੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਗਿਆ।ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਦੇ ਖਾਤਮੇ ਲਈ ਜੰਗੀ ਪੱਧਰ 'ਤੇ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਰੋਜ਼ ਪੰਜਾਬ ਪੁਲਸ ਨਸ਼ਾ ਤਸਕਰਾਂ ਦੀ ਕਮਰ ਤੋੜ ਰਹੀ ਹੈ ਅਤੇ ਭਾਰੀ ਮਾਤਰਾ ਵਿੱਚ ਨਸ਼ੇ ਬਰਾਮਦ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਪੰਜਾਬ ਨੂੰ ਨਸ਼ਾ ਮੁਕਤ ਬਣਾਇਆ ਜਾਵੇਗਾ।ਇਸ ਮੌਕੇ ਪਿੰਡਾਂ ਦੇ ਪੰਚ, ਸਰਪੰਚ, ਕਮੇਟੀ ਮੈਂਬਰਾਂ ਸਮੇਤ ਪੀ. ਏ. ਰਾਜੂ ਭਿੰਡਰ, ਪੀ. ਏ. ਸੁਖਦੇਵ ਸਿੰਘ ਰੋਮੀ, ਬਾਬਾ ਜਗਦੀਪ ਸਿੰਘ ਭੱਲਾ, ਬਾਬਾ ਅਦਿੱਤਿਆ ਭੱਲਾ, ਸਲਾਹਕਾਰ ਪਰਮਬੀਰ ਸਿੰਘ ਰਾਣਾ ਆਦਿ ਹਾਜ਼ਰ ਸਨ।

# ਦੋ ਹ.ਫਤੇ ਦਾ ਡੇਅਰੀ ਸਿਖਲਾਈ ਕੋਰਸ 26 ਤੋਂ

ਗੁਰਦਾਸਪੁਰ, (ਜਨਕ ਮਹਾਜਨ)- ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰਬਰ 508 ਵਿਖੇ ਮਿਤੀ 23-05-2025 ਤੱਕ ਅਰਜ਼ੀਆਂ ਦੇ ਸਕਦੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ 2 ਹ.ਫਤੇ ਦੀ ਡੇਅਰੀ ਸਿਖਲਾਈ ਮਿਤੀ 26-05-2025 ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ ਜੋ ਘੱਟੋ ਘੱਟ 5ਵੀਂ ਪਾਸ ਹੋਣ,ਉਮਰ 18 ਤੋਂ 55 ਸਾਲ ਦਰਮਿਆਨ ਹੋਵੇ,ਪੇਂਡੂ ਖੇਤਰ ਨਾਲ ਸਬੰਧਿਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਿਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਪ੍ਰਤੀਸ਼ਤ ਜਨਰਲ ਅਤੇ 33 ਪ੍ਰਤੀਸ਼ਤ ਅ.ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ ਲੜਕੀਆਂ ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ,ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫ਼ੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

## ਨੋਟਿਸ ਨਿਲਾਮੀ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਕੂਲ ਆਫ ਐਮੀਨੈਂਸ, ਲਾਡੋਵਾਲੀ ਰੋਡ, ਜਲੰਧਰ ਸਥਿਤ ਖੇਤੀਬਾੜੀ ਫਾਰਮ ਨੂੰ ਸਾਲ 2025-26 ਲਈ ਠੇਕੇ 'ਤੇ ਦੇਣ ਲਈ ਮਿਤੀ 23.05.2025 ਦਿਨ ਸ਼ੁੱਕਰਵਾਰ ਨੂੰ ਸਵੇਰੇ 10.00 ਵਜੇ ਸਕੂਲ ਫਾਰਮ 'ਤੇ ਬੋਲੀ ਹੋ ਰਹੀ ਹੈ। ਚਾਹਵਾਨ ਸੱਜਣ ਬੋਲੀ ਵਿਚ ਹਿੱਸਾ ਲੈ ਕੇ ਲਾਭ ਉਠਾ ਸਕਦੇ ਹਨ। ਬੋਲੀ ਦੀਆਂ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਸਹੀ/- ਪ੍ਰਿੰਸੀਪਲ, ਸਕੂਲ ਆਫ ਐਮੀਨੈਂਸ, ਲਾਡੋਵਾਲੀ ਰੋਡ, ਜਲੰਧਰ।

## PUBLIC NOTICE

I, Harjinder Kaur wife of Sukhwinder Singh R/o Village Khurd, Tehsil Sultanpur Lodhi, District Kapurthala, Punjab, declare that Kanwar Gurleen Singh is my real Son and presently he is residing at Italy. His date of birth 18-01-1999, and place of birth is Khurd, Distt. Kapurthala, Punjab. He is still unmarried and has no spouse living here in India and abroad so far. Kanwar Gurleen Singh is not with is the degree of prohibited relationship with any girl/women of any caste, creed or nationality in India or at abroad with his own choice and will. That my said Son is in need of his marriage ability certificate for the purpose of solemnizing his marriage. I have no objection if my said Son Kanwar Gurleen Singh engages any girl for his marriage as per his own choice and will irrespective of caste and creed anywhere in India or at abroad.

## COURT NOTICE

In The Court of
Ms. Pratima Singla
Additional Civil Judge (Senior Division) Zira
CNR No. PBFZAO-000495-2021
Next Date: 27-05-2025
State Bank Of India
Vs. Ajay Kumar
Publication Issued To:
1. Ajay Kumar S/O Dinesh Kumar Son of Amar Nath
2. Anita Wd/O Dinesh Kumar S/o Amar Nath
3. Preeti D/o Dinesh Kumar S/o Amar Nath
All R/o Ward No. 27 Street No. 8 Green Field Colony Moga.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 27-05-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Zira
Dated, this day of 19-05-2025

## COURT NOTICE

(U/o 5 Rule 20 CPC)
In The Court of
Sh. Mahesh Kumar
Additional Civil Judge (Senior Division), SBS Nagar
CIS: CS/798/2023
CNR No. PBSB02-001210-2023
Next Date:- 25-07-2025
Bank of Baroda
Vs. Mithun Kumar
Suit for recovery
Publication Issued To:
Mithun Kumar S/o Ram Dev Pandit, W.No. 2, Moti Nagar, Garhshankar, District Hoshiarpur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 25-07-2025 at 10:00 a.m.

For details logon to https://highcourtchd.gov.in/?mod=district_notice&district=SBS nagar

Additional Civil Judge (Senior Division) SBS Nagar
Dated, this day of 19-05-2025

## PUBLIC NOTICE

Before the Financial Commissioner Revenue, Punjab,Chandigarh.
R.O.R 193/2021
(Partition), Distt. (Roopnagar)
Satnam Singh Applicant/Petitioner
Versus
Rattan Singh and others Respondents

Public Notice is issued to following:
1. That the above mentioned ROR is pending before this Hon'ble Court and is fixed for 07.03.2025.
2. That since Respondents No.11, 12, 16, 17, 20, 21 died so theirs Lr's were impleaded by this Hon'ble Court.
3. That service of Respondents No. 20,21,18,7,17,16 is left out despite the orders of this Hon'ble Court the respondents have not been duly severed.
4. That for the proper adjudication of the matter it is relevant to mention here that all the respondents are living in Village Beri, Tehsil and District Gurdaspur date as the matter is pending adjudication before this court since 2021
5. That the Petitioner filed this revision petition against the impugned orders dated 28.10.2020 passed by the Ld. Commissioner, Jalandhar, Division Jalandhar, order dated 10.06.2013 passed by the SDM -Cum-Collector, Gurdaspur and order dated 27.07.2012 passed by the Ld. A.C IInd Grade, Kahanuwan, District Gurdaspur.
**ਬੁਢਲਾਡਾ (ਅਸ਼ੋਕ ਲਾਕੜਾ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ਼੍ਰੀ ਬੁੱਧ ਰਾਮ ਨੇ ਬੁਢਲਾਡਾ ਹਲਕੇ ਨਾਲ ਸਬੰਧਤ ਪਿੰਡਾਂ ਗੁਰਨੇ ਕਲਾਂ, ਗੁਰਨੇ ਖੁਰਦ ਤੇ ਹਸਨਪੁਰ ਵਿਖੇ ਨਸ਼ਿਆਂ ਦੇ ਖਾਤਮੇ ਲਈ ਬਣਾਈਆਂ ਰੱਖਿਆ ਕਮੇਟੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਨਸ਼ਿਆਂ ਦਾ ਕੋਹੜ ਜੜ੍ਹੋਂ ਖਤਮ ਕਰਨ ਲਈ ਸਾਨੂੰ ਸਾਰਿਆਂ ਨੂੰ ਸਾਂਝਾ ਹੰਭਲਾ ਮਾਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਉਪਰਾਲਿਆਂ ਸਦਕਾ ਨਸ਼ਿਆਂ ਦਾ ਲੱਕ ਤੋੜ ਕੇ ਰੱਖਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੂੰ ਨਸ਼ੇ ਦੀ ਆਦਤ ਲੱਗ ਗਈ ਹੈ, ਉਨ੍ਹਾਂ ਨੂੰ ਇਲਾਜ ਦੀ ਜ਼ਰੂਰਤ ਹੈ ਅਤੇ ਉਨ੍ਹਾਂ ਦਾ ਸਿਹਤ ਸੰਸਥਾਵਾਂ ਵਿੱਚ ਇਲਾਜ ਕਰਵਾਇਆ ਜਾਵੇਗਾ ਅਤੇ ਇਨ੍ਹਾਂ ਨੌਜਵਾਨਾਂ ਨੂੰ ਨਸ਼ੇ ਦੀ ਆਦਤ ਲਗਾਉਣ ਵਾਲੇ ਨਸ਼ਾ ਤਸਕਰ ਕਿਸੇ ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣਗੇ। ਉਨ੍ਹਾਂ ਪਿੰਡ ਦੀਆਂ ਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਯਕੀਨੀ ਬਣਾਉਣ ਕਿ ਕੋਈ ਵੀ ਬਾਹਰੀ ਜਾਂ ਅੰਦਰੂਨੀ ਵਿਅਕਤੀ ਪਿੰਡਾਂ ਵਿੱਚ ਨਸ਼ਾ ਸਪਲਾਈ ਨਾ ਕਰ ਸਕੇ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਜਿਹੜੇ ਨੌਜਵਾਨ ਨਸ਼ਾ ਕਰ ਰਹੇ ਹਨ, ਉਹ ਨਸ਼ਾ ਛੱਡ ਕੇ ਸਮਾਜ ਦੀ ਮੁੱਖ ਧਾਰਾ ਨਾਲ ਜੁੜਨ। ਵਿਧਾਇਕ ਨੇ ਸਖਤ ਲਹਿਜੇ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਖਿਲਾਫ਼ ਕਰੜਾ ਰੁਖ ਅਪਣਾਇਆ ਹੈ ਤੇ ਤਸਕਰਾਂ ਨੇ ਲੋਕਾਂ ਦੇ ਬੱਚਿਆਂ ਨੂੰ ਨਸ਼ੇ ਦੀ ਦਲਦਲ ਵਿੱਚ ਸੁੱਟ ਕੇ ਜੋ ਨਾਜਾਇਜ਼ ਉਸਾਰੀਆਂ ਕੀਤੀਆਂ ਹਨ, ਉਨ੍ਹਾਂ ਨੂੰ ਢਾਹਿਆ ਜਾ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਨਸ਼ਿਆਂ ਦੀ ਭੈੜੀ ਅਲਾਮਤ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਪਿੰਡਾਂ ਦੇ ਸਰਪੰਚ, ਰੱਖਿਆ ਕਮੇਟੀ ਦੇ ਮੈਂਬਰ ਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਮੋਹਤਵਰ ਵਿਅਕਤੀ ਮੌਜੂਦ ਸਨ।

## ਨਜਾਇਜ਼ ਸ਼ਰਾਬ ਸਣੇ ਔਰਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**- ਥਾਣਾ ਵੈਰੋਕੇ ਦੀ ਪੁਲਸ ਵੱਲੋਂ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇਕ ਔਰਤ ਨੂੰ ਕਾਬੂ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਦਾਣਾ ਮੰਡੀ ਵੈਰੋਕੇ ਵਿਖੇ ਪੁੱਜੇ ਤਾਂ ਮੁਖਬਰ ਖਾਸ ਪਾਸੋਂ ਸੂਚਨਾ ਮਿਲਣ ਉਪਰੰਤ ਪੁਲਸ ਪਾਰਟੀ ਨੇ ਰੇਡ ਕਰਕੇ ਸ਼ਿੰਦੋ ਬਾਈ ਪਤਨੀ ਕੁਲਵੰਤ ਸਿੰਘ ਵਾਸੀ ਚੱਕ ਬਲੋਚਾਂ ਉਰਫ ਮਹਾਲਮ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ, ਜਿਸ 'ਤੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦਾ ਵੱਖ-ਵੱਖ ਸੰਸਥਾਵਾਂ ਵੱਲੋਂ ਸਨਮਾਨ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**- ਡਾ. ਰਾਜੇਸ਼ ਮੋਹਨ ਨੂੰ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਦੇ ਪ੍ਰਿੰਸੀਪਲ ਬਣਨ 'ਤੇ ਵਧਾਈਆਂ ਦਿੰਦੇ ਹੋਏ ਸ਼ਹਿਰ ਫ਼ਰੀਦਕੋਟ ਦੀਆਂ ਵੱਖ-ਵੱਖ ਸੰਸਥਾਵਾਂ ਨੇ ਕਾਲਜ ਵਿਖੇ ਪਹੁੰਚ ਕੇ ਉਨ੍ਹਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਤੇ ਗੁਲਦਸਤੇ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਪ੍ਰੋ. ਮੰਜੂ ਕਪੂਰ ਨੇ ਸਾਰੇ ਮਹਿਮਾਨਾਂ ਨੂੰ ਕਾਲਜ ਵਿਖੇ ਪਹੁੰਚਣ 'ਤੇ 'ਜੀ ਆਇਆਂ' ਆਖਿਆ।ਕਾਲਜ ਦੇ ਪ੍ਰੈੱਸ ਸਕੱਤਰ ਪ੍ਰੋ. ਬੀਰਇੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੱਖ-ਵੱਖ ਸੰਸਥਾਵਾਂ ਦੇ ਮੈਂਬਰਾਂ ਨੇ ਕੇਕ ਕੱਟ ਕੇ ਪ੍ਰਿੰਸੀਪਲ ਸਾਹਿਬ ਨੂੰ ਵਧਾਈਆਂ ਦਿੱਤੀਆਂ।ਪ੍ਰੋ. ਦਲਬੀਰ ਸਿੰਘ (ਸੇਵਾ-ਮੁਕਤ ਪ੍ਰਿੰਸੀਪਲ) ਨੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦੀ ਸ਼ਖ਼ਸੀਅਤ ਬਾਰੇ ਚਾਨਣਾ ਪਾਉਂਦੇ ਕਿਹਾ ਕਿ ਪ੍ਰਿੰਸੀਪਲ ਸਾਹਿਬ ਨੇ ਅਧਿਆਪਨ ਖ਼ੇਤਰ ਵਿੱਚ ਬਹੁਤ ਸ਼ਲਾਘਾਯੋਗ ਕੰਮ ਕੀਤੇ ਹਨ।ਉਨ੍ਹਾਂ ਦੇ ਯਤਨਾਂ ਸਦਕਾ ਸਰਕਾਰੀ ਬਰਜਿੰਦਰਾ ਕਾਲਜ ਫ਼ਰੀਦਕੋਟ ਵਿਖੇ ਸੰਗੀਤ ਵਿਸ਼ੇ ਦੀ ਐੱਮ. ਏ. ਸ਼ੁਰੂ ਹੋਈ।ਉਨ੍ਹਾਂ ਦੇ ਪੜ੍ਹਾਏ ਹੋਏ ਵਿਦਿਆਰਥੀ ਦੇਸ-ਵਿਦੇਸ਼ ਵਿੱਚ ਸੰਗੀਤ ਵਿੱਚ ਨਾਮ ਕਮਾ ਰਹੇ ਹਨ।ਉੱਘੇ ਸਮਾਜ ਸੇਵੀ ਪ੍ਰਵੀਨ ਕਾਲਾ ਤੇ ਦਵਿੰਦਰ ਸਿੰਘ (ਰੋਟਰੀ ਕਲੱਬ) ਨੇ ਡਾ. ਰਾਜੇਸ਼ ਮੋਹਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਆਪਣੇ ਸੰਬੋਧਨ ਦੌਰਾਨ ਸੰਸਥਾਵਾਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਕਾਲਜ ਲਈ ਆਪਣਾ ਬਣਦਾ ਯੋਗਦਾਨ ਜ਼ਰੂਰ ਪਾਉਣ। ਅੰਤ ਵਿੱਚ ਪ੍ਰੋ. ਸੰਦੀਪ ਸਿੰਘ ਤੇ ਪ੍ਰੋ. ਰਣਜੀਤ ਸਿੰਘ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰੋ. ਐੱਨ. ਕੇ. ਗੁਪਤਾ (ਸੀਨੀਅਰ ਸਿਟੀਜ਼ਨ), ਅਸ਼ੋਕ ਜੈਨ (ਸ੍ਰੀ ਰਾਮ ਬਾਗ ਕਮੇਟੀ), ਲੇਖ ਰਾਜ (ਪ੍ਰਧਾਨ, ਗਊਸ਼ਾਲਾ), ਚਿਤਰੰਜਨ ਗਾਬਾ (ਸਹਾਰਾ ਸੇਵਾ ਸੁਸਾਇਟੀ), ਪ੍ਰੇਮ ਖਰਬੰਦਾ (ਸਹਾਰਾ ਸੇਵਾ ਸੁਸਾਇਟੀ), ਅਸ਼ੋਕ ਭਟਨਾਗਰ (ਮਹਾਂਕਾਲ ਸਵਰਗ ਧਾਮ ਸੇਵਾ ਸੁਸਾਇਟੀ), ਬਲਜੀਤ ਸ਼ਰਮਾ (ਨੈਸ਼ਨਲ ਯੂਥ ਕਲੱਬ), ਰਜਿੰਦਰ ਦਾਸ ਰਿੰਕੂ (ਸ੍ਰੀ ਚੰਦ ਸੇਵਾ ਸੁਸਾਇਟੀ), ਸਤੀਸ਼ ਬਾਗੀ (ਸਮਾਜ ਸੇਵੀ), ਹਰਮਿੰਦਰ ਮਿੰਦਾ (ਲਾਇਨਜ਼ ਕਲੱਬ) ਆਦਿ ਹਾਜ਼ਰ ਸਨ।

## ਮਾਤਾ ਸੁੰਦਰੀ ਇੰਸਟੀਚਿਊਟ ਢੱਡਾ ਵਿਖੇ ਨਰਸਿੰਗ ਡੇਅ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਲੜਕੀਆਂ ਦੀ ਉੱਚ-ਸਿੱਖਿਆ ਲਈ ਵਰਦਾਨ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨ ਢੱਡੇ ਦੀ ਇਕਾਈ ਮਾਤਾ ਸੁੰਦਰੀ ਨਰਸਿੰਗ ਇੰਸਟੀਚਿਊਟ ਆਫ਼ ਢੱਡੇ ਵਿਖੇ ਨਰਸਿੰਗ ਡੇਅ ਮਨਾਇਆ ਗਿਆ।ਇਸ ਮੌਕੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐੱਮ ਡੀ ਗੁਰਬਿੰਦਰ ਸਿੰਘ ਬੱਲੀ, ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਵਿਸ਼ੇਸ਼ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਤੇ ਐੱਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਜਾਣਕਾਰੀ ਦਿੰਦੇ ਇਸ ਦਿਨ ਦੇ ਪਿਛੋਕੜ ਬਾਰੇ ਚਾਨਣਾ ਪਾਇਆ ਕਿ ਫਲੋਰੈਂਸ ਨਾਇਟਿੰਗੇਲ, ਜੋ ਕਿ ਪਹਿਲੀ ਨਰਸ ਸੀ, ਜਿਸ ਨੂੰ ਲੇਡੀ ਵਿਦ ਦਾ ਲੈਂਪ ਦੇ ਨਾਮ ਨਾਲ ਜਾਣਿਆ ਜਾਂਦਾ ਹੈ, ਨੇ ਨਰਸਿੰਗ ਕਿੱਤੇ ਦੀ ਸ਼ੁਰੂਆਤ ਕੀਤੀ ਸੀ।

ਇਸ ਤੋਂ ਬਾਅਦ ਹੀ ਕਈ ਨਰਸਿੰਗ ਕਾਲਜ ਖੁੱਲ੍ਹੇ ਤੇ ਲੜਕੀਆਂ ਅੱਗੇ ਵਧ ਕੇ ਇਸ ਕੋਰਸ ਵਿੱਚ ਭਾਗ ਲੈਣ ਲੱਗੀਆਂ।ਸੰਸਥਾ ਦੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਨਰਸਿੰਗ ਦਾ ਕੋਰਸ ਕਰਕੇ ਵਿਦਿਆਰਥੀ ਦੇਸ਼ਾਂ ਵਿਦੇਸ਼ਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ, ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ, ਕੌਨਵੈਂਟ ਸਕੂਲ ਦੇ ਪ੍ਰਿੰਸੀਪਲ ਕਨਵਰਦੀਪ ਸਿੰਘ ਗਿੱਲ, ਨਰਸਿੰਗ ਵਿਭਾਗ ਦੇ ਮੁੱਖੀ ਮੈਡਮ ਰਾਜਵੀਰ ਕੌਰ, ਪ੍ਰੋ. ਸੁਖਵੀਰ ਕੌਰ, ਪ੍ਰੋ. ਪੁਸ਼ਵਿੰਦਰ ਕੌਰ, ਪ੍ਰੋ. ਸੰਦੀਪ ਤੇ ਪ੍ਰੋ. ਸ਼ਿਮਲਾ ਕੌਰ ਆਦਿ ਸਮੂਹ ਵਿਦਿਆਰਥੀ ਸ਼ਾਮਲ ਸਨ।ਨਰਸਿੰਗ ਵਿਭਾਗ ਦੇ ਸਾਰੇ ਵਿਦਿਆਰਥੀਆਂ ਵੱਲੋਂ ਨਰਸਿੰਗ ਦੇ ਕਿੱਤੇ ਨੂੰ ਪੂਰੀ ਇਮਾਨਦਾਰੀ ਨਾਲ ਅਪਣਾਉਣ ਦੀ ਕਸਮ ਵੀ ਖਾਧੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਰਵਿੰਦਰ ਕੁਮਾਰ, ਪ੍ਰੋ. ਰਾਜਵਿੰਦਰ ਸਿੰਘ, ਪ੍ਰੋ. ਹਰਸ਼ ਰਾਣੀ, ਪ੍ਰੋ. ਰਣਜੀਤ ਕੌਰ, ਪ੍ਰੋ. ਰਾਜਬਿੰਦਰ ਕੌਰ, ਪ੍ਰੋ. ਵੀਰਇੰਦਰ ਕੌਰ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਜਗਜੀਤ ਸਿੰਘ, ਪ੍ਰੋ. ਅਰਸ਼ਦੀਪ ਕੌਰ, ਪ੍ਰੋ. ਹਰਮਨਦੀਪ ਕੌਰ, ਪ੍ਰੋ. ਅੰਗਰੇਜ਼ ਸਿੰਘ (ਐੱਨ.ਐੱਸ.ਐੱਸ. ਕੋਆਰਡੀਨੇਟਰ), ਪ੍ਰੋ. ਅਮਨਦੀਪ ਕੌਰ, ਪ੍ਰੋ. ਜਸਵਿੰਦਰ ਕੌਰ, ਪ੍ਰੋ. ਰੁਪਿੰਦਰ ਕੌਰ, ਪ੍ਰੋ. ਮਨਿੰਦਰਪ੍ਰੀਤ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਕਿਰਨ ਖਾਨ, ਪ੍ਰੋ. ਜਗਜੀਤ ਸਿੰਘ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਗਗਨਦੀਪ ਕੌਰ, ਪ੍ਰੋ. ਕਿਰਨ ਜੋਤ, ਪ੍ਰੋ. ਕਿਰਨਜੀਤ ਕੌਰ, ਪ੍ਰੋ. ਅਮਨਦੀਪ ਕੌਰ (ਕਾਮਰਸ ਵਿਭਾਗ) ਤੇ ਸਮੂਹ ਸਟਾਫ਼ ਹਾਜ਼ਰ ਸੀ।

## ਨਿਹਾਰ ਆਨੰਦ ਨੇ 96% ਅੰਕ ਪ੍ਰਾਪਤ ਕਰਕੇ ਕੀਤਾ ਪਰਵਾਰ ਦਾ ਨਾਂਅ ਰੌਸ਼ਨ



**ਦੋਰਾਹਾ (ਹਰਮਿੰਦਰ ਸੇਠ)**-ਸਮਾਜ ਸੇਵਕ ਪੰਜਾਬ ਡੈਂਟਲ ਐਸੋਸੀਏਸ਼ਨ ਦੇ ਸੀਨੀਅਰ ਮੈਂਬਰ ਹਿੰਦੂ ਧਰਮਸ਼ਾਲਾ ਦੇ ਪ੍ਰਧਾਨ ਡਾ. ਜੇ ਐੱਲ ਆਨੰਦ ਦੇ ਪੋਤੇ ਤੇ ਸੀਨੀਅਰ ਡਾ. ਨਰੇਸ਼ ਆਨੰਦ ਤੇ ਡਾ.ਸ਼ਾਲੂ ਆਨੰਦ ਦੇ ਹੋਣਹਾਰ ਸਪੁੱਤਰ ਨਿਹਾਰ ਆਨੰਦ ਨੇ ਸੀ.ਬੀ ਐਸ.ਸੀ ਬੋਰਡ ਵਲੋਂ ਐਲਾਨੇ +2 ਕਲਾਸ ਸਾਇੰਸ ਗਰੁੱਪ ਵਿੱਚੋਂ 96% ਨੰਬਰ ਪ੍ਰਾਪਤ ਪ੍ਰਾਪਤ ਕਰਕੇ ਮਹਿਤਾ ਗੁਰੂਕੁਲ ਪਬਲਿਕ ਸਕੂਲ ਦੇ ਵਿਦਿਆਰਥੀ ਵਜੋਂ ਦੋਰਾਹਾ ਸ਼ਹਿਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ, ਸ਼ਹਿਰ ਤੇ ਪਰਿਵਾਰ ਦਾ ਨਾਂਅ ਰੌਸ਼ਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਜੇ ਐੱਲ ਆਨੰਦ, ਡਾ. ਨਰੇਸ਼ ਆਨੰਦ, ਡਾ. ਸ਼ਾਲੂ ਆਨੰਦ, ਡਾ. ਹਰੀਸ਼ ਆਨੰਦ (ਯੂ.ਕੇ), ਪੱਤਰਕਾਰ ਅਮਰੀਸ਼ ਆਨੰਦ ਕਰਿਆਨਾ ਯੂਨੀਅਨ ਦੇ ਕੈਸ਼ੀਅਰ ਸੁਰੇਸ਼ ਆਨੰਦ, ਸੁਦਰਸ਼ਨ ਆਨੰਦ, ਅਵਨੀਤ ਆਨੰਦ ਨੇ ਨਿਹਾਰ ਆਨੰਦ ਸਫ਼ਲਤਾ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ.— 15-2025-26-ADEN-JRC    ਤਾਰੀਕ:19.05.2025

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 10.06.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ ਬੇਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 16.05.2025 | 27.05.2025 | 10.06.2025 15:00 ਵਜੇ |

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 15-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਸ਼ਹਿਰ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਸ਼ਹਿਰ ਦੇ ਨਵੇਂ ਬਣੇ ਅਹੁਦੇ ਦੇ ਲਈ ਨਵੇਂ ਦਫਤਰ ਭਵਨ ਦੀ ਉਸਾਰੀ। |

| ਵਿਗਿਆਪਨ ਮੁਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 1,08,55,869.21/- | 2,04,300.00/- | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ : "ਭਵਨ/ਕਵਾਟਰ ਦੀ ਉਸਾਰੀ"।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ version ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1469/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਲਗਾਤਾਰ ਰਹਿੰਦਾ ਹਾਈ ਬੀ ਪੀ ਜੀਵਨ ਲਈ ਘਾਤਕ ਹੋ ਸਕਦੈ : ਡਾ. ਨਵਪ੍ਰੀਤ ਕੌਰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਸਿਵਲ ਸਰਜਨ ਹੁਸ਼ਿਆਰਪੁਰ ਡਾ.ਪਵਨ ਕੁਮਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਹਾਰਟਾ ਬਡਲਾ ਅਧੀਨ ਅਉਂਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਵਿਖੇ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਇਆ ਅਤੇ ਆਮ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕੀਤਾ।ਸੀ.ਐਚ.ਸੀ ਹਾਰਟਾ ਬਡਲਾ ਵਿਖੇ ਤਾਇਨਾਤ ਡਾ.ਨਵਪ੍ਰੀਤ ਕੌਰ ਨੇ ਕਿਹਾ ਕਿ ਹਾਈਪਰਟੈਂਸ਼ਨ ਦਿਵਸ ਮਨਾਉਣ ਦਾ ਮੁੱਖ ਮੰਤਵ ਹਾਈ ਬੱਲਡ ਪ੍ਰੈਸ਼ਰ ਬਾਰੇ ਲੋਕਾਂ ਨੂੰ ਜਾਗਰੂਕ ਕਰਕੇ ਉਨਾਂ ਆਪਣੇ ਬੱਲਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪਣ ਅਤੇ ਕੰਟਰੋਲ ਕਰਨ ਸੰਬੰਧੀ ਜਾਣਕਾਰੀ ਦੇਣਾ ਹੈ ਤਾਂ ਕਿ ਉਹ ਲੰਬੇ ਸਮੇਂ ਤੱਕ ਜੀਅ ਸਕਣ। ਇਸ ਸਾਲ ਦਾ ਥੀਮ ਵੀ 'ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਕੰਟਰੋਲ ਕਰੋ, ਲੰਬੇ ਸਮੇਂ ਤੱਕ ਜੀਓ' ਰੱਖਿਆ ਗਿਆ ਹੈ। ਉਨਾਂ ਦੱਸਿਆ ਕਿ ਸਾਡੀ ਬਦਲਦੀ ਹੋਈ ਜੀਵਨ ਸ਼ੈਲੀ ਵੀ ਕਿਸੇ ਹੱਦ ਤੱਕ ਇਸ ਬੀਮਾਰੀ 'ਚ ਵਾਧਾ ਕਰ ਰਹੀ ਹੈ। ਉਨਾਂ ਕਿਹਾ ਕਿ ਜਦੋਂ ਲਹੂ ਦੀਆਂ ਨਾੜੀਆਂ ਵਿੱਚ ਲਹੂ ਆਮ ਨਾਲੋਂ ਜਿਆਦਾ ਦਬਾਅ ਨਾਲ ਸੰਚਾਰਿਤ ਹੁੰਦਾ ਹੈ ਤਾਂ ਉਸ ਨੂੰ ਹਾਈ ਬੱਲਡ ਪ੍ਰੈਸ਼ਰ ਜਾਂ ਹਾਈਪਰਟੈਂਸ਼ਨ ਕਹਿੰਦੇ ਹਨ। ਇਸ ਕਾਰਨ ਦਿਲ ਨੂੰ ਲਹੂ ਦੀਆਂ ਨਾੜੀਆਂ ਨੂੰ ਸੰਚਾਰਿਤ ਕਰਨ ਲਈ ਜ਼ਿਆਦਾ ਕੰਮ ਕਰਨਾ ਪੈਂਦਾ ਹੈ ਜਿਸ ਨਾਲ ਦਿਲ ਉਤੇ ਜ਼ਿਆਦਾ ਦਬਾਅ ਪੈਂਦਾ ਜੋ ਕਿ ਸਿਹਤ ਲਈ ਹਾਨੀਕਾਰਕ ਹੈ। ਇਸ ਨੂੰ ਸਾਈਲੈਂਟ ਕਿੱਲਰ ਵੀ ਕਿਹਾ ਜਾਂਦਾ ਹੈ,ਕਿਉਂਕਿ ਇਹ ਬਿਨਾਂ ਕਿਸੇ ਚੇਤਾਵਨੀ ਦੇ ਸੰਕੇਤ ਜਾਂ ਲੱਛਣ ਤੋਂ ਹੁੰਦਾ ਹੈ।ਇਹੋ ਕਾਰਣ ਹੈ ਕਿ 30 ਸਾਲ ਅਤੇ ਇਸ ਤੋਂ ਉਪਰ ਦੀ ਉਮਰ ਦੇ ਸਾਰੇ ਵਿਅਕਤੀਆਂ ਨੂੰ ਸਾਲ ਵਿੱਚ ਘੱਟੋ ਘੱਟ ਇੱਕ ਵਾਰ ਜ਼ਰੂਰ ਆਪਣੇ ਬੀ.ਪੀ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨਾਂ ਕਿਹਾ ਕਿ ਜੇ ਹਾਈ ਬੀ.ਪੀ ਤੇ ਕੰਟਰੋਲ ਨਹੀਂ ਕੀਤਾ ਜਾਂਦਾ ਤਾਂ ਇਸ ਨਾਲ ਲਹੂ ਦੀਆਂ ਨਾੜੀਆਂ, ਦਿਲ ਅਤੇ ਸਰੀਰ ਦੇ ਦੂਜੇ ਅੰਗਾਂ ਜਿਵੇਂ ਦਿਮਾਗ,ਗੁਰਦੇ ਅਤੇ ਅੱਖਾਂ ਨੂੰ ਨੁਕਸਾਨ ਪਹੁੰਚ ਸਕਦਾ ਹੈ।ਉਨਾਂ ਕਿਹਾ ਕਿ ਲਗਾਤਾਰ ਰਹਿੰਦਾ ਹਾਈ ਬੀ.ਪੀ ਜੀਵਨ ਲਈ ਘਾਤਕ ਹੋ ਸਕਦਾ ਹੈ ਅਤੇ ਇਸ ਨਾਲ ਦਿਲ ਦੀਆਂ ਬੀਮਾਰੀਆਂ, ਲਕਵਾ, ਸ਼ੂਗਰ, ਗੁਰਦੇ ਆਦਿ ਦੇ ਰੋਗ ਹੋ ਸਕਦੇ ਹਨ।ਬਲਾਕ ਦੇ ਬੀ.ਈ.ਈ ਅਮਨਦੀਪ ਸਿੰਘ ਨੇ ਦੱਸਿਆ ਕਿ ਹਾਈਪਰਟੈਂਸ਼ਨ ਦੇ ਕਈ ਕਾਰਨ ਹੋਰ ਵੀ ਸਕਦੇ ਹਨ ਜਿਵੇਂ ਜਿਹਨਾਂ ਦੇ ਪਰਵਾਰ ਵਿੱਚ ਬੀ.ਪੀ ਦਾ ਕੋਈ ਇਤਿਹਾਸ ਰਿਹਾ ਹੋਵੇ ਜਾਂ ਇਸ ਤੋਂ ਇਲਾਵਾ ਗੈਰ-ਸਿਹਤਮੰਦ ਆਹਾਰ ਦੀਆਂ ਆਦਤਾਂ ਖਾਸ ਕਰਕੇ ਤੇਜ਼ ਨਮਕ, ਤਲੀਆਂ ਹੋਈਆਂ ਚੀਜ਼ਾਂ, ਚਰਬੀ ਦੀ ਜ਼ਿਆਦਾ ਵਰਤੋਂ, ਸਰੀਰਕ ਸਰਗਰਮੀ ਕਸਰਤ ਨਾ ਕਰਨਾ, ਮੋਟਾਪਾ, ਦਿਮਾਗੀ ਪਰੇਸ਼ਾਨੀ ਅਤੇ ਕਿਸੇ ਵੀ ਪ੍ਰਕਾਰ ਨਾਲ ਤੰਬਾਕੂ ਆਦਿ ਦੀ ਵਰਤੋਂ ਕਰਨੀ।



# ਕੜਕਦੀ ਧੁੱਪ 'ਚ ਘੇਰਿਆ ਬੀ ਡੀ ਪੀ ਓ ਦਾ ਦਫਤਰ

## ● ਮਨਰੇਗਾ ਨੂੰ ਸਹੀ ਢੰਗ ਨਾਲ ਲਾਗੂ ਨਾ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਹੋਵੇਗਾ ਜ਼ੋਰਦਾਰ ਸੰਘਰਸ਼ : ਰਾਣਾ




**ਨਵਾਂਸ਼ਹਿਰ, ਬਲਾਚੌਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਜਸਵਿੰਦਰ ਬੈਂਸ)**- ਮੰਗਲਵਾਰ ਮਨਰੇਗਾ ਅਧਿਕਾਰ ਅੰਦੋਲਨ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਵੱਲੋਂ ਬੀ ਡੀ ਪੀ ਓ ਦਫਤਰ ਨਵਾਂਸ਼ਹਿਰ ਦਾ ਘਿਰਾਓ ਕੀਤਾ ਗਿਆ ਅਤੇ ਰੋਸ ਧਰਨਾ ਦਿੱਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਰਤੀਆਂ ਨੇ ਹਿੱਸਾ ਲਿਆ। ਧਰਨੇ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਪ੍ਰਧਾਨ ਭਾਈ ਲਾਲੋ ਲੋਕ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਕਿਹਾ ਕਿ ਮਨਰੇਗਾ ਐਕਟ ਨੂੰ ਅਧਿਕਾਰੀ ਸਹੀ ਢੰਗ ਨਾਲ ਲਾਗੂ ਨਹੀਂ ਕਰਦੇ, ਸਿੱਟੇ ਵਜੋਂ ਕਿਰਤੀਆਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ। ਇਸੇ ਕਾਰਨ ਕਿਰਤੀਆਂ ਵਿੱਚ ਰੋਸ ਹੈ। ਉਹਨਾਂ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਜਥੇਬੰਦੀ ਦੇ ਆਗੂਆਂ ਨਾਲ ਬੈਠ ਕੇ ਕਿਰਤੀਆਂ ਦੀਆਂ ਮੰਗਾਂ ਮੁਸ਼ਕਲਾਂ 'ਤੇ ਵਿਚਾਰ ਚਰਚਾ ਕੀਤੀ ਜਾਵੇ ਅਤੇ ਇਹਨਾਂ ਨੂੰ ਹੱਲ ਕੀਤਾ ਜਾਵੇ। ਉਹਨਾਂ ਸਪੱਸ਼ਟ ਕਿਹਾ ਕਿ ਮਨਰੇਗਾ ਨੂੰ ਲਾਗੂ ਕਰਨ ਵਿੱਚ ਕਤਾਹੀ ਵਰਤਣ ਵਾਲੇ ਅਧਿਕਾਰੀਆਂ ਖਿਲਾਫ ਸੰਘਰਸ਼ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਪਰਮਿੰਦਰ ਬੈਂਸ ਜ਼ਿਲ੍ਹਾ ਪ੍ਰਧਾਨ ਸੁਰਜੀਤ ਮਲਪੁਰੀ ਜ਼ਿਲ੍ਹਾ ਸਕੱਤਰ ਅਤੇ ਮਨੋਹਰ ਲਾਲ ਟੌਂਸਾ ਨੇ ਮੰਗ ਕੀਤੀ ਕਿ ਕਿਰਤੀਆਂ ਵੱਲੋਂ ਕੀਤੇ ਕੰਮ ਦੀ ਉਜਰਤ 15 ਦਿਨਾਂ ਦੇ ਵਿੱਚ ਵਿੱਚ ਕੀਤੀ ਜਾਵੇ, ਕੰਮ ਕਰ ਰਹੇ ਮੇਟਾਂ ਨੂੰ ਕੰਮ ਤੋਂ ਨਾ ਹਟਾਇਆ ਜਾਵੇ, ਲੋਕੇਸ਼ਨ ਹਾਜ਼ਰੀ ਸਿਸਟਮ ਬੰਦ ਕੀਤਾ ਜਾਵੇ, ਕਿਰਤੀਆਂ ਦੀ ਉਜਰਤ 700 ਰੁਪਏ ਪ੍ਰਤੀ ਦਿਹਾੜੀ ਅਤੇ ਲੋੜਵੰਦਾਂ ਨੂੰ ਸਾਲ ਵਿੱਚ 200 ਦਿਨ ਦਾ ਕੰਮ ਦਿੱਤਾ ਜਾਵੇ। ਉਹਨਾਂ ਮੰਗ ਕੀਤੀ ਕਿ ਕਿਰਤੀਆਂ ਦਾ ਮਾਣ ਸਨਮਾਨ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਇਸੇ ਤਰ੍ਹਾਂ ਪੰਜ ਛੋਟੇ ਬੱਚਿਆਂ ਦੀ ਦੇਖਭਾਲ ਲਈ ਇੱਕ ਕਿਰਤੀ ਨਿਯੁਕਤ ਕੀਤਾ ਜਾਵੇ ਅਤੇ ਕੰਮ ਵਾਲੀ ਥਾਂ 'ਤੇ ਫਸਟ ਏਡ ਬਾਕਸ ਦਾ ਬੰਦੋਬਸਤ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲਾ ਦੇਵੀ, ਕੋਮਲ ਰਾਣੀ, ਪਿਆਰਾ ਲਾਲ ਮੰਗੂਵਾਲ, ਪ੍ਰਤਾਪ ਸਿੰਘ ਰਾਣਾ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਪੰਜਾਬ ਦੀਆਂ ਤਿੰਨ ਖਿਡਾਰਨਾਂ ਦੀ ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਲਈ ਚੋਣ

**ਜਲੰਧਰ (ਸ਼ੈਲੀ ਐਲਬਰਟ)** ਪੰਜਾਬ ਦੀਆਂ ਤਿੰਨ ਖਿਡਾਰਨਾਂ ਦੀ ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਲਈ ਚੋਣ ਕੀਤੀ ਗਈ ਹੈ। ਹਾਕੀ ਪੰਜਾਬ ਦੇ ਪ੍ਰਧਾਨ ਨਿਤਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਨੇ ਦੱਸਿਆ ਕਿ ਹਾਕੀ ਇੰਡੀਆ ਵਲੋਂ ਅਰਜਨਟੀਨਾ ਵਿਖੇ 25 ਮਈ ਤੋਂ 2 ਜੂਨ ਤੱਕ ਹੋਣ ਵਾਲੇ ਚਾਰ ਦੇਸ਼ਾਂ ਦੇ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀ 24 ਮੈਂਬਰੀ ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਦਾ ਐਲਾਨ ਕੀਤਾ ਗਿਆ ਹੈ। ਹਾਕੀ ਪੰਜਾਬ ਦੀਆਂ ਤਿੰਨ ਖਿਡਾਰਣਾਂ, ਕਰਮਨਪ੍ਰੀਤ ਕੌਰ, ਸੁਖਵੀਰ ਕੌਰ ਅਤੇ ਪ੍ਰਿੰਅਕਾ ਡੋਗਰਾ ਦੀ ਚੋਣ ਇਸ ਟੀਮ ਲਈ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕਾਫੀ ਸਾਲਾਂ ਤੋਂ ਬਾਅਦ ਪੰਜਾਬ ਦੀਆਂ ਤਿੰਨ ਖਿਡਾਰਣਾਂ ਭਾਰਤੀ ਮਹਿਲਾ ਹਾਕੀ ਟੀਮ ਦਾ ਹਿੱਸਾ ਬਣੀਆਂ ਹਨ। ਸੁਖਵੀਰ ਕੌਰ ਬਠਿੰਡਾ, ਕਰਮਨਪ੍ਰੀਤ ਕੌਰ ਜ਼ਿਲ੍ਹਾ ਤਰਨਤਾਰਨ ਦੀ ਅਤੇ ਪ੍ਰਿੰਅਕਾ ਡੋਗਰਾ ਜ਼ਿਲ੍ਹਾ ਪਟਿਆਲਾ ਦੀ ਰਹਿਣ ਵਾਲੀ ਹੈ। ਇਸ ਟੂਰਨਾਮੈਂਟ ਵਿੱਚ ਅਰਜਨਟੀਨਾ, ਭਾਰਤ ਤੋਂ ਇਲਾਵਾ ਚਿਲੀ ਅਤੇ ਓਰਗੁਏ ਦੀਆਂ ਟੀਮਾਂ ਵੀ ਭਾਗ ਲੈਣਗੀਆਂ। ਭਾਰਤੀ ਮਹਿਲਾ ਹਾਕੀ ਟੀਮ ਦਾ ਪਹਿਲਾ ਮੁਕਾਬਲਾ ਚਿਲੀ ਨਾਲ 25 ਮਈ ਨੂੰ ਹੋਵੇਗਾ।



# ਖ਼ਾਲਸਾ ਕਾਲਜ 'ਚ ਫੁੱਟਬਾਲ ਖਿਡਾਰੀਆਂ ਦੇ ਟਰਾਇਲ ਕਰਵਾਏ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਦੇਖ-ਰੇਖ ਹੇਠ ਵਿਦਿਅਕ ਸੈਸ਼ਨ 2025-26 ਦੀ ਫੁੱਟਬਾਲ ਟੀਮ ਦੀ ਚੋਣ ਲਈ ਖਿਡਾਰੀਆਂ ਦੇ ਟਰਾਇਲ ਕਰਵਾਏ ਗਏ। ਇਸ ਮੌਕੇ 100 ਦੇ ਕਰੀਬ ਫੁੱਟਬਾਲ ਖਿਡਾਰੀਆਂ ਨੇ ਟਰਾਇਲ ਵਿਚ ਹਿੱਸਾ ਲਿਆ, ਜਿਨ੍ਹਾਂ ਵਿਚੋਂ 30 ਖਿਡਾਰੀਆਂ ਦੀ ਟੀਮ ਲਈ ਚੋਣ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਫੁੱਟਬਾਲ ਖਿਡਾਰੀਆਂ ਨੂੰ ਆਪਣੇ ਵਿਚ ਖੇਡ ਭਾਵਨਾ ਕਾਇਮ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਫੁੱਟਬਾਲ ਕੋਚ ਹਰਦੀਪ ਸਿੰਘ ਗਿੱਲ ਨੇ ਖਿਡਾਰੀਆਂ ਨੇ ਖੇਡ ਤਕਨੀਕ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕਾਲਜ ਦੀ ਸਪੋਰਟਸ ਕਮੇਟੀ ਵਲੋਂ ਕਨਵੀਨਰ ਡਾ. ਅਰਵਿੰਦਰ ਸਿੰਘ ਅਰੋੜਾ, ਡਾ. ਹਰਵਿੰਦਰ ਕੌਰ, ਡਾ. ਅਰਵਿੰਦਰ ਕੌਰ, ਸੁਪਰਡੈਂਟ ਪਰਮਿੰਦਰ ਸਿੰਘ ਤੇ ਹੋਰ ਹਾਜ਼ਰ ਹੋਏ।

# ਉੱਘੀਆਂ ਸ਼ਖਸੀਅਤਾਂ ਦਾ ਖਾਲਸਾ ਕਾਲਜ ਪੁੱਜਣ 'ਤੇ ਸਨਮਾਨ



**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਪੰਜਾਬੀ ਸਾਹਿਤ ਦੇ ਪ੍ਰਬੰਧਕ ਮਾਸਟਰ ਅਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜਿਨ੍ਹਾਂ ਦਾ ਕਾਲਜ ਪਹੁੰਚਣ 'ਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਇੰਜੀ. ਹਰਨਿਆਮਤ ਕੌਰ ਅਤੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ । ਇਸ ਦੌਰਾਨ ਕਾਲਜ ਦੇ ਪੁਰਾਣੇ ਵਿਦਿਆਰਥੀ, ਸਾਹਿਤ ਪ੍ਰੇਮੀ ਤੇ ਕਾਲਜ ਐਲੂਮਨੀ ਐਸੋਸੀਏਸ਼ਨ ਦੇ ਮੈਂਬਰ ਮੁਖਤਿਆਰ ਸਿੰਘ ਚੰਦੀ ਦਾ ਵੀ ਕਾਲਜ ਪਹੁੰਚਣ 'ਤੇ ਸਵਾਗਤ ਕੀਤਾ ਗਿਆ । ਉੱਘੇ ਸਾਹਿਤਕਾਰ ਮਾਸਟਰ ਅਜੀਤ ਸਿੰਘ ਨੇ ਆਪਣੀਆਂ ਲਿਖੀਆਂ ਪੁਸਤਕਾਂ ਤੋਹਫੇ ਵਜੋਂ ਕਾਲਜ ਦੀ ਲਾਇਬ੍ਰੇਰੀ ਨੂੰ ਭੇਟ ਕੀਤੀਆਂ। ਇਸ ਖ਼ੂਬਸੂਰਤ ਤੋਹਫੇ ਲਈ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀ. ਸਵਰਨ ਸਿੰਘ ਅਤੇ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਪ੍ਰੋ. ਮਨੀ ਛਾਬੜਾ, ਸੁਪਰਡੈਂਟ ਅਮਰੀਕ ਸਿੰਘ ਆਦਿ ਹਾਜਰ ਸਨ ।

# ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਸਭ ਦਾ ਸਹਿਯੋਗ ਜ਼ਰੂਰੀ : ਐਸ ਐਮ ਓ

**ਬਲਾਚੌਰ (ਜਸਵਿੰਦਰ ਬੈਂਸ)**—ਪੰਜਾਬ ਸਰਕਾਰ ਦੀ ਪਹਿਲਕਦਮੀ 'ਨਸ਼ਾ ਮੁਕਤੀ ਯਾਤਰਾ' ਤਹਿਤ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਨਸ਼ਿਆਂ ਦੇ ਖ਼ਾਤਮੇ ਲਈ ਸਮੂਹਿਕ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। ਓਟ ਸੈਂਟਰ ਵਿਖੇ ਡਾ. ਮਾਨ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਉਦੇਸ਼ ਨਸ਼ੇ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇੱਕ ਸਿਹਤਮੰਦ, ਨਸ਼ਾ ਮੁਕਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਸ ਨਸ਼ੇ ਦੇ ਖ਼ਾਤਮੇ ਲਈ ਨਸ਼ਾ ਮੁਕਤੀ ਕੇਂਦਰ ਨੂੰ ਸਫ਼ਲਤਾਪੂਰਵਕ ਢੰਗ ਨਾਲ਼ ਚਲਾਇਆ ਜਾ ਰਿਹਾ ਹੈ ਅਤੇ ਕੇਂਦਰ ਵਿਚ ਇਲਾਜ ਦੇ ਨਾਲ ਨਾਲ ਮਾਹਿਰ ਕਾਊਂਸਲਰ ਵੱਲੋਂ ਕਾਊਂਸਲਿੰਗ ਕੀਤੀ ਜਾਂਦੀ ਹੈ ਤਾਂ ਜੋ ਮਰੀਜ ਨਸ਼ਾ ਛੱਡਣ ਲਈ ਮਾਨਸਿਕ ਤੌਰ 'ਤੇ ਵੀ ਮਜਬੂਤ ਹੋ ਸਕਣ। ਇਸ ਦੇ ਨਾਲ ਹੀ ਨਸ਼ਾ ਮੁਕਤੀ ਦਵਾਈ ਕੇਂਦਰ ਵਿਚ ਮਰੀਜਾਂ ਨੂੰ ਦਵਾਈ ਵੀ ਦਿੱਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਨਾਲ ਪੀੜਤ ਵਿਅਕਤੀ ਇੱਕ ਕਿਸਮ ਦਾ ਮਰੀਜ਼ ਹੁੰਦਾ ਹੈ ਜਿਸਨੂੰ ਇਲਾਜ ਦੀ ਸਖ਼ਤ ਜਰੂਰਤ ਹੁੰਦੀ ਹੈ ਅਤੇ ਸਮਾਜ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਉਸ ਨਾਲ ਵਿਤਕਰੇ ਦੀ ਥਾਂ ਤੇ ਪਿਆਰ ਅਤੇ ਅਪਣੱਤ ਦੀ ਭਾਵਨਾ ਨਾਲ ਉਸਨੂੰ ਇਸ ਸਮੱਸਿਆ ਵਿੱਚੋਂ ਕੱਢਣ ਦਾ ਯਤਨ ਕਰੇ।ਨਸ਼ੇ ਤੋਂ ਪੀੜਤ ਲੋਕਾਂ ਨੂੰ ਅਕਸਰ ਇੱਕ ਜਾਂ ਇੱਕ ਤੋਂ ਵੱਧ ਸੰਬੰਧਿਤ ਸਿਹਤ ਸਮੱਸਿਆਵਾਂ ਹੁੰਦੀਆਂ ਹਨ, ਜਿਸ ਵਿੱਚ ਫੇਫੜਿਆਂ ਜਾਂ ਦਿਲ ਦੀ ਬਿਮਾਰੀ, ਸਟ੍ਰੋਕ, ਕੈਂਸਰ, ਜਾਂ ਮਾਨਸਿਕ ਸਿਹਤ ਸਥਿਤੀਆਂ ਸ਼ਾਮਲ ਹੋ ਸਕਦੀਆਂ ਹਨ। ਨਸ਼ਾ ਸਾਡੇ ਪਰਵਾਰ ਦੀ ਆਰਥਿਕਤਾ ਨੂੰ ਵੀ ਖ਼ਰਾਬ ਕਰ ਦਿੰਦਾ ਹੈ, ਜਿਸ ਨਾਲ ਵਧੇਰੇ ਪਰਵਾਰਾਂ ਦੀ ਟੁੱਟਣ ਦੀ ਨੌਬਤ ਆ ਜਾਂਦੀ ਹੈ।



# ਸ਼ਾਹਪੁਰ 'ਚ ਕਤਲ ਕੀਤੇ ਵਿਅਕਤੀ ਦੇ ਪਰਵਾਰ ਨੂੰ ਪੰਜਾਬ ਸਰਕਾਰ ਇਨਸਾਫ ਦੇਵੇ : ਸੇਠੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਭਾਰਤੀ ਵਾਲਮੀਕ ਧਰਮ ਸਮਾਜ (ਭਾਵਾਧਸ) ਦੀ ਇੱਕ ਵਿਸ਼ੇਸ਼ ਮੀਟਿੰਗ ਸੰਸਥਾ ਦੇ ਸਥਾਨਕ ਦਫ਼ਤਰ ਵਿਖੇ ਸੂਬਾ ਪ੍ਰਧਾਨ ਸੇਠ ਰਾਮ ਸੇਠੀ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਦੌਰਾਨ ਜਿੱਥੇ ਐਸ.ਸੀ. ਸਮਾਜ ਨੂੰ ਦਰਪੇਸ਼ ਮੁਸ਼ਕਿਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ, ਉੱਥੇ ਸ਼ਾਹਪੁਰ ਵਿਖੇ ਬੀਤੇ ਦਿਨੀਂ ਕਤਲ ਕੀਤੇ ਗਏ ਵਿਅਕਤੀ ਸੰਬੰਧੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਸੂਬਾ ਪ੍ਰਧਾਨ ਸੇਠ ਰਾਮ ਸੇਠੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੌਤ ਦਾ ਸ਼ਿਕਾਰ ਹੋਏ ਜੋਗਿੰਦਰ ਰਾਮ ਦੇ ਕਤਲ ਦੇ ਸੰਬੰਧ ਵਿੱਚ ਨਾਮਜ਼ਦ ਕੀਤੇ ਗਏ ਦੋਸ਼ੀ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ, ਪੀੜਤ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਕਿਉਂਕਿ ਪਰਵਾਰ ਵਿੱਚ ਮ੍ਰਿਤਕ ਜੋਗਿੰਦਰ ਰਾਮ ਇੱਕੋ ਇੱਕ ਕਮਾਉਣ ਵਾਲਾ ਵਿਅਕਤੀ ਸੀ। ਸੰਸਥਾ ਦੇ ਸਮੂਹ ਮੈਂਬਰਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੀੜਤ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਦੋਸ਼ੀ ਖ਼ਿਲਾਫ਼ ਸਖ਼ਤ ਤੋਂ ਸਖ਼ਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਸਮੇਂ ਪ੍ਰਧਾਨ ਸੇਠ ਰਾਮ ਸੇਠੀ ਨੇ ਕਿਹਾ ਕਿ ਇਸ ਸਮੇਂ ਦੀਆਂ ਸਰਕਾਰਾਂ ਨੇ ਐਸ.ਸੀ. ਸਮਾਜ ਨੂੰ ਸਿਰਫ਼ ਵੋਟ ਬੈਂਕ ਵਜੋਂ ਹੀ ਇਸਤੇਮਾਲ ਕੀਤਾ ਹੈ ਤੇ ਜਦਕਿ ਅੱਜ ਵੀ ਐਸ.ਸੀ ਭਾਈਚਾਰੇ 'ਤੇ ਅੱਤਿਆਚਾਰ ਹੋ ਰਹੇ ਹਨ। ਉਨ੍ਹਾਂ ਸਮੂਹ ਦਲਿਤ ਭਾਈਚਾਰੇ ਨੂੰ ਇੱਕ ਪਲੇਟਫਾਰਮ 'ਤੇ ਇਕੱਠਿਆਂ ਹੋ ਕੇ ਦਲਿਤ ਵਿਰੋਧੀ ਤਾਕਤਾਂ ਨਾਲ ਲੜਨ ਲਈ ਪ੍ਰੇਰਿਤ ਕੀਤਾ।ਇਸ ਮੀਟਿੰਗ ਵਿੱਚ ਤਾਰਾ ਸਿੰਘ, ਬੇਬੀ ਬੁੱਧ ਪਿੰਡ, ਹਰਮੇਸ਼ ਬੱਸੀ ਜਲਾਲ, ਪਰਮਜੀਤ ਦਾਤਾ, ਓਂਕਾਰ ਸਿੰਘ ਹਰਸੀ ਆਦਿ ਹਾਜ਼ਰ ਸਨ।

# ਸਰ ਮਾਰਸ਼ਲ ਸਕੂਲ ਬੈਂਸ ਅਵਾਨ 'ਚ ਗਤੀਵਿਧੀ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿੱਚ ਗਤੀਵਿਧੀ ਦਿਵਸ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਪ੍ਰਿੰਸੀਪਲ ਪਰਵਿੰਦਰ ਸਿੰਘ ਦੀ ਅਗਵਾਈ ਵਿੱਚ ਸਮੂਹ ਸਟਾਫ ਦੇ ਸਹਿਯੋਗ ਨਾਲ ਮਨਾਇਆ ਗਿਆ, ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਉਤਸ਼ਾਹ ਪੂਰਵਕ ਭਾਗ ਲਿਆ।ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਸਕੂਲ ਵਿੱਚ ਚੱਲ ਰਹੇ ਵੱਖ-ਵੱਖ ਕਲੱਬਾਂ ਨੇ ਵੀ ਭਾਗ ਲਿਆ।



ਇਸ ਮੌਕੇ ਵਿਦਿਆਰਥੀਆਂ ਨੂੰ ਮਨੋਰੰਜਨ ਕਰਵਾਉਣ ਤੋਂ ਇਲਾਵਾ ਉਹਨਾਂ ਦੇ ਗਿਆਨ ਵਿੱਚ ਵੀ ਵਾਧਾ ਕੀਤਾ ਗਿਆ ਤਾਂ ਜੋ ਬੱਚੇ ਪੜ੍ਹਾਈ ਵੱਲ ਵੀ ਆਕਰਸ਼ਿਤ ਹੋ ਸਕਣ।ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਹਰ ਸਾਲ ਹੀ ਸਕੂਲਾਂ ਵਿੱਚ ਗਤੀਵਿਧੀ ਦਿਵਸ ਮਨਾਇਆ ਜਾਂਦਾ ਹੈ ਤਾਂ ਜੋ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਮਨੋਰੰਜਨ ਅਤੇ ਉਨਾ ਖੇਤਰਾਂ ਵਿੱਚ ਵਿਭਾਗ ਲੈ ਸਕਣ। ਇਸ ਮੌਕੇ ਵਾਈਸ ਪ੍ਰਿੰਸੀਪਲ ਕੁਨਿਕਾ ,ਹਰਪ੍ਰੀਤ ਕੌਰ, ਗਗਨਪ੍ਰੀਤ ਕੌਰ, ਸੁਖਲਿੰਦਰਪਾਲ ਸਿੰਘ, ਅਮਨ, ਟੀਨਾ, ਪ੍ਰਿਅੰਕਾ, ਪ੍ਰਭਜੋਤ ਕੌਰ, ਹਰਮਨਦੀਪ ਕੌਰ ਮਨਦੀਪ ਕੌਰ, ਚਰਨਜੀਤ ਕੌਰ, ਸੰਦੀਪ ਕੌਰ, ਉਕਾਰ ਸਿੰਘ ਬਲਦੇਵ ਸਿੰਘ, ਖੁਸ਼ਦੀਪ ਕੌਰ, ਅਮਨਪ੍ਰੀਤ ਕੌਰ ਵੀ ਹਾਜ਼ਰ।

# ਪੇਂਡੂ ਮਜ਼ਦੂਰ ਯੂਨੀਅਨ, ਕਿਰਤੀ ਕਿਸਾਨ ਯੂਨੀਅਨ, ਇਸਤਰੀ ਜਾਗਰਤੀ ਮੰਚ ਵੱਲੋਂ ਸਰਾਂ ਨੂਰਮਹਿਲ ਮੂਹਰੇ ਵਿਸ਼ਾਲ ਇਕੱਠ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੇਂਡੂ ਮਜ਼ਦੂਰ ਯੂਨੀਅਨ, ਕਿਰਤੀ ਕਿਸਾਨ ਯੂਨੀਅਨ, ਇਸਤਰੀ ਜਾਗਰਤੀ ਮੰਚ, ਇਲਾਕਾ ਨੂਰਮਹਿਲ ਵੱਲੋਂ ਇਤਿਹਾਸਕ ਸਰਾਂ ਨੂਰਮਹਿਲ ਮੂਹਰੇ ਵਿਸ਼ਾਲ ਇਕੱਠ ਕੀਤਾ ਗਿਆ। ਸ਼ਹਿਰ ਵਿੱਚ ਮਾਰਚ ਕਰਕੇ ਨੂਰਮਹਿਲ ਥਾਣੇ ਮੂਹਰੇ ਧਰਨਾ ਪ੍ਰਦਰਸ਼ਨ ਵੀ ਕੀਤਾ ਗਿਆ। ਪ੍ਰਦਰਸ਼ਨਕਾਰੀ ਮੰਗ ਕਰ ਰਹੇ ਸਨ ਕਿ ਗ੍ਰਿਫਤਾਰ ਕੀਤੇ ਸਾਥੀਆਂ ਨੂੰ ਰਿਹਾ ਕੀਤਾ ਜਾਵੇ। ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਕਿਰਤੀ ਲੋਕ ਗੁਰੂ ਰਵੀਦਾਸ ਵਾਲਾ ਬੇਗਮਪੁਰਾ ਵਸਾਉਣਾ ਚਾਹੁੰਦੇ ਹਨ। ਜੀਂਦ ਰਿਆਸਤ ਦੇ ਰਾਜੇ ਦੇ ਜ਼ਿਲ੍ਹਾ ਸੰਗਰੂਰ ਵਿੱਚ 927 ਖੇਤ ਹਨ। ਰਾਜੇ ਦਾ ਕੋਈ ਵੀ ਪਰਵਾਰਕ ਮੈਂਬਰ ਵਾਰਿਸ ਨਹੀਂ ਹੈ। ਇਹ ਜ਼ਮੀਨ ਗੈਰ ਕਾਨੂੰਨੀ ਤੌਰ 'ਤੇ ਧੱਕੇ ਨਾਲ ਕੋਈ ਧੜੱਲੇਦਾਰ, ਸਰਮਾਏਦਾਰ ਬੰਦਾ ਕਈ ਸਾਲਾਂ ਤੋਂ ਵਾਹ ਰਿਹਾ ਹੈ ਅਤੇ ਜ਼ਮੀਨ ਦੀ ਆਮਦਨ ਖਾ ਰਿਹਾ ਹੈ। ਸਰਕਾਰਾਂ ਪੰਜਾਬ ਦੀਆਂ ਜਿੰਨੀਆਂ ਵੀ ਆਈਆ, ਚੁੱਪੀ ਧਾਰੀ ਬੈਠੀਆਂ ਹਨ। ਗਰੀਬ ਬੇਜ਼ਮੀਨੇ ਮਜ਼ਦੂਰਾਂ ਨੂੰ ਵੀ ਜ਼ਮੀਨ ਦੀ ਲੋੜ ਹੈ।ਜਦੋਂ ਸੰਘਰਸ਼ ਦਾ ਬਿਗਲ ਵੱਜਿਆ ਤਾਂ ਭਗਵੰਤ ਮਾਨ ਸਰਕਾਰ ਨੇ ਬੁਖਲਾਹਟ ਵਿਚ ਆ ਕੇ ਮਜ਼ਦੂਰ ਆਗੂਆਂ ਨੂੰ ਗ੍ਰਿਫਤਾਰ ਕਰਕੇ ਥਾਣਿਆਂ ਵਿੱਚ ਬੰਦ ਕਰ ਦਿੱਤਾ। ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਤਰਸੇਮ ਪੀਟਰ, ਹੰਸ ਰਾਜ ਪੱਬਵਾਂ ਅਤੇ ਹੋਰ ਸੈਂਕੜੇ ਹੀ ਸੰਘਰਸ਼ਸ਼ੀਲ ਸਾਥੀਆਂ ਦੀ ਫੜੋ ਫੜਾਈ ਕੀਤੀ ਗਈ। ਮਜ਼ਦੂਰਾਂ ਦੇ ਨਾਂ 'ਤੇ ਵੋਟਾਂ ਮੰਗਣ ਵਾਲਾ ਭਗਵੰਤ ਮਾਨ ਕਾਰਪੋਰੇਟ ਘਰਾਣਿਆਂ ਨਾਲ ਜਾ ਖੜ੍ਹਾ ਹੋਇਆ। ਪਰ ਬੇਗਮਪੁਰੇ ਦੇ ਵਾਸੀਆਂ ਨੇ ਵੀ ਤਹੱਈਆ ਕਰ ਲਿਆ ਹੈ ਕਿ ਵਿਹਲੜ ਤੇ ਸਰਮਾਏਦਾਰ ਲੋਕਾਂ ਨੂੰ ਜ਼ਮੀਨ ਵਾਹੁਣ ਨਹੀਂ ਦਿੱਤੀ ਜਾਵੇਗੀ। ਅੱਜ ਦੇ ਰੋਸ ਧਰਨੇ ਦੀ ਅਗਵਾਈ ਕਿਰਤੀ ਕਿਸਾਨ ਆਗੂ ਸੰਤੋਖ ਸੰਧੂ, ਸੁਰਜੀਤ ਸਮਰਾ, ਗੁਰ ਕੰਵਲ, ਪੇਂਡੂ ਮਜ਼ਦੂਰ ਆਗੂ ਦਰਸ਼ਨ ਪਾਲ ਬੰਡਾਲਾ, ਵਿਜੈ ਬਾਠ, ਅਜੀਤ ਸਿੰਘ ਸਮਰਾ, ਇਸਤਰੀ ਜਾਗਰਤੀ ਮੰਚ ਵੱਲੋਂ ਅਨੀਤਾ ਸੰਧੂ, ਕੁਲਵੰਤ ਪੱਬਵਾਂ, ਬਲਿਹਾਰ ਕੌਰ, ਭਾਰਤੀ ਕਿਸਾਨ ਯੂਨੀਅਨ ਦੁਆਬਾ ਵੱਲੋਂ ਰਛਪਾਲ ਸਿੰਘ ਗਰਚਾ, ਕੇ ਕੇ ਯੂ ਆਗੂ ਗੁਰਨਾਮ ਤੱਗੜ, ਮੱਖਣ ਕੰਦੋਲਾ ਨੇ ਕੀਤੀ। ਬਾਅਦ ਵਿੱਚ ਥਾਣੇ ਮੂਹਰੇ ਪੰਜਾਬ ਸਰਕਾਰ ਦਾ ਪੁਤਲਾ ਫੂਕ ਪ੍ਰਦਰਸ਼ਨ ਵੀ ਕੀਤਾ ਗਿਆ।

# ਏਕਮ ਪਬਲਿਕ ਸਕੂਲ 'ਚ ਨਵੇਂ ਹੈੱਡ ਬੁਆਏ ਤੇ ਹੈੱਡ ਗਰਲ ਚੁਣੇ

**ਮਹਿਤਪੁਰ (ਰਾਜਾ)**- ਏਕਮ ਪਬਲਿਕ ਸਕੂਲ ਮਹਿਤਪੁਰ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਵੇਂ ਹੈੱਡ ਬੁਆਏ ਅਤੇ ਹੈੱਡ ਗਰਲ ਦੀ ਚੋਣ ਕਰਨ ਲਈ ਪਿਛਲੇ ਦਿਨੀਂ ਬੱਚਿਆਂ ਦੀਆਂ ਵੋਟਾਂ ਕਰਵਾਈਆਂ ਗਈਆਂ ਸਨ, ਜਿਸ ਦਾ ਨਤੀਜਾ ਐਲਾਨਿਆ ਗਿਆ ਹੈ। ਇਹ ਜਾਣਕਾਰੀ ਸਕੂਲ ਡਾਇਰੈਕਟਰ ਨਿਰਮਲ ਸਿੰਘ ਅਤੇ ਪ੍ਰਿੰਸੀਪਲ ਅਮਨਦੀਪ ਕੌਰ ਵਲੋਂ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਹਰਸ਼ਦੀਪ ਸਿੰਘ ਨਵੇਂ ਹੈੱਡ ਬੁਆਏ ਅਤੇ ਪਰਨੀਤ ਕੌਰ ਹੈੱਡ ਗਰਲ ਚੁਣੀ ਗਈ। ਇਸੇ ਪ੍ਰਕਾਰ ਨਵਦੀਪ ਸਿੰਘ ਵਾਈਸ ਹੈੱਡ ਬੁਆਏ ਅਤੇ ਪਲਕ ਸੂਦ ਵਾਈਸ ਹੈੱਡ ਗਰਲ ਚੁਣੀ ਗਈ। ਇਸ ਮੌਕੇ ਸਕੂਲ ਵਿੱਚ ਅਲੱਗ ਅਲੱਗ ਕਲੱਬ ਬਣਾਏ ਗਏ ਜਿਹਨਾਂ ਵਿੱਚ ਡਿਸਪਲਿਨ ਕਲੱਬ, ਜਿਸ ਦੇ ਅਧਿਆਪਕ ਹੈੱਡ ਚੰਦਨ ਸਿੰਘ ਅਤੇ ਵਿਦਿਆਰਥੀ ਹੈੱਡ ਨਵਨੂਰ ਸਿੰਘ ਅਤੇ ਹਰਜੋਤ ਕੌਰ ਬਣੇ। ਇਸੇ ਪ੍ਰਕਾਰ ਸਪੋਰਟਸ ਕਲੱਬ ਵਿੱਚ ਪਰਮਿੰਦਰ ਸਿੰਘ ਅਧਿਆਪਕ ਹੈੱਡ ਅਤੇ ਕਮਲਪ੍ਰੀਤ ਵਿਰਦੀ ਤੇ ਸ਼ਾਇਨਪ੍ਰੀਤ ਕੌਰ ਵਿਦਿਆਰਥੀ ਹੈੱਡ ਚੁਣੇ ਗਏ। ਕਲਚਰਲ ਅਤੇ ਕੋ-ਕੌਰੀਕੁਲਰ ਕਲੱਬ ਵਿੱਚ ਦਲਵੀਰ ਕੌਰ ਅਤੇ ਦੀਪਤੀ ਕਵਾਤਰਾ ਨੂੰ ਅਧਿਆਪਕ ਹੈੱਡ ਵਜੋਂ ਚੁਣਿਆ ਗਿਆ। ਯੁਵਰਾਜ ਸਿੰਘ ਸਿੱਧੂ ਅਤੇ ਇਸ਼ਮੀਤ ਕੌਰ ਵਿਦਿਆਰਥੀ ਹੈੱਡ ਚੁਣੇ ਗਏ। ਲਿਟਰੇਰੀ ਕਲੱਬ ਵਿੱਚ ਰਣਜੋਤ ਸਿੰਘ ਅਧਿਆਪਕ ਹੈੱਡ ਅਤੇ ਅੰਕਿਤਪ੍ਰੀਤ ਸਿੰਘ ਅਤੇ ਕੋਮਲਪ੍ਰੀਤ ਕੌਰ ਵਿਦਿਆਰਥੀ ਹੈੱਡ ਚੁਣੇ ਗਏ। ਇੰਨਵਾਇਰਮੈਂਟ ਕਲੱਬ ਵਿੱਚ ਕਮਲਪ੍ਰੀਤ ਕੌਰ ਅਧਿਆਪਕ ਹੈੱਡ ਅਤੇ ਹਰਮਨਦੀਪ ਸਿੰਘ ਤੇ ਦੁਸ਼ਰਨ ਕੌਰ ਨੂੰ ਵਿਦਿਆਰਥੀ ਹੈੱਡ ਚੁਣਿਆ ਗਿਆ। ਟੂਰਿਜ਼ਮ ਕਲੱਬ ਵਿੱਚ ਸੁਨੀਤਾ ਅਰੋੜਾ ਅਤੇ ਜਸਪ੍ਰੀਤ ਕੌਰ ਨੂੰ ਅਧਿਆਪਕ ਹੈੱਡ ਚੁਣਿਆ ਗਿਆ। ਗੁਰਪ੍ਰੀਤ ਸਿੰਘ ਅਤੇ ਸੁਪ੍ਰੀਤ ਕੌਰ ਵਿਦਿਆਰਥੀ ਹੈੱਡ ਚੁਣੇ ਗਏ। ਸਕੂਲ ਵਿੱਚ ਚੱਲ ਰਹੇ ਤਿੰਨੋਂ ਹਾਊਸ ਦੇ ਕੈਪਟਨ ਦੀ ਚੋਣ ਕੀਤੀ ਗਈ ਜਿਹਨਾਂ ਵਿੱਚ ਜਸਵਿੰਦਰ ਕੌਰ ਏ ਹਾਊਸ ਤੋਂ, ਅਰਸ਼ਦੀਪ ਕੌਰ ਆਰ ਹਾਊਸ ਤੋਂ ਅਤੇ ਹਰਮਨਪ੍ਰੀਤ ਕੌਰ ਮੱਟੂ ਟੀ ਹਾਊਸ ਤੋਂ ਚੁਣੀ ਗਈ। ਸਟੇਜ ਸੰਚਾਲਨ ਦਾ ਕੰਮ ਮੈਡਮ ਸਵਪਨਦੀਪ ਕੌਰ ਅਤੇ ਰਣਜੋਤ ਸਿੰਘ ਹੁਰਾਂ ਵਲੋਂ ਨਿਭਾਇਆ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਤੋਂ ਦਲਜੀਤ ਸਿੰਘ, ਵਾਈਸ ਪ੍ਰਿੰਸੀਪਲ ਸਮੀਕਸ਼ਾ ਸ਼ਰਮਾ, ਦਲਜੀਤ ਕੌਰ, ਸ਼੍ਰੀਮਤੀ ਚੇਤਨਾ ਰਾਜਦੇਵ , ਅਧਿਆਪਕਾਂ ਵਿੱਚੋਂ ਰੇਖਾ ਸ਼ਰਮਾ, ਬਿਨੇਸ਼ ਸ਼ਰਮਾ, ਪਰਮਿੰਦਰ ਕੌਰ, ਰਜਨੀ, ਰਿਚਾ, ਦਵਿੰਦਰ ਸ਼ਰਮਾ, ਪੂਨਮ ਸ਼ਰਮਾ, ਕਮਲਪ੍ਰੀਤ ਕੌਰ ਅਤੇ ਨਵਪ੍ਰੀਤ ਕੌਰ ਹਾਜ਼ਰ ਸਨ।




# ਸਰਕਾਰੀ ਸਕੂਲ ਸੂੰਢ ਦਾ ਬਾਰ੍ਹਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੂੰਢ ਦਾ ਨਤੀਜਾ 100% ਰਿਹਾ। ਸਕੂਲ ਮੁਖੀ ਕਰਮਜੀਤ ਸਿੰਘ ਨੇ ਦੱਸਿਆ ਕਿ ਸਕੂਲ ਦੇ ਕੁੱਲ 34 ਬੱਚੇ ਪ੍ਰੀਖਿਆ ਵਿੱਚ ਬੈਠੇ ਸਨ । ਸਾਰੇ ਹੀ ਬਹੁਤ ਵਧੀਆ ਅੰਕ ਲੈ ਕੇ ਪਾਸ ਹੋਏ ਅਤੇ ਸਕੂਲ ਦਾ ਨਤੀਜਾ 100% ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਪ੍ਰੀਖਿਆ ਵਿੱਚੋਂ ਸ਼ਰਨਜੀਤ ਕੌਰ ਨੇ 416 ਅੰਕ ਲੈ ਕੇ ਸਕੂਲ ਵਿੱਚੋਂ ਪਹਿਲਾ, ਸਿਮਰਨਜੀਤ ਕੌਰ ਨੇ 408 ਅੰਕ ਪ੍ਰਾਪਤ ਕਰਕੇ ਦੂਜਾ ਅਤੇ ਗੁਰਪ੍ਰੀਤ ਸਿੰਘ ਨੇ 407 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਮੁਖੀ ਨੇ ਇਹਨਾਂ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਵੀ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਲੈਕ ਕਰਮਜੀਤ ਸਿੰਘ ਸਕੂਲ ਮੁਖੀ, ਲੈਕ ਸੁਰਜੀਤ ਸੈਂਪਲੇ, ਲੈਕ ਰਾਮ ਲਾਲ, ਮੈਡਮ ਰਾਜਵਿੰਦਰ ਕੌਰ, ਪਰਵੀਰ ਸਿੰਘ, ਰਾਮਜੀਤ, ਅੰਮ੍ਰਿਤਪਾਲ ਕੌਰ, ਲਾਲ ਚੰਦ, ਗੁਰਵਿੰਦਰ ਕੌਰ, ਨਵਨੀਤ ਕੌਰ, ਅਮਰਜੀਤ ਸਿੰਘ, ਰੇਨੂੰ ਬਾਲਾ, ਦਵਿੰਦਰ ਕੌਰ, ਸੁਨੀਤਾ ਰਾਣੀ, ਕੈਂਪਸ ਮੈਨੇਜਰ ਮਲਕੀਤ ਸਿੰਘ, ਅਤੇ ਬੁੱਧਰਾਮ ਆਦਿ ਹਾਜ਼ਰ ਸਨ।



# ਹਰਸ਼ ਨੂੰ ਨਾਨ-ਮੈਡੀਕਲ 'ਚੋਂ 96 ਫ਼ੀਸਦੀ ਅੰਕ ਹਾਸਲ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਮੈਰੀਟੋਰੀਅਸ ਸੀਨੀਅਰ ਸੈਕੰਡਰੀ ਸਕੂਲ ਮੋਹਾਲੀ ਵਿੱਚ ਪੜ੍ਹਦੇ ਪਿੰਡ ਰਾਏਪੁਰ ਦੇ ਹਰਸ਼ ਪੁੱਤਰ ਦਿਲਬਾਗ ਨੇ ਨਾਨ ਮੈਡੀਕਲ ਵਿਸ਼ੇ ਵਿੱਚੋਂ 500 ਚੋਂ 480 ਅੰਕ ਪ੍ਰਾਪਤ ਕਰਕੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ ਹੈ। 96 ਫ਼ੀਸਦੀ ਅੰਕ ਲੈਣ ਵਾਲਾ ਹਰਸ਼ ਸਧਾਰਨ ਪਰਵਾਰ ਨਾਲ ਸਬੰਧ ਰੱਖਦਾ ਹੈ ਜਿਸ ਦਾ ਪਿਤਾ ਦਿਲਬਾਗ ਪੇਂਟਰ ਦਾ ਕੰਮ ਕਰਦਾ ਹੈ ਤੇ ਮਾਤਾ ਮਨਰੇਗਾ ਵਿੱਚ ਕੰਮ ਕਰਦੀ ਹੈ। ਆਪਣੇ ਪੁੱਤਰ ਦੀ ਇਸ ਪ੍ਰਾਪਤੀ 'ਤੇ ਮਾਪਿਆਂ ਦਿਲਬਾਗ ਤੇ ਮਨਜੀਤ ਕੌਰ ਨੇ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਹਰਸ਼ ਦੀ ਇਸ ਪ੍ਰਾਪਤੀ ਪਿੱਛੇ ਉਸ ਦੀ ਸਖ਼ਤ ਮਿਹਨਤ ਅਤੇ ਲਗਨ ਹੈ। ਉਹਨਾਂ ਸਕੂਲ ਅਧਿਆਪਕਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਹਰਸ਼ ਨੇ ਦੱਸਿਆ ਕਿ ਉਹ ਭਵਿੱਖ ਵਿੱਚ ਅਧਿਆਪਕ ਬਣਨਾ ਚਾਹੁੰਦਾ ਹੈ। ਹਰਸ਼ ਦੀ ਛੋਟੀ ਭੈਣ ਜੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਨਿਆਲੀ ਕਲਾਂ ਵਿਖੇ ਪੜ੍ਹਦੀ ਹੈ, ਨੇ ਵੀ ਨੌਵੀਂ ਜਮਾਤ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ।




# ਇੰਡੀਅਨ ਆਰਮੀ ਭਰਤੀ ਰੈਲੀ ਸਬੰਧੀ ਟ੍ਰੇਨਿੰਗ ਸੈਂਟਰ ਦੀ ਸਥਾਪਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਇੰਡੀਅਨ ਆਰਮੀ ਭਰਤੀ ਰੈਲੀ ਲਈ ਜ਼ਿਲ੍ਹਾ ਐਸ.ਏ.ਐਸ ਨਗਰ ਦੇ 718 ਨੌਜਵਾਨਾਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ ਹੈ। ਇਸ ਸਬੰਧੀ ਨੌਜਵਾਨਾਂ ਨੂੰ ਜਾਗਰੂਕ ਕਰਦੇ ਹੋਏ ਹਰਪ੍ਰੀਤ ਸਿੰਘ ਮਾਨਸ਼ਾਹੀਆ ਡਿਪਟੀ ਡਾਇਰੈਕਟਰ ਰੋਜ਼ਗਾਰ ਵਿਭਾਗ ਵੱਲੋਂ ਦੱਸਿਆ ਗਿਆ ਕਿ ਹੁਣ ਇਸ ਭਰਤੀ ਦਾ ਲਿਖਤੀ ਇਮਤਿਹਾਨ ਜੂਨ 2025 ਦੇ ਦੂਸਰੇ ਹਫ਼ਤੇ ਵਿੱਚ ਲਿਆ ਜਾਵੇਗਾ। ਜ਼ਿਲ੍ਹਾ ਐੱਸ.ਏ.ਐੱਸ ਨਗਰ ਦੇ ਪ੍ਰਾਰਥੀਆਂ ਦੀ ਸਹੂਲਤ ਅਤੇ ਗਾਈਡੈਂਸ ਲਈ ਸਕੂਲ ਆਫ ਐਮੀਨੈਂਸ, 321, ਮੋਹਾਲੀ ਵਿਖੇ ਟ੍ਰੇਨਿੰਗ ਸੈਂਟਰ ਦੀ ਸਥਾਪਨਾ ਕੀਤੀ ਗਈ ਹੈ ਜਿਸ ਵਿੱਚ ਪ੍ਰਾਰਥੀਆਂ ਨੂੰ ਪੰਜਾਬੀ ਭਾਸ਼ਾ ਵਿੱਚ ਪ੍ਰਸ਼ਨ ਬੈਂਕ ਦੀ ਸਾਫਟ ਕਾਪੀ ਉਪਲੱਬਧ ਹੋਵੇਗੀ। ਇਛੁੱਕ ਪ੍ਰਾਰਥੀ ਪੇਪਰਾਂ ਦੀ ਵਧੇਰੇ ਜਾਣਕਾਰੀ, ਟ੍ਰੇਨਿੰਗ ਅਤੇ ਪ੍ਰੋਬਲਮ ਸੋਲਵਿੰਗ ਲਈ ਉਪਰੋਕਤ ਸਕੂਲ ਜਾ ਸਕਦੇ ਹਨ ਅਤੇ ਪ੍ਰਸ਼ਾਸਨ ਦੇ ਇਸ ਉਪਰਾਲੇ ਦਾ ਵੱਧ ਤੋਂ ਵੱਧ ਲਾਹਾ ਲੈ ਸਕਦੇ ਹਨ।

# 'ਸੀ ਐੱਮ ਦੀ ਯੋਗਸ਼ਾਲਾ' ਲੋਕਾਂ ਨੂੰ ਨਿਰੋਗ ਜੀਵਨ ਦੇਣ ਦਾ ਵਧੀਆ ਸਾਧਨ : ਐੱਸ ਡੀ ਐੱਮ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤ ਨਿਰੋਗਤਾ ਪ੍ਰਤੀ ਜਾਗਰੂਕ ਕਰਨ ਲਈ ਆਰੰਭੇ ਗਏ ਯਤਨਾਂ ਤਹਿਤ 'ਸੀ ਐਮ ਦੀ ਯੋਗਸ਼ਾਲਾ' ਜ਼ੀਰਕਪੁਰ ਅਤੇ ਡੇਰਾਬੱਸੀ ਦੇ ਇਲਾਕੇ ਦੇ ਲੋਕਾਂ ਲਈ ਲਾਹੇਵੰਦ ਸਾਬਤ ਹੋ ਰਹੀ ਹੈ। ਲੋਕ ਯੋਗਾ ਨੂੰ ਨਰੋਈ ਸਿਹਤ ਅਤੇ ਮਾਨਸਿਕ ਤਣਾਅ ਮੁਕਤੀ ਦਾ ਜ਼ਰੀਆ ਮੰਨਦੇ ਹਨ।ਐੱਸ ਡੀ ਐਮ ਅਮਿਤ ਗੁਪਤਾ ਅਨੁਸਾਰ ਡੇਰਾਬੱਸੀ 'ਚ ਮਾਹਰ ਯੋਗਾ ਟ੍ਰੇਨਰ ਰਾਹੀ ਰੈਨਾ ਵੱਲੋਂ 6 ਥਾਂਵਾਂ 'ਤੇ ਯੋਗਾ ਕਲਾਸਾਂ ਲਾਈਆਂ ਜਾ ਰਹੀਆਂ ਹਨ, ਜਿਨ੍ਹਾਂ 'ਚ ਉਨ੍ਹਾਂ ਵੱਲੋਂ ਪ੍ਰਾਚੀਨ ਹਨੂੰਮਾਨ ਮੰਦਰ, ਡੇਰਾਬੱਸੀ ਵਿਖੇ ਪਹਿਲੀ ਕਲਾਸ ਸਵੇਰੇ 4.55 ਤੋਂ 5.55 ਵਜੇ ਤੱਕ ਲਗਾਈ ਜਾਂਦੀ ਹੈ। ਦੂਸਰੀ ਕਲਾਸ ਐਸ.ਬੀ.ਪੀ. ਹਾਊਸਿੰਗ ਪਾਰਕ, ਡੇਰਾਬਸੀ ਵਿਖੇ ਸਵੇਰੇ 6.10 ਤੋਂ 7.10 ਵਜੇ ਤੱਕ ਹੁੰਦੀ ਹੈ। ਤੀਸਰੀ ਕਲਾਸ ਗੁਲਮੋਹਰ ਸਿਟੀ, ਐਕਸਟੈਂਸ਼ਨ, ਡੇਰਾਬੱਸੀ ਵਿਖੇ ਸਵੇਰੇ 7.25 ਤੋਂ 8.25 ਵਜੇ ਤੱਕ ਲਗਾਈ ਜਾਂਦੀ ਹੈ। ਚੌਥੀ ਕਲਾਸ ਰਾਮਦਾਸੀਆ ਮੁਹੱਲਾ, ਮੁਬਾਰਕਪੁਰ, ਡੇਰਾਬੱਸੀ ਵਿਖੇ ਸਵੇਰੇ 9.40 ਤੋਂ 10.40 ਵਜੇ ਤੱਕ ਹੁੰਦੀ ਹੈ। ਪੰਜਵੀਂ ਕਲਾਸ ਗੁਪਤਾ ਮੁਹੱਲਾ, ਦੱਪਰ, ਡੇਰਾਬਸੀ ਵਿਖੇ ਬਾਅਦ ਸਵੇਰੇ 11.00 ਤੋਂ 12.00 ਵਜੇ ਤੱਕ ਅਤੇ ਛੇਵੀਂ ਕਲਾਸ ਵੀ.ਆਈ.ਪੀ. ਇਨਕਲੇਵ, ਡੇਰਾਬਸੀ ਵਿਖੇ ਸ਼ਾਮ ਨੂੰ 6.00 ਵਜੇ ਤੋਂ 7.00 ਵਜੇ ਤੱਕ ਲਗਾਈ ਜਾਂਦੀ ਹੈ, ਜਿੱਥੇ ਬਿਨਾਂ ਕੋਈ ਫ਼ੀਸ ਲਿਆ ਯੋਗਾ ਦੀ ਸਿਖਲਾਈ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਯੋਗਾ ਕਲਾਸਾਂ ਦਾ ਮੰਤਵ ਲੋਕਾਂ ਨੂੰ ਆਪਣੀ ਜੀਵਨ ਸ਼ੈਲੀ 'ਚ ਥੋੜ੍ਹੀ ਤਬਦੀਲੀ ਲਿਆ ਕੇ ਅਭਿਆਸ ਅਤੇ ਮੈਡੀਟੇਸ਼ਨ ਰਾਹੀਂ ਆਪਣੀਆਂ ਸਰੀਰਕ ਮੁਸ਼ਕਲਾਂ ਨੂੰ ਹੱਲ ਕਰਨ ਦੇ ਯੋਗ ਬਣਾਉਣਾ ਹੈ।ਟ੍ਰੇਨਰ ਰਾਹੀ ਰੈਨਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਯੋਗ ਸ਼ਾਲਾਵਾਂ ਵਿੱਚ ਯੋਗਾ ਕਰਦੇ ਕਈ ਭਾਗੀਦਾਰ ਯੋਗਾ ਕਲਾਸਾਂ ਨਾਲ ਆਪਣੀਆਂ ਬਹੁਤ ਸਾਰੀਆਂ ਸਰੀਰਕ ਬਿਮਾਰੀਆਂ ਤੋਂ ਨਿਜਾਤ ਪਾ ਚੁੱਕੇ ਹਨ। ਜਿਨ੍ਹਾਂ ਲਈ ਉਨ੍ਹਾਂ ਨੂੰ ਪਹਿਲਾਂ ਦਵਾਈਆਂ ਦਾ ਰੋਜ਼ਾਨਾ ਸੇਵਨ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਗਾ ਕਲਾਸਾਂ ਦਾ ਕੋਈ ਵੀ ਵਿਅਕਤੀ ਹਿੱਸਾ ਬਣ ਸਕਦਾ ਹੈ।ਉਨ੍ਹਾਂ ਦੱਸਿਆ ਕਿ ਕੇਵਲ ਇੱਕ ਫ਼ੋਨ ਕਾਲ ਦੇ ਜ਼ਰੀਏ ਕਿਸੇ ਵੀ ਨਵੀਂ ਥਾਂ 'ਤੇ 25 ਸਾਧਕਾਂ ਦਾ ਗਰੁੱਪ ਫ਼ੋਨ ਨੰ. 76694-00500 'ਤੇ ਸੰਪਰਕ ਕਰਕੇ ਯੋਗਾ ਟ੍ਰੇਨਰ ਦੀਆਂ ਸੇਵਾਵਾਂ ਲੈ ਸਕਦਾ ਹੈ, ਜਿਸ ਲਈ ਪੰਜਾਬ ਸਰਕਾਰ ਵੱਲੋਂ ਕੋਈ ਫ਼ੀਸ ਨਹੀਂ ਲਈ ਜਾਂਦੀ।



# ਡੀ ਐੱਮ ਐੱਫ ਦੀ ਅਗਵਾਈ 'ਚ ਕੀਤੀ ਰੋਸ ਰੈਲੀ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਕੇਂਦਰੀ ਟਰੇਡ ਯੂਨੀਅਨ ਵੱਲੋਂ ਦੇਸ਼ ਪੱਧਰ 'ਤੇ ਰੋਸ ਰੈਲੀਆ ਕਰਨ ਦੇ ਸੱਦੇ ਤਹਿਤ ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ ਦੀਆਂ ਗੜ੍ਹਸ਼ੰਕਰ ਵਿੱਚ ਸੰਘਰਸ਼ਸ਼ੀਲ ਜਥੇਬੰਦੀਆਂ ਡੈਮੋਕਰੇਟਿਕ ਟੀਚਰਜ ਫਰੰਟ ਪੰਜਾਬ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਪੰਜਾਬ, ਪੇਂਡੂ ਮਜ਼ਦੂਰ ਯੂਨੀਅਨ, ਡੈਮੋਕਰੇਟਿਕ ਪੈਨਸ਼ਨਰ ਫਰੰਟ, ਕਿਰਤੀ ਕਿਸਾਨ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਸਥਾਨਕ ਅਨੰਦਪੁਰ ਸਾਹਿਬ ਚੌਂਕ ਵਿੱਚ ਸਥਿਤ ਬਾਬਾ ਗੁਰਦਿੱਤ ਸਿੰਘ ਪਾਰਕ ਰੋਸ ਰੈਲੀ ਕੀਤੀ ਗਈ। ਇਸ ਸਮੇਂ ਰੈਲੀ ਨੂੰ ਸੰਬੋਧਨ ਕਰਦਿਆਂ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਬਲਕਾਰ ਸਿੰਘ ਮੰਗਾਣੀਆਂ,ਖੁਸ਼ਵਿੰਦਰ ਕੌਰ, ਬਲਵੀਰ ਸਿੰਘ ਖਾਨਪੁਰੀ,ਹੰਸ ਰਾਜ ਗੜ੍ਹਸ਼ੰਕਰ, ਪਰਮਜੀਤ ਚੌਹੜਾ ਤੇ ਪ੍ਰਿੰਸੀਪਲ ਬਿੱਕਰ ਸਿੰਘ ਨੇ ਕਿਹਾ ਕਿ ਕਾਰਪੋਰੇਟ ਸੇਧਤ ਆਰਥਿਕ ਨੀਤੀਆਂ ਤਹਿਤ ਕੇਂਦਰ ਤੇ ਰਾਜ ਸਰਕਾਰਾਂ ਮਜ਼ਦੂਰ, ਮੁਲਾਜ਼ਮ ਅਤੇ ਕਿਸਾਨਾਂ ਨੂੰ ਮਿਲਦੀਆਂ ਹੋਈਆਂ ਸਹੂਲਤਾਂ ਨੂੰ ਖਤਮ ਕਰ ਰਹੀਆਂ ਹਨ। ਮਜ਼ਦੂਰਾਂ ਤੇ ਮੁਲਾਜ਼ਮਾਂ ਦੇ ਹੱਕ ਵਿੱਚ ਬਣੇ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟਾਂ ਦੇ ਹੱਕਾਂ ਵਿੱਚ ਕਿਰਤ ਕੋਡ ਬਣਾਏ ਜਾ ਰਹੇ ਹਨ ਉਹਨਾਂ ਕਿਰਤੀ ਵਰਗ ਨੂੰ ਸੱਦਾ ਦਿੱਤਾ ਕਿ ਉਹ ਇਹਨਾਂ ਨੀਤੀਆਂ ਦਾ ਡੱਟ ਕੇ ਵਿਰੋਧ ਕਰਨ ਅਤੇ ਸਮਾਜਵਾਦੀ ਸਮਾਜ ਸਿਰਜਣ ਲਈ ਸੰਘਰਸ਼ ਕਰਨ ਲਈ ਤਿਆਰ ਰਹਿਣ। ਇਸ ਵੇਲੇ ਗੁਰਮੇਲ ਸਿੰਘ, ਜਰਨੈਲ ਸਿੰਘ, ਸਤਪਾਲ ਕਲੇਰ, ਜਗਦੀਪ ਕੁਮਾਰ, ਮਨਪ੍ਰੀਤ ਬੋਹਾ,ਦਵਿੰਦਰ ਸਿੰਘ, ਰਾਜਦੀਪ ਸਿੰਘ, ਨਿਰਭੈ ਸਿੰਘ, ਨਰਿੰਦਰ ਕੁਮਾਰ, ਰਜੇਸ਼ ਕੁਮਾਰ, ਮਨਦੀਪ ਕੁਮਾਰ, ਪ੍ਰਿਅੰਕਾ ਭਾਟੀਆ, ਮੈਡਮ ਸਾਰਾ ਸਿੱਧੂ, ਕਮਲਾ ਦੇਵੀ,ਆਸ਼ਾ ਵਰਕਰ ਕੁਲਦੀਪ ਕੌਰ, ਪਰਮਜੀਤ ਕੌਰ, ਗੀਤਿਕਾ,ਅਮਰਜੀਤ ਕੌਰ ਰਾਮਪੁਰ ਬਿਲੜੋਂ,ਮਨਜੀਤ ਸਿੰਘ ਬੰਗਾ,ਵਿਨੇ ਕੁਮਾਰ,ਪਰਦੀਪ ਕੁਮਾਰ ਆਦਿ ਹਾਜ਼ਰ ਸਨ।

# ਔਰਤ ਨਾਲ ਕੁੱਟਮਾਰ ਕਰਨ ਵਾਲੀਆਂ ਦੋ ਔਰਤਾਂ ਸਮੇਤ ਪੰਜ ਵਿਅਕਤੀਆਂ ਵਿਰੁੱਧ ਕੇਸ ਦਰਜ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਸ੍ਰੀ ਚਮਕੌਰ ਸਾਹਿਬ ਪੁਲਸ ਨੇ ਇੰਦਰਾ ਕਲੋਨੀ ਨਿਵਾਸੀ ਇੱਕ ਔਰਤ ਨਾਲ ਕੁੱਟਮਾਰ ਕਰਨ ਵਾਲੀਆਂ ਦੋ ਔਰਤਾਂ ਸਮੇਤ ਪੰਜ ਵਿਅਕਤੀਆਂ ਵਿਰੁੱਧ ਕੇਸ ਦਰਜ ਕਰਕੇ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇੰਦਰਾ ਕਲੋਨੀ ਨਿਵਾਸੀ ਮੱਛਲਾ ਪਤਨੀ ਗੁਰਮੀਤ ਰਾਮ ਵੱਲੋਂ ਪੁਲਸ ਨੂੰ ਲਿਖਵਾਏ ਬਿਆਨ ਵਿੱਚ ਦੱਸਿਆ ਕਿ ਉਕਤ ਮੁਲਜ਼ਮਾਂ ਦੀ ਉਸ ਦੇ ਭਰਾ ਰੋਸ਼ਨ ਨਾਲ ਲੜਾਈ ਸੀ, ਪ੍ਰੰਤੂ ਉਸ ਦਾ ਘਰ ਇਨ੍ਹਾਂ ਦੋਹਾਂ ਦੇ ਘਰਾਂ ਵਿਚਕਾਰ ਹੈ। ਬੀਤੇ ਕੱਲ ਉਹ ਆਪਣੇ ਘਰ ਕੰਮ ਕਰ ਰਹੀ ਸੀ ਕਿ ਉਸ ਭਰਾ ਨਾਲ ਲੜਦੇ ਹੋਏ ਇਹ ਸਾਰੇ ਉਸ ਨੂੰ ਵੀ ਗਾਲੀ-ਗਲੋਚ ਕਰਨ ਲੱਗੇ ਅਤੇ ਰਿੰਕੂ, ਬੌਬੀ, ਵਿੱਕੀ, ਸਾਹਿਲ, ਅਮਨ, ਅਮਰੋ ਤੇ ਗੀਨਾ ਨੇ ਉਸ ਨਾਲ ਮਾਰਕੁੱਟ ਕੀਤੀ, ਜਿਸ ਕਾਰਨ ਉਸ ਦੇ ਸੱਟਾਂ ਲੱਗੀਆਂ। ਉਨ੍ਹਾਂ ਦੱਸਿਆ ਕਿ ਮੱਛਲਾ ਪਤਨੀ ਗੁਰਮੀਤ ਰਾਮ ਦੇ ਬਿਆਨ ਦੇ ਆਧਾਰ ਤੇ ਉਕਤ ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰਕੇ ਉਨ੍ਹਾਂ ਦੀ ਗ੍ਰਿਫਤਾਰੀ ਲਈ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਜ਼ਦੂਰੀ ਨਾ ਮਿਲਣ 'ਤੇ ਕੀਤਾ ਮੁਜ਼ਾਹਰਾ ਤੇ ਦਿੱਤਾ ਮੰਗ ਪੱਤਰ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**— ਬਲਾਕ ਹੁਸ਼ਿਆਰਪੁਰ-2,ਅਧੀਨ ਪ੍ਰਬੰਧਕ ਲਗਣ ਸਮੇਂ ਪਿੰਡਾਂ ਵਿਚ ਲਗਭਗ 37 ਦੇ ਕਰੀਬ ਮਜਦੂਰਾਂ ਵਲੋਂ ਬੀਡੀਪੀਓ-ਪੰਚਾਇਤ ਸਕੱਤਰਾਂ ਅਤੇ ਜੇਈ ਦੇ ਅਧੀਨ 8 ਪਿੰਡਾਂ ਵਿਚ ਕੀਤੇ ਕੰਮਾਂ ਦੀ ਲੱਖਾਂ ਰੁਪਏ ਦੀ ਬਣਦੀ ਮਜਦੂਰੀ ਵਾਰ ਵਾਰ ਮੰਗ ਪੱਤਰ ਦੇਣ ਦੇ ਬਾਵਜੂਦ ਨਾ ਦੇਣ ਨੂੰ ਲੈ ਕੇ ਮਿੰਨੀ ਸੈਕਟ੍ਰੀਏਟ ਦੇ ਬਾਹਰ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਪਾਤੀ ਰਾਮ ਦੀ ਅਗਵਾਈ ਵਿਚ ਮੁਜ਼ਾਹਰਾ ਕੀਤਾ ਤੇ ਬਾਅਦ ਵਿਚ ਉਚ ਅਧਿਕਾਰੀਆਂ ਦਾ ਮੀਟਿੰਗ ਵਿਚ ਰੁਝੇਵਿਆਂ ਕਾਰਨ ਸੁਪਰਡੈਂਟ ਗ੍ਰੇਡ-1 ਬਲਕਾਰ ਸਿੰਘ ਨੂੰ ਤੀਸਰਾ ਮੰਗ ਪਤੱਰ ਦਿੱਤਾ ਤੇ ਦਸਿਆ ਕਿ ਹੇਠਲੇ ਪਧੱਰ ਦੇ ਅਧਿਕਾਰੀ ਆਪਣੇ ਹੀ ਉਚ ਅਧਿਕਾਰੀਆਂ ਦੇ ਕਹਿਣੇ ਵਿਚ ਨਹੀਂ ਹਨ ਤੇ ਕੋਈ ਪ੍ਰਵਾਹ ਨਹੀਂ ਕਰਦੇ।2024 ਵਿਚ ਪੰਚਾਇਤਾਂ ਭੰਗ ਹੋਣ ਤੋਂ ਬਾਅਦ ਪ੍ਰਬੰਧਕ ਲਗਣ 'ਤੇ 8 ਪਿੰਡਾਂ ਫੁਗਲਾਨਾ, ਰਾਜਪੁਰ, ਮੁੱਖਲੀਆਨਾ, ਪਦਮਾ, ਹੁਕੜਾਂ, ਪੱਟੀ, ਬੋਹਨ ਅਤੇ ਖੇੜਾ ਵਿਚ ਮਿਸਤਰੀ ਅਤੇ ਮਜਦੂਰੀ ਦਾ ਕੰਮ ਕਰਨ ਵਾਲਿਆਂ ਨੂੰ ਅਦਾਇਗੀ ਨਹੀਂ ਕੀਤੀ ਗਈ।ਜਿਸ ਦੀ ਕੁਲ ਉਜਰਤ 7,8 ਲੱਖ ਦੇ ਲਗਭਗ ਬਣਦੀ ਹੈ।ਜਦੋਂ ਠੇਕੇਦਾਰ ਕਈ ਵਾਰ ਜੇਈ ਗੁਰਦੀਪ ਸਿੰਘ ਦੇ ਵੀ ਮਾਮਲਾ ਧਿਆਨ ਵਿਚ ਲਿਆ ਚੁੱਕੇ ਹਨ ਪਰ ਉਨ੍ਹਾਂ ਨੇ ਵੀ ਕੋਈ ਮਜਦੂਰਾਂ ਦੀ ਸੁਣਵਾਈ ਵੀ ਨਹੀਂ ਕੀਤੀ।ਇਸੇ ਤਰ੍ਹਾਂ ਮਜਦੂਰ ਅਤੇ ਠੇਕੇਦਾਰ ਕਈ ਵਾਰ ਪੰਚਾਇਤ ਸਕੱਤਰ ਬਲਵਿੰਦਰ ਕੁਮਾਰ ਅਤੇ ਮੁਕੇਸ਼ ਕੁਮਾਰ ਨੂੰ ਕਹਿ ਚੁੱਕੇ ਹਨ ਜੋ ਕਿ ਉਸ ਸਮੇਂ ਪਿੰਡਾਂ ਪ੍ਰਬੰਧਕ ਸਨ।ਇਸੇ ਤਰ੍ਹਾਂ ਛਾਉਣੀ ਕਲਾਂ ਵਿਚ ਨਿਹਾਲ ਸਿੰਘ ਦਾ ਜੇਈ ਵੱਲ 55000 ਰੁਪਇਆ ਨਹੀਂ ਮਿਲ ਰਿਹਾ।ਧੀਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਹੁਸ਼ਿਆਰਪੁਰ ਬਲਾਕ -1 ਵਿਚ ਪੰਚਾਇਤ ਸਕੱਤਰ ਵੱਲ ਠੇਕੇਦਾਰ ਪਾਤੀ ਰਾਮ ਦਾ 1 ਲੱਖ 25 ਹਜਾਰ ਰੁਪਇਆ ਬਕਾਇਆ ਖੜਾ ਹੈ,ਪਰ ਜਾਣਬੁਝ ਕੇ ਨਹੀਂ ਦਿੱਤਾ ਜਾ ਰਿਹਾ ਜਦੋਂ ਕਿ ਉਹ ਸਕੱਤਰ ਰੀਟਾਇਰ ਵੀ ਹੋ ਚੁੱਕਾ ਹੈ।ਧੀਮਾਨ ਨੇ ਕਿਹਾ ਕਿ ਜਦੋਂ ਮਜਦੂਰਾਂ ਵਲੋਂ ਕੀਤੀ ਉਜਰਤ ਦੇ ਪੈਸੇ ਨਹੀਂ ਦਿੱਤੇ ਜਾਂਦੇ ਉਦੋਂ ਤੱਕ ਅੰਦੋਲਨ ਜਾਰੀ ਰਖਿਆ ਜਾਵੇਗਾ। ਇਸ ਮੌਕੇ ਵੀਰਾ ਵਤੀ, ਛਮਾ ਦੇਵੀ, ਰਮਾ ਦੇਵੀ,ਵੇਦ ਪਾਲ,ਅਜੇ ਕੁਮਾਰ, ਵਿਨੋਦ ਕੁਮਾਰ,ਅਸ਼ੋਕ ਕੁਮਾਰ, ਦੀਪਕ ਕੁਮਾਰ ਆਦਿ ਹਾਜਰ ਸਨ।



# ਫ਼ੈਜ਼ ਦੀ ਵਿਸ਼ਵ ਪ੍ਰਸਿੱਧ ਨਜ਼ਮ 'ਹਮ ਦੇਖੇਂਗੇ' ਪੜ੍ਹਨਾ ਵੀ ਗੁਨਾਹ ਹੋ ਗਿਆ : ਪਲਸ ਮੰਚ

**ਜਲੰਧਰ** : ਬਹੁਤ ਹੀ ਅਫ਼ਸੋਸਨਾਕ ਹੈ ਕਿ ਨਾਗਪੁਰ ਦੀ ਸੀਤਾਬਲਦੀ ਪੁਲਸ ਨੇ ਸ਼ਨੀਵਾਰ ਨੂੰ ਸਮਾਜਕ ਕਾਰਕੁਨ, ਮਰਹੂਮ ਅਦਾਕਾਰ ਅਤੇ ਮਨੁੱਖੀ ਹੱਕਾਂ ਦੇ ਕਾਰਕੁਨ ਵਿਰਾ ਸਾਥੀਦਾਰ ਦੀ ਪਤਨੀ ਪੁਸ਼ਪਾ ਸਾਥੀਦਾਰ ( 51) ਖ਼ਿਲਾਫ਼ ਕੇਸ ਦਰਜ ਕੀਤਾ ਹੈ।ਪੰਜਾਬ ਲੋਕ ਸੱਭਿਆਚਾਰਕ ਮੰਚ ( ਪਲਸ ਮੰਚ ) ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਲਿਖਤੀ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਪਲਸ ਮੰਚ ਅਜਿਹੇ ਫਾਸ਼ੀ ਫੁਰਮਾਨਾ ਦੀ ਤਿੱਖੀ ਆਲੋਚਨਾ ਕਰਦਾ ਹੋਇਆ ਇਹਨਾਂ ਨੂੰ ਲੋਕਾਂ ਦੇ ਮੁਢਲੇ ਸੰਵਿਧਾਨਕ ਅਤੇ ਮਾਨਵੀ ਹੱਕਾਂ ਉਪਰ ਨੰਗਾ ਚਿੱਟਾ ਡਾਕਾ ਮਾਰਨਾ ਸਮਝਦਾ ਹੈ।ਪਲਸ ਮੰਚ ਨੇ ਸਮੂਹ ਲੋਕ-ਪੱਖੀ ਸਾਹਿਤਕਾਰਾਂ, ਲੇਖਕਾਂ, ਕਵੀਆਂ, ਰੰਗਕਰਮੀਆਂ, ਲੋਕ ਸਰੋਕਾਰਾਂ ਨਾਲ ਜੁੜੇ ਫ਼ਿਲਮਸਾਜ਼ਾਂ, ਚਿੱਤਰਕਾਰਾਂ, ਜਮਹੂਰੀਅਤ ਅਤੇ ਇਨਸਾਫਪਸੰਦ ਲੋਕਾਂ ਨੂੰ ਅਜਿਹੇ ਧੱਕੜ ਅਤੇ ਗੈਰ ਜਮਹੂਰੀ ਕਦਮਾਂ ਖ਼ਿਲਾਫ਼ ਆਵਾਜ਼ ਉਠਾਉਣ ਦੀ ਅਪੀਲ ਕੀਤੀ ਹੈ।ਉਹਨਾਂ ਆਗੂਆਂ ਨੇ ਦੱਸਿਆ ਕਿ ਇਹ ਕੇਸ ਕੇਂਦਰੀ ਨਾਗਪੁਰ ਵਿੱਚ ਇੱਕ ਸਮਾਰੋਹ ਦੌਰਾਨ ਉਨ੍ਹਾਂ ਵੱਲੋਂ ਉਰਦੂ ਸ਼ਾਇਰ ਫ਼ੈਜ਼ ਅਹਿਮਦ ਫ਼ੈਜ਼ ਦੀ ਮਸ਼ਹੂਰ ਨਜ਼ਮ 'ਹਮ ਦੇਖੇਂਗੇ' ਸਾਂਝੀ ਕਰਨ 'ਤੇ ਹੋਇਆ ਹੈ।ਇਹ ਸਮਾਗਮ ਵਿਰਾ ਸਾਥੀਦਾਰ ਸਮ੍ਰਿਤੀ ਸਮਨਵੈ ਸਮਿਤੀ ਵਲੋਂ ਸਮਤਾ ਕਲਾ ਮੰਚ ਨਾਲ ਮਿਲ ਕੇ ਝਾਂਸੀ ਰਾਣੀ ਚੌਂਕ ਨੇੜੇ ਇਕ ਹਾਲ ਵਿੱਚ ਕਰਵਾਇਆ ਗਿਆ। ਸਮਤਾ ਕਲਾ ਮੰਚ ਇੱਕ ਅੰਬੇਡਕਰ ਵਾਦੀ ਸਾਂਝੀ ਸੱਭਿਆਚਾਰਕ ਜਥੇਬੰਦੀ ਹੈ ਜੋ ਕਲਾ ਰਾਹੀਂ ਪ੍ਰਤਿਰੋਧ ਦਾ ਚਿੰਨ੍ਹ ਹੈ।ਪੁਲਸ ਮੁਤਾਬਕ, ਦੱਤਾ ਸ਼ਿਰਕੇ ਨਾਂ ਦੇ ਇੱਕ ਸੱਜੇ-ਪੱਖੀ ਕਾਰਕੁਨ ਵਲੋਂ ਕੀਤੀ ਸ਼ਿਕਾਇਤ 'ਤੇ ਐੱਫ ਆਈ ਆਰ ਦਰਜ ਕੀਤੀ ਗਈ । ਸ਼ਿਕਾਇਤਕਰਤਾ ਨੇ ਦਾਅਵਾ ਕੀਤਾ ਕਿ ਨਾਟਕ ਅਤੇ ਭਾਸ਼ਣਾਂ ਵਿੱਚ ਭੜਕਾਊ ਸਮੱਗਰੀ ਸੀ। ਉਨ੍ਹਾਂ ਨੇ ਫਾਸ਼ਿਸ਼ਟ ਦੌਰ ਅਤੇ ਤਖ਼ਤ ਹਿਲਾਉ ਵਰਗੀਆਂ ਗੱਲਾਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਇਹ ਬਿਆਨ ਲੋਕਾਂ ਵਿਚ ਟਕਰਾਅ ਪੈਦਾ ਕਰ ਸਕਦੇ ਹਨ।ਫ਼ੈਜ਼ ਵਲੋਂ 1979 'ਚ ਲਿਖੀ ਗਈ ਨਜ਼ਮ 'ਹਮ ਦੇਖੇਂਗੇ', 1986 ਵਿੱਚ ਇਕਬਾਲ ਬਾਨੋ ਵਲੋਂ ਗਾਈ ਗਈ ਅਤੇ ਇਹ ਨਜ਼ਮ ਬਾਅਦ ਵਿੱਚ ਵੱਖ-ਵੱਖ ਦੇਸ਼ਾਂ ਵਿੱਚ ਪ੍ਰਤਿਰੋਧ ਤੇ ਉਮੀਦ ਦੀ ਆਵਾਜ਼ ਬਣੀ।ਪੁਸ਼ਪਾ ਸਾਥੀਦਾਰ ਇੱਕ ਪੁਰਾਣੀ ਸਮਾਜਕ ਕਾਰਕੁਨ ਹਨ ਜੋ ਜ਼ਮੀਨੀ ਪੱਧਰ 'ਤੇ ਕੰਮ ਕਰਦੀ ਹੈ। ਉਨ੍ਹਾਂ ਦੇ ਪਤੀ ਵਿਰਾ ਸਾਥੀਦਾਰ ਨੇ ਚੈਤਨਯ ਤਾਮਹਾਣੇ ਦੀ 2014 ਦੀ ਫਿਲਮ ਕੋਰਟ ਵਿੱਚ ਗੀਤਕਾਰ ਦੀ ਭੂਮਿਕਾ ਨਿਭਾ ਕੇ ਰਾਸ਼ਟਰੀ ਪੱਧਰ 'ਤੇ ਪਛਾਣ ਬਣਾਈ। ਇਹ ਫਿਲਮ ਆਸਕਰ ਇਨਾਮਾਂ ਲਈ ਭਾਰਤ ਵੱਲੋਂ ਅਧਿਕਾਰਕ ਦਾਖ਼ਲਾ ਸੀ ਅਤੇ ਇਸ ਨੇ ਰਾਸ਼ਟਰੀ ਫਿਲਮ ਇਨਾਮ ਵੀ ਜਿੱਤਿਆ ਸੀ। ਕੋਵਿਡ-19 ਕਾਰਨ ਆਖ਼ਰੀ ਦਮ ਤੱਕ ਵਿਰਾ ਸਾਥੀਦਾਰ ਪ੍ਰਬੰਧ ਦੇ ਵਜੂਦ-ਸਮੋਈ ਨਾਬਰਾਬਰੀ ਤੇ ਹਕੂਮਤੀ ਜਬਰ ਵਿਰੁੱਧ ਆਵਾਜ਼ ਉਠਾਉਂਦੇ ਰਹੇ।ਸੀਤਾਬਲਦੀ ਪੁਲਸ ਇੰਸਪੈਕਟਰ ਵਿੱਠਲ ਸਿੰਘ ਰਾਜਪੂਤ ਨੇ ਪੁਸ਼ਟੀ ਕੀਤੀ ਕਿ ਪੁਸ਼ਪਾ ਸਾਥੀਦਾਰ ਵਿਰੁੱਧ ਭਾਰਤੀ ਨਿਆਯ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਹੇਠ ਕੇਸ ਦਰਜ ਕੀਤਾ ਗਿਆ ਹੈ, ਜਿਵੇਂ ਕਿ ਧਾਰਾ 152 (ਭਾਰਤ ਦੀ ਅਖੰਡਤਾ ਤੇ ਏਕਤਾ ਨੂੰ ਖਤਰੇ ਵਿੱਚ ਪਾਉਣਾ), 196 (ਵੱਖ-ਵੱਖ ਸਮੂਹਾਂ ਵਿਚਕਾਰ ਵੈਰ ਵਧਾਉਣਾ), 353 (ਜਨਤਕ ਅਮਨ-ਅਮਾਨ ਵਿੱਚ ਖਲਲ ਪਾਉਣ ਵਾਲੇ ਬਿਆਨ) ਅਤੇ 3(5) (ਸਾਂਝੀ ਨਿਯਤ)। ਪੰਜਾਬ ਲੋਕ ਸਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਪ੍ਰੈਸ ਨਾਲ ਇਹ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪਲਸ ਮੰਚ ਆਪਣੇ ਸਮਾਗਮਾਂ ਮੌਕੇ ਇਹ ਨਜ਼ਮ ਭਵਿੱਖ ਵਿੱਚ ਲਾਜ਼ਮੀ ਸ਼ਾਮਲ ਕਰਕੇ ਅਜਿਹੇ ਫਿਰਕੂ ਫਾਸ਼ੀ ਹੱਲੇ ਦੇ ਕਦਮਾਂ ਖ਼ਿਲਾਫ਼ ਨਾਬਰੀ ਦੀ ਆਵਾਜ਼ ਬੁਲੰਦ ਕਰਦਾ ਰਹੇਗਾ।



# ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ ਵਿਖੇ ਦਾਖਲੇ ਜਾਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**— ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ ਵਾਇਸ ਚਾਂਸਲਰ ਪ੍ਰੋਫ਼ੈਸਰ (ਡਾ.) ਕਰਮਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਪ੍ਰਿੰਸੀਪਲ (ਡਾ.) ਜਗਸੀਰ ਸਿੰਘ ਬਰਾੜ ਦੀ ਅਗਵਾਈ ਵਿੱਚ ਚੱਲ ਰਹੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿੱਚ ਸੈਸ਼ਨ 2025-26 ਲਈ ਦਾਖਲਿਆਂ ਦੀ ਪ੍ਰਕਿਰਿਆ ਜਾਰੀ ਹੈ। ਵਿਦਿਆਰਥੀਆਂ ਅਤੇ ਮਾਪਿਆਂ ਵੱਲੋਂ ਕਾਲਜ ਕੈਂਪਸ ਵਿੱਚ ਸਥਾਪਿਤ ਰਜਿਸਟ੍ਰੇਸ਼ਨ ਡੈਸਕ ਉਤੇ ਲਗਾਤਾਰ ਦੌਰੇ ਕੀਤੇ ਜਾ ਰਹੇ ਹਨ ਅਤੇ ਇਸ ਸੰਸਥਾ ਦੇ ਮਿਸ਼ਨ ਤੋਂ ਕਾਫੀ ਪ੍ਰਭਾਵਿਤ ਹੁੰਦੇ ਹੋਏ ਦਾਖਲਾ ਲੈਣ ਲਈ ਉਤਸ਼ਾਹ ਦਿਖਾਇਆ ਜਾ ਰਿਹਾ ਹੈ।ਕਾਲਜ ਦੇ ਪ੍ਰਿੰਸੀਪਲ (ਡਾ.) ਜਗਸੀਰ ਸਿੰਘ ਬਰਾੜ ਨੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਮੁਹੱਈਆ ਹਰ ਪ੍ਰਕਾਰ ਦੀਆਂ ਸਹੂਲਤਾਂ ਅਤੇ ਵਜੀਫੇ ਪ੍ਰਦਾਨ ਕਰਨ ਵਾਲੀ ਇਸ ਸੰਸਥਾ ਵਿੱਚ ਹਰ ਰੋਜ਼ ਵਿਦਿਆਰਥੀਆਂ ਦੀ ਭਾਰੀ ਗਿਣਤੀ ਰਜਿਸਟ੍ਰੇਸ਼ਨ ਲਈ ਆ ਰਹੀ ਹੈ ਅਤੇ ਉਨ੍ਹਾਂ ਨੂੰ ਕਾਲਜ ਸਟਾਫ਼ ਵੱਲੋਂ ਸਾਰੀ ਜਾਣਕਾਰੀ ਤੇ ਮਾਰਗ-ਦਰਸ਼ਨ ਉਪਲੱਬਧ ਕਰਵਾਇਆ ਜਾ ਰਿਹਾ ਹੈ।

# ਨਸ਼ਾ ਮੁਕਤੀ ਯਾਤਰਾ ਮੁਹਿੰਮ ਤਹਿਤ ਜ਼ਿਲ੍ਹੇ 'ਚ ਜਾਗਰੂਕਤਾ ਮੁਹਿੰਮ ਜ਼ੋਰਾਂ 'ਤੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖ਼ਤਮ ਕਰਨ ਲਈ ਚਲਾਈ ਜਾ ਰਹੀ ਰਾਜ ਵਿਆਪੀ ਮੁਹਿੰਮ ਤਹਿਤ ਸੋਮਵਾਰ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿਚ ਨਸ਼ਾ ਮੁਕਤੀ ਯਾਤਰਾਵਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਯਾਤਰਾਵਾਂ ਵਿਚ ਸਥਾਨਕ ਵਿਧਾਇਕਾਂ, ਪ੍ਰਸ਼ਾਸਨਿਕ ਅਧਿਕਾਰੀਆਂ, ਸਮਾਜਿਕ ਸੰਗਠਨਾਂ, ਨੌਜਵਾਨਾਂ ਅਤੇ ਨਾਗਰਿਕਾਂ ਨੇ ਉਤਸ਼ਾਹ ਨਾਲ ਭਾਗ ਲਿਆ।ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਅਜੜਾਮ, ਮੇਘੋਵਾਲ ਅਤੇ ਬੱਬੋਵਾਲ ਵਿਚ ਨਸ਼ਾ ਵਿਰੋਧੀ ਜਾਗਰੂਕਤਾ ਰੈਲੀ ਕੱਢੀ ਗਈ। ਚੱਬੇਵਾਲ ਵਿਧਾਨ ਸਭਾ ਹਲਕੇ ਵਿਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਡਾ. ਇਸ਼ਾਂਕ ਨੇ ਅਜਨੋਹਾ, ਟੋਡਰਪੁਰ ਅਤੇ ਨਡਾਲੋਂ ਵਿਚ ਯਾਤਰਾਵਾਂ ਦੀ ਅਗਵਾਈ ਕੀਤੀ। ਗੜ੍ਹਸ਼ੰਕਰ ਵਿਚ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਡੋਗਰਪੁਰ, ਰਸੂਲਪੁਰ ਅਤੇ ਗੋਲੇਵਾਲ ਵਿਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ। ਹੁਸ਼ਿਆਰਪੁਰ ਵਿਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਅਗਵਾਈ ਹੇਠ ਬਹਾਦਰਪੁਰ ਬਾਹੀਆਂ, ਮੰਨਣ ਅਤੇ ਬੱਸੀ ਹਸਤ ਖਾਂ ਵਿਚ ਰੈਲੀਆਂ ਦਾ ਆਯੋਜਨ ਕੀਤਾ ਗਿਆ। ਉੜਮੁੜ ਟਾਂਡਾ ਵਿਧਾਨ ਸਭਾ ਹਲਕੇ ਵਿਚ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਝੁਲਪੁਰ ਅਤੇ ਟਾਹਲੀ ਵਿਚ ਮੁਹਿੰਮ ਦੀ ਸ਼ੁਰੂਆਤ ਕੀਤੀ। ਦਸੂਹਾ ਵਿਚ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਚਾਵਰੀਆਂ, ਤਕੀਪੁਰ ਅਤੇ ਮੁਡੀਆਂ ਵਿਚ ਨਸ਼ਾ ਮੁਕਤੀ ਯਾਤਰਾਵਾਂ ਚਲਾਈਆਂ ਅਤੇ ਮੁਕੇਰੀਆਂ ਵਿਧਾਨ ਸਭਾ ਹਲਕੇ ਵਿਚ ਹਲਕਾ ਇੰਚਾਰਜ ਪ੍ਰੋ. ਜੀ.ਐਸ ਮੁਲਤਾਨੀ ਨੇ ਬੰਬੋਵਾਲ, ਸਿਘੋਵਾਲ ਅਤੇ ਧੰਗੋਵਾਲ ਵਿਚ ਰੈਲੀਆਂ ਦਾ ਸੰਚਾਲਨ ਕੀਤਾ।ਇਸ ਮੌਕੇ ਜਨ ਪ੍ਰਤੀਨਿਧੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਗੰਭੀਰ ਹੈ ਅਤੇ ਇਸ ਮੁਹਿੰਮ ਨੂੰ ਪੂਰੀ ਵਚਨਬੱਧਤਾ ਨਾਲ ਅੱਗੇ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਮੂਹਿਕ ਯਤਨ ਜ਼ਰੂਰੀ ਹਨ ਅਤੇ ਜਨਤਕ ਭਾਗੀਦਾਰੀ ਇਸ ਦਿਸ਼ਾ ਵਿਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਸਮਾਜ ਨੂੰ ਨਸ਼ੇ ਦੀ ਗ੍ਰਿਫਤ ਤੋਂ ਮੁਕਤ ਕਰਨ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ, ਅਤੇ ਅਜਿਹੇ ਜਾਗਰੂਕਤਾ ਯਾਤਰਾਵਾਂ ਲੋਕਾਂ ਨੂੰ ਪ੍ਰੇਰਿਤ ਕਰਨ ਵਿਚ ਸਹਾਈ ਸਾਬਤ ਹੋ ਰਹੀਆਂ ਹਨ।



# ਸਰਕਾਰ ਵੱਲੋਂ ਝੋਨੇ ਲਈ ਬਿਜਲੀ ਦੀ ਨਿਰਵਿਘਨ ਸਪਲਾਈ ਸੰਬੰਧੀ ਤਿਆਰੀਆਂ ਮੁਕੰਮਲ : ਹਰਭਜਨ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਹ ਜਾਣਕਾਰੀ ਇੱਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਦਿੱਤੀ ਗਈ। ਉਹਨਾਂ ਦੱਸਿਆ ਕਿ ਸੂਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ. ਵਿਧੀ) ਨੂੰ ਪ੍ਰਫੁੱਲਤ ਕਰਨ ਲਈ ਵਿਸ਼ੇਸ਼-ਨਿਰਦੇਸ਼ ਦਿੱਤੇ ਗਏ ਹਨ, ਜਿਸ ਦੇ ਮੱਦੇਨਜ਼ਰ ਇਸ ਵਾਰ ਝੋਨੇ ਦੀ ਸਿੱਧੀ ਬਿਜਾਈ ਹੇਠ ਪਿਛਲੇ ਸਾਲਾਂ ਨਾਲੋਂ ਪਹਿਲਾਂ ਹੀ ਸਮਾਂ ਸਾਰਣੀ ਜਾਰੀ ਕਰ ਦਿੱਤੀ ਗਈ ਹੈ। ਉਹਨਾਂ ਅੱਗੇ ਕਿਹਾ ਕਿ ਇੱਕ ਕਿਲੋ ਚੌਲ ਪੈਦਾ ਕਰਨ ਲਈ 3800 ਲੀਟਰ ਪਾਣੀ ਲੱਗਦਾ ਹੈ ਜਦਕਿ ਡੀ.ਐਸ.ਆਰ. ਵਿਧੀ ਰਾਹੀਂ 400-500 ਪ੍ਰਤੀ ਕਿਲੋ ਚੌਲ ਪਾਣੀ ਦੀ ਬਚਤ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਸੂਬਾ ਸਰਕਾਰ ਡੀ.ਐਸ.ਆਰ. ਵਿਧੀ ਰਾਹੀਂ ਝੋਨੇ ਦੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਪ੍ਰਤੀ ਏਕੜ ਸਬਸਿਡੀ ਦਿੰਦੀ ਹੈ।ਬਿਜਲੀ ਮੰਤਰੀ ਨੇ ਦੱਸਿਆ ਕਿ ਝੋਨੇ ਦੇ ਸੀਜ਼ਨ ਦੌਰਾਨ 8 ਘੰਟੇ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇਗੀ ਅਤੇ ਲੋੜ ਪੈਣ 'ਤੇ ਇਹ ਸਮਾਂ ਵਧਾਇਆ ਵੀ ਜਾ ਸਕਦਾ ਹੈ। ਸੂਬੇ ਵਿੱਚ ਝੋਨੇ ਦੀ ਬਿਜਾਈ ਅਤੇ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਪੜਾਅਵਾਰ ਢੰਗ ਨਾਲ ਨਿਰਧਾਰਿਤ ਸ਼ਡਿਊਲ ਅਨੁਸਾਰ ਕੀਤੀ ਜਾਵੇਗੀ। 15 ਮਈ ਤੋਂ 31 ਮਈ, 2025 ਤੱਕ ਝੋਨੇ ਦੀ ਸਿੱਧੀ ਬਿਜਾਈ ਕਰਨ ਨੂੰ ਮਨਜ਼ੂਰੀ ਹੈ। 1 ਜੂਨ ਤੋਂ, ਅੰਤਰ ਰਾਸ਼ਟਰੀ ਸਰਹੱਦ ਦੇ ਨਾਲ ਲੱਗਦੇ ਖੇਤਰਾਂ ਅਤੇ ਨਹਿਰੀ ਸਿੰਚਾਈ ਵਾਲੇ ਖੇਤਰਾਂ ਵਿੱਚ ਬਿਜਾਈ ਦੀ ਆਗਿਆ ਹੋਵੇਗੀ, ਜਿਸ ਵਿੱਚ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਸ਼ਾਮਲ ਹਨ। 5 ਜੂਨ ਤੋਂ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਅੰਮ੍ਰਿਤਸਰ, ਰੂਪਨਗਰ, ਐਸਏਐਸ ਨਗਰ (ਮੁਹਾਲੀ), ਫਤਿਹਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ ਵਿੱਚ ਬਿਜਾਈ ਸ਼ੁਰੂ ਕੀਤੀ ਜਾ ਸਕਦੀ ਹੈ। ਬਾਕੀ ਜ਼ਿਲ੍ਹੇ ਜਿਵੇਂ- ਲੁਧਿਆਣਾ, ਮਲੇਰਕੋਟਲਾ, ਮਾਨਸਾ, ਮੋਗਾ, ਪਟਿਆਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ - ਵਿੱਚ 9 ਜੂਨ ਤੋਂ ਬਿਜਾਈ ਸ਼ੁਰੂ ਹੋ ਜਾਵੇਗੀ।ਡੀ.ਐਸ.ਆਰ. ਅਧੀਨ ਖੇਤਰਾਂ ਲਈ 8 ਘੰਟੇ ਰੋਜ਼ਾਨਾ ਬਿਜਲੀ ਸਪਲਾਈ 15 ਮਈ ਤੋਂ ਸ਼ੁਰੂ ਹੋ ਚੁੱਕੀ ਹੈ। ਹੋਰ ਖੇਤਰਾਂ ਲਈ, 8 ਘੰਟੇ ਦੀ ਸਪਲਾਈ ਰਾਜ ਸਰਕਾਰ ਦੁਆਰਾ ਜਾਰੀ ਬਿਜਾਈ ਸ਼ਡਿਊਲ ਦੇ ਅਨੁਸਾਰ ਲਾਗੂ ਕੀਤੀ ਜਾਵੇਗੀ।



# ਸ਼ਹੀਦ ਬਾਬਾ ਮਤੀ ਮੈਮੋਰੀਅਲ ਪਬਲਿਕ ਹਾਈ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ

**ਆਦਮਪੁਰ, (ਪਰਮਜੀਤ ਸਿੰਘ)**- ਸ਼ਹੀਦ ਬਾਬਾ ਮੱਤੀ ਮੈਮੋਰੀਅਲ ਪਬਲਿਕ ਹਾਈ ਸਕੂਲ ਡਰੋਲੀ ਕਲਾਂ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਗੁਰ ਸਿਮਰਨ ਪੁੱਤਰੀ ਜਸਬੀਰ ਸਿੰਘ ਨੇ (587/650) 90% ਨੰਬਰ ਹਾਸਿਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਸਜੋਤ ਕੌਰ ਪੁੱਤਰੀ ਗੁਰਦਿਆਲ ਸਿੰਘ ਨੇ (575/650) 88.4% ਨੰਬਰ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਗਗਨ ਸ਼ਰਮਾ ਪੁੱਤਰੀ ਸੰਜੀਵ ਕੁਮਾਰ ਨੇ (559/650) 86% ਨੰਬਰ ਹਾਸਲ ਕਰ ਤੀਸਰਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਕੂਲ ਦੇ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੱਤਰ ਨਰਿੰਦਰ ਸਿੰਘ, ਪ੍ਰਿੰਸੀਪਲ ਤੇਜਾ ਸਿੰਘ, ਸਰਪੰਚ ਸੁਖਜਿੰਦਰ ਸਿੰਘ, ਸੰਤੋਖ ਸਿੰਘ, ਜਗਜੀਤ ਸਿੰਘ, ਬਿਕਰਮ ਸਿੰਘ, ਪ੍ਰਦੀਪ, ਰੀਨਾ ਰਾਣੀ, ਪਰਮਿੰਦਰ, ਜਸਪ੍ਰੀਤ ਕੌਰ, ਪਰਮਿੰਦਰ ਕੌਰ, ਜਸਦੀਪ ਕੌਰ, ਹਰਪ੍ਰੀਤ ਕੌਰ, ਰਾਜਵੀਰ ਕੌਰ, ਅਰਵਿੰਦਰ ਡਰਾਈਵਰ ਅਤੇ ਸਕੂਲ ਦੇ ਹੋਰ ਸਟਾਫ ਮੈਂਬਰ ਹਾਜ਼ਰ ਸਨ।





# ਟ੍ਰੈਫਿਕ ਪੁਲਸ ਵੱਲੋਂ ਲਾਰੈਂਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਜਾਗਰੂਕਤਾ ਸੈਮੀਨਾਰ

**ਮੋਹਾਲੀ,(ਗੁਰਜੀਤ ਬਿੱਲਾ)**- ਲਾਰੈਂਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਐਸ.ਏ.ਐਸ.ਨਗਰ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਵਰਤੋਂ ਨਾ ਕਰਨ ਸਬੰਧੀ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਖੇਡਾਂ ਵੱਲ ਜਾਣ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ।ਇਸ ਸੈਮੀਨਾਰ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਕੁਝ ਗਲਤ ਅਨਸਰਾਂ ਵੱਲੋਂ ਵਿਦਿਆਰਥੀਆਂ ਨੂੰ ਨਸ਼ੇ ਤੇ ਲਗਾ ਦਿੱਤਾ ਜਾਂਦਾ ਹੈ, ਇਸ ਲਈ ਅਜਿਹੇ ਮਾੜੇ ਅਨਸਰਾਂ ਤੋਂ ਆਪਣਾ ਬਚਾਅ ਰੱਖੋ। ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਮੋਟਰ ਵਹੀਕਲ ਐਕਟ ਦੀ ਧਾਰਾ 199 ਏ ਤਹਿਤ ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਹੀਕਲ ਚਲਾਉਂਦਾ ਹੈ ਤਾਂ ਉਸਦੇ ਮਾਪਿਆਂ ਨੂੰ 3 ਸਾਲ ਦੀ ਕੈਦ, 25 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ ਅਤੇ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਹੀਕਲ ਦੇਣ ਵਾਲੇ ਵਿਅਕਤੀ ਨੂੰ ਵੀ 3 ਸਾਲ ਦੀ ਸਜਾ ਜਾਂ ਜੁਰਮਾਨਾ ਹੋ ਸਕਦਾ ਹੈ।ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਚਲਾਈ ਗਈ ਚੰਗੇ ਸਾਮਾਰੀਟਨ (ਭਲੇ ਪੁਰਸ਼) ਨੂੰ ਪੁਰਸਕਾਰ ਦੇਣ ਦੀ ਯੋਜਨਾ ਸਕੀਮ ਬਾਰੇ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਐਕਸੀਡੈਂਟ ਹੋਏ ਵਿਅਕਤੀ ਦੀ ਮੱਦਦ ਕਰਦਾ ਹੈ ਤਾਂ ਉਸਨੂੰ 2000 ਰੁਪਏ ਸਰਕਾਰ ਵੱਲੋਂ (ਫਰਿਸ਼ਤੇ ਸਕੀਮ ਤਹਿਤ) ਦਿੱਤੇ ਜਾਣਗੇ।ਪ੍ਰਿੰਸੀਪਲ ਸਤੀਸ਼ ਕੁਮਾਰ, ਐਸ ਪੀ ਸਿੰਘ, ਸ਼ਸ਼ੀ ਕੁਮਾਰ, ਵਾਈਸ ਪ੍ਰਿੰਸੀਪਲ ਦੇਸ ਰਾਜ, ਸੋਨੀਆ ਬੱਗਾ, ਐਮ ਡੀ ਰੋਏ, ਸੋਨੀਆ ਗੋਇਲ, ਸੁਨੀਤਾ ਸਾਹਨੀ ਅਤੇ ਹੋਰ ਸਟਾਫ ਨੇ ਡੀ ਐਸ ਪੀ ਟ੍ਰੈਫਿਕ ਦਾ ਜਾਗਰੂਕਤਾ ਸਬੰਧੀ ਇਹ ਸੈਮੀਨਾਰ ਲਗਾਉਣ ਲਈ ਧੰਨਵਾਦ ਕੀਤਾ।



# ਚਰਨਜੀਤ ਸਿੰਘ ਵਾਲੀਆ ਦੀ ਚੌਥੀ ਬਰਸੀ ਮਨਾਈ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਗੁਰਦੁਆਰਾ ਕਲਗੀਧਰ ਸਿੰਘ ਸਭਾ ਵਿਖੇ ਚੇਅਰਮੈਨ ਮਾਤਾ ਸਾਹਿਬ ਕੌਰ ਨਰਸਿੰਗ ਕਾਲਜ, ਚੇਅਰਮੈਨ ਡਾਕਟਰ ਦਿਆਲ ਸਿੰਘ ਮੈਮੋਰੀਅਲ ਸਕੂਲ ਆਫ ਨਰਸਿੰਗ, ਮੈਨੇਜਿੰਗ ਡਾਇਰੈਕਟਰ ਤੇਗ਼ ਪ੍ਰੋਡਕਸ਼ਨ, ਪ੍ਰਧਾਨ ਪੰਜਾਬ ਨਰਸਿੰਗ ਟਰੇਨਿੰਗ ਇੰਸਟੀਟਿਊਟ ਐਸੋਸੀਏਸ਼ਨ, ਪ੍ਰਧਾਨ ਪੰਜਾਬੀ ਫਿਲਮ ਪ੍ਰੋਡਿਊਸਰਜ਼ ਐਸੋਸੀਏਸ਼ਨ, ਚੇਅਰਮੈਨ ਨਵਾਬ ਜੱਸਾ ਸਿੰਘ ਆਹਲੂਵਾਲੀਆ ਚੈਰੀਟੇਬਲ ਟਰੱਸਟ, ਸਵਰਗੀ ਚਰਨਜੀਤ ਸਿੰਘ ਵਾਲੀਆ ਦੀ ਚੌਥੀ ਬਰਸੀ ਮਨਾਈ ਗਈ। ਇਸ ਮੌਕੇ ਰੱਖੇ ਗਏ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਦੇ ਇਲਾਹੀ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ। ਇਸ ਮੌਕੇ ਵਿੱਦਿਅਕ, ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸ਼ਖਸ਼ੀਅਤਾਂ ਵੱਲੋਂ ਸਵਰਗੀ ਚਰਨਜੀਤ ਸਿੰਘ ਵਾਲੀਆ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ। ਇਸ ਮੌਕੇ ਉਨਾਂ ਦੀ ਧਰਮ ਪਤਨੀ ਜਸਵਿੰਦਰ ਕੌਰ ਵਾਲੀਆ, ਪੁੱਤਰ ਤੇਗਬੀਰ ਸਿੰਘ ਵਾਲੀਆ,ਨੂੰਹ ਰਿਤੀਕਾ ਵਾਲੀਆ, ਪੁੱਤਰੀ ਜਪਨੀਤ ਕੌਰ ਵਾਲੀਆ ਤੋਂ ਇਲਾਵਾ ਕੁਲਬੀਰ ਸਿੰਘ ਜ਼ੀਰਾ, ਤੇਜਿੰਦਰ ਸਿੰਘ ਵਾਲੀਆ ਅਮਰਜੀਤ ਸਿੰਘ ਵਾਲੀਆ, ਗੁਰਦੀਪ ਸਿੰਘ, ਸੋਨੂੰ ਵਾਲੀਆ, ਭਾਈ ਅਮਨਦੀਪ ਸਿੰਘ, ਕਮਲਜੀਤ ਸਿੰਘ, ਮਿਉਂਸੀਪਲ ਕੌਂਸਲਰ ਪਰਮਜੀਤ ਸਿੰਘ ਵਾਲੀਆ, ਅਮਨਿੰਦਰ ਸਿੰਘ ਵਾਲੀਆ ਅਤੇ ਅਮਨ ਵਾਲੀਆ ਆਦਿ ਸ਼ਾਮਿਲ ਸਨ।

# ਸੇਂਟ ਕਬੀਰ ਪਬਲਿਕ ਸਕੂਲ ਚੱਗਰਾਂ ਦੇ 10ਵੀਂ ਦੇ ਵਿਦਿਆਰਥੀਆਂ ਦਾ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੇਂਟ ਕਬੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਚੱਗਰਾਂ ਦੇ ਵਿਦਿਆਰਥੀਆਂ ਨੇ 10ਵੀਂ ਜਮਾਤ ਦੇ ਬੋਰਡ ਇਮਤਿਹਾਨਾਂ ਵਿੱਚ ਸ਼ਾਨਦਾਰ ਨਤੀਜੇ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥਣ ਕੋਮਲ ਕੌਰ ਨੇ 92% ਅੰਕ ਲੈ ਕੇ ਪਹਿਲਾ ਸਥਾਨ, ਗਗਨਜੋਤ ਕੌਰ ਨੇ 90% ਅੰਕ ਦੂਜਾ, ਸੁਹਾਨੀ ਅਤੇ ਜਯਾ ਨੇ 89% ਅੰਕ ਲੈ ਕੇ ਤੀਜਾ ਸਥਾਨ ਸਾਂਝਾ ਕੀਤਾ। ਸਕੂਲ ਦੇ ਹੋਰ ਸਾਰੇ ਵਿਦਿਆਰਥੀਆਂ ਨੇ ਵੀ ਉੱਤਮ ਪ੍ਰਦਰਸ਼ਨ ਕੀਤਾ, ਜਿੱਥੇ ਸਭ ਨੇ 80% ਤੋਂ ਵੱਧ ਅੰਕ ਹਾਸਲ ਕੀਤੇ ਹਨ। ਸਕੂਲ ਦੇ ਚੇਅਰਮੈਨ ਡਾ. ਆਸ਼ੀਸ਼ ਸਰੀਨ, ਪ੍ਰਿੰਸੀਪਲ ਗੋਪਾਲ ਕ੍ਰਿਸ਼ਨ ਅਰੋੜਾ, ਕੋਆਰਡੀਨੇਟਰ ਅਸ਼ੋਕ ਕੁਮਾਰ ਨੇ ਸਾਰੇ ਵਿਦਿਆਰਥੀਆਂ ਅਤੇ ਸਕੂਲ ਸਟਾਫ ਨੂੰ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ। ਬੱਚਿਆਂ ਦਾ ਵਧੀਆ ਕਾਰਗੁਜ਼ਾਰੀ ਲਈ ਮੂੰਹ ਮਿੱਠਾ ਵੀ ਕਰਵਾਇਆ। ਸਕੂਲ ਪ੍ਰਬੰਧਨ ਨੇ ਸਾਰੇ ਵਿਦਿਆਰਥੀਆਂ ਲਈ ਆਉਣ ਵਾਲੇ ਸਮੇਂ ਵਿੱਚ ਹੋਰ ਉਚਾਈਆਂ ਹਾਸਲ ਕਰਨ ਦੀ ਕਾਮਨਾ ਕੀਤੀ।



# ਕਟਾਈ-ਸਿਲਾਈ ਦਾ ਹੁਨਰ ਜ਼ਿੰਦਗੀ ਭਰ ਦਾ ਗਹਿਣਾ : ਹੁਸੈਨਪੁਰ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਕਟਾਈ-ਸਿਲਾਈ ਟ੍ਰੇਨਿੰਗ ਹਰ ਲੜਕੀ ਨੂੰ ਹਾਸਲ ਕਰਨੀ ਚਾਹੀਦੀ ਹੈ ਕਿਉਂਕਿ ਹਰ ਪਰਵਾਰ ਤੇ ਹਰ ਅਦਾਰੇ ਵਿੱਚ ਇਸ ਦਾ ਵੱਡਾ ਮਹੱਤਵ ਹੈ ਇਸੇ ਕਰਕੇ ਵਿਸ਼ਵ ਪੱਧਰ 'ਤੇ ਇਸ ਦਾ ਸਤਿਕਾਰ ਹੈ। ਇਹ ਸ਼ਬਦ ਨਰੋਆ ਪੰਜਾਬ ਦੇ ਬਾਨੀ ਚੇਅਰਮੈਨ ਬਰਜਿੰਦਰ ਸਿੰਘ ਹੁਸੈਨਪੁਰ ਨੇ ਸਥਾਨਕ ਦੁਆਬਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਉਪਕਾਰ ਸੋਸਾਇਟੀ ਤੇ ਦੁਆਬਾ ਸਿੱਖ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਵਲੋਂ ਆਪਸੀ ਐਮ.ਓ.ਯੂ ਤਹਿਤ ਆਰੰਭ ਕੀਤੇ ਕਟਾਈ-ਸਿਲਾਈ ਟ੍ਰੇਨਿੰਗ ਸੈਂਟਰ ਦੇ ਉਦਘਾਟਨੀ ਸਮਾਗਮ ਦੌਰਾਨ ਆਪਣੇ ਸੰਬੋਧਨ ਵਿੱਚ ਪ੍ਰਗਟ ਕੀਤੇ। ਉਹਨਾਂ ਆਖਿਆ ਕਿ ਕਈ ਵਾਰ ਅਸੀਂ ਸਮਝਦੇ ਹਾਂ ਕਿ ਉਹੀ ਕੰਮ ਸਿੱਖੀਏ ਜਿਹੜਾ ਨੌਕਰੀ ਦੇ ਕੰਮ ਆ ਸਕਦਾ ਹੈ ਪਰ ਜਿਵੇਂ ਰਸੋਈ ਦਾ ਕੰਮ ਹਰ ਇੱਕ ਲਈ ਲਾਭਦਾਇਕ ਹੈ ਤੇ ਹਰੇਕ ਨੂੰ ਆਉਣਾ ਚਾਹੀਦਾ ਹੈ। ਸਾਡੇ ਬੱਚਿਆਂ ਨੂੰ ਪ੍ਰਦੇਸਾਂ ਵਿੱਚ ਇਸ ਦੀ ਲੋੜ ਦੀ ਸਮਝ ਆ ਗਈ ਹੈ। ਭਾਵਨਾ ਸ਼ਰਮਾ ਨੇ ਦਸਤਕਾਰੀ ਟ੍ਰੇਨਿੰਗ ਦੀ ਲੋੜ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਉਪਕਾਰ ਸੋਸਾਇਟੀ ਦੇ ਪ੍ਰਧਾਨ ਜੇ ਐਸ ਗਿੱਦਾ, ਮਾਸਟਰ ਨਰਿੰਦਰ ਸਿੰਘ ਭਾਰਟਾ ਨੇ ਕਟਾਈ ਸਿਲਾਈ ਟ੍ਰੇਨਿੰਗ ਪ੍ਰੋਗਰਾਮ ਦੀ ਲੋੜ ਤੇ ਮਹੱਤਵ ਵਾਰੇ ਜਾਣਕਾਰੀ ਸਾਂਝੀ ਕੀਤੀ। ਦੇਸ ਰਾਜ ਬਾਲੀ ਨੇ ਪ੍ਰੇਰਨਾ ਭਰਪੂਰ ਜਾਗਰੂਕਤਾ ਰਚਨਾ ਨੂੰ ਤਰਨੱਮ ਵਿੱਚ ਪੇਸ਼ ਕੀਤਾ। ਮਹਿੰਦਰਪਾਲ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ।ਉਦਘਾਟਨੀ ਸਮਾਗਮ ਨੂੰ ਲਹਿੰਬਰ ਸਿੰਘ ਸਕੂਲ ਮੈਨੇਜਰ ਅਤੇ ਰਿਟਾ: ਪ੍ਰਿੰਸੀਪਲ ਹਰਵਿੰਦਰ ਸਿੰਘ ਨੇ ਵਿਦਿਆਰਥਣਾਂ ਨੂੰ ਕਟਾਈ ਸਿਲਾਈ ਟ੍ਰੇਨਿੰਗ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੁੱਖ ਮਹਿਮਾਨ ਵਲੋਂ ਸਹਿਯੋਗੀ ਸੰਸਥਾਵਾਂ ਤੇ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ ਜਿਹਨਾਂ ਵਿੱਚ ਪੀਐਸਟੀਐਸ.ਗਿੱਦਾ ਵੈਲਫੇਅਰ ਸੋਸਾਇਟੀ ਸੁੱਜੋਂ, ਸੁਰਜੀਤ ਕੌਰ ਡੂਲਕੂ, ਡਾ.ਅਜੇ ਬੱਗਾ, ਜੀ.ਐਸ.ਤੂਰ, ਗੁਰਚਰਨ ਸਿੰਘ ਬਸਿਆਲ੍ਹਾ, ਜੋਗਾ ਸਿੰਘ ਸਾਧੜਾ , ਗੁਰਪ੍ਰੀਤ ਕੌਰ ਤੇ ਹਰਿੰਦਰਪਾਲ ਸਿੰਘ ਘਰ ਸੰਭਾਲੋ , ਐਨ ਆਰ ਆਈ ਗੁਰਮੀਤ ਸਿੰਘ ਸੋਢੀ ਸੁੱਜੋਂ ਅਤੇ ਇਨਸਟਰਕਰ ਕੋਮਲ ਰਾਣੀ ਸ਼ਾਮਲ ਸਨ।




# ਕੋਮਲਪ੍ਰੀਤ ਕੌਰ ਨੇ ਪਹਿਲੀ ਪੁਜ਼ੀਸ਼ਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ

**ਸੁਲਤਾਨਪੁਰ ਲੋਧੀ (ਬਲਵੀਰ ਸਾਲ੍ਹਪੁਰੀ)**- ਬਾਬਾ ਦਰਬਾਰਾ ਸਿੰਘ ਕਾਲਜੀਏਟ ਪਬਲਿਕ ਸਕੂਲ ਟਿੱਬਾ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਦਸਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਪ੍ਰਿੰਸੀਪਲ ਮਧੂ ਗੋਸਵਾਮੀ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਪੁੱਤਰੀ ਗੁਰਦਿਆਲ ਸਿੰਘ ਨੇ ਪਹਿਲੀ ਪੁਜੀਸਨ ਹਾਸਲ ਕਰਦਿਆਂ ਸਕੂਲ ਦਾ ਨਾਮ ਰੋਸ਼ਨ ਕੀਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋਫੈਸਰ ਚਰਨ ਸਿੰਘ, ਡਾਇਰੈਕਟਰ ਡਾਕਟਰ ਬਲਜੀਤ ਕੌਰ ਅਤੇ ਪ੍ਰਿੰਸੀਪਲ ਮਧੂ ਗੋਸਵਾਮੀ ਨੇ ਸਕੂਲ ਦੀ ਹੋਣਹਾਰ ਵਿਦਿਆਰਥਣ ਕੋਮਲਪ੍ਰੀਤ ਕੌਰ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਸ ਨੂੰ ਚੰਗੇ ਅੰਕ ਪ੍ਰਾਪਤ ਕਰਨ ਦੀ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਸ਼ਾਨਦਾਰ ਨਤੀਜੇ ਤੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਸਕੂਲ ਦੇ ਹੋਣਹਾਰ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।



# ਟੀਨੂੰ ਵੱਲੋਂ ਨਸ਼ਾ ਮੁਕਤੀ ਮੋਰਚਾ ਦੇ ਦਫ਼ਤਰ ਦਾ ਉਦਘਾਟਨ

**ਆਦਮਪੁਰ, (ਪਰਮਜੀਤ ਸਿੰਘ)**

ਪੰਜਾਬ ਸਰਕਾਰ ਆਮ ਆਦਮੀ ਪਾਰਟੀ ਵੱਲੋਂ ਨਸ਼ੇ ਦੇ ਵਿਰੁੱਧ ਚਲਾਈ ਗਈ ਤ ਵਿਸ਼ੇਸ਼ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਆਦਮਪੁਰ ਵਿਖੇ ਨਸ਼ਾ ਮੁਕਤੀ ਮੋਰਚਾ ਦੇ ਕੋਆਰਡੀਨੇਟਰ ਦਲਜੀਤ ਸਿੰਘ ਮਿਨਹਾਸ ਆਦਮਪਰ ਦੇ ਦਫਤਰ ਦਾ ਰਸਮੀ ਉਦਘਾਟਨ ਪਵਨ ਕੁਮਾਰ ਟੀਨੂੰ ਸਾਬਕਾ ਵਿਧਾਇਕ ਅਤੇ ਸੀਨੀਅਰ ਬੁਲਾਰਾ ਆਮ ਆਦਮੀ ਪਾਰਟੀ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਨੈਨ ਛਾਬੜਾ ਦੁਆਬਾ ਜ਼ੋਨ ਇੰਚਾਰਜ, ਹਰਦੀਪ ਸਿੰਘ ਸੋਨੂੰ ਜ਼ਿਲ੍ਹਾ ਇੰਚਾਰਜ ਹਾਜ਼ਰ ਹੋਏ। ਮੁੱਖ ਮਹਿਮਾਨ ਪਵਨ ਕੁਮਾਰ ਟੀਨੂੰ ਨੇ ਦੱਸਿਆ ਕਿ ਆਦਮਪੁਰ ਨੇੜੇ ਬੱਸ ਸਟੈਂਡ ਵਿਖੇ ਆਮ ਆਦਮੀ ਪਾਰਟੀ ਵੱਲੋਂ ਨਸ਼ਾ ਮੁਕਤੀ ਮੋਰਚਾ ਦਾ ਇੱਕ ਦਫਤਰ ਖੋਲ੍ਹਿਆ ਗਿਆ ਹੈ ਜਿਸ ਦੇ ਸਮੂਹ ਇਲਾਕੇ ਵਿੱਚ ਕਰੀਬ 21 ਮੈਂਬਰ ਬਣਾਏ ਹਨ ਜੋ ਪਿੰਡਾਂ ਸ਼ਹਿਰਾਂ ਤੇ ਕਸਬਿਆਂ ਦੀਆ ਪੰਚਾਇਤਾਂ ਅਤੇ ਸ਼ਹਿਰ ਵਿੱਚ ਕੌਂਸਲਰਾਂ ਸਹਿਯੋਗ ਨਾਲ ਵਿਕ ਰਹੇ ਨਜਾਇਜ਼ ਨਸ਼ੇ ਦੇ ਖਾਤਮੇ ਕਰਨ ਵਿੱਚ ਵਿਸ਼ੇਸ਼ ਰੋਲ ਅਦਾ ਕਰਨਗੇ ਕੁਆਰਡੀਨੇਟਰ ਦਲਜੀਤ ਸਿੰਘ ਵਲੋਂ ਹਾਜ਼ਰ ਮੁੱਖ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਸਹਿਯੋਗ ਦੀ ਅਪੀਲ ਕੀਤੀ ਗਈ। ਇਸ ਮੌਕੇ ਪਰਮਜੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਲਖਵੀਰ ਸਿੰਘ ਹਜ਼ਾਰਾਂ, ਰਾਕੇਸ਼ ਅਗਰਵਾਲ, ਅਨੂਪ ਸਿੰਘ ਨੂਪੀ, ਦਵਿੰਦਰ ਸਿੰਘ ਸੂਰੀ, ਸੁਖਵਿੰਦਰ ਸਿੰਘਸਰਪੰਚ ਡਰੋਲੀ ਖੁਰਦ, ਹਰਵਿੰਦਰ ਬਿੰਦਾ, ਪਵਿੱਤਰ ਸਿੰਘ ਸਾਬਕਾ ਪ੍ਰਧਾਨ, ਬਲਜੀਤ ਸਿੰਘ ਲੰਬੜਦਾਰ, ਗੁਰਦੇਵ ਸਿੰਘ ਪੰਚ, ਹੈਪੀ ਪਧਿਆਣਾ, ਗੁਰਮੀਤ ਸਿੰਘ ਬੋਪਾਰਾਏ, ਤਰਲੋਚਨ ਸਿੰਘ ਸਰਪੰਚ, ਹਰਦੀਪ ਸਿੰਘ ਘੁੜਿਆਲ, ਮਨਜੀਤ ਸਿੰਘ ਕੰਦੋਲਾ ਸਰਪੰਚ, ਸੁਖਬੀਰ ਸਿੰਘ ਸੋਢੀ, ਦਵਿੰਦਰ ਸਿੰਘ, ਸੁਖਬੀਰ ਕੁਮਾਰ ਅਲਾਵਲਪੁਰ, ਹੰਸ ਰਾਜ ਭੋਰੋ, ਹਜ਼ੂਰ ਹੁਸੈਨ ਜੂਰੀ ਆਦਿ ਹਾਜ਼ਰ ਹੋਏ।



# ਕਲਿਆਣਪੁਰ 'ਚ 7 ਵਾਂ ਅੰਮ੍ਰਿਤ ਸੰਚਾਰ ਕਰਵਾਇਆ

ਕਾਲਾ ਸੰਘਿਆਂ 20 ਮਈ (ਮਨਜੀਤ ਮਾਨ)- ਦਸਮੇਸ਼ ਤਰਨਾ ਦਲ ਦੋਆਬਾ ਜਥੇਦਾਰ ਮਹਾਂਕਾਲ ਬਾਬਾ ਹਰੀ ਸਿੰਘ ਕਲਿਆਣਪੁਰ ਦੀ ਅਗਵਾਈ ਹੇਠ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ, ਸ਼ਹੀਦ ਬਾਬਾ ਜੀਵਨ ਸਿੰਘ ਛਾਉਣੀ ਨਿਹੰਗ ਸਿੰਘਾਂ ਕਲਿਆਣਪੁਰ ਵਿਖੇ 7ਵਾਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸਿੱਖ ਕੌਮ ਦੇ ਪੰਥਕ ਕੀਰਤਨੀਏ ,ਰਾਗੀ ਢਾਡੀ ਤੇ ਕਵੀਸ਼ਰੀ ਜਥਿਆਂ ਵੱਲੋਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਨਿਹਾਲ ਕੀਤਾ ਗਿਆ। ਬਾਬਾ ਹਰੀ ਸਿੰਘ ਨੇ ਕਿਹਾ ਸਾਨੂੰ ਬਾਣੀ ਤੇ ਬਾਣੇ ਨਾਲ ਜੁੜਨਾ ਚਾਹੀਦਾ ਹੈ । ਇਸ ਮੌਕੇ 49 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੇ। ਸਮਾਗਮ ਵਿੱਚ ਪਹੁੰਚੀਆਂ ਸਖਸੀਅਤਾਂ ਦਾ ਸਿਰੋਪਾਉ ਦੇ ਕੇ ਸਨਮਾਨ ਕੀਤਾ ਗਿਆ।





# ਰੰਧਾਵਾ ਵੱਲੋਂ ਚਾਰ ਸਕੂਲਾਂ 'ਚ 61.15 ਲੱਖ ਰੁਪਏ ਦੇ ਬੁਨਿਆਦੀ ਢਾਂਚਾ ਪ੍ਰਾਜੈਕਟ ਵਿਦਿਆਰਥੀਆਂ ਨੂੰ ਸਮਰਪਤ




**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਅਨੁਸਾਰ ਸੂਬੇ ਦੇ ਸਕੂਲਾਂ 'ਚ ਮਿਆਰੀ ਸਹੂਲਤਾਂ ਅਤੇ ਸਿਖਿਆ ਦੇਣ ਦੀ ਵਚਨਬੱਧਤਾ ਤਹਿਤ ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁਬਾਰਕਪੁਰ, ਮੀਰਪੁਰ ਅਤੇ ਪੀਰ ਮੁਛੱਲਾ ਵਿਖੇ 61,15,500 ਰੁਪਏ ਦੇ ਬੁਨਿਆਦੀ ਢਾਂਚਾ ਪ੍ਰਾਜੈਕਟ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ। ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੇ ਦੌਰੇ 'ਤੇ ਨਿਕਲੇ ਵਿਧਾਇਕ ਰੰਧਾਵਾ ਨੇ ਮੀਰਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਸਰਕਾਰ ਵੱਲੋਂ 1.20 ਕਰੋੜ ਰੁਪਏ ਦੀ ਲਾਗਤ ਨਾਲ ਸਕੂਲ ਆਫ਼ ਹੈਪੀਨੈੱਸ ਬਣਾਉਣ ਦਾ ਐਲਾਨ ਵੀ ਕੀਤਾ। ਰੰਧਾਵਾ ਵੱਲੋਂ ਸਰਕਾਰੀ ਕੰਨਿਆ ਪ੍ਰਾਇਮਰੀ ਸਕੂਲ ਮੁਬਾਰਕਪੁਰ ਵਿਖੇ 9.55 ਲੱਖ ਰੁਪਏ ਦੀ ਲਾਗਤ ਨਾਲ ਬਣੇ ਕਮਰੇ ਦਾ ਉਦਘਾਟਨ ਕਰ ਵਿਦਿਆਰਥਣਾਂ ਨੂੰ ਸਮਰਪਿਤ ਕੀਤਾ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਮੀਰਪੁਰ ਵਿਖੇ 15.02 ਲੱਖ ਰੁਪਏ ਦੀ ਲਾਗਤ ਨਾਲ ਬਣੇ ਆਧੁਨਿਕ ਕਮਰੇ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ। ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮੁਬਾਰਕਪੁਰ ਵਿਖੇ 22.10 ਲੱਖ ਰੁਪਏ ਦੀ ਲਾਗਤ ਨਾਲ ਬਣੇ ਦੋ ਆਧੁਨਿਕ ਕਮਰੇ ਅਤੇ ਹੋਰ ਬੁਨਿਆਦੀ ਢਾਂਚਾ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ। ਸਰਕਾਰੀ ਐਲੀਮੈਂਟਰੀ ਸਕੂਲ ਪੀਰ ਮੁਛੱਲਾ ਵਿਖੇ 15,48,500 ਰੁਪਏ ਦੀ ਲਾਗਤ ਨਾਲ ਬਣੇ ਆਧੁਨਿਕ ਕਮਰੇ, ਚਾਰਦੀਵਾਰੀ ਅਤੇ ਹੋਰ ਮੁਰੰਮਤ ਦੇ ਕੰਮ ਦਾ ਉਦਘਾਟਨ ਕਰ, ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ। ਇਸ ਮੌਕੇ ਇਨ੍ਹਾਂ ਸਕੂਲਾਂ ਦੇ ਮੁਖੀਆਂ ਤੇ ਅਧਿਆਪਕਾਂ ਤੋਂ ਇਲਾਵਾ ਇਨ੍ਹਾਂ ਪਿੰਡਾਂ ਦੇ ਪੰਚ-ਸਰਪੰਚ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਵੀ ਮੌਜੂਦ ਸਨ।

# ਬੋਹਣ ਸਕੂਲ ਵਿਖੇ ਕਵਿਤਾ ਉਚਾਰਨ ਮੁਕਾਬਲੇ ਕਰਵਾਏ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਅੰਗਰੇਜ਼ੀ ਵਿਸ਼ੇ ਵਿਚ ਗੁਣਾਤਮਕ ਸੁਧਾਰ ਲਿਆਉਣ ਵਾਸਤੇ ਸਕੂਲ ਸਿੱਖਿਆ ਵਿਭਾਗ ਦੁਆਰਾ ਵੱਖ ਵੱਖ ਸਕੂਲਾਂ ਵਿਚ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ।ਇਸੇ ਲੜੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿਖੇ ਸਕੂਲ ਪ੍ਰਿੰਸੀਪਲ ਮਲਕੀਤ ਕੌਰ ਅਤੇ ਅੰਗਰੇਜ਼ੀ ਲੈਕਚਰਾਰ ਮੁਨੀਸ਼ ਮੌਦਗਿੱਲ ਦੀ ਦੇਖ ਰੇਖ ਹੇਠ ਇਨ੍ਹਾਂ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ।ਲੈਕਚਰਾਰ ਪ੍ਰਭਜੋਤ ਸਿੰਘ, ਗੁਰਪ੍ਰੀਤ ਕੌਰ ਅਤੇ ਅਮਨਪ੍ਰੀਤ ਕੌਰ ਨੇ ਬਤੌਰ ਜੱਜ ਭੂਮਿਕਾ ਨਿਭਾਈ।ਇਸ ਮੁਕਾਬਲੇ ਵਿੱਚ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਕੁੱਲ 25 ਵਿਦਿਆਰਥੀਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿਚ ਬਾਰ੍ਹਵੀਂ ਜਮਾਤ ਦੀ ਜੈਸਮੀਨ ਭਾਟੀਆ ਨੇ ਪਹਿਲਾ ਸਥਾਨ ਗਗਨਦੀਪ ਕੌਰ ਨੇ ਦੂਜਾ ਸਥਾਨ ਅਤੇ ਰੌਸ਼ਨੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗਿਆਰ੍ਹਵੀਂ ਜਮਾਤ ਵਿੱਚ ਗੁਰਲੀਨ ਕੌਰ ਟੂਰਾ ਨੇ ਪਹਿਲਾ ਸਥਾਨ, ਜੈਸਮੀਨ ਸੈਣੀ ਨੇ ਦੂਜਾ ਸਥਾਨ ਅਤੇ ਕ੍ਰਿਸ਼ਨਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਤ ਵਿੱਚ ਜੇਤੂ ਵਿਦਿਆਰਥੀਆ ਨੂੰ ਪ੍ਰਿੰਸੀਪਲ ਮਲਕੀਤ ਕੌਰ ਨੇ ਇਨਾਮ ਵੰਡੇ।



# ਦ ਨੌਰਵੁੱਡ ਸਕੂਲ, ਚਾਹਲ ਵੱਲੋਂ ਐੱਸ ਐੱਮ ਐੱਲ ਇਸੂਜ਼ੂ ਲਿਮਟਿਡ ਰੋਪੜ ਦਾ ਵਿੱਦਿਅਕ ਟੂਰ




**ਬਲਾਚੌਰ (ਜਸਵਿੰਦਰ ਬੈਂਸ)**—ਦ ਨੋਰਵੁੱਡ ਸਕੂਲ ਨੇ ਐਸਐਮਐਲ ਇਸੂਜ਼ੂ ਲਿਮਟਿਡ, ਰੋਪੜ ਦਾ ਇੱਕ ਜਾਣਕਾਰੀ ਭਰਪੂਰ ਅਤੇ ਦਿਲਚਸਪ ਵਿਦਿਅਕ ਦੌਰਾ ਆਯੋਜਿਤ ਕੀਤਾ। ਵਿਦਿਆਰਥੀਆਂ ਅਤੇ ਸਟਾਫ ਦਾ ਪਲਾਂਟ ਦੇ ਸਟਾਫ ਦੁਆਰਾ ਸਵਾਗਤ ਕੀਤਾ ਗਿਆ ਅਤੇ ਫਿਰ ਉਨ੍ਹਾਂ ਨੂੰ ਕੰਪਨੀ ਦੇ ਇਤਿਹਾਸ, ਆਵਾਜਾਈ ਉਦਯੋਗ ਵਿੱਚ ਇਸਦੀ ਭੂਮਿਕਾ, ਅਤੇ ਨਵੀਨਤਾ ਅਤੇ ਸਥਿਰਤਾ ਪ੍ਰਤੀ ਇਸਦੀ ਵਚਨਬੱਧਤਾ ਬਾਰੇ ਇੱਕ ਸੰਖੇਪ ਜਾਣਕਾਰੀ ਦਿੱਤੀ ਗਈ। ਫਿਰ ਵਿਦਿਆਰਥੀਆਂ ਨੂੰ ਇੰਜੀਨੀਅਰਿੰਗ ਵਿਭਾਗ, ਅਸੈਂਬਲੀ ਲਾਈਨ, ਗੁਣਵੱਤਾ ਨਿਯੰਤਰਣ ਭਾਗ, ਮੁਰੰਮਤ, ਰੱਖ-ਰਖਾਅ ਆਦਿ ਵਰਗੇ ਵੱਖ-ਵੱਖ ਭਾਗਾਂ ਵਿੱਚੋਂ ਇੱਕ ਗਾਈਡਡ ਟੂਰ 'ਤੇ ਲਿਜਾਇਆ ਗਿਆ। ਦੌਰੇ ਦਾ ਸਭ ਤੋਂ ਦਿਲਚਸਪ ਹਿੱਸਾ ਰੋਬੋਟਿਕ ਹਥਿਆਰਾਂ ਅਤੇ ਮਸੀਨਾਂ ਨੂੰ ਵਾਹਨਾਂ ਦੇ ਪੁਰਜਿਆਂ ਨੂੰ ਇਕੱਠਾ ਕਰਨ ਲਈ ਮਨੁੱਖੀ ਟੈਕਨੀਸ਼ੀਅਨਾਂ ਨਾਲ ਮਿਲ ਕੇ ਕੰਮ ਕਰਦੇ ਦੇਖਣਾ ਸੀ। ਕੁੱਲ ਮਿਲਾ ਕੇ, ਇਹ ਦੌਰਾ ਇੱਕ ਕੀਮਤੀ ਸਿੱਖਣ ਦਾ ਅਨੁਭਵ ਸੀ ਜਿਸਨੇ ਵਿਗਿਆਨ, ਤਕਨਾਲੋਜੀ ਅਤੇ ਇੰਜੀਨੀਅਰਿੰਗ ਦੇ ਅਸਲ-ਸੰਸਾਰ ਉਪਯੋਗਾਂ ਵਿੱਚ ਸਮਝ ਪ੍ਰਦਾਨ ਕੀਤੀ।

# ਹਰੀਪੁਰ ਹਿੰਦੂਆਂ 'ਚ ਕਰਵਾਇਆ ਇੱਕ ਰੋਜ਼ਾ ਕ੍ਰਿਕਟ ਟੂਰਨਾਮੈਂਟ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਪਿੰਡ ਹਰੀਪੁਰ ਹਿੰਦੂਆ ਵਿਖੇ ਇੱਕ ਦਿਲਚਸਪ ਇੱਕ-ਰੋਜ਼ਾ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਡੇਰਾਬੱਸੀ ਵਿਧਾਨ ਸਭਾ ਹਲਕੇ ਦੀਆਂ ਅੱਧੀ ਦਰਜਨ ਤੋਂ ਵੱਧ ਟੀਮਾਂ ਨੇ ਭਾਗ ਲਿਆ। ਇਸ ਸਮਾਗਮ ਨੇ ਸਥਾਨਕ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ ਅਤੇ ਭਾਈਚਾਰਕ ਏਕਤਾ ਨੂੰ ਮਜ਼ਬੂਤ ਕੀਤਾ।ਪ੍ਰੋਗਰਾਮ ਦੇ ਮੁੱਖ ਮਹਿਮਾਨ, ਆਲ ਇੰਡੀਆ ਕਾਂਗਰਸ ਕਮੇਟੀ ਦੇ ਰਾਸ਼ਟਰੀ ਸੰਯੁਕਤ ਕੋਆਰਡੀਨੇਟਰ ਅਤੇ ਡੇਰਾਬੱਸੀ ਵਿਧਾਨ ਸਭਾ ਹਲਕਾ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਤੋਂ ਡੈਲੀਗੇਟ ਅਮਿਤ ਬਾਵਾ ਸੈਣੀ ਨੇ ਕਿਹਾ ਕਿ ਹਰੀਪੁਰ ਹਿੰਦੂਆ ਵਿੱਚ ਖੇਡ ਭਾਵਨਾ ਅਤੇ ਏਕਤਾ ਦੀ ਅਜਿਹੀ ਸਜੀਵ ਉਦਾਹਰਣ ਦੇਖ ਕੇ ਮੈਨੂੰ ਬਹੁਤ ਖ਼ੁਸ਼ੀ ਹੋਈ ਹੈ। ਕ੍ਰਿਕਟ ਟੂਰਨਾਮੈਂਟ ਦੇ ਕੋਆਰਡੀਨੇਟਰ ਨੇ ਕਿਹਾ ਕਿ ਅੱਜ ਸਾਡੇ ਸਾਰਿਆਂ ਲਈ ਮਾਣ ਵਾਲਾ ਪਲ ਹੈ ਕਿਉਂਕਿ ਅਸੀਂ ਹਰੀਪੁਰ ਹਿੰਦੂਆਂ ਵਿਖੇ ਇਸ ਕ੍ਰਿਕਟ ਟੂਰਨਾਮੈਂਟ ਦਾ ਸਫਲਤਾਪੂਰਵਕ ਆਯੋਜਨ ਕੀਤਾ। ਉਨ੍ਹਾਂ ਅਮਿਤ ਬਾਵਾ ਸੈਣੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਾਡਾ ਸੁਭਾਗ ਹੈ ਕਿ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਅਮਿਤ ਬਾਵਾ ਸੈਣੀ ਵਰਗਾ ਗਤੀਸ਼ੀਲ ਨੌਜਵਾਨ ਆਗੂ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸਾਡੇ ਵਿਚਕਾਰ ਹੈ।ਟੂਰਨਾਮੈਂਟ ਦਾ ਅੰਤ ਇੱਕ ਰੋਮਾਂਚਕ ਫਾਈਨਲ ਮੈਚ ਨਾਲ ਹੋਇਆ, ਜਿਸ ਤੋਂ ਬਾਅਦ ਇਨਾਮ ਵੰਡ ਸਮਾਰੋਹ ਹੋਇਆ। ਜਿਸ ਵਿੱਚ ਹਰੀਪੁਰ ਹਿੰਦੂਆ ਦੀ ਟੀਮ ਪਹਿਲੀ ਰਨਰਅੱਪ ਰਹੀ ਅਤੇ ਕੁਰਾਵਾਲਾ ਦੀ ਟੀਮ ਦੂਜੀ ਰਨਰਅੱਪ ਰਹੀ।ਇਸ ਟੂਰਨਾਮੈਂਟ ਦੀ ਮੇਜ਼ਬਾਨੀ ਮੁਹੰਮਦ ਮੁਸਤਾਕ ਖਾਨ, ਸੰਜੇ ਖਾਨ, ਫਿਰੋਜ਼ ਖਾਨ, ਜ਼ਫਰ ਅਲੀ, ਆਮਿਰ ਖਾਨ, ਅਹਿਮਦ ਅਲੀ, ਇਮਤਾਜ਼ ਅਲੀ, ਸ਼ਾਹਰੁਖ ਖਾਨ, ਵੈਨ ਮਿੱਤਲ ਟੀਮ ਦੇ ਮੁਖੀ ਬਲਕਾਰ ਸਿੰਘ, ਰਣਬੀਰ ਸਿੰਘ, ਸੰਜੀਵ ਗੁਰਜਰ ਨੇ ਕੀਤੀ।



# ਕਿਰਤੀ ਕਿਸਾਨ ਯੂਨੀਅਨ ਦੇ ਦਫ਼ਤਰ ਉੱਪਰ ਛਾਪੇਮਾਰੀ ਦੀ ਨਿੰਦਾ

**ਜਲੰਧਰ (ਸ਼ੈਲੀ ਐਲਬਰਟ)** ਭਾਰਤੀ ਕਮਿਊਨਿਸਟ ਪਾਰਟੀ ਮਾਰਕਸਵਾਦੀ ਲੈਨਿਨਵਾਦੀ ਨਿਊ ਡੈਮੋਕ੍ਰੇਸੀ ਦੀ ਪੰਜਾਬ ਰਾਜ ਕਮੇਟੀ ਨੇ ਕਿਰਤੀ ਕਿਸਾਨ ਯੂਨੀਅਨ ਦੇ ਜਲੰਧਰ ਸਥਿਤ ਸੂਬਾ ਦਫ਼ਤਰ ਉੱਪਰ ਛਾਪੇਮਾਰੀ ਕਰਨ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਪਾਰਟੀ ਵਲੋਂ ਸੂਬਾ ਆਗੂ ਕਾਮਰੇਡ ਅਜਮੇਰ ਸਿੰਘ ਨੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਅਤੇ ਇਸਤਰੀ ਜਾਗ੍ਰਿਤੀ ਮੰਚ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਉਹਨਾਂ ਦੇ ਘਰੀਂ ਛਾਪੇਮਾਰੀ ਕਰਨ ਦੀ ਵੀ ਨਿੰਦਾ ਕੀਤੀ ਹੈ। ਗ੍ਰਿਫ਼ਤਾਰ ਕੀਤੇ ਜਾਣ ਵਾਲਿਆਂ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਆਗੂ ਤੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਹੰਸ ਰਾਜ ਪੱਬਵਾਂ ਸਮੇਤ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪਿੰਡ ਪੱਧਰੀ ਦਰਜਨਾਂ ਆਗੂ, ਕਾਰਕੁੰਨ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵਲੋਂ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਕੇ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਕੁਚਲਣ ਦਾ ਰਾਹ ਅਖਤਿਆਰ ਕੀਤਾ ਹੋਇਆ ਹੈ।ਸੂਬੇ ਭਰ ਵਿੱਚ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਸਮੇਤ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਇਸਤਰੀ ਜਾਗ੍ਰਿਤੀ ਮੰਚ ਦੇ ਆਗੂਆਂ ਦੇ ਘਰਾਂ ਵਿੱਚ ਛਾਪੇਮਾਰੀਆਂ ਅਤੇ ਗ੍ਰਿਫ਼ਤਾਰੀਆਂ ਰਾਹੀਂ ਦਮਨ ਚੱਕਰ ਚਲਾਇਆ ਹੋਇਆ ਹੈ। ਸੂਬਾ ਸਰਕਾਰ ਦੀ ਇਸ ਕਾਰਵਾਈ ਨੇ ਉਸਦਾ ਬੇਜ਼ਮੀਨੇ ਦਲਿਤ, ਮਜ਼ਦੂਰ ਅਤੇ ਔਰਤ ਵਿਰੋਧੀ ਚਿਹਰਾ ਨੰਗਾ ਕਰ ਦਿੱਤਾ ਹੈ।ਪਾਰਟੀ ਨੇ ਸਾਰੀਆਂ ਜਮਹੂਰੀਅਤ ਅਤੇ ਇਨਸਾਫਪਸੰਦ ਜਥੇਬੰਦੀਆਂ ਤੇ ਲੋਕਾਂ ਨੂੰ ਸਰਕਾਰ ਦੀਆਂ ਪੇਂਡੂ ਧਨਾਢ ਤੇ ਕਾਰਪੋਰੇਟ ਪੱਖੀ ਨੀਤੀਆਂ ਅਤੇ ਸਰਕਾਰ ਵਲੋਂ ਚਲਾਏ ਦਮਨ ਚੱਕਰ ਖਿਲਾਫ਼ ਵਿਸ਼ਾਲ ਲਾਮਬੰਦੀ ਰਾਹੀਂ ਜਨਤਕ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ।

# ਸਕੂਲੀ ਵਾਹਨਾਂ ਦੀ ਚੈਕਿੰਗ, ਦੋ ਬੱਸਾਂ ਦੇ ਕੀਤੇ ਚਲਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ਼ਹੀਦ ਭਗਤ ਸਿੰਘ ਨਗਰ ਸੇਫ ਸਕੂਲ ਵਾਹਨ ਪਾਲਿਸੀ ਨੂੰ ਸਖਤੀ ਨਾਲ ਲਾਗੂ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਤਹਿਤ ਜ਼ਿਲ੍ਹੇ ਵਿੱਚ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ 12 ਸਕੂਲਾਂ ਦੀਆਂ 20 ਸਕੂਲੀ ਬੱਸਾਂ ਦੇ ਦਸਤਾਵੇਜ਼ ਚੈੱਕ ਕੀਤੇ ਗਏ ਅਤੇ ਪਾਲਿਸੀ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਵਾਲੀਆਂ ਦੋ ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਨਿਰਦੇਸ਼ਾਂ 'ਤੇ ਖੇਤਰੀ ਟਰਾਂਸਪੋਰਟ ਅਧਿਕਾਰੀ ਅਤੇ ਬਲਾਚੌਰ ਦੇ ਐਸ.ਡੀ. ਐਮ. ਇੰਦਰ ਪਾਲ ਦੀ ਅਗਵਾਈ ਵਿਚ ਇਹ ਚੈਕਿੰਗ ਕੀਤੀ ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੇ ਦੱਸਿਆ ਕਿ ਇਸ ਸੰਬੰਧੀ ਗਠਿਤ ਟੀਮ ਵੱਲੋਂ ਸਕੂਲੀ ਬੱਸਾਂ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਜਿਵੇਂ ਸਕੂਲੀ ਬੱਸ ਵਿੱਚ ਸੀ.ਸੀ.ਟੀ.ਵੀ.ਕੈਮਰੇ, ਖਿੜਕੀ 'ਤੇ ਲੋਹੇ ਦੀ ਗਰਿੱਲ, ਫਸਟ ਏਡ ਬਾਕਸ, ਮਹਿਲਾ ਕੰਡਕਟਰ, ਬੱਸ ਡਰਾਈਵਰ ਦਾ ਸਕੂਲ ਯੂਨੀਫਾਰਮ ਵਿੱਚ ਹੋਣਾ, ਸੀਟ ਬੈਲਟ ਲਗਾਉਣਾ, ਸਮਰੱਥਾ ਤੋਂ ਵੱਧ ਬੱਚੇ ਸਕੂਲ ਬੱਸ ਵਿੱਚ ਨਾ ਬਿਠਾਉਣ ਬਾਰੇ ਜਾਣੂ ਕਰਵਾਇਆ ਗਿਆ। ਟੀਮ ਨੇ ਸਪੱਸ਼ਟ ਕੀਤਾ ਕਿ ਪਾਲਿਸੀ ਦੀਆਂ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ ਸਕੂਲੀ ਵਾਹਨਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਹੋਣੀ ਯਕੀਨੀ ਬਣਾਈ ਜਾਵੇਗੀ। ਜ਼ਿਲ੍ਹਾ ਟਰਾਂਸਪੋਰਟ ਅਫਸਰ ਇੰਦਰਪਾਲ ਸਿੰਘ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਸਕੂਲੀ ਬੱਸਾਂ ਵਿੱਚ ਭੇਜਣ ਤੋਂ ਪਹਿਲਾਂ ਉਸ ਦਾ ਜਾਇਜਾ ਜ਼ਰੂਰ ਲੈਣ । ਇਸ ਮੌਕੇ ਸਿੱਖਿਆ ਵਿਭਾਗ ਤੋਂ ਪ੍ਰਿੰ. ਸੁਰਿੰਦਰਪਾਲ ਅਗਨੀਹੋਤਰੀ, ਏ.ਐਸ.ਆਈ. ਸੁਭਾਸ਼ ਚੰਦਰ, ਰਵਿੰਦਰ ਕੌਰ ਅਤੇ ਬਾਲ ਸੁਰੱਖਿਆ ਯੂਨਿਟ ਤੋਂ ਸੀ.ਪੀ.ਓ. ਰਜਿੰਦਰ ਕੌਰ ਅਤੇ ਸੰਤੋਸ ਡਾਟਾ ਐਂਟਰੀ ਆਪ੍ਰੇਟਰ ਵੀ ਮੌਜੂਦ ਸਨ।



# ਟੂਰਨਾਮੈਂਟਾਂ ਦਾ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ 'ਚ ਵੱਡਾ ਰੋਲ : ਐਡਵੋਕੇਟ ਅਜੇ, ਰਵੀ ਗਾਂਧੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਦਾਰਾਪੁਰ ਕ੍ਰਿਕਟ ਕਲੱਬ ਟਾਂਡਾ ਵੱਲੋਂ ਮਾਂ ਮਾਤੇਸ਼ਵਰੀ ਮੰਦਿਰ ਢੋਲਵਾਹਾ ਜਨੌੜੀ ਦੇ ਸਹਿਯੋਗ ਨਾਲ ਸਵ: ਦਮਨਪ੍ਰੀਤ ਸਿੰਘ ਕਾਜਲ ਦੀ ਯਾਦ ਨੂੰ ਸਮਰਪਿਤ ਟਾਂਡਾ ਵਿਖੇ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਕਰਵਾਏ ਗਏ 3 ਦਿਨਾਂ ਕ੍ਰਿਕਟ ਟੂਰਨਾਮੈਂਟ ਦੇ ਫਾਈਨਲ ਦਿਨ ਵੀ ਕੁੱਲ 7 ਮੈਚ ਖਿਡਾਏ ਗਏ।ਜਿਸਦਾ ਉਦਘਾਟਨ ਮੁੱਖ ਮਹਿਮਾਨ ਭਗਵਾਨ ਵਾਲਮੀਕਿ ਸ਼ਕਤੀ ਸੈਨਾ ਦੇ ਪੰਜਾਬ ਪ੍ਰਧਾਨ ਐਡਵੋਕੇਟ ਅਜੇ ਕੁਮਾਰ ਨੇ ਆਪਣੇ ਸਾਥੀਆਂ ਸੂਬਾ ਜਨਰਲ ਸਕੱਤਰ ਐਡਵੋਕੇਟ ਰਾਜਨ ਥਾਪਰ, ਹਰਮਿੰਦਰ ਸਿੰਘ ਸਾਬੀ, ਸੰਦੀਪ ਸਿੰਘ, ਸੰਜੂ ਚੌਧਰੀ, ਜਸਵਿੰਦਰ ਸਿੰਘ, ਅਮਨ ਜਾਜਾ ਅਤੇ ਅੰਕੁਸ਼ ਕੁਮਾਰ ਦੇ ਨਾਲ ਕੀਤਾ।ਇਸ ਕ੍ਰਿਕਟ ਟੂਰਨਾਮੈਂਟ ਦੇ ਆਖਰੀ ਦਿਨ ਵਿੱਚ ਖੇਡੇ ਗਏ 6-6 ਓਵਰਾਂ ਦੇ ਮੈਚ ਵਿੱਚ ਕੁੱਲ 8 ਟੀਮਾਂ ਦੇ 4 ਕੁਆਟਰ ਫਾਈਨਲ ਮੈਚ ਹੋਏ ਜਿਸ ਉਪਰੰਤ 4 ਜੇਤੂ ਟੀਮਾਂ ਨੇ ਸੈਮੀ ਫਾਈਨਲ ਵਿੱਚ ਭਾਗ ਲਿਆ। ਸੈਮੀ ਫਾਈਨਲ ਮੈਚ ਵਿੱਚ ਕਾਲਕਟ ਦੀ ਟੀਮ ਨੇ ਧੂਤਾਂ ਟੀਮ ਨੂੰ ਅਤੇ ਯਾਦਵ ਧੂਤ ਟੀਮ ਨੇ ਚੱਕ ਝੰਡੂ ਨੂੰ ਹਰਾ ਕੇ ਫਾਈਨਲ ਵਿੱਚ ਆਪਣੀ ਜਗ੍ਹਾ ਬਣਾਈ। ਦੇਰ ਸ਼ਾਮ ਨੂੰ ਕਾਲਕਟ ਅਤੇ ਯਾਦਵ ਧੂੱਤ ਵਿੱਚ ਫਾਈਨਲ ਮੈਚ ਖੇਡਿਆ ਗਿਆ ਜਿਸ ਵਿੱਚ ਕਾਲਕਟ ਨੇ 65 ਰਨ ਬਣਾ ਕੇ ਯਾਦਵ ਧੂੱਤ ਟੀਮ ਨੂੰ 66 ਰਨ ਦਾ ਟੀਚਾ ਦਿੱਤਾ, ਪਰ ਯਾਦਵ ਧੂੱਤ ਟੀਮ 49 ਰਨ ਹੀ ਬਣਾ ਸਕੀ ਜਿਸਦੇ ਸਦਕਾ ਕਾਲਕਟ ਟੀਮ ਨੇ 16 ਰਨ ਨਾਲ ਫਾਈਨਲ ਮੈਚ ਵਿੱਚ ਜਿੱਤ ਹਾਸਲ ਕਰਕੇ ਟਰਾਫੀ ਤੇ ਕਬਜ਼ਾ ਕਰ ਲਿਆ। ਟੂਰਨਾਮੈਂਟ ਸੰਚਾਲਕ ਠਾਕੁਰ ਰਵੀ ਗਾਂਧੀ ਨੇ ਆਏ ਹੋਏ ਮਹਿਮਾਨਾਂ ਐਡਵੋਕੇਟ ਅਜੇ ਕੁਮਾਰ, ਦਿਲਬਾਗ ਕਾਜ਼ਲ, ਦਰਸ਼ਨ ਸਿੰਘ ਕਾਜਲ, ਪੱਪੂ ਚਾਚਾ ਇਟਲੀ ਵਾਲੇ, ਮਾਸਟਰ ਰਕੇਸ਼ ਦਾਰਾਪੁਰ ਵੱਲੋਂ ਪਹਿਲਾ ਸਥਾਨ ਹਾਸਿਲ ਕਰਨ ਵਾਲੀ ਟੀਮ ਨੂੰ 15 ਹਜ਼ਾਰ ਰੁਪਏ, ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਨੂੰ 11 ਹਜ਼ਾਰ ਰੁਪਏ, ਯਾਦਵ ਧੂੱਤ ਟੀਮ ਦੇ ਸਾਹਿਬ ਨੂੰ ਮੈਨ ਆਫ ਦ ਸੀਰੀਜ 1100 ਰੁਪਏ ਤੋਂ ਇਲਾਵਾ ਹੋਰ ਟੀਮਾਂ ਨੂੰ ਵੀ ਟਰਾਫੀਆਂ ਤੇ ਨਗਦ ਇਨਾਮ ਨਾਲ ਸਨਮਾਨਿਤ ਕਰਵਾਇਆ।ਇਸ ਮੌਕੇ ਠਾਕੁਰ ਰਵੀ ਗਾਂਧੀ ਅਤੇ ਦਿਲਬਾਗ ਕਾਜਲ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਿਰੋਪੇ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਬਲਵਿੰਦਰ ਸਿੰਘ, ਜਸਕਰਨ ਸਿੰਘ, ਅੰਸ਼ਵੀਰ ਸਿੰਘ, ਅੰਕਿਤ ਕਾਜਲ, ਅੰਕਿਤ ਵੀਰ ਸਿੰਘ, ਮਿੰਟੂ, ਮਨੀ ਮਾਹੀ, ਸਾਗਰ ਕਲਸੀ, ਜਤਿਨ ਮੱਟੂ, ਸੰਨੀ ਕਾਜਲ, ਹੈਪੀ, ਮੋਹਿਤ, ਮੰਨਾ, ਸੰਗਮ, ਨਿਖਲ, ਮਿੱਠੀ ਅਤੇ ਹੋਰ ਹਾਜ਼ਰ ਸਨ।

# ਖਾਲਸਾ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਪ੍ਰਬੰਧ ਅਧੀਨ ਚਲਦੀ ਇਲਾਕੇ ਦੀ ਸਾਰਿਆਂ ਤੋਂ ਪੁਰਾਣੀ ਵਿਦਿਅਕ ਸੰਸਥਾ ਐਸ.ਜੀ.ਐਸ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨਿਆ ਗਿਆ ਬਾਰਵੀਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਜਿਸ ਵਿੱਚ ਵਿਗਿਆਨ ਗਰੁੱਪ ਦੀ ਵਿਦਿਆਰਥਣ ਜਸ਼ਨਦੀਪ ਕੌਰ ਫੁੱਲ ਨੇ 500 ਵਿੱਚੋਂ 459 ਅੰਕ ਹਾਸਲ ਕਰਕੇ 91.8 ਫੀਸਦੀ ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ।ਇਸ ਸਬੰਧੀ ਸਕੂਲ ਮੁਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਨਤੀਜਿਆਂ ਸਬੰਧੀ ਦੱਸਿਆ ਕਿ ਸਕੂਲ ਦੇ 136 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ।ਜਿਸ ਵਿੱਚ ਵਿਗਿਆਨ ਗਰੁੱਪ ਵਿੱਚ ਸਕੂਲ ਦੇ ਦਿਸ਼ਾਂਤ ਰਾਣਾ ਨੇ 424 ਅੰਕ ਹਾਸਲ ਕਰਕੇ 84.8 ਫੀਸਦੀ ਅੰਕਾਂ ਨਾਲ ਦੂਜਾ, ਜਪਜੀ ਕੌਰ ਨੇ 415 ਅੰਕ ਹਾਸਲ ਕਰਕੇ 83 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।ਜਦੋਂਕਿ ਕੋਮਲਪ੍ਰੀਤ ਕੌਰ ਨੇ 395 ਅੰਕ ਹਾਸਲ ਕਰਕੇ ਚੌਥਾ, ਚੇਤਨ ਵਰਮਾ ਅਤੇ ਅਨਿਰੁਧ ਦਿਵੇਦੀ ਨੇ 375 ਅੰਕ ਲੈ ਕੇ 75 ਫੀਸਦੀ ਨਾਲ ਪੰਜਵਾਂ ਅਤੇ ਮੰਨਤ ਨੇ 370 ਅੰਕ ਲੈ ਕੇ 74 ਫੀਸਦੀ ਨਾਲ ਛੇਵਾਂ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਕਾਮਰਸ ਗਰੁੱਪ ਵਿੱਚ ਗੁਰਪ੍ਰੀਤ ਸਿੰਘ ਨੇ 500 ਵਿੱਚੋਂ 391 ਅੰਕ ਹਾਸਲ ਕਰਕੇ 78.2 ਫੀਸਦੀ ਨਾਲ ਪਹਿਲਾ, ਅਸ਼ੀਸ਼ ਕੁਮਾਰ ਨੇ 381 ਅੰਕ ਲੈ ਕੇ 76.2 ਫੀਸਦੀ ਨਾਲ ਦੂਜਾ, ਅੰਕੁਸ਼ ਨੇ 369 ਅੰਕ ਲੈ ਕੇ 73.8 ਫੀਸਦੀ ਨਾਲ ਤੀਜਾ ਅਤੇ ਗੁਰਵਿੰਦਰ ਸਿੰਘ ਨੇ 367 ਅੰਕ ਲੈ ਕੇ 73 ਫੀਸਦੀ ਨਾਲ ਚੌਥਾ, ਨਵਜੋਤ ਸਿੰਘ ਨੇ 359 ਅੰਕ ਲੈ ਕੇ 72 ਫੀਸਦੀ ਨਾਲ ਪੰਜਵਾਂ ਸਥਾਨ ਹਾਸਲ ਕੀਤਾ। ਇਸੇ ਤਰ੍ਹਾ ਹਿਊਮੈਨਿਟੀਜ ਗਰੁੱਪ ਵਿੱਚ ਅਮਰ ਸਿੰਘ ਨੇ 500 ਵਿੱਚੋਂ 359 ਅੰਕ ਲੈ ਕੇ 71.8 ਫੀਸਦੀ ਨਾਲ ਪਹਿਲਾ, ਸ਼ੁਵਮ ਵਰਮਾ ਨੇ 353 ਅੰਕ ਲੈ ਕੇ 70.6 ਫੀਸਦੀ ਨਾਲ ਦੂਜਾ ਅਤੇ ਸਿਕੰਦਰ ਕੁਮਾਰ ਨੇ 348 ਅੰਕ ਲੈ ਕੇ 69.6 ਫੀਸਦੀ ਨਾਲ ਤੀਜਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਵਾਲੀਆ ਨੇ ਦੱਸਿਆ ਕਿ ਬਹੁਤ ਹੀ ਮਾਣ ਦੀ ਗੱਲ ਹੈ ਕਿ ਸਕੂਲ ਦੀ ਜ਼ਸਨਦੀਪ ਕੌਰ ਨੇ ਅੰਗਰੇਜੀ ਵਿੱਚ 98, ਜੀਵ ਵਿਗਿਆਨ ਵਿੱਚ 95 ਅਤੇ ਰਸਾਇਣਿਕ ਵਿਗਿਆਨ ਵਿੱਚ 94, ਜਦੋਕਿ ਜਪੁਜੀ ਕੌਰ ਨੇ ਅੰਗਰੇਜੀ ਵਿੱਚ 95, ਅਨਿਰੁਧ ਦਿਵੇਦੀ ਨੇ ਅੰਗਰੇਜੀ ਵਿੱਚ 92, ਦਿਸ਼ਾਂਤ ਰਾਣਾ ਨੇ ਅੰਗਰੇਜੀ ਵਿੱਚ 90 ਅਤੇ ਜੀਵ ਵਿਗਿਆਨ ਵਿੱਚ 93, ਅਤੇ ਕੋਮਲਪ੍ਰੀਤ ਕੌਰ ਵਲੋ ਜੀਵ ਵਿਗਿਆਨ ਵਿੱਚ 91 ਅੰਕ ਹਾਸਲ ਕੀਤੇ ਹਨ।ਪ੍ਰਿੰਸੀਪਲ ਵਾਲੀਆ ਨੇ ਸਕੂਲ ਦੇ ਵਧੀਆ ਨਤੀਜੇ ਲਈ ਜਿੱਥੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਹੈ, ਉੱਥੇ ਹੀ ਅਧਿਆਪਕਾਂ ਵਲੋਂ ਕਰਵਾਈ ਸਖਤ ਮਿਹਨਤ ਦੀ ਸ਼ਲਾਘਾ ਕੀਤੀ ਹੈ।ਉਨ੍ਹਾ ਕਿਹਾ ਕਿ ਇਸ ਨਤੀਜੇ ਲਈ ਮਾਪਿਆਂ ਵਲੋਂ ਦਿੱਤੇ ਸਹਿਯੋਗ ਨੂੰ ਵੀ ਅੱਖੋ-ਪਰੋਖੇ ਨਹੀਂ ਕੀਤਾ ਜਾ ਸਕਦਾ।ਕਿਉਕਿ ਉਨ੍ਹਾਂ ਦੇ ਸਹਿਯੋਗ ਨਾਲ ਹੀ ਵੱਡੀਆ ਪ੍ਰਾਪਤੀਆਂ ਹਾਸਲ ਕੀਤੀਆਂ ਹਨ।



# ਨਸ਼ੇ ਦੇ ਖਾਤਮੇ ਲਈ ਲੋਕ ਅੱਗੇ ਆ ਕੇ ਪੰਜਾਬ ਸਰਕਾਰ ਦਾ ਸਾਥ ਦੇਣ : ਚੀਮਾ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਪੰਜਾਬ ਸਰਕਾਰ ਵਲੋਂ ਨਸ਼ੇ ਦੇ ਕੋਹੜ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਨਸ਼ਾ ਮੁਕਤੀ ਯਾਤਰਾ' ਤਹਿਤ ਪਿੰਡਾਂ ਵਿਚ ਜਾਗਰੂਕਤਾ ਫੈਲਾਉਣ ਦੀ ਲੜੀ ਤਹਿਤ ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡਾਂ ਟਿੱਬਾ, ਠੱਟਾ ਤੇ ਖਾਲੂ ਵਿਖੇ ਸਮਾਗਮ ਹੋਏ।ਇਸ ਮੌਕੇ ਨਗਰ ਸੁਧਾਰ ਟਰੱਸਟ ਕਪੂਰਥਲਾ ਦੇ ਚੇਅਰਮੈਨ ਤੇ ਹਲਕਾ ਇੰਚਾਰਜ ਸੁਲਤਾਨਪੁਰ ਲੋਧੀ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਦੇ ਖਾਤਮੇ ਲਈ ਜੋ ਲੜਾਈ ਵਿੱਢੀ ਗਈ ਹੈ, ਉਸਨੂੰ ਲੋਕ ਲਹਿਰ ਬਣਾਉਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਮੁੱਖ ਮਕਸਦ ਲੋਕਾਂ ਨੂੰ ਨਸ਼ੇ ਵਿਰੁੱਧ ਜੰਗ ਵਿਚ ਭਾਗੀਦਾਰ ਬਣਾਉਣਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਵਲੋਂ ਨਸ਼ੇ ਵਿਰੁੱਧ ਲੜਾਈ ਵਿਚ ਮੂਹਰੇ ਹੋ ਕੇ ਲੜਨ ਦਾ ਅਹਿਦ ਲਿਆ ਗਿਆ। ਵਿਦਿਆਰਥੀਆਂ ਤੇ ਨੌਜਵਾਨਾਂ ਵਲੋਂ ਸਾਡਾ ਪਿੰਡ ਨਸ਼ਾ ਮੁਕਤ ਹੈ' ਦੇ ਪੋਸਟਰਾਂ ਤੇ ਸਾਇਨੇਜ ਨਾਲ ਨਸ਼ਾ ਮੁਕਤੀ ਦਾ ਸੁਨੇਹਾ ਦਿੱਤਾ ਗਿਆ। ਇਸ ਮੌਕੇ ਬੀ.ਡੀ.ਪੀ.ਓ, ਐਸ.ਐਚ.ਓ ਸਰਪੰਚਾਂ ਵਲੋਂ ਵੀ ਨਸ਼ਾ ਮੁਕਤੀ ਯਾਤਰਾ ਦੀ ਸਫਲਤਾ ਲਈ ਲੋਕਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਗਿਆ।



## ਪੰਜਾਬ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਡੀ ਸੀ ਨੇ ਕੀਤਾ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ (ਆਈਏਐੱਸ) ਵੱਲੋਂ 12ਵੀਂ ਜਮਾਤ ਦੇ ਪੰਜਾਬ ਸਕੂਲ ਐਜੂਕੇਸ਼ਨ ਬੋਰਡ ਵੱਲੋਂ ਲਏ ਗਏ ਸੈਸ਼ਨ 2024-25 ਦੇ ਇਮਤਿਹਾਨਾਂ ਵਿੱਚ ਪੰਜਾਬ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਪਣੇ ਦਫ਼ਤਰ ਵਿੱਚ ਬੁਲਾ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਹੈ, ਉਨ੍ਹਾਂ ਵਿੱਚ ਵਿਦਿਆਰਥਣ ਮਨਵੀਰ ਕੌਰ (99.60 ਪ੍ਰਤੀਸ਼ਤ ਨੰਬਰ, ਪੰਜਾਬ ਵਿੱਚ ਦੂਜੀ ਪੁਜ਼ੀਸ਼ਨ) ਐੱਸ ਐੱਸ ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕੱਸੋਆਣਾ ਅਤੇ ਲਿਨਾਕਸ਼ੀ (99.40 ਪ੍ਰਤੀਸ਼ਤ, ਸਰਕਾਰੀ ਸਕੂਲਾਂ ਵਿੱਚੋਂ ਪੂਰੇ ਪੰਜਾਬ ਵਿੱਚੋਂ ਪਹਿਲੀ ਪੁਜ਼ੀਸ਼ਨ) ਸਕੂਲ ਆਫ ਐਮੀਨੈਂਸ ਫ਼ਿਰੋਜ਼ਪੁਰ ਸਿਟੀ ਨਾਲ ਸਬੰਧਤ ਹਨ। ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਦੀ ਮਿਹਨਤ, ਸਮਰਪਣ ਤੇ ਉੱਚ ਆਦਰਸ਼ਾਂ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀ ਉਪਲਬਧੀਆਂ ਹਾਸਲ ਕਰਨ ਦੀ ਅਸੀਸ ਦਿੱਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਵਿਦਿਆਰਥੀ ਸਿਰਫ਼ ਆਪਣੇ ਮਾਪਿਆਂ ਤੇ ਸਕੂਲਾਂ ਲਈ ਹੀ ਨਹੀਂ, ਸਗੋਂ ਪੂਰੇ ਜ਼ਿਲ੍ਹੇ ਦਾ ਮਾਣ ਹਨ। ਉਨ੍ਹਾਂ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨਾਂ, ਕੰਵਲਜੀਤ ਸਿੰਘ ਪ੍ਰਿੰਸੀਪਲ ਐੱਸ ਐੱਸ ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕਸੋਆਣਾ ਤੇ ਰਾਜੇਸ਼ ਮਹਿਤਾ ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਫਿਰੋਜ਼ਪੁਰ ਸਿਟੀ ਨੂੰ ਵੀ ਇਸ ਕਾਮਯਾਬੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਆਗਵਾਈ ਹੇਠ ਕੀਤੇ ਗਏ ਉੱਦਮ ਦੀ ਸਾਰਾਹਨਾ ਕੀਤੀ। ਇਸ ਮੌਕੇ ਮੁਨੀਲਾ ਅਰੋੜਾ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲਬਧੀ ਲਈ ਮੁਬਾਰਕਾਂ ਦਿੱਤੀਆਂ ਤੇ ਕਿਹਾ ਕਿ ਅਜਿਹੀ ਸਫਲਤਾ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

# ਰਿਸ਼ਭ ਭੋਲਾ ਬਣੇ ਸਕੂਲ ਆਫ਼ ਐਮੀਨੈਂਸ ਰਾਜਪੁਰਾ ਦੇ ਵਿਦਿਆਰਥੀਆਂ ਦੇ ਮਾਰਗ-ਦਰਸ਼ਕ



**ਰਾਜਪੁਰਾ (ਰਮੇਸ਼ ਕਟਾਰੀਆ)**- 2022 ਬੈਚ ਦੇ ਆਈ.ਪੀ.ਐੱਸ ਤੇ ਨੌਜਵਾਨ ਪੁਲਸ ਅਫ਼ਸਰ ਰਿਸ਼ਭ ਭੋਲਾ ਦੇ ਮਹਿੰਦਰਗੰਜ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਦੇ ਮਾਰਗ ਦਰਸ਼ਕ ਬਣ ਕੇ ਸਾਹਮਣੇ ਆਏ।ਅੰਮ੍ਰਿਤਸਰ ਵਿਖੇ ਬਤੌਰ ਏ.ਸੀ.ਪੀ ਤਾਇਨਾਤ ਰਿਸ਼ਭ ਭੋਲਾ ਨੇ ਪੰਜਾਬ ਸਰਕਾਰ ਵੱਲੋਂ ਅਰੰਭੇ ਸਕੂਲ ਮੈਂਟਰਸ਼ਿਪ ਪ੍ਰੋਗਰਾਮ ਬਾਰੇ ਵਿਦਿਆਰਥੀਆਂ ਨੂੰ ਦੱਸਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੇ ਬੁਨਿਆਦੀ ਢਾਂਚੇ 'ਚ ਲਾਮਿਸਾਲ ਸੁਧਾਰ ਹੋਏ ਹਨ, ਉਥੇ ਹੀ ਵਿਦਿਆਰਥੀਆਂ ਨੂੰ ਰੋਲ ਮਾਡਲ ਦੇਣ ਤੇ ਉਨ੍ਹਾਂ ਦਾ ਸਹੀ ਅਰਥਾਂ 'ਚ ਮਾਰਗਦਰਸ਼ਕ ਕਰਨ ਲਈ ਵੱਖ-ਵੱਖ ਅਧਿਕਾਰੀਆਂ ਨੂੰ ਵੀ ਤਾਇਨਾਤ ਕੀਤਾ ਗਿਆ ਹੈ।ਰਿਸ਼ਭ ਭੋਲਾ ਨੇ ਕਿਹਾ ਕਿ ਬਰੇਨ ਡਰੇਨ ਨੂੰ ਰੋਕਣ ਅਤੇ ਵਿਦਿਆਰਥੀਆਂ ਦੀਆਂ ਸੋਚਾਂ ਨੂੰ ਉਡਾਰੀ ਲਈ ਪੰਖ ਲਾਉਣ ਲਈ ਇਹ ਪ੍ਰੋਗਰਾਮ ਬਹੁਤ ਲਾਹੇਵੰਦਾ ਸਾਬਤ ਹੋਵੇਗਾ।ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਦਿੰਦਿਆਂ ਕਿਹਾ ਕਿ ਸਾਨੂੰ ਜੋ ਵੀ ਮੌਕੇ ਮਿਲੇ ਹਨ, ਉਸਦਾ ਪੂਰਾ ਲਾਭ ਉਠਾਉਣਾ ਚਾਹੀਦਾ ਹੈ, ਕਿਉਂਕਿ ਹਰੇਕ ਬੱਚੇ ਦੇ ਅੰਦਰ ਕੋਈ ਨਾ ਕੋਈ ਪ੍ਰਤਿਭਾ ਜਰੂਰ ਛੁਪੀ ਹੁੰਦੀ ਹੈ, ਜਿਸ ਨੂੰ ਬਾਹਰ ਕੱਢ ਕੇ ਬੱਚੇ ਆਪਣੇ ਮਿੱਥੇ ਨਿਸ਼ਾਨੇ ਦੀ ਪ੍ਰਾਪਤੀ ਕਰ ਸਕਦੇ ਹਨ।ਰਿਸ਼ਭ ਭੋਲਾ ਨੇ ਵਿਦੇਸ਼ਾਂ 'ਚ ਜਾਣ ਦੀ ਹੋੜ ਤੋਂ ਬਚਣ ਲਈ ਕਿਹਾ ਕਿ ਉਹ ਖ਼ੁਦ ਯੂ.ਐਸ.ਏ. ਤੱਕ ਜਾ ਕੇ ਆਏ ਹਨ, ਪ੍ਰੰਤੂ ਜੋ ਕੁਝ ਸਾਡਾ ਦੇਸ਼ ਤੇ ਸਾਡਾ ਪੰਜਾਬ ਸਾਡੇ ਲਈ ਹੈ, ਉਹ ਥਾਂ ਦੂਜਾ ਮੁਲਕ ਨਹੀਂ ਲੈ ਸਕਦਾ। ਇਸ ਲਈ ਨੌਜਵਾਨਾਂ ਨੂੰ ਆਪਣੇ ਮੁਲਕ 'ਚ ਰਹਿ ਕੇ ਆਪਣੇ ਮਿੱਥੇ ਨਿਸ਼ਾਨੇ ਦੀ ਪ੍ਰਾਪਤੀ ਲਈ ਮਿਹਨਤ ਕਰਨੀ ਚਾਹੀਦੀ ਹੈ।ਉਨ੍ਹਾਂ ਨੇ ਗਿਆਰ੍ਹਵੀਂ ਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਭਵਿੱਖ 'ਚ ਵੱਖ-ਵੱਖ ਤਰ੍ਹਾਂ ਦੇ ਕੀਤੇ ਜਾਣ ਵਾਲੇ ਕੋਰਸਾਂ ਦੀ ਜਾਣਕਾਰੀ ਤੇ ਡਿਜ਼ੀਟਲ ਪਲੇਟਫਾਰਮ ਸਮੇਤ ਸਫ਼ਲਤਾ ਦੇ ਕਈ ਹੋਰ ਰਸਤੇ ਦੱਸੇ।

# ਸਲਮਾਨ ਖ਼ੁਰਸ਼ੀਦ ਦੀ ਕਿਤਾਬ 'ਚ ਜ਼ਿਕਰ ਕਾਰਨ ਸਮਿਤ ਦਾ ਸਿਆਸੀ ਕੱਦ ਹੋਇਆ ਵੱਡਾ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਕਾਂਗਰਸ ਦੇ ਹਲਕਾ ਅਮਰਗੜ੍ਹ ਤੋਂ ਇੰਚਾਰਜ ਇੰਚਾਰਜ, ਕਾਂਗਰਸ ਦੇ ਰਾਸ਼ਟਰੀ ਬੁਲਾਰੇ, ਆਲ ਇੰਡੀਆ ਪ੍ਰੋਫੈਸ਼ਨਲ ਕਾਂਗਰਸ ਦੇ ਸਪੋਰਟਸ ਵਰਟੀਕਲ ਦੇ ਨੈਸ਼ਨਲ ਹੈੱਡ ਤੇ ਖੇਤੀਬਾੜੀ, ਪਸ਼ੂ ਪਾਲਣ ਤੇ ਫੂਡ ਪ੍ਰੋਸੈਸਿੰਗ ਬਾਰੇ ਸੰਸਦੀ ਸਥਾਈ ਕਮੇਟੀ ਦੇ ਚੇਅਰਪਰਸਨ ਚਰਨਜੀਤ ਸਿੰਘ ਚੰਨੀ ਦੇ ਮੁੱਖ ਸਲਾਹਕਾਰ ਸਮਿਤ ਸਿੰਘ ਮਾਨ ਵੱਲੋਂ ਰਾਹੁਲ ਗਾਂਧੀ ਦੀ 'ਭਾਰਤ ਜੋੜੋ ਯਾਤਰਾ' ਤੇ '2024 ਦੀ ਚੋਣ ਮੁਹਿੰਮ' ਵਿੱਚ ਨਿਭਾਈ ਗਈ ਅਹਿਮ ਭੂਮਿਕਾ ਦਾ ਖੁਲਾਸਾ ਸਲਮਾਨ ਖੁਰਸ਼ੀਦ ਵੱਲੋਂ ਹਾਲ ਹੀ ਦੌਰਾਨ ਲੋਕ ਅਰਪਣ ਕੀਤੀ ਗਈ ਆਪਣੀ ਕਿਤਾਬ ਵਿੱਚ ਕੀਤਾ ਗਿਆ ਹੈ।ਸਾਬਕਾ ਕੇਂਦਰੀ ਕਾਨੂੰਨ ਮੰਤਰੀ ਤੇ ਵਿਦੇਸ਼ ਮੰਤਰੀ ਸਲਮਾਨ ਖੁਰਸ਼ੀਦ ਤੇ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਕਾਂਗਰਸ ਵਾਰ ਰੂਮ ਦਾ ਹਿੱਸਾ ਰਹੇ ਮ੍ਰਿਤੁੰਜੇ ਸਿੰਘ ਯਾਦਵ ਵੱਲੋਂ ਸਾਂਝੇ ਤੌਰ 'ਤੇ ਲਿਖੀ ਗਈ ਕਿਤਾਬ 'ਲੋਕਤੰਤਰੀ ਘਾਟੇ ਦਾ ਮੁਕਾਬਲਾ : 2024 ਦੀਆਂ ਚੋਣਾਂ ਦੀ ਇੱਕ ਅੰਦਰੂਨੀ ਕਹਾਣੀ' ਤੱਕ, ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੇ ਦਸ ਸਾਲਾਂ ਦੇ ਕਾਰਜਕਾਲ ਦੌਰਾਨ ਭਾਰਤ ਵਿੱਚ



ਕੇਂਦਰੀਕ੍ਰਿਤ ਨਿਯੰਤਰਣ ਅਤੇ ਵੰਡਵਾਲੀ ਭਾਸ਼ਾ ਰਾਹੀਂ ਲੋਕਤੰਤਰ ਨੂੰ ਦੇਸ਼ ਵਿੱਚ ਖਾਤਮੇ ਤੱਕ ਪਹੁੰਚਾਉਣ ਤੋਂ ਬਾਅਦ ਰਾਹੁਲ ਗਾਂਧੀ ਵੱਲੋਂ ਦੇਸ਼ ਭਰ ਵਿੱਚ 'ਭਾਰਤ ਜੋੜੋ ਯਾਤਰਾ' ਤੇ ਇਤਿਹਾਸਕ 'ਇੰਡੀਆ' ਗਠਬੰਧਨ ਦੀ ਸਥਾਪਨਾ ਕਰਕੇ ਕਾਂਗਰਸ ਦੀ ਪੁਨਰ ਸੁਰਜੀਤੀ ਤੇ ਸੰਵਿਧਾਨ ਦੀ ਰੱਖਿਆ ਲਈ ਜੋ ਕਾਰਜ ਕੀਤਾ ਗਿਆ, ਉਸ 'ਤੇ ਚਾਨਣਾ ਪਾਇਆ ਗਿਆ ਹੈ।

ਲੇਖਕ ਦੱਸਦੇ ਹਨ ਕਿ ਅੰਕੜਿਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਇਸ ਕਾਰਜ ਵਿੱਚ ਰਾਹੁਲ ਗਾਂਧੀ ਦੀ ਕਮਿਊਨਿਕੇਸ਼ਨ ਟੀਮ, ਜਿਸ ਦੀ ਅਗਵਾਈ ਵਾਈ. ਬੀ. ਸ਼੍ਰੀਵਤਸਾ ਤੇ ਉਨ੍ਹਾਂ ਦੇ ਸਾਥੀ ਸਮੇਤ ਸਮਿਤ ਸਿੰਘ ਮਾਨ ਕਰ ਰਹੇ ਸਨ, ਨੇ ਅਹਿਮ ਭੂਮਿਕਾ ਨਿਭਾਈ।ਨਾਲ ਹੀ ਇਸ ਟੀਮ ਨੇ ਰਾਹੁਲ ਗਾਂਧੀ ਦੇ ਵਿਚਾਰਾਂ ਤੇ ਨਜ਼ਰੀਏ ਨੂੰ ਵਿਸਤ੍ਰਿਤ ਅਤੇ ਕਾਰਗਰ ਯੋਜਨਾਵਾਂ ਵਿੱਚ ਬਦਲਣ 'ਤੇ ਕੰਮ ਕੀਤਾ ਤੇ ਉਸ ਨੂੰ ਪੂਰੇ ਦੇਸ਼ ਵਿੱਚ ਪਹੁੰਚਾਇਆ।ਸਮਿਤ ਸਿੰਘ ਮਾਨ ਪੂਰੇ ਪੰਜਾਬ ਵਿੱਚੋਂ ਇਕਲੌਤੇ ਅਜਿਹੇ ਸ਼ਖ਼ਸ ਹਨ, ਜਿਨ੍ਹਾਂ ਨੇ 'ਭਾਰਤ ਜੋੜੋ ਨਿਆਂ ਯਾਤਰਾ' ਤੇ '2024 ਦੀ ਚੋਣ ਮੁਹਿੰਮ' ਵਿੱਚ ਰਾਹੁਲ ਗਾਂਧੀ ਦੇ ਟੀਮ ਮੈਂਬਰ ਵਜੋਂ ਅਜਿਹੀ ਅਹਿਮ ਭੂਮਿਕਾ ਨਿਭਾਈ।ਦੇਸ਼ ਦੀ ਸਿਆਸਤ ਵਿੱਚ ਕਾਂਗਰਸ ਲਈ ਅਜਿਹੀਆਂ ਸੇਵਾਵਾਂ ਦੇਣ ਨਾਲ ਸਮਿਤ ਸਿੰਘ ਮਾਨ ਦਾ ਸਿਆਸੀ ਕੱਦ ਵੱਡਾ ਹੋਇਆ ਹੈ।ਦੱਸਣਯੋਗ ਹੈ ਕਿ ਯੂਨੀਵਰਸਿਟੀ ਔਕਸਫੋਰਡ, ਯੂ. ਕੇ. ਤੋਂ ਤਾਲੀਮ ਹਾਸਲ ਕਰਨ ਵਾਲੇ ਸਮਿਤ ਸਿੰਘ ਮਾਨ ਬਤੌਰ ਅੰਤਰਰਾਸ਼ਟਰੀ ਖਿਡਾਰੀ ਪੰਜਾਬ ਤੇ ਦੇਸ਼ ਦਾ ਮਾਨ ਵੀ ਵਧਾ ਚੁੱਕੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਤ ਵੀ ਕੀਤਾ ਗਿਆ ਹੈ।

## ਬਾਬਾ ਸੈਣ ਭਗਤ ਨੂੰ ਯਾਦ ਕਰਦਿਆਂ ਜੈਤੋ ਵਿਖੇ ਸਮਾਗਮ



**ਕੋਟਕਪੂਰਾ (ਰਛਪਾਲ ਭੁੱਲਰ)**-ਭਾਰਤੀ ਕਿਸਾਨ ਸੈਣ ਵੈਲਫੇਅਰ ਸਭਾ ਪੰਜਾਬ ਪ੍ਰਧਾਨ ਡਾ.ਪ੍ਰਗਟ ਸਿੰਘ ਧੀਰਾ ਪੱਤਰਾ ਦੀ ਪ੍ਰਧਾਨਗੀ ਹੇਠ ਨੀਲਾ ਸਿੰਘ ਮੀਤ ਪ੍ਰਧਾਨ ਪੰਜਾਬ, ਬੂਟਾ ਸਿੰਘ ਜਨਰਲ ਸਕੱਤਰ ਪੰਜਾਬ, ਕੁਲਵੰਤ ਸਿੰਘ ਖਜ਼ਾਨਚੀ ਦੀ ਹਾਜ਼ਰੀ ਵਿੱਚ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਤ ਅਤੇ ਸ਼੍ਰੋਮਣੀ ਭਗਤ ਬਾਬਾ ਸੈਨ ਜੀ ਸਬੰਧੀ ਜੈਤੋ ਦੇ ਗੁਰਦੁਆਰਾ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ। ਇਸ ਸਮੇਂ ਵੱਖ-ਵੱਖ ਬੁਲਾਰਿਆਂ ਨੇ ਸ਼੍ਰੋਮਣੀ ਭਗਤ ਬਾਬਾ ਸੈਣ ਜੀ ਦੇ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸ਼ਬਦ ਤੋਂ ਜਾਣੂ ਕਰਵਾਇਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ 5 ਸੀਸ ਭੇਟ ਕਰਨ ਵਾਲਿਆਂ ਪੰਜ ਪਿਆਰਿਆਂ ਦਾ ਇਤਿਹਾਸ ਸਣਾਉਂਦਿਆਂ ਸੈਣ ਸਮਾਜ ਦੇ ਪੰਜਵੇਂ ਪਿਆਰੇ ਭਾਈ ਸਾਹਿਬ ਸਿੰਘ ਜੋ ਬਿਦਰ ਤੋਂ ਆਏ, ਨੂੰ ਯਾਦ ਕੀਤਾ ਗਿਆ। ਇਸ ਸਮੇ ਵੱਖ-ਵੱਖ ਜ਼ਿਲ੍ਹਿਆਂ ਤੋ ਆਏ ਸਮਾਜ ਸੇਵੀਆਂ ਨੇ ਵੀ ਹਾਜ਼ਰੀ ਲਵਾਈ।

# ਜੰਗੀ ਜਨੂੰਨ ਤੇ ਫ਼ਿਰਕੂ ਨਫ਼ਰਤ ਖਿਲਾਫ਼ ਪ੍ਰਭਾਵਸ਼ਾਲੀ ਸਾਂਝੀ ਕਨਵੈਨਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਬਾਬਾ ਬੂਝਾ ਸਿੰਘ ਯਾਦਗਾਰੀ ਭਵਨ ਵਿਖੇ ਪਹਿਲਗਾਮ ਵਿਖੇ ਹੋਏ ਸੈਲਾਨੀਆਂ ਦੇ ਦਰਦਨਾਕ ਕਤਲੇਆਮ ਤੋਂ ਬਾਅਦ ਸੰਘ ਬੀਜੇਪੀ ਦੇ ਸਮੁੱਚੇ ਤੰਤਰ ਵੱਲੋਂ ਦੇਸ ਵਿੱਚ ਫੈਲਾਏ ਜਾ ਰਹੇ ਜੰਗੀ ਜਨੂੰਨਅਤੇ ਮੁਸਲਿਮ ਭਾਈਚਾਰੇ ਖ਼ਿਲਾਫ਼ ਚਲਾਈ ਜਾ ਰਹੀ ਫਿਰਕੂ ਨਫਰਤ ਦੀ ਮੁਹਿੰਮ ਖ਼ਿਲਾਫ਼ ਇੱਕ ਪ੍ਰਭਾਵਸ਼ਾਲੀ ਸਾਂਝੀ ਕਨਵੈਨਸ਼ਨ ਦਾ ਆਯੋਜਨ ਕੀਤਾ ਗਿਆ। ਇਹ ਕਨਵੈਨਸ਼ਨ 1990 ਵਿੱਚ ਅੱਜ ਦੇ ਦਿਨ ਜੰਗ ਵਿਰੋਧੀ ਅੰਦੋਲਨ ਵਿੱਚ ਸ਼ਾਮਲ ਹੋਣ ਲਈ ਦਿੱਲੀ ਜਾਂਦੇ ਵਕਤ ਸਦਾ ਲਈ ਵਿੱਛੜ ਗਏ ਦੋ ਇਨਕਲਾਬੀ ਨੌਜਵਾਨਾਂ ਕਾ. ਬਲਵਿੰਦਰ ਸਿੰਘ ਸਮਾਓਂ ਤੇ ਕਾ. ਮਨੋਜ ਕੁਮਾਰ ਮਿੱਤਲ ਦੀ 35ਵੀਂ ਬਰਸੀ ਨੂੰ ਵੀ ਸਮਰਪਤ ਸੀ। ਇਸ ਮੌਕੇ ਉੱਘੇ ਕਮਿਊਨਿਸਟ ਆਗੂ ਤੇ ਦੇਸ ਭਗਤ ਭਾਈ ਸੰਤੋਖ ਸਿੰਘ ਧਰਦਿਉ ਨੂੰ ਵੀ ਉਨ੍ਹਾਂ ਦੀ 92ਵੀਂ ਬਰਸੀ ਮੌਕੇ ਯਾਦ ਕੀਤਾ ਗਿਆ।ਕਨਵੈਨਸ਼ਨ ਦੀ ਸ਼ੁਰੂਆਤ ਸ਼ਸਹੀਦ ਬਲਵਿੰਦਰ ਤੇ ਮਨੋਜ ਤੋਂ ਇਲਾਵਾ ਪਹਿਲਗਾਮ ਵਿਖੇ ਬੇਰਹਿਮੀ ਨਾਲ ਕਤਲ ਕੀਤੇ ਗਏ ਸਾਰੇ ਸੈਲਾਨੀਆਂ ਤੇ ਜੰਗੀ ਟਕਰਾਅ ਵਿੱਚ ਮਾਰੇ ਗਏ ਦੇਸਵਾਸੀਆਂ ਦੀ ਯਾਦ ਵਿੱਚ ਇੱਕ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਅਰਪਿਤ ਕਰਨ ਨਾਲ ਹੋਈ। ਕਨਵੈਨਸ਼ਨ ਦੇ ਪ੍ਰਧਾਨਗੀ ਮੰਡਲ ਵਿੱਚ ਲਿਬਰੇਸ਼ਨ ਨੇਤਾ ਤੇ ਉੱਘੇ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ, ਆਈ.ਡੀ.ਪੀ ਆਗੂ ਦਰਸ਼ਨ ਸਿੰਘ ਧਨੇਠਾ, ਕੁਦਰਤ ਮਾਨਵ ਕੇਂਦਰਤ ਲੋਕ ਲਹਿਰ ਵੱਲੋਂ ਸੇਵਾਮੁਕਤ ਉਪ ਜ਼ਿਲ੍ਹਾ ਸਿੱਖਿਆ ਅਫਸਰ ਗੁਰਲਾਭ ਸਿੰਘ, ਮੁਸਲਿਮ ਫਰੰਟ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਰਵੀ ਖਾਨ ਤੇ ਸ਼ਹੀਦ ਬਲਵਿੰਦਰ ਸਮਾਓਂ ਦੇ ਛੋਟੇ ਭਰਾ ਕਾਮਰੇਡ ਭੋਲਾ ਸਿੰਘ ਸਮਾਓਂ ਸ਼ਾਮਲ ਸਨ। ਕਨਵੈਨਸ਼ਨ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸੁਖਦਰਸਨ ਸਿੰਘ ਨੱਤ, ਸੁਖਦੇਵ ਸਿੰਘ ਭੁਪਾਲ, ਕਰਨੈਲ ਸਿੰਘ ਜਖੇਪਲ, ਮੈਡੀਕਲ ਪ੍ਰੈਕਟੀਸਨਰਜ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਡਾ. ਧੰਨਾ ਮੱਲ ਗੋਇਲ, ਸੋਸ਼ਲਿਸਟ ਪਾਰਟੀ ਆਫ਼ ਇੰਡੀਆ ਵੱਲੋਂ ਸਰਬਜੀਤ ਕੌਸ਼ਲ ਤੇ ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ ਜਗਦੀਸ਼ ਪਾਪੜਾ ਸ਼ਾਮਲ ਸਨ।

ਕਨਵੈਨਸ਼ਨ ਵਿੱਚ ਗੱਲ ਉੱਭਰ ਕੇ ਸਾਹਮਣੇ ਆਈ ਕਿ ਜੰਗਾਂ ਬਰਬਾਦੀ ਤੋਂ ਇਲਾਵਾ ਕੁੱਝ ਵੀ ਨਹੀਂ ਦਿੰਦੀਆਂ ਅਤੇ ਕੋਈ ਮਸਲਾ ਹੱਲ ਕਰਨ ਦੀ ਬਜਾਏ ਉਲਟਾ ਗੰਭੀਰ ਤੇ ਨਵੀਆਂ ਸਮੱਸਿਆਵਾਂ ਖੜੀਆਂ ਕਰਨ ਦਾ ਸ੍ਰੋਤ ਬਣ ਜਾਂਦੀਆਂ ਹਨ। ਸੀ.ਪੀ.ਆਈ. (ਐੱਮ.ਐੱਲ) ਲਿਬਰੇਸ਼ਨ ਦੇ ਬੁਲਾਰੇ ਸੁਖਦਰਸ਼ਨ ਸਿੰਘ ਨੱਤ ਨੇ ਕਿਹਾ ਕਿ ਪਹਿਲਗਾਮ ਦੀ ਘਟਨਾ ਤੋਂ ਬਾਅਦ ਸੁਰੱਖਿਆ ਪ੍ਰਤੀ ਅਪਣੀ ਘੋਰ ਅਣਗਹਿਲੀ ਉਤੇ ਪਰਦਾ ਪਾਉਣ ਲਈ ਬੀਜੇਪੀ ਤੇ ਮੋਦੀ ਸਰਕਾਰ ਨੇ ਦੇਸ ਅੰਦਰ ਅਜਿਹਾ ਮਾਹੌਲ ਸਿਰਜਿਆ, ਜਿਸ ਨਾਲ ਮੁਸਲਿਮ ਘੱਟਗਿਣਤੀ ਖ਼ਿਲਾਫ਼ ਲੋਕਾਂ ਦੀਆਂ ਫ਼ਿਰਕੂ ਭਾਵਨਾਵਾਂ ਨੂੰ ਮਿੱਥ ਕੇ ਹਵਾ ਦਿੱਤੀ ਗਈ। ਉਨ੍ਹਾਂ ਕਿਹਾ ਕਿ ਕਸ਼ਮੀਰੀ ਤੇ ਪੰਜਾਬੀ, ਭਾਵੇਂ ਉਹ ਭਾਰਤ ਦੇ ਸ਼ਹਿਰੀ ਹਨ ਜਾਂ ਪਾਕਿਸਤਾਨ ਦੇ, ਕਦੇ ਵੀ ਜੰਗ ਨਹੀਂ ਚਾਹੁੰਦੇ। ਕੁਦਰਤ ਮਾਨਵ ਕੇਂਦਰਤ ਲੋਕ ਲਹਿਰ ਦੇ ਕੇਂਦਰੀ ਆਗੂ ਸੁਖਦੇਵ ਸਿੰਘ ਭੁਪਾਲ ਨੇ ਕਿਹਾ ਕਿ ਪਹਿਲਗਾਮ ਵਿੱਚ ਖਾੜਕੂਆਂ ਵੱਲੋਂ ਮਾਰੇ ਗਏ ਨਿਰਦੋਸ਼ ਲੋਕਾਂ ਦੀ ਘਟਨਾ ਜਿੱਥੇ ਬਹੁਤ ਹੀ ਮੰਦਭਾਗੀ ਸੀ, ਉੱਥੇ ਇਸ ਘਟਨਾ ਨੇ ਕੇਂਦਰ ਸਰਕਾਰ ਦੇ ਜੰਮੂ ਕਸ਼ਮੀਰ ਵਿੱਚ ਹਾਲਤ ਦੇ ਆਮ ਵਰਗਾ ਹੋਣ ਦੇ ਦਾਅਵਿਆਂ ਉਤੇ ਵੀ ਸਵਾਲ ਖੜੇ ਕਰ ਦਿੱਤੇ ਹਨ।

ਇੰਟਰਨੈਸ਼ਨਲ ਡੈਮੋਕ੍ਰੇਟਿਕ ਪਲੇਟਫਾਰਮ ਦੇ ਕੌਮੀ ਪ੍ਰਧਾਨ ਕਰਨੈਲ ਸਿੰਘ ਜਖੇਪਲ ਨੇ ਕਿਹਾ ਕਿ ਭਾਰਤ ਤੇ ਪਾਕਿਸਤਾਨ ਦੋਵੇਂ ਗੁਆਂਢੀ ਮੁਲਕ ਹਨ, ਤੁਸੀਂ ਗੁਆਂਢੀ ਨੂੰ ਬਦਲ ਨਹੀਂ ਸਕਦੇ। ਦੋਵਾਂ ਮੁਲਕਾਂ ਦੇ ਲੋਕਾਂ ਦੇ ਆਰਥਿਕ ਹਾਲਾਤ ਤੇ ਹੋਰ ਸਮੱਸਿਆਵਾਂ ਵੀ ਮਿਲਦੀਆਂ-ਜੁਲਦੀਆਂ ਹਨ। ਭਾਵੇਂ ਦੋਵਾਂ ਮੁਲਕਾਂ ਦੇ ਲੋਕ ਇੱਕੋ ਹੀ ਨਸਲ ਦੇ ਹਨ, ਪਰ ਦੋਵੇਂ ਹੀ ਦੇਸ ਖਤਰਨਾਕ ਪਰਮਾਣੂ ਹਥਿਆਰਾਂ ਨਾਲ ਲੈਸ ਹਨ। ਪੰਜਾਬ ਜਮਹੂਰੀ ਮੋਰਚੇ ਦੇ ਆਗੂ ਭਜਨ ਸਿੰਘ ਘੁੰਮਣ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੇ ਸੱਤਾਧਾਰੀ ਹਾਕਮਾਂ ਵੱਲੋਂ ਲੋਕਾਂ ਦੀ ਮਾਨਸਿਕਤਾ ਨੂੰ ਜੰਗ-ਪੱਖੀ ਬਣਾਇਆ ਜਾ ਰਿਹਾ ਹੈ।

## ਪੰਜਾਬ ਦੇ ਪਾਣੀ ਲਈ ਮੁੱਖ ਮੰਤਰੀ ਦਾ ਸਟੈਂਡ ਸ਼ਲਾਘਾਯੋਗ : ਸੈਦੋਕੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਬੰਧੀ ਪਾਣੀਆਂ ਦੇ ਮਸਲੇ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੀ ਸਰਕਾਰ ਸਮੇਤ ਜੋ ਸਖ਼ਤ ਸਟੈਂਡ ਲਿਆ ਹੈ, ਉਹ ਸ਼ਲਾਘਾਯੋਗ ਕਦਮ ਹੈ ਕਿਉਂਕਿ ਜੋ ਪਾਣੀ ਹੈ ਪੰਜਾਬ ਦੀ ਹੋਂਦ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸਿਰਕੱਢ ਆਗੂ ਜੀਵਨ ਸਿੰਘ ਸੈਦੋਕੇ ਨੇ ਕਰਦਿਆਂ ਕਿਹਾ ਕਿ ਜੇਕਰ ਭਗਵੰਤ ਸਿੰਘ ਮਾਨ ਇਹ ਸਮਾਂ ਨਾ ਸੰਭਾਲਦੇ ਤਾਂ ਪੰਜਾਬ ਦਾ ਖੇਤੀ ਪੱਖੋਂ ਵੱਡਾ ਨੁਕਸਾਨ ਹੋਣਾ ਸੀ, ਕਿਉਂਕਿ ਬੋਰਾਂ ਦੇ ਪਾਣੀ ਡੂੰਘੇ ਜਾ ਚੁੱਕੇ ਹਨ। ਇਸ ਲਈ ਪੰਜਾਬ ਸਰਕਾਰ ਦੀ ਸੋਚ ਹੈ ਕਿ ਖੇਤੀ ਲਈ ਪੀਣ ਲਈ ਕੁਦਰਤੀ ਸਰੋਤਾਂ ਦਾ ਪਾਣੀ ਵਰਤਿਆ ਜਾਵੇ, ਜਿਸ ਨਾਲ ਧਰਤੀ ਹੇਠਲਾ ਪਾਣੀ ਬਚੇਗਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਪਾਣੀ ਦੇ ਮਸਲਿਆਂ ਤੇ ਦੂਜੀਆਂ ਵਿਰੋਧੀਆਂ ਪਾਰਟੀਆਂ ਰਾਜਨੀਤਕ ਮਸਲਾ ਬਣਾਉਣ ਦੀ ਕੋਸ਼ਿਸ਼ ਨਾ ਕਰਨ ਰੌਲਾ ਪਾਉਣ ਦੀ ਬਜਾਏ ਪੰਜਾਬ ਤੇ ਪੰਜਾਬ ਦੇ ਮੁੱਖ ਮੰਤਰੀ ਨਾਲ ਇਕਜੁਟਤਾ ਦਿਖਾ ਦਿਉ ਤਾਂ ਜੁ ਦੂਜੇ ਸੂਬਿਆਂ ਨੂੰ ਪਤਾ ਲੱਗੇ ਕਿ ਪਾਣੀ ਜਾ ਹੋਰ ਗੰਭੀਰ ਮਸਲਿਆਂ ਤੇ ਪੰਜਾਬ ਇੱਕ ਹੈ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਣੀ ਦੇ ਮਾਮਲੇ ਤੇ ਜੋ ਰਸਤਾ ਅਖਤਿਆਰ ਕੀਤਾ ਹੈ, ਇਸ ਵਿੱਚ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਜਾ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਕੋਈ ਨਿੱਜੀ ਲਾਭ ਨਹੀਂ ਹੈ ਪਾਣੀ ਹੀ ਬਚਾਉਣਾ ਪੰਜਾਬ ਦਾ ਭਲਾ ਹੈ, ਜੋ ਪੰਜਾਬ ਦੇ ਮੁੱਖ ਮੰਤਰੀ ਨੇ ਕਰਕੇ ਦਿਖਾ ਦਿੱਤਾ ਹੈ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਦੇ ਬਾਇਓਟੈਕਨਾਲੋਜੀ ਵਿਭਾਗ ਨੇ ਸੋਲਨ ਦਾ ਵਿੱਦਿਅਕ ਦੌਰਾ ਕੀਤਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਬਾਇਓਟੈਕਨਾਲੋਜੀ ਵਿਭਾਗ ਨੇ ਕੰਡਾਘਾਟ, ਸੋਲਨ ਵਿੱਚ ਸਥਿਤ ਆਈ ਸੀ ਏ ਆਰ-ਮਸ਼ਰੂਮ ਰਿਸਰਚ ਡਾਇਰੈਕਟੋਰੇਟ (ਆਈ ਸੀ ਏ ਆਰ-ਡੀ ਐਮ ਆਰ) ਦਾ ਇੱਕ ਵਿਦਿਅਕ ਦੌਰਾ ਕੀਤਾ। 47 ਵਿਦਿਆਰਥੀਆਂ ਦੇ ਇੱਕ ਸਮੂਹ ਦੇ ਨਾਲ ਫੈਕਲਟੀ ਮੈਂਬਰ ਡਾ. ਰੁਪਿੰਦਰ ਕੌਰ (ਵਿਭਾਗ ਦੀ ਮੁਖੀ), ਡਾ. ਸਿਮਰਨ ਜੋਤ ਕੌਰ, ਡਾ. ਨੈਨਸੀ, ਇੰਜੀਨੀਅਰ ਨਵਗੀਤ ਕੌਰ ਅਤੇ ਸ੍ਰੀਮਤੀ ਕੁਦਰਤਦੀਪ ਕੌਰ ਵੀ ਸਨ। ਇਸ ਦੌਰੇ ਦਾ ਉਦੇਸ਼ ਵਿਦਿਆਰਥੀਆਂ ਨੂੰ ਮਸ਼ਰੂਮ ਦੀ ਕਾਸ਼ਤ ਦੇ ਖੇਤਰ ਵਿੱਚ ਨਵੀਨਤਮ ਖੋਜ ਅਤੇ ਤਕਨੀਕੀ ਤਰੱਕੀ ਬਾਰੇ ਪ੍ਰਤੱਖ ਗਿਆਨ ਪ੍ਰਦਾਨ ਕਰਨਾ ਸੀ। ਆਈ ਸੀ ਏ ਆਰ-ਡੀ ਐਮ ਆਰ ਮਸ਼ਰੂਮ ਖੋਜ ਨੂੰ ਸਮਰਪਤ ਇੱਕ ਪ੍ਰਮੁੱਖ ਸੰਸਥਾ ਹੈ ਜੋ ਖਾਣ ਯੋਗ ਮਸ਼ਰੂਮ ਪ੍ਰਜਾਤੀਆਂ 'ਤੇ ਵਿਆਪਕ ਖੋਜ ਕਰਨ ਅਤੇ ਭਾਰਤ ਭਰ ਦੇ ਕਾਸ਼ਤਕਾਰਾਂ ਨੂੰ ਸਿਖਲਾਈ ਪ੍ਰਦਾਨ ਕਰਨ ਵਿੱਚ ਸ਼ਾਮਲ ਹੈ। ਦੌਰੇ ਦੌਰਾਨ ਆਈ ਸੀ ਏ ਆਰ-ਡੀ ਐਮ ਆਰ ਦੇ ਸੀਨੀਅਰ ਵਿਗਿਆਨੀ ਡਾ. ਅਨੁਰਾਧਾ ਸ੍ਰੀਵਾਸਤਵ ਨੇ ਸੰਸਥਾ ਵਿੱਚ ਮਸ਼ਰੂਮ ਦੀ ਖੇਤੀ, ਚੱਲ ਰਹੀ ਖੋਜ ਅਤੇ ਤਕਨਾਲੋਜੀ ਟ੍ਰਾਂਸਫਰ ਪਹਿਲਕਦਮੀਆਂ ਦੀਆਂ ਮੂਲ ਗੱਲਾਂ 'ਤੇ ਆਪਣੀ ਮੁਹਾਰਤ ਸਾਂਝੀ ਕੀਤੀ। ਵਿਦਿਆਰਥੀਆਂ ਨੇ ਸਪੌਨ ਉਤਪਾਦਨ, ਕਾਸ਼ਤ ਤਕਨੀਕਾਂ, ਕੀਟ ਅਤੇ ਬਿਮਾਰੀ ਪ੍ਰਬੰਧਨ ਅਤੇ ਵਾਢੀ ਤੋਂ ਬਾਅਦ ਦੀ ਪ੍ਰਕਿਰਿਆ ਬਾਰੇ ਜਾਣਿਆ।

## ਕਿੱਲੋ ਅਫੀਮ ਸਮੇਤ ਮੁਲਜ਼ਮ ਗ੍ਰਿਫ਼ਤਾਰ



**ਰਾਜਪੁਰਾ (ਰਮੇਸ਼ ਕਟਾਰੀਆ)**-ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਇੰਸਪੈਕਟਰ ਕਿਰਪਾਲ ਸਿੰਘ ਮੋਹੀ ਐੱਸ.ਐੱਚ.ਓ. ਥਾਣਾ ਸਿਟੀ ਰਾਜਪੁਰਾ ਨੇ ਦੱਸਿਆ ਕਿ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਸ ਥ ਪਰਮਜੀਤ ਸਿੰਘ ਨੂੰ ਗੁਪਤ ਸੂਚਨਾ ਮਿਲੀ।ਜਦੋਂ ਸ ਥ ਪਰਮਜੀਤ ਸਿੰਘ ਸਮੇਤ ਪੁਲਸ ਪਾਰਟੀ ਮੇਨ ਜੀ ਟੀ ਰੋਡ ਸਾਹਮਣੇ ਸਤਿਸੰਗ ਭਵਨ ਰਾਜਪੁਰਾ ਨਾਕਾਬੰਦੀ ਤੇ ਮੌਜੂਦ ਸੀ ਅਤੇ ਸਰਹਿੰਦ ਸਾਇਡ ਨੂੰ ਜਾਂਦੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ, ਤਾਂ ਰਾਜਪੁਰਾ ਸਾਇਡ ਵੱਲੋਂ ਆਉਂਦੀ ਇੱਕ ਬੱਸ ਨਾਕਾ ਤੋਂ ਪਿੱਛੇ ਟ੍ਰੈਫਿਕ ਹੋਣ ਕਾਰਨ ਹੌਲੀ ਹੋਈ, ਤਾਂ ਬੱਸ ਵਿੱਚੋਂ ਇੱਕ ਵਿਅਕਤੀ ਪਿਛਲੀ ਤਾਕੀ ਰਾਹੀਂ ਉੱਤਰਿਆ ਤੇ ਮੇਨ ਰੋਡ ਦੇ ਨਾਲ ਸਰਵਿਸ ਰੋਡ ਦੇ ਕਿਨਾਰੇ ਘਾਹ 'ਤੇ ਆਪਣੇ ਸੱਜੇ ਹੱਥ ਵਿੱਚ ਫੜਿਆ ਹੋਇਆ ਕਾਲੇ ਰੰਗ ਦਾ ਮੋਮੀ ਲਿਫਾਫਾ ਸੁੱਟ ਕੇ ਰਾਜਪੁਰਾ ਸਾਇਡ ਨੂੰ ਭਜਣ ਲੱਗਾ, ਜਿਸ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਰਾਹੁਲ ਯਾਦਵ ਪੁੱਤਰ ਸਰਲ ਯਾਦਵ ਵਾਸੀ ਵਿਹੜਾ ਨੰਬਰ 1, ਗਲੀ ਨੰਬਰ 1, ਮਿਹਰਬਾਨ ਥਾਣਾ ਮਿਹਰਬਾਨ, ਲੁਧਿਆਣਾ ਦੱਸਿਆ।ਉਪਰੰਤ ਸੁੱਟੇ ਮੋਮੀ ਲਿਫਾਫੇ ਵਿੱਚੋਂ ਇੱਕ ਕਿੱਲੋ ਅਫੀਮ ਬ੍ਰਾਮਦ ਹੋਈ।ਰਾਹੁਲ ਯਾਦਵ ਵਿਰੁੱਧ ਕੇਸ ਰਜਿਸਟਰ ਕਰਕੇ ਉਸ ਨੂੰ ਗ੍ਰਿਫ਼ਤਾਰ ਕੀਤਾ ਕਰ ਲਿਆ ਹੈ।

# ਸੂਬੇ ਨੂੰ ਨਸ਼ਾ ਮੁਕਤ ਕਰਨਾ ਪੰਜਾਬ ਸਰਕਾਰ ਦੀ ਤਰਜੀਹ : ਜੌੜਾਮਾਜਰਾ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦਾ ਪੂਰਨ ਤੌਰ 'ਤੇ ਖ਼ਾਤਮਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਲੜੀ 'ਚ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਸਮਾਣਾ ਸ਼ਹਿਰ ਤੇ ਹਲਕੇ ਦੇ ਪਿੰਡਾਂ ਤੇ ਗਲੀਆਂ ਵਿੱਚ ਜਾ ਕੇ ਲੋਕਾਂ ਨੂੰ ਇਸ ਬੁਰਾਈ ਦੇ ਖ਼ਾਤਮੇ ਲਈ ਲਾਮਬੰਦ ਕਰ ਰਹੀ ਹੈ।ਰੋਜ਼ਾਨਾ ਸ਼ਾਮ ਪਿੰਡਾਂ 'ਚ ਜਾ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਹੋਣ ਦਾ ਹੋਕਾ ਦਿੰਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਸਾਡੀ ਨਸ਼ਿਆਂ ਵਿਰੁੱਧ ਇਹ ਲੜਾਈ ਉਦੋਂ ਤੱਕ ਜਾਰੀ ਰਹੇਗੀ, ਜਦ ਤੱਕ ਸੂਬੇ 'ਚੋਂ ਨਸ਼ਿਆਂ ਦਾ ਪੂਰਨ ਤੌਰ 'ਤੇ ਖ਼ਾਤਮਾ ਨਹੀਂ ਹੋ ਜਾਂਦਾ।ਪਿੰਡ ਲੰਗੜੋਈ, ਡਰੌਲੀ, ਡਰੌਲਾ, ਸੱਸਾ ਗੁੱਜਰਾ, ਭਗਵਾਨਪੁਰਾ ਤੇ ਸੱਸੀ ਬ੍ਰਹਮਣਾ ਦੇ ਵਸਨੀਕਾਂ ਨੂੰ ਨਸ਼ਿਆਂ ਖ਼ਿਲਾਫ਼ ਲਾਮਬੰਦ ਕਰਦਿਆਂ ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਹੁਣ ਨਸ਼ਾ ਮੁਕਤੀ ਯਾਤਰਾ ਲੋਕ ਲਹਿਰ ਬਣ ਗਈ ਹੈ, ਜਿਸ ਨੂੰ ਲੋਕਾਂ ਵੱਲੋਂ ਪੂਰਨ ਸਹਿਯੋਗ ਮਿਲ ਰਿਹਾ ਹੈ, ਹੁਣ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਨਸ਼ਾ ਮੁਕਤ ਹੋ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਵਿੱਚ ਨਸ਼ੇ ਦਾ ਖ਼ਾਤਮਾ ਕਰਨਾ ਹੈ ਤੇ ਜਿਹੜੇ ਨੌਜਵਾਨ ਨਸ਼ਿਆਂ ਦੀ ਲਪੇਟ 'ਚ ਹਨ, ਉਨ੍ਹਾਂ ਨੂੰ ਬਾਹਰ ਕੱਢਣਾ ਤੇ ਉਨ੍ਹਾਂ ਨੂੰ ਸਿਹਤਮੰਦ, ਸਸ਼ਕਤ ਤੇ ਉੱਜਵਲ ਭਵਿੱਖ ਦੇਣਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਖ਼ਿਲਾਫ਼ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸ ਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ, ਜਿਸ ਲਈ ਵਾਰਡ ਤੇ ਵਿਲੇਜ ਡਿਫੈਂਸ ਕਮੇਟੀਆਂ ਨੂੰ ਵੀ ਇਸ ਮੁਹਿੰਮ ਦਾ ਹਿੱਸਾ ਬਣਾਇਆ ਗਿਆ ਹੈ। ਇਸ ਦੌਰਾਨ ਸਥਾਨਕ ਲੋਕਾਂ ਨੂੰ ਆਪਣੇ ਇਲਾਕੇ 'ਚ ਨਸ਼ਾ ਨਾ ਵਿਕਣ ਦੇਣ ਤੇ ਉਨ੍ਹਾਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕਰਨ ਪ੍ਰਤੀ ਸਹੁੰ ਵੀ ਚੁਕਾਈ।ਇਸ ਮੌਕੇ ਐੱਸ.ਡੀ.ਐੱਮ. ਸਮਾਣਾ ਰਿਚਾ ਗੋਇਲ, ਮਾਰਕਿਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਬੀਡੀਪੀਓ ਸੁਖਵਿੰਦਰ ਸਿੰਘ ਟਿਵਾਣਾ, ਗੁਰਦੇਵ ਸਿੰਘ ਟਿਵਾਣਾ, ਕੁਲਦੀਪ ਸਿੰਘ ਵਿਰਕ, ਸੁਰਜੀਤ ਸਿੰਘ ਫ਼ੌਜੀ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

## ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਗੁਰਗੱਦੀ ਦਿਵਸ ਮਨਾਇਆ



**ਬਠਿੰਡਾ (ਰਾਜੀਵ ਗੋਇਲ)**-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿੱਚ ਹਰਗੋਬਿੰਦ ਸਾਹਿਬ ਜੀ ਦਾ ਗੁਰਗੱਦੀ ਦਿਵਸ ਮਨਾਇਆ ਗਿਆ।ਇਸ ਮੌਕੇ ਬੱਚਿਆਂ ਵੱਲੋਂ ਧਾਰਮਿਕ ਗੀਤ, ਕਵੀਸ਼ਰੀਆਂ, ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਧਾਰਮਿਕ ਅਧਿਆਪਕਾ ਪਲਵਿੰਦਰ ਕੌਰ ਜਲਾਲ ਨੇ ਬੱਚਿਆਂ ਨੂੰ ਦੱਸਿਆ ਕਿ ਗੁਰੂ ਜੀ ਸਿੱਖ ਦੇ ਛੇਵੇਂ ਗੁਰੂ ਸਨ ਤੇ ਉਨ੍ਹਾਂ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ।ਸਕੂਲ ਦੇ ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਮੌਕੇ ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗਗਨਦੀਪ ਕੌਰ, ਗੁਰਪ੍ਰੀਤ ਕੌਰ, ਪਵਨਪ੍ਰੀਤ ਕੌਰ, ਰਣਦੀਪ, ਜਸਵੀਰ ਕੌਰ, ਤਰਨਵੀਰ ਕੌਰ, ਅੰਤਪ੍ਰੀਤ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ, ਮੰਦਰ ਸਿੰਘ ਤੇ ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

## ਨਸ਼ਿਆਂ ਨੂੰ ਲੈ ਕੇ ਪੁਲਸ ਵੱਲੋਂ ਇੰਦਰਾ ਬਸਤੀ 'ਚ ਚੈਕਿੰਗ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਸ਼ਹਿਰ ਦੇ ਸਟੇਡੀਅਮ ਰੋਡ 'ਤੇ ਇੰਦਰਾ ਬਸਤੀ 'ਚ ਸਥਾਨਕ ਪੁਲਸ ਵੱਲੋਂ ਐਕਸਾਈਜ਼ ਵਿਭਾਗ ਦੇ ਨਾਲ ਮਿਲ ਕੇ ਨਜਾਇਜ਼ ਡਰੱਗ ਤੇ ਸ਼ਰਾਬ ਨੂੰ ਲੈ ਕੇ ਇਕੱਠੇ ਤੌਰ 'ਤੇ ਚੈਕਿੰਗ ਕੀਤੀ ਗਈ। ਇਸ ਮੌਕੇ ਥਾਣਾ ਮੁਖੀ ਪ੍ਰਤੀਕ ਜਿੰਦਲ ਸਮੇਤ ਐਕਸਾਈਜ਼ ਇੰਸਪੈਕਟਰ ਸੁਨਾਮ ਗੌਰਵ ਜਿੰਦਲ ਤੇ ਐਕਸਾਈਜ਼ ਇੰਸਪੈਕਟਰ ਲੌਂਗੋਵਾਲ ਭੁਪਿੰਦਰ ਸਿੰਘ ਵੀ ਮੌਕੇ 'ਤੇ ਮੌਜੂਦ ਸਨ।ਇਸ ਮੌਕੇ ਥਾਣਾ ਮੁਖੀ ਪ੍ਰਤੀਕ ਜਿੰਦਲ ਨੇ ਦੱਸਿਆ ਕਿ ਪੁਲਸ ਵੱਲੋਂ ਜੰਗੀ ਪੱਧਰ 'ਤੇ ਨਾਕੇ ਲਗਾਏ ਜਾ ਰਹੇ ਹਨ ਤੇ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਨਸ਼ੇ ਦਾ ਵਪਾਰ ਕਰਨ ਵਾਲਿਆਂ 'ਤੇ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਵੀ ਨਸ਼ਾ ਵੇਚਦਾ ਦਿਖਾਈ ਦਿੰਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ, ਉਸ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

# ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਕਾਰਟੂਨ ਫੈਂਸੀ ਡਰੈੱਸ ਮੁਕਾਬਲਾ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਯੂ ਕੇ ਜੀ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਇੱਕ ਕਾਰਟੂਨ ਵਿਸ਼ੇ ਨੂੰ ਲੈ ਕੇ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਬਹੁਤ ਸਾਰੇ ਵਿਦਿਆਰਥੀ ਕਈ ਰੂਪ ਧਾਰ ਕੇ ਸਕੂਲ ਵਿੱਚ ਪਹੁੰਚੇ, ਜਿਨ੍ਹਾਂ ਵਿੱਚੋਂ ਐਸ਼ਨੂਰ ਕੌਰ ਪਹਿਲੇ, ਤਾਨਿਸ਼ ਸਹਿਗਲ ਤੇ ਕੀਰਤਮਾਨ ਕੌਰ ਦੂਸਰੇ, ਗੁਰਦਿੱਤ ਸਿੰਘ, ਜੁਝਾਰ ਸਿੰਘ ਤੀਸਰੇ ਅਤੇ ਕੌਂਸੋਲੇਸ਼ਨ ਪ੍ਰਾਈਜ਼ ਨਿਤਿਆ ਤੇ ਏਕਨੂਰ ਸਿੰਘ ਨੂੰ ਦਿੱਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਇਨਾਮ ਦਿੰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦਾ ਮਨੋਬਲ ਵਧਾਉਂਦੀਆਂ ਹਨ ਤੇ ਉਹ ਵੱਡੇ ਮੰਚ 'ਤੇ ਜਾਣ ਲਈ ਤਿਆਰ ਹੋ ਜਾਂਦੇ ਹਨ।ਇਸ ਦੇ ਨਾਲ ਹੀ ਹੈੱਡ ਮਿਸਟਰਿਸ ਪਰੀਤ ਕਮਲ ਨੇ ਕਿਹਾ ਕਿ ਅਸੀਂ ਇਨ੍ਹਾਂ ਦੇ ਆਉਣ ਵਾਲੇ ਭਵਿੱਖ ਨੂੰ ਸੁਨਹਿਰੀ ਕਰਨ ਲਈ ਇਨ੍ਹਾਂ ਦੇ ਜੀਵਨ ਨੂੰ ਰੰਗਾਂ ਭਰਿਆ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੇ ਹਾਂ।

ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ੍. ਮਨਪ੍ਰੀਤ ਸਿੰਘ ਬਰਾੜ ਨੇ ਵੀ ਇਨ੍ਹਾਂ ਛੋਟੇ ਛੋਟੇ ਵਿਦਿਆਰਥੀਆਂ ਨੂੰ ਵਧਾਈ ਦੇ ਪਾਤਰ ਦੱਸਿਆ।

## ਬੀ ਕੇ ਯੂ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਹੋਈ। ਇਸ ਮੀਟਿੰਗ ਵਿੱਚ ਬਹੁ-ਸੰਮਤੀ ਪਿੰਡ ਇਕਾਈਆਂ ਨੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਬਲਾਕ ਆਗੂ ਹਰਜੀਤ ਸਿੰਘ ਮਹਿਲਾਂ, ਪ੍ਰੈੱਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਨੇ ਕਿਹਾ ਸਰਕਾਰਾਂ ਦੇ ਹੱਲੇ ਲੋਕਾਂ ਉੱਪਰ ਬਹੁਤ ਤੇਜ਼ੀ ਨਾਲ ਹੋ ਰਹੇ ਹਨ, ਇਸ ਕਰਕੇ ਇੱਕਜੁਟ ਹੋਣ ਦੀ ਜ਼ਰੂਰਤ ਹੈ। ਪਿੰਡ ਜਿਉਂਦ ਵਿਖੇ ਜ਼ਮੀਨ ਸਬੰਧੀ ਪੱਕਾ ਮੋਰਚਾ ਸ਼ੁਰੂ ਕਰ ਦਿੱਤਾ ਹੈ। ਮੁਜ਼ਾਰੇ ਕਿਸਾਨਾਂ ਦਾ ਕਾਨੂੰਨੀ ਪੱਖ ਨੂੰ ਅਣਗੌਲਿਆ ਕੀਤਾ ਗਿਆ ਹੈ ਤੇ ਹੁਣ ਮੌਜੂਦਾ ਹਾਲਤ ਦੌਰਾਨ ਹਾਈਕੋਰਟ 'ਚੋਂ ਇੱਕ ਪਾਸੜ ਫ਼ੈਸਲਾ ਕਰਵਾ ਕੇ ਉਹ ਆਪ ਦੀ ਹੱਕ ਜਤਲਾਈ ਕਰਦੇ ਹਨ, ਜਦੋਂਕਿ ਸਰਾਸਰ ਮੁਜ਼ਾਰੇ ਕਿਸਾਨਾਂ ਨਾਲ ਨੰਗੀ ਚਿੱਟੀ ਬੇਇਨਸਾਫ਼ੀ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡ੍ਰੋਨ ਜਾਂ ਕਿਸੇ ਹੋਰ ਢੰਗ ਨਾਲ ਪਿੰਡ ਦੀ ਮੁਰੱਬੇਬੰਦੀ ਨਹੀਂ ਹੋਣ ਦਿੱਤੀ ਜਾਵੇਗੀ, 700 ਏਕੜ ਤੋਂ ਵੱਧ ਜ਼ਮੀਨ ਦੀ ਕਈ ਦਹਾਕਿਆਂ ਤੋਂ ਕਾਸ਼ਤ ਕਰਦੇ ਆ ਰਹੇ ਕਾਸ਼ਤਕਾਰ ਅਜੇ ਵੀ ਆਪਣੇ ਹੱਕ ਲਈ ਡਟੇ ਹੋਏ ਹਨ ਅਤੇ ਜ਼ਿਲ੍ਹਾ ਪਟਿਆਲਾ ਦੇ ਪਿੰਡ ਬਠੋਈ ਵਿਖੇ 600 ਕਿੱਲਾ ਦਾ ਸੰਘਰਸ਼ ਚੱਲ ਰਿਹਾ ਹੈ, ਇਸ ਲਈ ਹਰ ਇੱਕ ਬਲਾਕ ਵਿੱਚੋਂ ਕਿਸਾਨਾਂ/ਮਜ਼ਦੂਰਾਂ/ਨੌਜਵਾਨਾਂ ਤੇ ਬੀਬੀਆਂ-ਭੈਣਾਂ ਦੀ ਡਿਊਟੀ ਦਿਨ-ਰਾਤ ਦੀ ਲਗਾਈ ਗਈ ਹੈ ਅਤੇ 22 ਮਈ ਨੂੰ ਸੰਗਰੂਰ ਵਿਖੇ ਪਰਲ ਪੈਲੇਸ ਵਿੱਚ ਡਾ. ਨਵਸ਼ਰਨ ਕੌਰ ਪਹੁੰਚ ਰਹੇ ਹਨ ਅਤੇ ਪਿੰਡ ਇਕਾਈਆਂ ਤੋਂ ਫੰਡਾਂ ਦਾ ਬਲਾਕ ਦਾ ਬਣਦਾ ਹਿੱਸਾ ਜਮ੍ਹਾਂ ਕਰਵਾਇਆ ਗਿਆ। ਇਸ ਮੀਟਿੰਗ ਵਿੱਚ ਮਿਸ਼ਰਾ ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਖੇੜੀ, ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੂੰਰਾਂ, ਮੇਜ਼ਰ ਸਿੰਘ ਕੌਹਰੀਆਂ, ਕੁਲਦੀਪ ਸਿੰਘ ਮਹਿਲਾਂ, ਸੁਖਵੀਰ ਸਿੰਘ ਮਹਿਲਾਂ, ਜਗਦੀਸ਼ ਸਿੰਘ ਮਹਿਲਾਂ ਤੇ ਪਿੰਡ ਇਕਾਈਆਂ ਦੇ ਪ੍ਰਧਾਨਾਂ/ਜਨਰਲ ਸਕੱਤਰ/ਖਜ਼ਾਨਚੀ ਤੇ ਵਲੰਟੀਅਰ ਸਾਹਿਬਾਨ ਹਾਜ਼ਰ ਸਨ।

## ...ਸਫ਼ਾ 3 ਦੇ ਬਾਕੀ

### ਦਰਬਾਰ ਸਾਹਿਬ ਕੰਪਲੈਕਸ...

ਸਮਝਦਿਆਂ ਉਨ੍ਹਾ ਪੂਰਨ ਸਹਿਯੋਗ ਕੀਤਾ। ਉਨ੍ਹਾ ਕਿਹਾ ਕਿ ਭਾਰਤੀ ਫੌਜ ਦੇ ਅਧਿਕਾਰੀਆਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਵਾਈ ਸੁਰੱਖਿਆ ਗੰਨਾਂ ਲਗਾਉਣ ਸੰਬੰਧੀ ਕਿਸੇ ਕਿਸਮ ਦਾ ਸੰਪਰਕ ਨਹੀਂ ਕੀਤਾ ਗਿਆ। ਉਨ੍ਹਾ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦਾ ਪਾਲਣ ਕਰਨ ਲਈ ਐਡੀਸ਼ਨਲ ਮੁੱਖ ਗ੍ਰੰਥੀ ਨਾਲ ਸਲਾਹ ਕਰਕੇ ਬਾਹਰੀ ਲਾਈਟਾਂ ਹੀ ਬੰਦ ਕਰਵਾਈਆਂ ਗਈਆਂ ਸਨ। ਐਡਵੋਕੇਟ ਧਾਮੀ ਨੇ ਕਿਹਾ ਕਿ ਬਲੈਕਆਊਟ ਦੌਰਾਨ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸੰਗਤ ਨਤਮਸਤਕ ਹੋਣ ਤੇ ਸੇਵਾ ਕਰਨ ਪੁੱਜਦੀ ਰਹੀ ਹੈ ਅਤੇ ਜੇ ਗੰਨਾਂ ਲਾਉਣ ਜਿਹੀ ਕੋਈ ਘਟਨਾ ਵਾਪਰੀ ਹੁੰਦੀ ਤਾਂ ਸੰਗਤ ਨੇ ਵੀ ਇਸ ਨੂੰ ਜ਼ਰੂਰ ਦੇਖਿਆ ਅਤੇ ਨੋਟ ਕੀਤਾ ਹੁੰਦਾ। ਫੌਜ ਦੇ ਇੱਕ ਅਧਿਕਾਰੀ ਵੱਲੋਂ ਅਜਿਹੀ ਗੱਲ ਕਰਨਾ ਹੈਰਾਨੀਜਨਕ ਹੈ।

ਉਨ੍ਹਾ ਕਿਹਾ ਭਾਰਤ ਸਰਕਾਰ ਨੂੰ ਇਹ ਗੱਲ ਸਪੱਸ਼ਟ ਕਰਨੀ ਚਾਹੀਦੀ ਹੈ ਕਿ ਅਜਿਹੇ ਬਿਆਨ ਫੌਜ ਦੇ ਅਧਿਕਾਰੀਆਂ ਵੱਲੋਂ ਕਿਉਂ ਦਿੱਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਬੀਤੇ ਦਿਨੀਂ ਬਣੇ ਤਣਾਅਪੂਰਨ ਹਾਲਾਤ ਵਿੱਚ ਦੇਸ਼ ਅਤੇ ਫੌਜ ਵੱਲੋਂ ਨਿਭਾਈ ਭੂਮਿਕਾ ਸ਼ਲਾਘਾਯੋਗ ਹੈ, ਪਰ ਸਿੱਖਾਂ ਦੇ ਕੇਂਦਰੀ ਧਾਰਮਕ ਅਸਥਾਨ ਬਾਰੇ ਕਈ ਦਿਨਾਂ ਬਾਅਦ ਅਜਿਹੀ ਗਲਤ ਜਾਣਕਾਰੀ ਫੈਲਾਉਣੀ ਹੈਰਾਨੀਜਨਕ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹੋਣ ਵਜੋਂ ਐਡਵੋਕੇਟ ਧਾਮੀ ਨੇ ਸਪੱਸ਼ਟ ਕੀਤਾ ਕਿ ਗੰਨਾਂ ਲਗਾਉਣ ਜਿਹੀ ਕੋਈ ਪ੍ਰਵਾਨਗੀ ਨਹੀਂ ਦਿੱਤੀ ਗਈ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਵੀ ਸਪੱਸ਼ਟ ਕੀਤਾ ਕਿ ਬੀਤੇ ਦਿਨੀਂ ਜਦੋਂ ਫੌਜ ਦੀ ਕਾਰਵਾਈ ਚੱਲ ਰਹੀ ਸੀ, ਉਹ ਉਸ ਸਮੇਂ ਵਿਦੇਸ਼ ਦੌਰੇ ਉੱਤੇ ਸਨ, ਪਰ ਇਸ ਦੌਰਾਨ ਉਨ੍ਹਾ ਨਾਲ ਗੰਨਾਂ ਲਗਾਉਣ ਸੰਬੰਧੀ ਕੋਈ ਗੱਲ ਨਹੀਂ ਹੋਈ ਅਤੇ ਨਾ ਹੀ ਅਜਿਹੀ ਕੋਈ ਗੱਲ ਸ੍ਰੀ ਦਰਬਾਰ ਸਾਹਿਬ ਵਿਖੇ ਵਾਪਰੀ ਹੈ। ਮੁੱਖ ਗ੍ਰੰਥੀ ਨੇ ਫੌਜ ਦੇ ਅਧਿਕਾਰੀ ਵੱਲੋਂ ਕੀਤੀ ਗਈ ਬਿਆਨਬਾਜ਼ੀ ਨੂੰ ਹੈਰਾਨੀਜਨਕ ਦੱਸਿਆ।

### ਆਜ਼ਾਦੀ ਤੋਂ ਬਾਅਦ ਦੇ ...

ਅਗਵਾਈ ਕੀਤੀ ਸੀ, ਅੱਜ ਉਹ ਵਿਦੇਸ਼ਾਂ ਵਿੱਚ ਪਰਵਾਸ ਲਈ ਸਭ ਤੋਂ ਅੱਗੇ ਹਨ।

ਉਹਨਾ ਕਿਹਾ ਕਿ ਇਹ ਬਹੁਤ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਆਪ ਦੀ ਸਰਕਾਰ ਵੱਲੋਂ 55,000 ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਨੌਜਵਾਨਾਂ ਨੂੰ ਸੂਬੇ ਵਿੱਚ ਹੀ ਰੋਜ਼ਗਾਰ ਦੇ ਕੇ ਉਨ੍ਹਾਂ ਦੇ ਪਰਵਾਸ ਦੇ ਰੁਝਾਨ ਨੂੰ ਪੁੱਠਾ ਗੇੜਾ ਦੇਣਾ ਹੈ। ਮਾਨ ਨੇ ਖੁਸ਼ੀ ਨਾਲ ਕਿਹਾ ਕਿ ਅੱਜ ਬਹੁਤ ਸਾਰੇ ਨੌਜਵਾਨ, ਜੋ ਕਦੇ ਵਿਦੇਸ਼ ਜਾਣ ਦੀ ਸੋਚ ਰਹੇ ਸਨ, ਹੁਣ ਸਰਕਾਰੀ ਨੌਕਰੀਆਂ ਲੈਣ ਲਈ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਹਨ।ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਬਰਿੰਦਰ ਗੋਇਲ, ਡਾ. ਰਵਜੋਤ ਸਿੰਘ ਤੇ ਹੋਰ ਵੀ ਮੌਜੂਦ ਸਨ।

### ਪਹਾੜ ਸਾਰਿਆਂ ਲਈ...

ਇਹ ਪ੍ਰਾਪਤੀਆਂ ਉਸ ਨੇ ਸਿਰਫ ਛੇ ਮਹੀਨੇ ਅਤੇ 27 ਦਿਨਾਂ ਵਿੱਚ ਹਾਸਲ ਕੀਤੀਆਂ ਅਤੇ ਅਜਿਹਾ ਕਰਨ ਵਾਲੀ ਸਭ ਤੋਂ ਤੇਜ਼ ਭਾਰਤੀ ਮਹਿਲਾ ਬਣੀ। ਘਰ ਵਾਪਸੀ ਮਗਰੋਂ ਗੀਤਾ ਨੇ ਲੱਦਾਖ ਦੇ ਦੂਰ-ਦੁਰਾਡੇ ਰੁਪਸ਼ੂ ਖੇਤਰ ਵਿੱਚ ਸਿਰਫ ਤਿੰਨ ਦਿਨਾਂ ਵਿੱਚ ਪੰਜ ਚੋਟੀਆਂ 'ਤਿੰਨ 6,000 ਮੀਟਰ ਤੋਂ ਉੱਪਰ ਅਤੇ ਦੋ 5,000 ਮੀਟਰ ਤੋਂ ਵੱਧ' ਦੀ ਚੜ੍ਹਾਈ ਕਰਕੇ ਇੱਕ ਸ਼ਾਨਦਾਰ ਰਿਕਾਰਡ ਕਾਇਮ ਕੀਤਾ। ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਲਈ ਗੀਤਾ ਨੂੰ ਕਈ ਪੁਰਸਕਾਰਾਂ ਨਾਲ ਸਨਮਾਨਿਆ ਗਿਆ, ਜਿਸ ਵਿੱਚ ਦਿੱਲੀ ਕਮਿਸ਼ਨ ਫਾਰ ਵੂਮੈਨ ਦੁਆਰਾ ਅੰਤਰਰਾਸ਼ਟਰੀ ਮਹਿਲਾ ਦਿਵਸ ਪੁਰਸਕਾਰ 2023 ਅਤੇ ਸਿਵਲ ਏਵੀਏਸ਼ਨ ਮੰਤਰਾਲੇ ਦੁਆਰਾ 'ਗਿਵਿੰਗ ਵਿੰਗਜ਼ ਟੂ ਡਰੀਮਜ਼ ਐਵਾਰਡ 2023' ਸ਼ਾਮਲ ਹਨ।

## ਨਵ-ਜੋਤੀ ਕੋ-ਆਪ੍ਰੇਟਿਵ ਹਾਊਸ ਬਿਲਡਿੰਗ ਸਭਾ ਦੀ ਸਪੈਸ਼ਲ ਅਜਲਾਸ 26 ਨੂੰ

**ਜਲੰਧਰ (ਨ ਜ਼ ਸ)**-ਦਿ ਨਵ-ਜੋਤੀ ਕੋ-ਆਪ੍ਰੇਟਿਵ ਹਾਊਸ ਬਿਲਡਿੰਗ ਸਭਾ ਲਿਮਟਿਡ ਜਲੰਧਰ ਦੇ ਮੈਂਬਰਾਂ ਦੀ ਫਾਈਨਲ ਵੋਟਰ ਲਿਸਟ ਤਿਆਰ ਕਰਨ ਲਈ ਪੰਜਾਬ ਸਹਿਕਾਰੀ ਸਭਾਵਾਂ ਐਕਟ 1961 ਦੀ ਧਾਰਾ 25 ਤਹਿਤ 26 ਮਈ 2025 ਨੂੰ ਸਪੈਸ਼ਲ ਆਮ ਅਜਲਾਸ ਸਭਾ ਦੇ ਦਫਤਰ ਨਵ-ਜੋਤੀ ਕਾਲੋਨੀ ਚੱਕ ਜਿੰਦਾ (ਨੇੜੇ ਦੁਆਬਾ ਮਿਲਕ ਪਲਾਂਟ) ਬਾਈਪਾਸ ਰੋਡ, ਜਲੰਧਰ ਸ਼ਹਿਰ ਵਿਖੇ ਸਵੇਰੇ 11 ਵਜੇ ਕਰਵਾਇਆ ਜਾ ਰਿਹਾ ਹੈ।

ਇਸ ਸੰਬੰਧੀ ਸਭਾ ਦੇ ਅਹੁਦੇਦਾਰਾਂ ਨੇ ਜਾਣਕਾਰੀ ਦਿੰਦੇ ਕਿਹਾ ਕਿ ਸਮੂਹ ਮੈਂਬਰ ਇਸ ਸਪੈਸ਼ਲ ਆਮ ਅਜਲਾਸ ਵਿੱਚ ਆਪਣੀ ਮੈਂਬਰਸ਼ਿਪ ਦਾ ਪ੍ਰਮਾਣ ਪੱਤਰ ਅਤੇ ਹੋਰ ਦਸਤਾਵੇਜ਼ ਲੈ ਕੇ ਹਾਜ਼ਰ ਹੋਣ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

## ਗਲੋਬਲ ਸਕੂਲ ਦੇ ਨਕਸ਼ ਬਾਂਸਲ ਨੇ ਗੁਣਾ ਸਾਰਣੀ 'ਚ ਵਿਸ਼ਵ ਰਿਕਾਰਡ ਬਣਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਰਾਮਪੁਰਾ ਫੂਲ ਦੇ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀ ਨਕਸ਼ ਬਾਂਸਲ ਨੇ ਵਿਸ਼ਵ ਰਿਕਾਰਡ ਬਣਾ ਕੇ ਆਪਣਾ ਨਾਮ 'ਇੰਟਰਨੈਸ਼ਨਲ ਬੁੱਕ ਆਫ਼ ਰਿਕਾਰਡਜ਼' ਵਿੱਚ ਦਰਜ ਕਰਵਾਇਆ।ਨਕਸ਼ ਨੇ 10 ਕਰੋੜ 32 ਹਜ਼ਾਰ 922 ਦੀ ਗੁਣਾ ਸਾਰਣੀ ਨੂੰ 100 ਲਾਈਨਾਂ ਵਿੱਚ ਪੜ੍ਹ ਕੇ ਇੱਕ ਹੈਰਾਨੀਜਨਕ ਪ੍ਰਾਪਤੀ ਹਾਸਲ ਕੀਤੀ ਹੈ।ਨਕਸ਼ ਬਾਂਸਲ ਨੇ ਸ਼ਾਰਪ ਬ੍ਰੇਨਜ਼ ਇੰਸਟੀਚਿਊਟ ਦੇ ਡਾਇਰੈਕਟਰ ਰਜੀਵ ਗੋਇਲ ਦੀ ਅਗਵਾਈ ਹੇਠ ਅਬੈਕਸ ਵਿਧੀ ਦੀ ਵਰਤੋਂ ਕਰਕੇ ਇਹ ਰਿਕਾਰਡ ਬਣਾਇਆ।ਇਸ ਵਿਸ਼ੇਸ਼ ਪ੍ਰਾਪਤੀ ਲਈ, ਨਕਸ਼ ਬਾਂਸਲ ਨੂੰ ਰਾਮਪੁਰਾ ਫੂਲ ਦੇ ਡੀਐੱਸਪੀ ਸ੍ਰੀ ਪ੍ਰਦੀਪ ਸਿੰਘ ਨੇ ਆਪਣੇ ਦਫ਼ਤਰ ਵਿੱਚ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਸਕੂਲ ਦੇ ਚੇਅਰਮੈਨ ਇੰਜੀਨੀਅਰ ਸ੍ਰੀ ਕਮਲੇਸ਼ ਸਰਾਫ ਤੇ ਵਾਇਸ-ਚੇਅਰਮੈਨ ਸ੍ਰੀ ਅਮਿਤ ਸਰਾਫ ਨੇ ਨਕਸ਼ ਬਾਂਸਲ ਤੇ ਉਸ ਦੀ ਮਾਤਾ ਸ੍ਰੀਮਤੀ ਨਿਸ਼ਾ ਰਾਣੀ ਤੇ ਪਿਤਾ ਸ੍ਰੀ ਕੁਲਦੀਪ ਚੰਦ ਨੂੰ ਉਸ ਦੀ ਸਫਲਤਾ ਲਈ ਵਧਾਈ ਦਿੱਤੀ।ਸਕੂਲ ਪ੍ਰਿੰਸੀਪਲ ਸ੍ਰੀਮਤੀ ਅੰਜੂ ਨਾਗਪਾਲ ਨੇ ਕਿਹਾ ਕਿ ਇਹ ਸਕੂਲ ਲਈ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀਆਂ ਨੇ ਕਈ ਤਰ੍ਹਾਂ ਦੀਆਂ ਪ੍ਰਾਪਤੀਆਂ ਕੀਤੀਆਂ ਹਨ।ਉਨ੍ਹਾਂ ਕਿਹਾ ਕਿ ਬੱਚਿਆਂ ਦਾ ਪ੍ਰਤਿਭਾਸ਼ਾਲੀ ਹੋਣਾ ਤੇ ਪੜ੍ਹਾਈ ਪ੍ਰਤੀ ਸਮਰਪਣ ਦਿਖਾਉਣਾ, ਦੂਜੇ ਬੱਚਿਆਂ ਲਈ ਪ੍ਰੇਰਣਾ ਸਰੋਤ ਸਾਤਿ ਹੁੰਦਾ ਹੈ।ਸਾਡਾ ਸਕੂਲ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਹਮੇਸ਼ਾ ਮੋਹਰੀ ਰਿਹਾ ਹੈ ਤੇ ਰਹੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

21-May--25-page-11-Majha-C.qxd 5/20/2025 10:59 PM Page 1



# ਸਿੱਖਿਆ ਕ੍ਰਾਂਤੀ ਨਾਲ ਪੰਜਾਬ ਦੇ 12 ਹਜ਼ਾਰ ਸਰਕਾਰੀ ਸਕੂਲਾਂ 'ਚ ਇਤਿਹਾਸਕ ਇਨਕਲਾਬ ਆਇਆ : ਰੰਧਾਵਾ



ਗੁਰਦਾਸਪੁਰ/ਡੇਰਾ ਬਾਬਾ ਨਾਨਕ (ਜਨਕ ਮਹਾਜਨ, ਰਮੇਸ਼ ਸ਼ਰਮਾ)-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ਼ੁਰੂ ਹੋਈ ਸਿੱਖਿਆ ਕ੍ਰਾਂਤੀ ਨਾਲ ਸੂਬੇ ਦੇ 12 ਹਜ਼ਾਰ ਸਰਕਾਰੀ ਸਕੂਲਾਂ ਵਿੱਚ ਇਤਿਹਾਸਕ ਇਨਕਲਾਬ ਆਇਆ ਹੈ ਅਤੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਿੱਖਿਆ ਦੇ ਖੇਤਰ ਵਿੱਚ 12 ਫ਼ੀਸਦੀ ਬਜਟ ਦਾ ਵਾਧਾ ਕਰਕੇ ਇਤਿਹਾਸ ਸਿਰਜਿਆ ਹੈ।

ਇਹ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ, ਦੌਲੋਵਾਲ, ਅਰਲੀਭੰਨ ਅਤੇ ਦਰਗਾਬਾਦ ਵਿਖੇ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਫ਼ੈਸਲੇ ਕੀਤੇ ਗਏ ਹਨ ਅਤੇ ਇਨ੍ਹਾਂ ਫ਼ੈਸਲਿਆਂ ਦੀ ਬਦੌਲਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਅਤਿ ਆਧੁਨਿਕ ਸਹੂਲਤਾਂ ਨਾਲ ਪੜ੍ਹਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਪੂਰੀ ਕਰਨ ਲਈ ਕਰੀਬ 20 ਹਜ਼ਾਰ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਆਈਏਐੱਸ., ਆਈਪੀਐੱਸ., ਪੀਸੀਐੱਸ. ਤੇ ਆਈਆਈਟੀ ਸਬੰਧੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦਾ ਭਵਿੱਖ ਉਜਵਲ ਬਣਾਇਆ ਜਾ ਰਿਹਾ ਹੈ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਕਾਰਨ ਸੂਬੇ ਦੇ ਸਰਕਾਰੀ ਸਕੂਲ ਮਾੜੀ ਹਾਲਤ ਵਿੱਚ ਪਹੁੰਚ ਗਏ ਸਨ ਅਤੇ ਲੋਕ ਵੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ ਲੱਗ ਪਏ ਸਨ।ਪ੍ਰੰਤੂ ਜਦੋਂ ਤੋਂ ਭਗਵੰਤ ਮਾਨ ਸਰਕਾਰ ਨੇ ਕਾਰਜਭਾਰ ਸੰਭਾਲਿਆ ਹੈ ਉਦੋਂ ਤੋਂ ਹੀ ਸਿੱਖਿਆ ਤੇ ਸਿਹਤ ਦੇ ਖੇਤਰ ਨੂੰ ਤਰਜੀਹੀ ਖੇਤਰ ਮੰਨਦੇ ਹੋਏ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ, ਜਿਸ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖ਼ਲੇ ਵਿੱਚ ਵੱਡਾ ਵਾਧਾ ਹੋਇਆ ਹੈ ਅਤੇ ਮਾਪੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚੋਂ ਕੱਢ ਕੇ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਕਰਵਾ ਰਹੇ ਹਨ। ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਜ਼ਰੀਏ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਭਰ ਵਿਚੋਂ ਮੋਹਰੀ ਸੂਬਾ ਬਣੇਗਾ।ਇਸ ਦੌਰਾਨ ਉਨ੍ਹਾਂ ਨੇ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਰਹਿਣ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਸਿੱਖਿਆ ਵਿਭਾਗ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪੇ ਅਤੇ ਇਲਾਕੇ ਦੇ ਮੁਹਤਬਰ ਹਾਜ਼ਰ ਸਨ।

# ਭਾਰਤੀ ਫ਼ੌਜ ਦਾ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਵਾਈ ਸੁਰੱਖਿਆ ਗੰਨਾਂ ਲਗਾਉਣ ਵਾਲਾ ਬਿਆਨ ਹੈਰਾਨੀਜਨਕ: ਗਿ. ਅਮਰਜੀਤ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਭਾਰਤੀ ਫ਼ੌਜ ਦੇ ਲੈਫ਼ਟੀਨੈਂਟ ਜਨਰਲ ਸੁਮੇਰ ਇਵਾਨ ਵੱਲੋਂ ਇੱਕ ਚੈਨਲ ਨਾਲ ਇੰਟਰਵੀਊ ਦੌਰਾਨ ਹਾਲੀਆ ਭਾਰਤ ਪਾਕਿਸਤਾਨ ਤਣਾਅ ਵਿਚਕਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਫੌਜ ਦੀਆਂ ਹਵਾਈ ਸੁਰੱਖਿਆ ਗੰਨਾਂ ਲਗਾਉਣ ਸਬੰਧੀ ਕੀਤੇ ਗਏ ਦਾਅਵੇ ਨੂੰ ਮੂਲੋਂ ਰੱਦ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਇਸ ਨੂੰ ਹੈਰਾਨੀਜਨਕ ਕਰਾਰ ਦਿੱਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਬੀਤੇ ਦਿਨੀਂ ਅੰਮ੍ਰਿਤਸਰ ਜਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਹਿਰ ਵਿੱਚ ਬਲੈਕਆਊਟ ਸਬੰਧੀ ਕੀਤੀਆਂ ਗਈਆਂ ਹਦਾਇਤਾਂ ਦੇ ਮੱਦੇਨਜ਼ਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧ ਵੱਲੋਂ ਸਹਿਯੋਗ ਕੀਤਾ ਗਿਆ, ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਸਮੂਹ ਦੀਆਂ ਬਾਹਰਲੀਆਂ ਤੇ ਉਪਰਲੀਆਂ ਲਾਈਟਾਂ ਤੈਅ ਸਮੇਂ ਸੀਮਾ ਅਨੁਸਾਰ ਬੰਦ ਕੀਤੀਆਂ ਗਈਆਂ ਪ੍ਰੰਤੂ ਜਿੱਥੇ-ਜਿੱਥੇ ਗੁਰੂ ਦਰਬਾਰ ਦੀ ਮਰਿਆਦਾ ਚਲਦੀ ਹੈ ਉਨ੍ਹਾਂ ਥਾਵਾਂ ਉਤੇ ਲਾਈਟਾਂ ਚੱਲਦੀਆਂ ਰੱਖ ਕੇ ਪੂਰੀ ਜ਼ਿੰਮੇਵਾਰੀ ਨਾਲ ਮਰਿਆਦਾ ਨਿਭਾਈ ਗਈ ਹੈ।ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਭਾਰਤੀ ਫੌਜ ਦੇ ਲੈਫਟੀਨੈਂਟ ਜਨਰਲ ਵੱਲੋਂ ਇਹ ਦਾਅਵਾ ਕਰਨਾ ਕਿ ਆਪਰੇਸ਼ਨ ਸੰਧੂਰ ਦੌਰਾਨ ਹੈੱਡ ਗ੍ਰੰਥੀ ਵੱਲੋਂ ਫੌਜ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਪਣੀਆਂ ਹਵਾਈ ਸੁਰੱਖਿਆ ਗੰਨਾਂ ਲਗਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ, ਇਹ ਮੂਲੋਂ ਗਲਤ ਹੈ ਕਿਉਂਕਿ ਅਜਿਹੀ ਕੋਈ ਪ੍ਰਵਾਨਗੀ ਨਹੀਂ ਦਿੱਤੀ ਗਈ। ਫ਼ੌਜ ਦੇ ਅਧਿਕਾਰੀ ਵੱਲੋਂ ਇਸ ਬਿਆਨ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਉਨ੍ਹਾਂ ਨਾਲ ਬਲੈਕਆਊਟ ਦੇ ਸਮੇਂ ਲਾਈਟਾਂ ਬੰਦ ਕਰਵਾਉਣ ਸਬੰਧੀ ਸੰਪਰਕ ਕੀਤਾ ਗਿਆ ਸੀ, ਜਿਸ ਸਬੰਧੀ ਪ੍ਰਬੰਧਕੀ ਤੌਰ ਉੱਤੇ ਜ਼ਿੰਮੇਵਾਰੀ ਸਮਝਦਿਆਂ ਅਸੀਂ ਪੂਰਨ ਸਹਿਯੋਗ ਕੀਤਾ ਸੀ।ਉਨ੍ਹਾਂ ਕਿਹਾ ਕਿ ਭਾਰਤੀ ਫ਼ੌਜ ਦੇ ਅਧਿਕਾਰੀਆਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਵਾਈ ਸੁਰੱਖਿਆ ਗੰਨਾਂ ਲਗਾਉਣ ਸਬੰਧੀ ਕਿਸੇ ਕਿਸਮ ਦਾ ਸੰਪਰਕ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦਾ ਪਾਲਣ ਕਰਨ ਲਈ ਐਡੀਸ਼ਨਲ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨਾਲ ਸਲਾਹ ਕਰਕੇ ਬਾਹਰੀ ਲਾਈਟਾਂ ਹੀ ਬੰਦ ਕਰਵਾਈਆਂ ਗਈਆਂ ਸਨ।ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸਪੱਸ਼ਟ ਕੀਤਾ ਕਿ ਜਦੋਂ ਬੀਤੇ ਦਿਨੀਂ ਫ਼ੌਜ ਦੀ ਕਾਰਵਾਈ ਚੱਲ ਰਹੀ ਸੀ, ਉਹ ਉਸ ਸਮੇਂ ਵਿਦੇਸ਼ ਦੌਰੇ ਉਤੇ ਸਨ, ਪਰੰਤੂ ਇਸ ਦੌਰਾਨ ਉਨ੍ਹਾਂ ਨਾਲ ਗੰਨਾਂ ਲਗਾਉਣ ਸਬੰਧੀ ਕੋਈ ਗੱਲਬਾਤ ਨਹੀਂ ਹੋਈ ਅਤੇ ਨਾ ਹੀ ਅਜਿਹੀ ਕੋਈ ਗੱਲ ਸ੍ਰੀ ਦਰਬਾਰ ਸਾਹਿਬ ਵਿਖੇ ਵਾਪਰੀ ਹੈ।ਗਿਆਨੀ ਰਘਬੀਰ ਸਿੰਘ ਨੇ ਫੌਜ ਦੇ ਅਧਿਕਾਰੀ ਵੱਲੋਂ ਇਸ ਬਿਆਨ ਨੂੰ ਹੈਰਾਨੀਜਨਕ ਦੱਸਿਆ।

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਗੁਰਗੱਦੀ ਦਿਵਸ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਗੱਦੀ ਦਿਵਸ ਸ਼ਰਧਾ ਨਾਲ ਮਨਾਇਆ ਗਿਆ।ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਾਏ ਗਏ।ਵੱਡੀ ਗਿਣਤੀ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗੁਰਤਾਗੱਦੀ ਦਿਹਾੜੇ ਦੇ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ।ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਵੀ ਕੀਤੀਆਂ।ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਮੀਰੀ ਪੀਰੀ ਦੀਆਂ ਕਿਰਪਾਨਾਂ ਧਾਰਨ ਕਰਕੇ ਸਿੱਖਾਂ ਅੰਦਰ ਜ਼ੁਲਮ ਖਿਲਾਫ਼ ਲੜਨ ਦਾ ਜਜ਼ਬਾ ਪੈਦਾ ਕੀਤਾ। ਉਨ੍ਹਾਂ ਕਿਹਾ ਕਿ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਅ ਹੋਏ ਤਾਂ ਉਨ੍ਹਾਂ ਨੇ 52 ਰਾਜਿਆਂ ਨੂੰ ਵੀ ਕੈਦ 'ਚੋਂ ਰਿਹਾਅ ਕਰਵਾਇਆ।ਜਥੇਦਾਰ ਗੜਗੱਜ ਨੇ ਗੁਰੂ ਸਾਹਿਬ ਦੇ ਗੁਰਿਆਈ ਪੁਰਬ ਮੌਕੇ ਲੰਮੇ ਸਮੇਂ ਤੋਂ ਜੇਲ੍ਹਾਂ ਵਿਚ ਬੰਦ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ ਅਤੇ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਸਿੱਖਾਂ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਹਰ ਸਿੱਖ ਨੂੰ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ।

ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਦੀ ਵਧਾਈ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਇਕੱਠੇ ਹੋਣ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਤੇ ਚੱਲਣ ਦੀ ਅਪੀਲ ਕੀਤੀ।ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਭਾਈ ਈਸ਼ਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਹਾਜ਼ਰ ਸਨ।

# ਦੂਜਾ ਸੂਬਾਈ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਬਰਨਾਲਾ ਵਿਖੇ 7 ਤੋਂ 9 ਜੂਨ ਤੱਕ

ਅੰਮ੍ਰਿਤਸਰ (ਜਸਵੀਰ ਸਿੰਘ ਪੱਟੀ)-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਮੁੱਖ ਦਫਤਰ ਤਰਕਸ਼ੀਲ ਭਵਨ, ਬਰਨਾਲਾ ਵਿਖੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਬਰਨਾਲਾ ਵਿਖੇ ਲੱਗਣ ਵਾਲੇ ਦੂਜੇ ਸੂਬਾਈ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਅਤੇ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪ੍ਰੀਖਿਆ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਸਬੰਧੀ ਵਿਸਥਾਰ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਅਤੇ ਸੂਬਾ ਕਮੇਟੀ ਆਗੂਆਂ ਰਾਮ ਸਵਰਨ ਲੱਖੇਵਾਲੀ, ਰਜੇਸ਼ ਅਕਲੀਆ, ਰਾਜਪਾਲ ਸਿੰਘ, ਗੁਰਪ੍ਰੀਤ ਸ਼ਹਿਣਾ ਅਤੇ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਅਤੇ ਨੈਤਿਕਤਾ ਵਿਕਸਤ ਕਰਨ ਦੇ ਇਲਾਵਾ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਸਿਹਤਮੰਦ ਕਦਰਾਂ ਕੀਮਤਾਂ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ ਤਰਕਸ਼ੀਲ ਭਵਨ, ਬਰਨਾਲਾ ਵਿਖੇ 7 ਤੋਂ 9 ਜੂਨ ਤੱਕ ਤਿੰਨ ਦਿਨਾ ਸੂਬਾਈ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਲਾਇਆ ਜਾਵੇਗਾ ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਦੇ ਵੱਡੀ ਗਿਣਤੀ ਵਿਦਿਆਰਥੀ ਭਾਗ ਲੈਣਗੇ।ਇਸਦੇ ਨਾਲ ਹੀ ਸਮੁੱਚੇ ਪੰਜਾਬ ਵਿੱਚ 29 ਅਤੇ 31 ਅਗਸਤ ਨੂੰ ਹੋਣ ਵਾਲੀ ਗਦਰੀ ਗੁਲਾਬ ਕੌਰ ਨੂੰ ਸਮਰਪਿਤ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪ੍ਰੀਖਿਆ ਵਿੱਚ ਵਿਦਿਆਰਥੀਆਂ ਦੀ ਵੱਡੀ ਗਿਣਤੀ ਸ਼ਮੂਲੀਅਤ ਕਰਵਾਉਣ ਲਈ ਸਕੂਲਾਂ ਤੱਕ ਮਿਡਲ ਅਤੇ ਸੈਕੰਡਰੀ ਗਰੁੱਪਾਂ ਦੀਆਂ ਸਿਲੇਬਸ ਕਿਤਾਬਾਂ ਜਲਦੀ ਪਹੁੰਚਾਉਣ ਦਾ ਪ੍ਰੋਗਰਾਮ ਵੀ ਉਲੀਕਿਆ ਗਿਆ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਆਦਿਵਾਸੀਆਂ ਦੇ ਬੁਨਿਆਦੀ ਜਮਹੂਰੀ ਹੱਕਾਂ ਦੀ ਰਾਖੀ ਦੇ ਸੰਬੰਧ ਵਿੱਚ ਉਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਵੱਲੋਂ 22 ਮਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਅਤੇ ਰੋਸ ਮੁਜ਼ਾਹਰੇ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਦੇ ਇਲਾਵਾ ਪੰਜਾਬ ਸਰਕਾਰ ਵੱਲੋਂ ਲੋਕ ਵਿਰੋਧੀ ਅਦਾਲਤੀ ਫੈਸਲਿਆਂ ਦੀ ਆੜ ਹੇਠ ਹਜ਼ਾਰਾਂ ਅਬਾਦਕਾਰ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀਆਂ ਹਜ਼ਾਰਾਂ ਏਕੜ ਜ਼ਮੀਨਾਂ ਧੱਕੇ ਨਾਲ ਖੋਹਣ, ਵਿਰੋਧ ਕਰਨ ਵਾਲਿਆਂ ਉਤੇ ਲਾਠੀਚਾਰਜ ਕਰਨ ਅਤੇ ਝੂਠੇ ਕੇਸਾਂ ਵਿੱਚ ਗ੍ਰਿਫਤਾਰ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਮੀਟਿੰਗ ਵਿੱਚ ਪਹਿਲਗਾਮ ਘਟਨਾ ਤੋਂ ਬਾਅਦ ਭਾਰਤ-ਪਾਕਿਸਤਾਨ ਵੱਲੋਂ ਗੈਰ ਲੋੜੀਂਦੀ ਜੰਗ ਰਾਹੀਂ ਅੰਧ ਰਾਸ਼ਟਰਵਾਦੀ, ਫਿਰਕੂ ਅਤੇ ਸਿਆਸੀ ਬਿਰਤਾਂਤ ਸਿਰਜਣ ਦੇ ਲੋਕ ਵਿਰੋਧੀ ਮਨਸੂਬਿਆਂ ਅਤੇ ਮੋਦੀ ਹਕੂਮਤ ਵੱਲੋਂ ਸਾਮਰਾਜੀ ਦੇਸ਼ਾਂ ਨਾਲ ਕੀਤੇ ਜਾ ਰਹੇ ਲੋਕ ਮੁਕਤ ਵਪਾਰ ਸਮਝੌਤਿਆਂ ਦਾ ਡਟਵਾਂ ਵਿਰੋਧ ਕੀਤਾ ਗਿਆ।ਇਸ ਮੌਕੇ ਸੂਬਾ ਕਮੇਟੀ ਆਗੂਆਂ ਰਾਮ ਸਵਰਨ ਲੱਖੇਵਾਲੀ, ਸੁਖਵਿੰਦਰ ਬਾਗਪੁਰ, ਜੁਝਾਰ ਲੌਂਗੋਵਾਲ, ਕੁਲਜੀਤ ਡੰਗਰਖੇੜਾ ਅਤੇ ਮੋਹਨ ਬਡਲਾ ਵੱਲੋਂ ਉਪਰੋਕਤ ਮੁੱਦਿਆਂ ਉੱਤੇ ਵਿਚਾਰ ਪ੍ਰਗਟ ਕਰਦਿਆਂ ਪੰਜਾਬ ਦੇ ਵੱਖ-ਵੱਖ ਜ਼ੋਨਾਂ ਅਤੇ ਤਰਕਸ਼ੀਲ ਇਕਾਈਆਂ ਨੂੰ ਉਪਰੋਕਤ ਫੈਸਲਿਆਂ ਨੂੰ ਹੋਰ ਵੱਧ ਸਰਗਰਮੀ ਨਾਲ ਲਾਗੂ ਕਰਨ ਦੀ ਲੋੜ ਉਤੇ ਜ਼ੋਰ ਦਿੱਤਾ ਗਿਆ।

## ਆਦਿਵਾਸੀਆਂ 'ਤੇ ਜਬਰ ਵਿਰੁੱਧ ਸੰਗਰੂਰ ਕਨਵੈਨਸ਼ਨ 'ਚ ਸ਼ਾਮਿਲ ਹੋਵੇਗੀ ਤਰਕਸ਼ੀਲ ਸੁਸਾਇਟੀ



# ਅਕਾਲ ਅਕੈਡਮੀ ਤਿੱਬੜ ਦੇ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਨਤੀਜੇ ਰਹੇ ਸ਼ਾਨਦਾਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕੈਡਮੀਆਂ ਵਿੱਚੋਂ ਅਕਾਲ ਅਕੈਡਮੀ ਤਿੱਬੜ ਦੇ ਵਿਦਿਆਰਥੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੀਬੀਐੱਸਈ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚੋਂ ਮੱਲਾਂ ਮਾਰੀਆਂ ਹਨ। ਅਕੈਡਮੀ ਦੀ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਕਾਲ ਅਕੈਡਮੀ ਤਿੱਬੜ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਫ਼ੀਸਦੀ ਤੇ ਸ਼ਾਨਦਾਰ ਰਿਹਾ ਹੈ। ਇਸ ਵਧੀਆ ਨਤੀਜੇ ਨਾਲ ਵਿਦਿਆਰਥੀਆਂ ਨੇ ਆਪਣੇ ਮਾਤਾ-ਪਿਤਾ ਦਾ ਅਤੇ ਅਕਾਲ ਅਕੈਡਮੀ ਦਾ ਮਾਣ ਵਧਾਇਆ ਹੈ। ਇਸ ਉਪਲਬਧੀ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਸਿਖਿਆ ਅਤੇ ਮਾਤਾ-ਪਿਤਾ ਦੇ ਸਹਿਯੋਗ ਨੂੰ ਜਾਂਦਾ ਹੈ। ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਬਾਰ੍ਹਵੀਂ ਜਮਾਤ ਦੇ ਕਾਮਰਸ ਗਰੁੱਪ ਵਿੱਚੋਂ ਗਗਨਦੀਪ ਕੌਰ ਨੇ 95% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਸੁਖਪ੍ਰੀਤ ਕੌਰ ਅਤੇ ਗੁਰਪ੍ਰੀਤ ਸਿੰਘ 93.8% ਅੰਕਾਂ ਨਾਲ ਦੂਸਰਾ ਸਥਾਨ ਅਤੇ ਹਰਮਨਜੀਤ ਕੌਰ ਨੇ 82.4% ਅੰਕਾਂ ਨਾਲ ਅਕੈਡਮੀ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਸਾਇੰਸ ਗਰੁੱਪ ਵਿੱਚੋਂ ਪ੍ਰਭ ਸਿਮਰਨ ਕੌਰ 88.6% ਅੰਕ ਲੈ ਕੇ ਪਹਿਲਾ ਸਥਾਨ ਅਤੇ ਚੰਨਪ੍ਰੀਤ ਕੌਰ 86% ਅੰਕਾਂ ਨਾਲ ਦੂਸਰਾ ਸਥਾਨ ਅਤੇ ਨਵਜੋਤ ਕੌਰ 84.8% ਅੰਕ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਗਰੁੱਪ ਵਿੱਚੋਂ ਪਰਮਪ੍ਰੀਤ ਕੌਰ ਨੇ 94% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਅਰਮੀਨ ਕੌਰ 93.2% ਅੰਕਾਂ ਦੇ ਨਾਲ ਦੂਸਰਾ ਸਥਾਨ ਅਤੇ ਅਰਸ਼ਦੀਪ ਸਿੰਘ ਨੇ 88.2% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਦਸਵੀਂ ਜਮਾਤ ਵਿੱਚੋਂ ਪੁਨੀਤ ਕੌਰ ਨੇ 95% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਇਸ਼ਨੀਤ ਕੌਰ 94.6% ਅੰਕਾਂ ਨਾਲ ਦੂਸਰਾ ਸਥਾਨ ਅਤੇ ਸੁਖਮਨਪ੍ਰੀਤ ਸਿੰਘ ਨੇ 94% ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਇਸ ਮੌਕੇ ਪ੍ਰਿੰਸੀਪਲ ਗੁਰਵਿੰਦਰ ਕੌਰ ਅਤੇ ਸਟਾਫ ਮੈਂਬਰਾਂ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਨੂੰ ਹੋਰ ਉਚਾਈਆਂ ਤੱਕ ਪਹੁੰਚਣ ਦੀ ਕਾਮਨਾ ਕੀਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਵਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਅਕਾਲ ਅਕੈਡਮੀ ਦਾ ਮਕਸਦ ਹੈ ਕਿ ਹਰ ਵਿਦਿਆਰਥੀ ਨੂੰ ਸਿੱਖਿਆ ਦੇ ਨਾਲ-ਨਾਲ ਆਤਮ ਵਿਸ਼ਵਾਸ ਅਤੇ ਨੈਤਿਕ ਮੁੱਲਾਂ ਨਾਲ ਭਰਪੂਰ ਬਣਾਇਆ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਅਕਾਲ ਅਕੈਡਮੀ ਜਿੱਥੇ ਬੱਚਿਆਂ ਨੂੰ ਸੰਸਾਰਿਕ ਵਿਦਿਆ ਪ੍ਰਦਾਨ ਕਰ ਰਹੀ ਹੈ, ਉਥੇ ਹੀ ਉਨ੍ਹਾਂ ਦੀ ਧਾਰਮਿਕ ਅਤੇ ਨੈਤਿਕ ਵਿੱਦਿਆ ਉੱਪਰ ਵੀ ਜ਼ੋਰ ਦਿੱਤਾ ਜਾਂਦਾ ਹੈ, ਜਿਸ ਨਾਲ ਵਿਦਿਆਰਥੀ ਉੱਚੇ-ਸੁੱਚੇ ਜੀਵਨ ਵਾਲੇ ਬਣ ਕੇ ਜ਼ਿੰਦਗੀ ਵਿੱਚ ਤਰੱਕੀ ਦੀਆਂ ਰਾਹਾਂ ਉੱਪਰ ਤੁਰਦੇ ਹਨ। ਇਸ ਤਰ੍ਹਾਂ ਇਹ ਸੰਸਥਾ ਪੇਂਡੂ ਖੇਤਰ ਦੇ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ।

# ਪਸਸਫ ਤੇ ਏਟਕ ਜਥੇਬੰਦੀਆਂ ਵੱਲੋਂ ਮੋਗਾ ਦੀ ਸੂਬਾਈ ਕਨਵੈਨਸ਼ਨ ਪਹਿਲੀ ਜੂਨ ਨੂੰ:ਰਾਣਵਾਂ/ਉੱਪਲ



ਵੇਰਕਾ (ਰਾਣਾ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈੱਡਰੇਸ਼ਨ 1680 ਸੈਕਟਰ-22 ਬੀ, ਚੰਡੀਗੜ੍ਹ ਅਤੇ ਏਟਕ ਨਾਲ ਸੰਬੰਧਿਤ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਦੀ ਇੱਕ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਹੋਏ ਫੈਸਲਿਆਂ ਨੂੰ ਲਾਗੂ ਕਰਨ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰੈੱਸ ਸਕੱਤਰ ਪ੍ਰਭਜੀਤ ਸਿੰਘ ਉਪਲ, ਰਾਜਦੀਪ ਸਿੰਘ ਹੁਸ਼ਿਆਰਪੁਰ, ਜ਼ਿਲ੍ਹਾ ਪ੍ਰਧਾਨ ਨਿਸ਼ਾਨ ਸਿੰਘ ਗੁਰਦਾਸਪੁਰ, ਜ਼ਿਲ੍ਹਾ ਆਗੂ ਜਲੰਧਰ ਗੁਰਵੇਲ ਸਿੰਘ ਸੋਹੀ ਆਗੂਆਂ ਵੱਲੋਂਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਲਗਾਤਾਰ ਨਜ਼ਰ ਅੰਦਾਜ਼ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ।ਇਸ ਤੋਂ ਇਲਾਵਾ 1 ਜੂਨ 2025 ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਨੇੜੇ ਬੱਸ ਸਟੈਂਡ ਮੋਗਾ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਨੂੰ ਸਫਲ ਬਣਾਉਣ ਲਈ ਵੱਖ-ਵੱਖ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਇਸ ਦੇ ਨਾਲ ਹੀ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੀ ਮਜ਼ਬੂਤੀ ਲਈ ਪਿਛਲੀ ਮੀਟਿੰਗ ਵਿੱਚ ਕੀਤੇ ਫੈਸਲਿਆਂ ਦਾ ਲੇਖਾ ਜੋਖਾ ਕੀਤਾ ਗਿਆ।ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਸਮੂਹ ਕੱਚੇ, ਠੇਕਾ ਆਧਾਰਤ, ਆਊਟ ਸੋਰਸ ਮੁਲਾਜ਼ਮ ਅਤੇ ਸਕੀਮ ਵਰਕਰਾਂ ਨੂੰ ਰੈਗੂਲਰ ਕੀਤਾ ਜਾਵੇ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, ਡੀ ਏ ਦੀਆਂ ਬਕਾਇਆ ਪਈਆਂ 13 ਫੀਸਦੀ ਚਾਰ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਮਿਤੀ 1 ਜਨਵਰੀ 2026 ਤੋਂ ਪੰਜਾਬ ਦੇ ਸੱਤਵੇਂ ਪੇਅ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ, ਪਰਖ ਕਾਲ ਦੇ ਸਮੇਂ ਦੌਰਾਨ ਪੂਰੀਆਂ ਤਨਖਾਹਾਂ ਦੇਣ ਸਬੰਧੀ ਅਤੇ 17 ਜੁਲਾਈ 2020 ਦੇ ਪੱਤਰ ਸਬੰਧੀ ਮਾਨਯੋਗ ਉਚ ਅਦਾਲਤ ਦਾ ਫੈਸਲਾ ਤੁਰੰਤ ਲਾਗੂ ਕੀਤਾ ਜਾਵੇ, ਬੰਦ ਕੀਤੀ ਏਸੀਪੀ ਸਕੀਮ ਅਤੇ ਬੰਦ ਕੀਤੇ ਪੇਂਡੂ ਭੱਤੇ ਸਮੇਤ 37 ਭੱਤੇ ਤਰੰਤ ਲਾਗੂ ਕੀਤੇ ਜਾਣ, 200 ਰੁਪਏ ਮਹੀਨਾਂ ਜੰਜੀਆ ਟੈਕਸ ਦੀ ਕਟੌਤੀਬੰਦ ਕੀਤੀ ਜਾਵੇ, ਵਿਭਾਗਾਂ ਦਾ ਨਿੱਜੀ ਕਰਨ ਬੰਦ ਕਰਨ ਸਮੇਤ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਸਾਰੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਉੱਪਲ ਨੇ ਦੱਸਿਆ ਕੀ ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਪਠਾਨਕੋਟ ਵਿੱਚੋਂ ਵੱਡੀ ਗਿਣਤੀ ਵਿੱਚ ਸਿਹਤ ਵਿਭਾਗ ਦੇ ਸਾਥੀ ਮੋਗਾ ਕਨਵੈਨਸ਼ਨ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਵੇਲ ਸਿੰਘ ਸੋਹੀ ਜਲੰਧਰ, ਸੁਖਵਿੰਦਰ ਸਿੰਘ ਤੇ ਪ੍ਰਦੀਪ ਸਿੰਘ ਸੈਣੀ ਹੁਸ਼ਿਆਰਪੁਰ, ਨਿਸ਼ਾਨ ਸਿੰਘ ਤੇ ਸਰਵਨ ਸਿੰਘ, ਗੁਰਮੀਤ ਸਿੰਘ, ਰਜਿੰਦਰਪਾਲ ਸਿੰਘ ਗੁਰਦਾਸਪੁਰ, ਕੁਲਬੀਰ ਸਿੰਘ ਲੋਪੋਕੇ, ਤਜਿੰਦਰ ਸਿੰਘ, ਮੁਕੇਸ਼ ਕੁਮਾਰ ਵੇਰਕਾ, ਰਜਿੰਦਰ ਸਿੰਘ ਵੇਰਕਾ, ਭੁਪਿੰਦਰ ਸਿੰਘ ਪਠਾਨਕੋਟ ਆਦਿ ਹਾਜ਼ਰ ਸਨ।

# ਮਾਨ ਸਰਕਾਰ ਵੱਖ-ਵੱਖ ਬੋਰਡਾਂ ਤੇ ਚੇਅਰਮੈਨ ਲਗਾ ਕੇ ਖਜ਼ਾਨੇ ਨੂੰ ਲੁਟਾਉਣ ਵਾਲੇ ਪਾਸੇ ਜਾ ਰਹੀ: ਦਦੇਹਰ ਸਾਹਿਬ



ਚੋਹਲਾ ਸਾਹਿਬ (ਰਮਨ ਚੱਢਾ)-ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਭਾਰਤੀ ਕੌਮਿਨਿਸਟ ਪਾਰਟੀ ਦੇ ਬਲਾਕ ਨੌਸ਼ਹਿਰਾ ਅਤੇ ਚੋਹਲਾ ਸਾਹਿਬ ਦੇ ਸਾਂਝੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇਨਕਲਾਬ ਦਾ ਨਾਅਰਾ ਲਗਾ ਕੇ ਸੱਤਾ ਵਿੱਚ ਆਈ ਸੀ ਇਨਕਲਾਬ ਨਾਅਰੇ ਦਾ ਮਤਲਬ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨਾ ਹੋਣਾ ਪਰ ਹੋਇਆ ਇਸ ਦੇ ਉਲਟ । ਇਸ ਸਰਕਾਰ ਨੇ ਪਹਿਲਾਂ ਲੋਕਾਂ ਨਾਲ ਜਿਹੜੇ ਚੋਣ ਵਾਅਦੇ ਕੀਤੇ ਸੀ ਉਨ੍ਹਾਂ ਤੋਂ ਅਸਲੋਂ ਭੱਜ ਚੁੱਕੀ ਹੈ ਹੁਣ ਵਿਧਾਨ ਸਭਾ ਦੀਆਂ ਚੋਣਾਂ ਨੇੜੇ ਆ ਰਹੀਆਂ ਵੇਖ ਕੇ ਆਪਣੇ ਚਹੇਤਿਆਂ ਨੂੰ ਖੁਸ਼ ਕਰਨ ਤੇ ਲੱਗੀ ਹੋਈ ਹੈ ਵੱਖ-ਵੱਖ ਬੋਰਡਾਂ ਦੀਆਂ ਚੇਅਰਮੈਨੀਆਂ ਦੇ ਕੇ ਬਾਹਰਲੇ ਸੂਬਿਆਂ ਦੇ ਚੇਅਰਮੈਨ ਲਗਾ ਕੇ ਸਿੱਧੀ ਕਿਸਾਨੀ ਦੀ ਲੁੱਟ ਵੱਲ ਚੱਲ ਪਈ ਹੈ। ਉਨ੍ਹਾਂ ਕਿਹਾ ਇਸੇ ਤਰ੍ਹਾਂ ਹੀ ਕਾਂਗਰਸ ਪਾਰਟੀ 2027 ਦੀ ਸਰਕਾਰ ਬਣਾਉਣ ਲਈ ਜੋ ਤਰਲੋ ਮੱਛੀ ਹੋ ਰਹੀ ਹੈ ਉਸ ਸਰਕਾਰ ਨੇ ਇਸੇ ਤਰ੍ਹਾਂ ਕੀਤਾ ਸੀ ਸਰਕਾਰ ਬਣਦਿਆਂ ਸਾਰ ਹੀ ਸਰਕਾਰੀ ਦਾਇਰੇ ਬੰਦ ਕਰਨੇ ਸ਼ੁਰੂ ਕਰ ਦਿੱਤੇ ਸੀ। ਪਹਿਲਾਂ ਇਸ ਸਰਕਾਰ ਨੇ ਸੇਵਾ ਕੇਂਦਰ ਬੰਦ ਕੀਤੇ ਜਿਸ ਦੇ ਵਿੱਚ ਬੇਰੁਜ਼ਗਾਰ ਨੌਜਵਾਨ ਕੰਮ ਕਰ ਰਹੇ ਸੀ, ਫਿਰ ਗੁਰੂ ਨਾਨਕ ਦੇਵ ਜੀ ਦੇ ਨਾਂ ਤੇ ਬਣਿਆ ਬਠਿੰਡਾ ਬਿਜਲੀ ਪਲਾਂਟ ਬੰਦ ਕਰਕੇ ਹਜ਼ਾਰਾਂ ਮੁਲਾਜ਼ਮਾਂ ਨੂੰ ਬੇਰੁਜ਼ਗਾਰ ਕੀਤਾ। ਵੱਖ-ਵੱਖ ਚੋਣਾਂ ਵਿੱਚ ਇਸ ਸਰਕਾਰ ਨੇ ਵੀ ਵੱਡੀਆਂ ਘਪਲੇਬਾਜ਼ੀਆਂ ਕੀਤੀਆਂ। ਧੱਕੇ ਨਾਲ ਆਪਣੇ ਹੀ ਮੈਂਬਰ ਸਰਪੰਚ ਬਣਾਏ ਅਤੇ ਚੇਅਰਮੈਨ ਬਣਾਏ ਜਿੱਥੇ ਆਮ ਆਦਮੀ ਪਾਰਟੀ ਨੂੰ ਸੱਤਾ ਤੋਂ ਰੋਕਣਾ ਜ਼ਰੂਰੀ ਹੈ। ਉਸੇ ਤਰ੍ਹਾਂ ਹੀ ਕਾਂਗਰਸ ਪਾਰਟੀ ਤੋਂ ਪੰਜਾਬ ਨੂੰ ਖਤਰਾ ਹੈ ਕਿਉਂਕਿ ਇਹ ਮੁਲਾਜ਼ਮ ਵਰਗ 'ਤੇ ਆਉਂਦਿਆਂ ਸਾਰ ਹੀ ਆਰਾ ਚਲਾ ਦਿੰਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਦੋਵਾਂ ਧਿਰਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚੋਂ ਪਿੱਛੇ ਕਰਕੇ ਖੱਬੀਆਂ ਧਿਰਾਂ ਨੂੰ ਅੱਗੇ ਲਿਆਂਦਾ ਜਾਵੇ ਤਾਂ ਹੀ ਜਨਤਾ ਦਾ ਭਲਾ ਹੋਵੇਗਾ।

# ਰੋਲਰ ਸਕੇਟਿੰਗ ਐਸੋਸੀਏਸ਼ਨ ਨੇ ਵੱਖ-ਵੱਖ ਸਕੂਲਾਂ ਦੇ ਰੋਲਰ ਸਕੇਟਿੰਗ ਮੁਕਾਬਲੇ ਕਰਵਾਏ




ਪਠਾਨਕੋਟ (ਦਵਿੰਦਰ ਸਿੰਘ)-ਰੋਲਰ ਸਕੇਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਹਰਵਿੰਦਰ ਸਿਆਲ ਅਤੇ ਜ਼ਿਲ੍ਹਾ ਸਕੇਟਿੰਗ ਕੋਚ ਭੁਪਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿੱਚ ਇੰਟਰ ਸਕੂਲ ਰੋਲਰ ਸਕੇਟਿੰਗ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ 15 ਸਕੂਲਾਂ ਦੇ 300 ਬੱਚਿਆਂ ਨੇ ਹਿੱਸਾ ਲਿਆ।ਯੂਕੇਜੀ ਕਲਾਸ (ਇਨਲਾਈਨ-ਮੁੰਡੇ) 'ਚ ਰਕਸ਼ਿਤ ਨੇ ਪਹਿਲਾ, ਕਾਰਵ ਨੇ ਦੂਜਾ, ਆਰਵ ਨੇ ਤੀਜਾ ਅਤੇ ਯੂਕੇਜੀ ਕਲਾਸ (ਇਨਲਾਈਨ-ਕੁੜੀਆਂ) ਵਿਚ ਸੁਵਿਸ਼ਾ ਨੇ ਪਹਿਲਾ, ਪਹਿਲੀ ਜਮਾਤ (ਇਨਲਾਈਨ-ਮੁੰਡੇ) 'ਚ ਵਿਮਕਸ਼ ਨੇ ਪਹਿਲਾ, ਸਮਰ ਨੇ ਦੂਜਾ, ਰੋਹਨ ਨੇ ਤੀਜਾ ਅਤੇ ਦੂਜੀ ਜਮਾਤ (ਇਨਲਾਈਨ ਕੁੜੀਆਂ) 'ਚ ਮਾਹਿਰਾ ਨੇ ਪਹਿਲਾ, ਸਮਾਯਰਾ ਨੇ ਦੂਜਾ ਸਥਾਨ ਹਾਸਲ ਕੀਤਾ। ਦੂਜੀ ਜਮਾਤ (ਇਨਲਾਈਨ ਮੁੰਡੇ) 'ਚ ਸਾਧਵਿਕ ਨੇ ਪਹਿਲਾ, ਆਰੁਸ਼ ਨੇ ਦੂਜਾ, ਸ਼ਿਨਾਏ ਨੇ ਤੀਜਾ। ਦੂਜੀ ਜਮਾਤ (ਇਨਲਾਈਨ ਕੁੜੀਆਂ) 'ਚ ਸੋਮਿਆ ਨੇ ਪਹਿਲਾ, ਕਵਲੀਨ ਨੇ ਦੂਜਾ, ਅਰਸ਼ਿਕਾ ਨੇ ਤੀਜਾ; ਤੀਜੀ ਜਮਾਤ (ਇਨਲਾਈਨ ਮੁੰਡੇ) 'ਚ ਨਵੀਸ਼ ਨੇ ਪਹਿਲਾ, ਦਿਸ਼ਾਂਤ ਨੇ ਦੂਜਾ, ਪ੍ਰਵਲ ਨੇ ਤੀਜਾ ਸਥਾਨ ਹਾਸਲ ਕੀਤਾ। ਤੀਜੀ ਜਮਾਤ (ਇਨਲਾਈਨ ਕੁੜੀਆਂ) 'ਚ ਇਸ਼ਮੀਤ ਨੇ ਪਹਿਲਾ, ਅਵਰੀਨ ਨੇ ਦੂਜਾ, ਨਾਇਰਾ ਨੇ ਤੀਜਾ ਸਥਾਨ, ਚੌਥੀ ਜਮਾਤ (ਇਨਲਾਈਨ ਮੁੰਡੇ) 'ਚ ਮਨਨ ਨੇ ਪਹਿਲਾ, ਯੁਗਵੀਰ ਨੇ ਦੂਜਾ, ਅੰਗਦ ਨੇ ਤੀਜਾ ਸ਼ਤਾਨ ਅਤੇ ਚੌਥੀ ਜਮਾਤ (ਇਨਲਾਈਨ ਕੁੜੀਆਂ) 'ਚ ਸੀਰਤ ਨੇ ਪਹਿਲਾ, ਮਹਿਰੀਨ ਮਹਾਜਨ ਨੇ ਦੂਜਾ, ਸਮ੍ਰਿਧੀ ਨੇ ਤੀਜਾ ਸ਼ਥਾਨ ਅਤੇ ਪੰਜਵੀਂ ਜਮਾਤ (ਇਨਲਾਈਨ ਮੁੰਡੇ) 'ਚ ਅੰਤਰਿਕਸ਼ ਨੇ ਪਹਿਲਾ, ਰਣਵਿਜੈ ਨੇ ਦੂਜਾ, ਪ੍ਰਥਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੰਜਵੀਂ ਜਮਾਤ (ਇਨਲਾਈਨ ਕੁੜੀਆਂ) 'ਚ ਹਰਸੀਰਤ ਨੇ ਪਹਿਲਾ, ਪਵਿਕਾ ਨੇ ਦੂਜਾ, ਸਕਾਇਰਾ ਨੇ ਤੀਜਾ, ਨੌਵੀਂ ਜਮਾਤ (ਇਨਲਾਈਨ ਮੁੰਡੇ) 'ਚ ਜਗਵੀਰ ਸਿੰਘ ਨੇ ਪਹਿਲਾ, ਰਣਵੀਰ ਨੇ ਦੂਜਾ, ਪ੍ਰਗੁਣ ਨੇ ਤੀਜਾ, ਦਸਵੀਂ ਜਮਾਤ (ਇਨਲਾਈਨ ਮੁੰਡੇ) 'ਚ ਵੰਸ਼ ਅਬਰੋਲ ਨੇ ਪਹਿਲਾ, ਜਸ਼ਨ ਨੇ ਦੂਜਾ ਅਤੇ ਜਸਕੀਰਤ ਨੇ ਤੀਜਾ ਸਥਾਨ ਹਾਸਲਵ ਕੀਤਾ। ਦਸਵੀਂ ਜਮਾਤ (ਇਨਲਾਈਨ ਕੁੜੀਆਂ) 'ਚ ਆਇਸ਼ਾ ਨੇ ਪਹਿਲਾ, ਰੁਦਰਾਕਸ਼ੀ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਮੌਕੇ ਭੁਪਿੰਦਰ ਸਿੰਘ ਨੇ ਦੱਸਿਆ ਕਿ ਸਾਰੇ ਜੇਤੂਆਂ ਨੂੰ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ ਗਿਆ।ਜ਼ਿਲ੍ਹਾ ਸਕੇਟਿੰਗ ਕੋਚ ਭੁਪਿੰਦਰ ਸਿੰਘ ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਹਿੱਸਾ ਲੈਣਾ ਚਾਹੀਦਾ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਖਿਡਾਰੀ ਅਕਤੂਬਰ ਵਿੱਚ ਹੋਣ ਵਾਲੀ ਜ਼ਿਲ੍ਹਾ ਪੱਧਰੀ ਪ੍ਰਤੀਯੋਗਤਾ ਵਿੱਚ ਵੀ ਭਾਗ ਲੈਣਗੇ।ਮੁੱਖ ਮਹਿਮਾਨਾਂ ਨੇ ਐਸੋਸੀਏਸ਼ਨ ਦੁਆਰਾ ਕਰਵਾਏ ਗਏ ਮੁਕਾਬਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਐਸੋਸੀਏਸ਼ਨ ਵੱਲੋਂ ਮੁੱਖ ਮਹਿਮਾਨਾਂ ਨੂੰ ਮੀਮੈਂਟੋ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਇਕਬਾਲ ਸਿੰਘ, ਪਰਮਿੰਦਰ ਸਿੰਘ, ਰਿੰਕੂ, ਹਨੀ ਪੂਰੀ, ਮਨੋਜ ਆਦਿ ਸਟਾਫ਼ ਮੈਂਬਰ ਮੌਜੂਦ ਸਨ।

# ਗੁਰਦੁਆਰਾ ਗੁਰੂ ਨਾਨਕ ਪੜਾਓ ਸਾਹਿਬ ਵਿਖੇ ਲਾਇਬਰੇਰੀ ਦਾ ਉਦਘਾਟਨ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਇਤਿਹਾਸਕ ਕਸਬਾ ਫਤਿਹਾਬਾਦ ਦੇ ਗੁ. ਗੁਰੂ ਨਾਨਕ ਪੜਾਓ ਸਾਹਿਬ ਵਿਖੇ ਲਾਇਬਰੇਰੀ ਦਾ ਉਦਘਾਟਨ ਸਰਪੰਚ ਜਗਵਿੰਦਰ ਸਿੰਘ ਮਣਕੂ ਦੀ ਅਗਵਾਈ 'ਚ ਪਿੰਡ ਦੀ ਪੰਚਾਇਤ ਤੇ ਮੋਹਤਬਰਾਂ ਦੀ ਹਾਜ਼ਰੀ 'ਚ ਕੀਤਾ ਗਿਆ।ਇਸ ਮੌਕੇ ਕਸਬਾ ਫਤਿਹਾਬਾਦ ਦੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਇਸ ਪ੍ਰੋਗਰਾਮ ਵਿਚ ਸ਼ਮੂਲੀਅਤ ਕੀਤੀ।

ਇਸ ਮੌਕੇ ਸਰਪੰਚ ਜਗਵਿੰਦਰ ਸਿੰਘ ਮਣਕੂ ਨੇ ਕਿਹਾ ਕਿ ਅੱਜ ਦੇ ਯੁੱਗ ਵਿਚ ਬੱਚਿਆਂ ਦੇ ਪਿੰਡ ਵਾਸੀਆਂ ਦੇ ਪੜ੍ਹਨ ਲਈ ਲਾਇਬਰੇਰੀ ਦਾ ਹੋਣਾ ਬਹੁਤ ਜ਼ਰੂਰੀ ਹੈ ਜਿਸ ਕਰਕੇ ਕਸਬਾ ਫਤਿਹਾਬਾਦ ਦੇ ਮੋਹਤਬਰਾਂ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਤਨ ਸਿੰਘ ਦਿਓਲ ਪ੍ਰਧਾਨ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ, ਮਹਿੰਦਰ ਸਿੰਘ ਕੰਬੋਜ, ਮੋਹਣ ਸਿੰਘ, ਨੰਬਰਦਾਰ ਬਲਦੇਵ ਸਿੰਘ, ਸੁਖਦੇਵ ਸਿੰਘ ਨੰਬਰਦਾਰ, ਗੁਰਦੇਵ ਸਿੰਘ ਪਵਾਰ, ਤਜਿੰਦਰ ਸਿੰਘ ਪ੍ਰਿੰਸ ਬਲਾਕ ਸੰਮਤੀ ਮੈਂਬਰ, ਗੁਰਭੇਜ ਸਿੰਘ ਭੇਜੀ, ਸੁਖਦੇਵ ਰਾਜ ਸੁੱਖ ਪੰਚ, ਕਸ਼ਮੀਰ ਸਿੰਘ ਸਹੋਤਾ, ਬਲਵਿੰਦਰ ਸਿੰਘ ਸਾਬੀ, ਕੁਲਦੀਪ ਸਿੰਘ ਪੰਚ, ਬਲਕਾਰ ਸਿੰਘ ਠੇਕੇਦਾਰ, ਸੁਰਿੰਦਰ ਸਿੰਘ ਛਿੰਦਾ, ਬਲਜੀਤ ਸਿੰਘ ਕਾਮਰੇਡ, ਗੁਰਸ਼ਰਨ ਸਿੰਘ ਪਵਾਰ, ਕਸ਼ਮੀਰ ਸਿੰਘ ਮਰੋਕ, ਜੰਗਲੀ ਮਹਾਸ਼ਾ ਆਦਿ ਹਾਜ਼ਰ ਸਨ।

# ਮੱਧੂਛਾਂਗਾ, ਕੋਟ ਮੁਗਲ, ਤਲਵੰਡੀ ਭੰਗਵਾਂ ਤੇ ਮਾਕੋਵਾਲ ਦੇ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਸਿੱਖਿਆ ਕ੍ਰਾਂਤੀ ਪੰਜਾਬ ਤਹਿਤ ਸਰਕਾਰੀ ਹਾਈ ਸਕੂਲ ਮੱਧੂਛਾਂਗਾ ਵਿਖੇ 2.20 ਲੱਖ, ਸਰਕਾਰੀ ਐਲੀਮੈਂਟਰੀ ਸਕੂਲ ਵਿਖੇ 1.24 ਲੱਖ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ ਕੋਟ ਮੁਗਲ ਵਿਖੇ 2.40 ਲੱਖ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ ਤਲਵੰਡੀ ਭੰਗਵਾਂ ਵਿਖੇ ਕਰੀਬ 1.90 ਲੱਖ ਰੁਪਏ, ਸਰਕਾਰੀ ਮਿਡਲ ਸਕੂਲ ਮਾਕੋਵਾਲ ਵਿਖੇ 10.21 ਲੱਖ ਰੁਪਏ ਦੀ ਲਾਗਤ ਨਾਲ ਬੁਨਿਆਦੀ ਢਾਂਚੇ ਦੇ ਨੇਪਰੇ ਚੜ੍ਹੇ ਵਿਕਾਸ ਕਾਰਜਾਂ ਦਾ ਪੂਰੇ ਜੋਸ਼ੋ ਖਰੋਸ਼ ਨਾਲ ਉਦਘਾਟਨ ਕੀਤਾ ਅਤੇ ਉਦਘਾਟਨੀ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਮੰਤਰੀ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸਿੱਖਿਆ ਸੁਧਾਰਾਂ ਲਈ ਲਾਗੂ ਕੀਤੀ ਗਈ ਸਿੱਖਿਆ ਕ੍ਰਾਂਤੀ ਪੰਜਾਬ ਤਹਿਤ ਉਨ੍ਹਾਂ ਸਾਰੇ ਸਕੂਲਾਂ ਦੀ ਬੁਨਿਆਦੀ ਢਾਂਚੇ ਦੇ ਵਿਕਾਸ ਪੱਖੋਂ ਤਸਵੀਰ ਹੀ ਬਦਲ ਕੇ ਰੱਖ ਦਿੱਤੀ ਹੈ।ਜਿਨ੍ਹਾਂ ਸਰਕਾਰੀ ਸਕੂਲਾਂ ਦੇ ਪਖਾਨਿਆਂ ਦੀਆਂ ਟੁੱਟੀਆਂ ਕੰਧਾਂ, ਖੰਡਰ ਹੋ ਰਹੀਆਂ ਇਮਾਰਤਾਂ, ਗੰਦੇ ਕਲਾਸਰੂਮ, ਬੁਰੀ ਤਰ੍ਹਾਂ ਖਸਤਾ ਹਾਲਤ ਖੇਡ ਮੈਦਾਨ ਸਨ।ਕੈਬਨਿਟ ਮੰਤਰੀ ਧਾਲੀਵਾਲ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਪੰਜਾਬ ਤਹਿਤ 2976 ਨਵੇਂ ਪਖਾਨਿਆਂ ਦਾ ਨਿਰਮਾਣ ਕਰਵਾਇਆ ਗਿਆਂ, 7166 ਪਖਾਨਿਆਂ ਦੀ ਮੁਰੰਮਤ ਕਰਵਾ ਕੇ ਨਵਾਂ ਰੂਪ ਦਿੱਤਾ ਗਿਆ, 5399 ਨਵੇਂ ਕਲਾਸ ਰੂਮ ਬਣਵਾਏ ਗਏ, ਆਦਿ 730 ਕਰੋੜ ਰੁਪਏ ਦੀ ਲਾਗਤ ਨਾਲ ਇਕੱਲੇ ਵਿਕਾਸ ਕਾਰਜ ਹੀ ਨਹੀਂ ਕਰਵਾਏ ਗਏ, ਸਗੋਂ ਸੂਬੇ ਦੇ 118 ਸਕੂਲ ਆਫ ਐਮੀਨੈਂਸ ਦੇ 12000 ਦੇ ਕਰੀਬ ਵਿਦਿਆਰਥੀਆਂ ਨੂੰ ਮੁਫਤ ਬੱਸ ਦੀ ਸਹੂਲਤ ਦਿੱਤੀ ਗਈ ਹੈ ਅਤੇ ਪੰਜਾਬ ਦੇ ਇਤਿਹਾਸ 'ਚ ਸਿੱਖਿਆ ਸੁਧਾਰਾਂ 'ਚ ਨਵੀਂ ਇਬਾਰਤ ਲਿਖਦਿਆਂ ਵਿਦੇਸ਼ੀ ਸਿੱਖਿਆ ਪ੍ਰਣਾਲੀ ਨਾਲ ਰੂ-ਬਰੂ ਕਰਵਾਉਣ ਲਈ ਅਤੇ ਸਿਖਲਾਈ ਹਾਸਲ ਕਰਨ ਲਈ ਅਧਿਆਪਕਾਂ ਨੂੰ ਸਿੰਗਾਪੁਰ ਤੇ ਫਿਨਲੈਂਡ ਦੇਸ਼ਾਂ 'ਚ ਭੇਜਿਆ ਗਿਆ, ਜਿਥੋਂ ਉਹ ਨਿਪੁੰਨ ਹੋ ਕੇ ਅੱਗੇ ਇਥੇ ਪੰਜਾਬ 'ਚ ਸਕੂਲਾਂ ਦੇ ਅਧਿਆਪਕਾਂ ਨੂੰ ਮਿਆਰੀ ਸਿੱਖਿਆ ਲਈ ਸਿਖਲਾਈ ਦੇ ਰਹੇ ਹਨ। ਮੰਤਰੀ ਸ: ਧਾਲੀਵਾਲ ਨੇ ਆਪਣੇ ਸੰਬੋਧਨ 'ਚ ਸੰਤੁਸ਼ਟੀ ਭਰੇ ਲਹਿਜੇ 'ਚ ਕਿਹਾ ਕਿ ਸਾਬਕਾ ਅਕਾਲੀ ਭਾਜਪਾ ਤੇ ਕਾਂਗਰਸ ਸਰਕਾਰਾਂ ਵੱਲੋਂ ਸਕੂਲੀ ਸਰਕਾਰੀ ਸਿੱਖਿਆ ਦਾ ਭੱਠਾ ਬਿਠਾਏ ਜਾਣ ਦੇ ਮੱਦੇਨਜ਼ਰ ਬਣੀ ਇਹ ਧਾਰਨਾ ਸਮਾਪਿਤ ਹੋ ਗਈ ਹੈ ਕਿ ਸਰਕਾਰੀ ਸਕੂਲਾਂ 'ਚ ਬੱਚਿਆਂ ਦੀ ਪੜ੍ਹਾਈ ਦਾ ਬੁਰਾ ਹਾਲ ਹੈ।ਉਨ੍ਹਾਂ ਦੱਸਿਆ ਕਿ ਲੋਕਾਂ ਵਿੱਚ ਇਹ ਧਾਰਨਾ ਇਸ ਕਰਕੇ ਟੁੱਟੀ ਹੈ ਕਿਉਂਕਿ ਸਕੂਲਾਂ ਦੇ ਬਹੁਪੱਖੀ ਵਿਕਾਸ ਤੇ ਹਾਲ ਵਿੱਚ ਹੀ ਦਸਵੀਂ ਤੇ ਬਾਰਵੀਂ ਜਮਾਤਾਂ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਗਏ ਨਤੀਜਿਆਂ 'ਚ ਸ਼ਹਿਰੀ ਸਕੂਲਾਂ ਦੇ ਮੁਕਾਬਲੇ ਪੇਂਡੂ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਵੱਡੀ ਬਾਜ਼ੀ ਮਾਰਨਾ ਹੈ।ਸਰਕਾਰੀ ਅਧਿਆਪਕਾਂ ਦੀ ਮਿਹਨਤ ਸਦਕਾ ਸਰਕਾਰੀ ਸਕੂਲਾਂ 'ਚ ਦਾਖਲਾ ਪ੍ਰਤੀਸ਼ਤਤਾ 'ਚ ਵੀ ਵਾਧਾ ਦਰਜ ਹੋਇਆ ਹੈ।ਇਸ ਮੌਕੇ ਹਲਕਾ ਪੱਧਰੀ ਸਿੱਖਿਆ ਕੋਆਰਡੀਨੇਟਰ ਅਮਨਦੀਪ ਕੌਰ ਧਾਲੀਵਾਲ, ਖੁਸ਼ਪਾਲ ਸਿੰਘ ਧਾਲੀਵਾਲ, ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਮਹਿਲਾ ਆਗੂ ਹਰਿੰਦਰ ਕੌਰ ਮੱਤੇਨੰਗਲ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਅਧਿਕਾਰੀ, ਸਕੂਲਾਂ ਦੇ ਮੁਖੀ, ਅਧਿਆਪਕ ਤੇ ਸਕੂਲ ਕਮੇਟੀਆਂ ਦੇ ਅਹੁਦੇਦਾਰਾਂ ਸਮੇਤ ਵਿਦਿਆਰਥੀਆਂ ਦੇ ਮਾਪੇ ਵੱਡੀ ਪੱਧਰ ਤੇ ਮੌਜੂਦ ਸਨ।

# ਜੀਜੀਐੱਸ ਮਾਡਰਨ ਸਕੂਲ ਬਖਤਪੁਰ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਗੋਬਿੰਦ ਸਿੰਘ (ਜੀ.ਜੀ.ਐੱਸ.) ਮਾਡਰਨ ਸਕੂਲ ਬਖਤਪੁਰ ਦਾ ਦਸਵੀਂ ਜਮਾਤ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚ ਸਕੂਲ ਦੇ ਸਾਰੇ ਵਿਦਿਆਰਥੀ ਵਧੀਆਂ ਅੰਕ ਪ੍ਰਾਪਤ ਕਰਕੇ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ, ਡਾਇਰੈਕਟਰ ਡਾਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਸਾਂਝੇ ਤੌਰ 'ਤੇ ਦੱਸਿਆ ਕਿ ਉਨ੍ਹਾਂ ਦੀ ਸਕੂਲ ਦੀ ਹੋਣਹਾਰ ਵਿਦਿਆਰਥਣ ਅਰਸ਼ਪ੍ਰੀਤ ਕੌਰ ਨੇ 97% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ, ਹਰਮਨਪ੍ਰੀਤ ਕੌਰ ਨੇ 95% ਅੰਕਾਂ ਨਾਲ ਦੂਜਾ ਸਥਾਨ ਅਤੇ ਪ੍ਰਨੀਤ ਕੌਰ ਨੇ 92% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਸਿਮਰਨਦੀਪ ਕੌਰ ਨੇ 91%, ਰਵਨੀਤ ਕੌਰ ਤੇ ਮਹਿਕਪ੍ਰੀਤ ਕੌਰ ਨੇ 90%, ਅਕਾਸ਼ਦੀਪ ਕੌਰ ਨੇ 89% ਅੰਕ ਪ੍ਰਾਪਤ ਕੀਤੇ ਹਨ ਅਤੇ ਬਾਕੀ ਸਾਰੇ ਬੱਚਿਆਂ ਨੇ ਵੀ 80% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਅਧਿਆਪਕਾਂ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ, ਡਾਇਰੈਕਟਰ ਡਾਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ ਅਤੇ ਸਮੂਹ ਸਟਾਫ ਵੱਲੋਂ ਇਹਨਾਂ ਬੱਚਿਆਂ ਨੂੰ ਸ਼ਾਨਦਾਰ ਸਫਲਤਾ ਪ੍ਰਾਪਤ ਕਰਨ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਸਕੂਲ ਅਧਿਆਪਕ ਅਜਮੇਰ ਸਿੰਘ, ਸੁਖਮੀਤ ਕੌਰ, ਸੁਖਵੰਤ ਕੌਰ, ਕੁਲਦੀਪ ਕੌਰ, ਪਰਮਿੰਦਰ ਕੌਰ, ਮੈਡਮ ਲਵਲੀਨ, ਮੈਡਮ ਸਵੀਟੀ, ਮਨਪ੍ਰੀਤ ਕੌਰ, ਰੁਪਿੰਦਰ ਕੌਰ, ਮੈਡਮ ਕਿਰਨ, ਕੁਲਜਿੰਦਰ ਕੌਰ, ਰਮਨਦੀਪ ਕੌਰ, ਮੈਡਮ ਸ਼ਿਲਪੀ, ਮੈਡਮ ਰੇਨੂ ਬਾਲਾ, ਮੈਡਮ ਰੇਖਾ ਰਾਣੀ ਆਦਿ ਹਾਜ਼ਰ ਸਨ।

# ਪੰਜਾਬ ਸਿੱਖਿਆ ਕ੍ਰਾਂਤੀ ਨਾਲ ਸੂਬੇ 'ਚ ਹੋਈ ਇੱਕ ਨਵੇਂ ਯੁੱਗ ਦੀ ਸ਼ੁਰੂਆਤ: ਈ.ਟੀ.ਓ.



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਿੱਖਿਆ ਕ੍ਰਾਂਤੀ ਨਾਲ ਸੂਬੇ ਵਿਚ ਇਕ ਨਵੇ ਯੁੱਗ ਦੀ ਸ਼ੁਰੂਆਤ ਹੋਵੇਗੀ, ਜਿਥੇ ਪੰਜਾਬ ਦੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਵਧੀਆ ਸਿੱਖਿਆ ਦੇ ਨਾਲ ਨਾਲ ਕਿੱਤਾ-ਮੁੱਖੀ ਕੋਰਸ ਵੀ ਕਰਵਾਏ ਜਾਣਗੇ ਤਾਂ ਜੋ ਉਹ ਅੱਗੇ ਜਾ ਕੇ ਆਪਣੇ ਪੈਰਾਂ ਤੇ ਖੜੇ ਹੋ ਸਕਣ ਅਤੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਕ੍ਰਾਂਤੀ ਪਰਿਵਰਤਨ ਦੀ ਇੱਕ ਲਹਿਰ ਹੈ ਜੋ ਹਰ ਪਿੰਡ, ਹਰ ਸਕੂਲ ਅਤੇ ਹਰ ਬੱਚੇ ਤੱਕ ਪਹੁੰਚ ਰਹੀ ਹੈ।ਇਸ ਮੁਹਿੰਮ ਦਾ ਉਦੇਸ਼ ਸ਼ਹਿਰੀ ਅਤੇ ਪੇਂਡੂ ਹਲਕੇ ਵਿਚ ਸਮਾਨ ਰੂਪ ਨਾਲ ਗੁਣਵੱਤਾ ਸਿੱਖਿਆ ਪ੍ਰਦਾਨ ਕਰਨਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਿਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਵਿਧਾਨ ਸਭਾ ਹਲਕੇ ਦੇ ਸਕੂਲਾਂ ਵਿਚ ਵਿਕਾਸ ਕਾਰਜਾਂ ਦੀ ਸੌਗਾਤ ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਸਪੁਰਦ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਵੱਲ ਕੋਈ ਧਿਆਨ ਨਹੀ ਦਿੱਤਾ, ਜਿਸ ਕਰਕੇ ਲੋਕ ਮਜਬੂਰਨ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿਖੇ ਪੜ੍ਹਾਈ ਕਰਵਾ ਰਹੇ ਸਨ ਅਤੇ ਉਨ੍ਹਾਂ ਮਾਪਿਆਂ ਤੇ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਇਕ ਵੱਡਾ ਬੋਝ ਸਨ।ਉਨ੍ਹਾਂ ਦੱਸਿਆ ਕਿ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਹੁਣ ਸਰਕਾਰੀ ਸਕੂਲਾਂ ਵਿਚ ਵੀ ਪ੍ਰਾਈਵੇਟ ਸਕੂਲਾਂ ਨੂੰ ਵਧੀਆਂ ਪੜਾਈ ਅਤੇ ਨਵੀ ਤਕਨਾਲੋਜੀ ਨਾਲ ਸਿੱਖਿਆ ਦਿੱਤੀ ਜਾ ਰਹੀ ਹੈ, ਜਿਸ ਨਾਲ ਲੋਕ ਹੁਣ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿਚ ਹਟਾ ਕੇ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾ ਰਹੇ ਹਨ। ਸ: ਈਟੀਓ ਨੇ ਸਰਕਾਰੀ ਮਿਡਲ ਸਕੂਲ ਮੁੱਛਲ ਲੜਕੀਆਂ ਵਿਖੇ 4 ਲੱਖ 98 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੀ ਚਾਰਦੀਵਾਰ ਅਤੇ ਰਿਪੇਅਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਮੁੱਛਲ ਵਿਖੇ 29 ਲੱਖ 42 ਹਜ਼ਾਰ ਰੁਪਏ ਦੀ ਲਾਗਤ ਨਾਲ 2 ਨਵੇ ਕਲਾਸ ਰੂਮ, ਸਾਇੰਸ ਲੈਬ ਅਤੇ ਮੁਰੰਮਤ, ਸਰਕਾਰੀ ਪ੍ਰਾਇਮਰੀ ਸਕੂਲ ਡੇਹਰੀਵਾਲ ਵਿਖੇ 3 ਲੱਖ 68 ਹਜ਼ਾਰ ਰੁਪਏ ਦੀ ਲਾਗਤ ਨਾਲ ਸਕੂਲ ਦੀ ਮੁਰੰਮਤ,ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੇਹਰੀਵਾਲ 8 ਲੱਖ 21 ਹਜ਼ਾਰ ਰੁਪਏ ਦੀ ਲਾਗਤ ਨਾਲ ਨਵਾਂ ਕਲਾਸ ਰੂਮ ਅਤੇ ਮੁਰੰਮਤ, ਸਰਕਾਰੀ ਮਿਡਲ ਸਕੂਲ ਧਰਮੂਚੱਕ ਵਿਖੇ 7 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਨਵਾਂ ਕਲਾਸ ਰੂਮ ਅਤੇ ਚਾਰਦੀਵਾਰੀ, ਸਰਕਾਰੀ ਪ੍ਰਾਇਮਰੀ ਸਕੂਲ ਲੜਕੇ ਜਲਾਲ 33 ਲੱਖ 43 ਹਜ਼ਾਰ ਰੁਪਏ ਦੀ ਲਾਗਤ ਨਾਲ ਇਕ ਕਲਾਸ ਰੂਮ,ਚਾਰਦੀਵਾਰੀ ਅਤੇ ਸਕੂਲ ਦੀ ਮੁਰੰਮਤ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਲਾਲ ਊਸਮਾਂ ਵਿਖੇ 31.37 ਲੱਖ ਨਵੇ ਕਲਾਸ ਰੂਮ ਅਤੇ ਸਕੂਲ ਦੀ ਮੁਰੰਮਤ ਅਤੇ ਨਵੀਨੀਕਰਣ ਦਾ ਉਦਘਾਟਨ ਕੀਤਾ ।ਇਸ ਮੌਕੇ ਸੰਬੋਧਨ ਕਰਦਿਆਂ ਕੈਬਿਨਟ ਮੰਤਰੀ ਸ: ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਨ ਵਾਲੇ ਜ਼ਰੂਰਤਮੰਦ ਅਤੇ ਮੱਧਵਰਗ ਦੇ ਬੱਚਿਆਂ ਨੂੰ ਵੀ ਇਹੀ ਆਧੁਨਿਕ ਸੁਵਿਧਾਵਾਂ ਅਤੇ ਗੁਣਵੱਤਾ ਪ੍ਰਾਪਤ ਹੋਵੇ ਜੋ ਕਿ ਨਿੱਜੀ ਸਕੂਲਾਂ ਵਿਚ ਮਿਲਦੀਆਂ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਹੀ ਕਿਸੇ ਰਾਸ਼ਟਰ ਦੀ ਅਸਲੀ ਤਾਕਤ ਹੁੰਦੀ ਹੈ ਅਤੇ ਸਰਕਾਰ ਦਾ ਇਹ ਕਰਤੱਵ ਹੈ ਕਿ ਉਹ ਹਰ ਬੱਚੇ ਨੂੰ ਸਮਾਨ ਮੌਕੇ ਪ੍ਰਦਾਨ ਕਰੇ।

# ਚੇਅਰਮੈਨ ਸੇਖਵਾਂ ਵੱਲੋਂ ਹਲਕਾ ਕਾਦੀਆਂ ਦੇ 5 ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ



ਧਾਰੀਵਾਲ, 20 ਮਈ (ਮਨਦੀਪ ਸਿੰਘ ਵਿੱਕੀ)-'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਅੱਜ ਵਿਧਾਨ ਸਭਾ ਹਲਕਾ ਕਾਦੀਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਪਸਨਾਵਾਲ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨੀ ਸਮਾਗਮ ਦੌਰਾਨ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਣਾਉਣ ਵਾਸਤੇ ਵਿੱਢੀ ਗਈ ਮੁਹਿੰਮ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ ਤੇ ਕਰਵਾਏ ਜਾ ਰਹੇ ਹਨ, ਜਿਸ ਨਾਲ ਸੂਬੇ ਦਾ ਸਿੱਖਿਆ ਢਾਂਚਾ ਦੇਸ ਭਰ ਲਈ ਮਿਸਾਲ ਬਣਿਆ ਹੈ। ਅੱਜ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵੱਲੋਂ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਪਸਨਾਵਾਲ, ਸਰਕਾਰੀ ਹਾਈ ਸਕੂਲ ਪਸਨਾਵਾਲ, ਸਰਕਾਰੀ ਪ੍ਰਾਇਮਰੀ ਸਕੂਲ ਦੁਲੂਆਣਾ, ਸਰਕਾਰੀ ਮਿਡਲ ਸਕੂਲ ਧਾਰੀਵਾਲ ਕਲਾਂ ਅਤੇ ਸਰਕਾਰੀ ਸਕੂਲ ਭਰੋ ਹਾਰਨੀ ਵਿਖੇ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤੇ। ਇਸ ਮੌਕੇ ਬੀਪੀਈਓ ਬਲਵਿੰਦਰ ਸਿੰਘ ਗਿੱਲ, ਸਰਕਾਰੀ ਪ੍ਰਾਇਮਰੀ ਸੈਂਟਰ ਸਕੂਲ ਪਸਨਾਵਾਲ ਦੇ ਸੀਐਚਟੀ ਅਸ਼ਵਨੀ ਫੱਜੂਪੁਰ, ਸੀਐਚਟੀ ਸੁਭਾਸ ਚੰਦਰ ਡੇਹਰੀਵਾਲ, ਮੁੱਖ ਅਧਿਆਪਕ ਗੁਰਮਿੰਦਰ ਸਿੰਘ ਧਾਲੀਵਾਲ, ਸੀਐੱਚਟੀ ਰਜਿੰਦਰਜੀਤ ਸਿੰਘ ਕਾਲਾ ਬਾਲਾ ਆਦਿ ਸਮੇਤ ਸਕੂਲ ਦੇ ਸਮੂਹ ਸਟਾਫ ਮੈਂਬਰਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਦੇ ਸਾਬਕਾ ਸਰਪੰਚ ਗੁਰਨਾਮ ਸਿੰਘ ਰੰਧਾਵਾ, ਸਰਪੰਚ ਸਤਿੰਦਰ ਕੌਰ ਪਸਨਾਵਾਲ, ਸਰਪੰਚ ਚਰਨਜੀਤ ਸਿੰਘ ਰਾਏਚੱਕ, ਆਗੂ ਮਨਿੰਦਰਜੀਤ ਸਿੰਘ ਘੁੰਮਣ, ਸਰਪੰਚ ਜਗਤਾਰ ਸਿੰਘ ਡੇਹਰੀਵਾਲ ਦਰੋਗਾ, ਗੁਰਬਚਨ ਸਿੰਘ ਸੇਵਾ ਮੁਕਤ ਜ਼ਿਲ੍ਹੇਦਾਰ, ਬਾਬਾ ਅਜੈਬ ਸਿੰਘ ਧਾਰੀਵਾਲ ਕਲਾਂ, ਕੁਲਜੀਤ ਸਿੰਘ ਖਾਨਮਲੱਕ, ਸਰਵਪਾਲ ਸਿੰਘ ਦੁਲੂਆਣਾ ਆਦਿ ਹਾਜ਼ਰ ਸਨ। ਇਸ ਮੌਕੇ ਚੇਅਰਮੈਨ ਸੇਖਵਾਂ ਨੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਵਿਅਕਤੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਗਿਣਤੀ ਵਿੱਚ ਵੱਡਾ ਇਜਾਫਾ ਹੋਇਆ ਹੈ। ਚੇਅਰਮੈਨ ਸ. ਸੇਖਵਾਂ ਨੇ ਕਿਹਾ ਕਿ ਪੰਜਾਬ ਦੇ 20 ਹਜਾਰ ਸਰਕਾਰੀ ਸਕੂਲਾਂ ਵਿੱਚ ਲਗਭਗ 28 ਲੱਖ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਨ੍ਹਾਂ ਵਿੱਚੋਂ ਕਰੀਬ 17 ਹਜ਼ਾਰ ਸਕੂਲਾਂ ਨੂੰ ਵਾਈ-ਫਾਈ ਦੀ ਸਹੂਲਤ ਨਾਲ ਲੈਸ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਬੀਤੇ ਤਿੰਨ ਸਾਲਾਂ ਵਿੱਚ ਜਿੱਥੇ 20 ਹਜ਼ਾਰ ਅਧਿਆਪਕ ਭਰਤੀ ਕੀਤੇ ਗਏ ਹਨ, ਉੱਥੇ 12,700 ਅਧਿਆਪਕ ਪੱਕੇ ਵੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਰੀਬ 9000 ਸਫਾਈ ਸੇਵਕ ਤੇ ਚੌਂਕੀਦਾਰ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਲਗਾਏ ਗਏ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ। ਇਸ ਮੌਕੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵੱਲੋਂ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।

## ਜਿਮਨਾਸਟਿਕ, ਭਾਸ਼ਣ ਤੇ ਪੇਂਟਿੰਗ ਮੁਕਾਬਲਿਆਂ 'ਚ ਆਰ ਡੀ ਖੋਸਲਾ ਸਕੂਲ ਵੱਲੋਂ ਸ਼ਾਨਦਾਰ ਪ੍ਰਦਰਸ਼ਨ



**ਬਟਾਲਾ (ਤਰਲੋਕ ਬੱਗਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਯੁੱਧ ਮੁਹਿੰਮ ਦੇ ਤਹਿਤ ਜ਼ਿਲਾ ਪੱਧਰੀ ਜਿਮਨਾਸਟਿਕ, ਭਾਸ਼ਣ ਅਤੇ ਪੇਂਟਿੰਗ ਮੁਕਾਬਲਿਆਂ ਦਾ ਆਯੋਜਨ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਬਥਵਾਲਾ (ਗੁਰਦਾਸਪੁਰ) ਵਿਖੇ ਕਰਵਾਇਆ ਗਿਆ।ਇਨਾਂ ਮੁਕਾਬਲਿਆਂ ਵਿੱਚ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ। ਚਿੱਤਰਕਾਰੀ ਮੁਕਾਬਲੇ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਪਵਨੀਤ ਕੌਰ ਨੇ ਪਹਿਲੇ ਸਥਾਨ 'ਤੇ ਰਹੀ ਤੇ ਪ੍ਰਭਲੀਨ ਕੌਰ ਅੱਠਵੀਂ ਜਮਾਤ ਨੂੰ ਪ੍ਰੋਤਸਾਹਨ ਪੁਰਸਕਾਰ ਮਿਲਿਆ।ਭਾਸ਼ਣ ਮੁਕਾਬਲੇ ਵਿੱਚ ਗਿਆਰਵੀਂ ਜਮਾਤ ਦੀ ਮਨਮੀਤ ਕੌਰ ਨੇ ਦੂਜੇ ਸਥਾਨ 'ਤੇ ਰਹੀ ਤੇ ਜਿਮਨਾਸਟਿਕ ਵਿੱਚ ਐਸ਼ਮੀਨ ਕੌਰ, ਜਮਾਤ ਛੇਵੀਂ ਮਨਰੀਤ ਕੌਰ, ਜਮਾਤ ਛੇਵੀਂ ਤੇ ਰਾਜਵੀਰ ਕੌਰ ਜਮਾਤ ਸੱਤਵੀਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ ਵਿੱਚ 30 ਵਿਦਿਆਰਥੀਆਂ ਨੇ ਭਾਗ ਲਿਆ।ਪ੍ਰਿੰ. ਬਿੰਦੂ ਭੱਲਾ, ਸਕੂਲ ਚੇਅਰਮੈਨ ਅਰਵਿੰਦ ਖੋਸਲਾ ਤੇ ਪ੍ਰੈਜ਼ੀਡੈਂਟ ਅਜੇ ਖੋਸਲਾ ਨੇ ਵਿਦਿਆਰਥੀਆਂ ਤੇ ਉਨਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੂੰ ਇਹੋ ਜਿਹੇ ਖੇਡ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ।

## ਅੱਤਵਾਦ, ਜੰਗ ਤੇ ਲੋਕਾਂ ਦੇ ਬੁਨਿਆਦੀ ਅਧਿਕਾਰਾਂ ਸੰਬੰਧੀ ਕਨਵੈਨਸ਼ਨ 28 ਨੂੰ : ਨਰਭਿੰਦਰ ਪੱਧਰੀ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਅਗਵਾਈ ਹੇਠ ਤਰਨ ਤਾਰਨ ਜ਼ਿਲ੍ਹੇ ਦੀਆਂ ਕਿਸਾਨ ਮਜ਼ਦੂਰ ਜਥੇਬੰਦੀਆਂ ਦੀ ਮੀਟਿੰਗ ਹੋਈ ਜਿਸ ਵਿਚ ਦੇਸ਼ ਦੇ ਹਾਲਾਤ ਉੱਤੇ ਵਿਚਾਰ ਚਰਚਾ ਹੋਈ। ਉਪਰੰਤ ਫੈਸਲਾ ਲਿਆ ਗਿਆ ਕਿ ਲੋਕਾਂ ਨੂੰ ਜਾਗ੍ਰਿਤ ਕਰਨ ਹਿੱਤ ਤਰਨ ਤਾਰਨ ਵਿੱਚ 28 ਮਈ ਦਿਨ ਸ਼ਨੀਵਾਰ ਨੂੰ ਇਕ ਵਿਸ਼ਾਲ ਕਨਵੈਨਸ਼ਨ ਕੀਤੀ ਜਾਵੇਗੀ। ਇਹ ਜਾਣਕਾਰੀ ਪ੍ਰੈਸ ਨਾਲ ਨਰਭਿੰਦਰ ਪੱਧਰੀ ਨੇ ਸਾਂਝੀ ਕੀਤੀ। ਮੀਟਿੰਗ ਵਿੱਚ ਪਹਿਲਗਾਮ ਵਿੱਚ ਵਾਪਰੀ ਦਹਿਸ਼ਤਗਰਦੀ ਦੀ ਘਟਨਾ ਜਿਸ ਵਿਚ 26 ਸੈਲਾਨੀਆਂ ਨੂੰ ਮਾਰਿਆ ਗਿਆ ਸੀ, ਉੱਤੇ ਅਫਸੋਸ ਪ੍ਰਗਟ ਕਰਦਿਆਂ ਇਹ ਸੁਆਲ ਉਠਾਇਆ ਕਿ ਜਦੋਂ ਸਰਕਾਰ ਆਪਣੀ ਸੁਰੱਖਿਆ ਦੀ ਅਣਗਹਿਲੀ ਨੂੰ ਇਕ ਕਾਰਨ ਵਜੋਂ ਮੰਨ ਰਹੀ ਹੈ ਤਾਂ ਫਿਰ ਪਾਕਿਸਤਾਨ ਨਾਲ ਜੰਗੀ ਮਾਹੌਲ ਬਣਾ ਕੇ ਦੁਨੀਆ ਨੂੰ ਕੀ ਸੰਦੇਸ਼ ਦੇਣਾ ਚਾਹੁੰਦੀ ਹੈ।ਅੱਤਵਾਦ ਸਿਰਫ ਸਰਹੱਦੋਂ ਪਾਰ ਹੀ ਨਹੀਂ ਦੇਸ਼ ਅੰਦਰ ਵੀ ਘਟਗਿਣਤੀਆਂ, ਕਮਜ਼ੋਰ ਵਰਗਾਂ, ਦਲਿਤਾਂ ਅਤੇ ਆਦਿਵਾਸੀਆਂ ਨੂੰ ਕੁਚਲਣ ਲਈ ਵਰਤਿਆ ਜਾ ਰਿਹਾ ਹੈ। ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਜਿਵੇਂ ਰੋਜ਼ਗਾਰ, ਵਿੱਦਿਆ, ਸਿਹਤ, ਨਿਆਂ ਪ੍ਰਬੰਧ ਦੀ ਜ਼ਿੰਮੇਵਾਰੀ ਨਿਭਾਉਣ ਤੋਂ ਪਿੱਛੇ ਹਟ ਰਹੀਆਂ ਹਨ ਸਰਕਾਰਾਂ। ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਕੁਦਰਤੀ ਸਰੋਤਾਂ, ਮੰਡੀ ਤੇ ਖੁਰਾਕੀ ਵਸਤਾਂ 'ਤੇ ਏਕਾ ਅਧਿਕਾਰ ਸਥਾਪਤ ਕਰਨ ਲਈ ਪੁਲਿਸ, ਪੈਰਾ ਮਿਲਟਰੀ ਫੋਰਸ ਤੇ ਫ਼ੌਜ ਦੀ ਖੁੱਲੀ ਵਰਤੋਂ 'ਤੇ ਉਤਰ ਆਈ ਹੈ। ਵਿਚਾਰ ਪ੍ਰਗਟ ਜਾਂ ਰੋਸ ਪ੍ਰਗਟ ਕਰਨ ਵਾਲਿਆਂ ਉੱਤੇ ਫਰਜ਼ੀ ਦੇਸ਼ ਧ੍ਰੋਹ ਦੇ ਮੁਕੱਦਮੇ ਦਰਜ ਕਰਕੇ ਜੇਲਾਂ ਵਿਚ ਸੁੱਟਿਆ ਜਾ ਰਿਹਾ ਹੈ।ਛੱਤੀਸਗੜ੍ਹ ਵਿੱਚ ਆਦਿਵਾਸੀਆਂ ਦੇ 700 ਤੋਂ ਵੱਧ ਪਿੰਡ ਉਜਾੜੇ ਜਾ ਚੁੱਕੇ ਹਨ। ਲੋਕ ਜੰਗਾਂ ਜਾਂ ਡਰ ਮਾਰੂ ਲੜਾਈਆਂ ਵਾਲਾ ਮਾਹੌਲ ਨਹੀਂ ਚਾਹੁੰਦੇ।ਵਿਦਵਾਨ ਆਗੂ ਹਾਕਮਾਂ ਦੇ ਕੋਝੇ ਇਰਾਦਿਆਂ ਨੂੰ ਬੇਨਕਾਬ ਕਰਨਗੇ।ਇਸ ਮੀਟਿੰਗ ਵਿੱਚ ਮਾਸਟਰ ਨਛੱਤਰ ਸਿੰਘ ਕਿਰਤੀ ਕਿਸਾਨ ਯੂਨੀਅਨ, ਮਾਸਟਰ ਬਲਕਾਰ ਸਿੰਘ ਵਲਟੋਹਾ ਕੁੱਲ ਹਿੰਦ ਕਿਸਾਨ ਸਭਾ, ਬਲਦੇਵ ਸਿੰਘ ਪੰਡੋਰੀ ਜਮਹੂਰੀ ਕਿਸਾਨ ਸਭਾ, ਦਵਿੰਦਰ ਸੋਹਲ, ਦਲਵਿੰਦਰ ਸਿੰਘ ਪੰਨੂ ਪੰਜਾਬ ਕਿਸਾਨ ਯੂਨੀਅਨ, ਗੁਰਚਰਨ ਸਿੰਘ ਸਭਰਾ, ਕੌਮੀ ਕਿਸਾਨ ਯੂਨੀਅਨ, ਕਾਮਰੇਡ ਚਰਨ ਸਿੰਘ ਦਿਹਾਤੀ ਮਜ਼ਦੂਰ ਯੂਨਅਨ, ਨਰਭਿੰਦਰ ਪੱਧਰੀ ਜਮਹੂਰੀ ਅਧਿਕਾਰ ਸਭਾ ਹਾਜ਼ਰ ਸਨ।

## ਗੁਰੂ ਸਾਹਿਬ ਬਾਰੇ ਐਨੀਮੇਸ਼ਨ ਵੀਡੀਓ ਬਣਾਉਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਇਤਰਾਜ਼ ਪ੍ਰਗਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਧਰੁਵ ਰਾਠੀ ਨਾਂ ਦੇ ਯੂਟਿਊਬਰ ਦੁਆਰਾ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਚਾਰ ਸਾਹਿਬਜ਼ਾਦਿਆਂ ਬਾਰੇ ਏ. ਆਈ. ਨਾਲ ਤਿਆਰ ਕੀਤੀ ਐਨੀਮੇਸ਼ਨ ਵੀਡੀਓ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਇਸ ਨੂੰ ਤੁਰੰਤ ਹਟਾਉਣ ਅਤੇ ਸਰਕਾਰ ਨੂੰ ਇਸ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਲਈ ਆਖਿਆ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਅਤੇ ਸਿੱਖ ਸ਼ਖ਼ਸੀਅਤਾਂ ਦਾ ਇਤਿਹਾਸ ਸਾਡੇ ਲਈ ਪਵਿੱਤਰ ਅਤੇ ਅਟੁੱਟ ਵਿਰਾਸਤ ਹੈ, ਜਿਸ ਨੂੰ ਕਿਸੇ ਵੀ ਵਿਅਕਤੀ ਨੂੰ ਵਿਗਾੜਨ ਜਾਂ ਗਲਤ ਢੰਗ ਨਾਲ ਪੇਸ਼ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਫਿਲਮ ਜਾਂ ਐਨੀਮੇਸ਼ਨ ਨਹੀਂ ਬਣਾਈ ਜਾ ਸਕਦੀ।ਇਸ ਸਬੰਧੀ ਸ਼੍ਰੋਮਣੀ ਕਮੇਟੀ ਨੇ ਮਤੇ ਪਾਸ ਕਰਕੇ ਪੂਰਨ ਤੌਰ 'ਤੇ ਰੋਕ ਲਗਾਈ ਹੋਈ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਬੰਧਤ ਯੂਟਿਊਬਰ ਨੂੰ ਇਹ ਵੀਡੀਓ ਤੁਰੰਤ ਹਟਾਉਣ ਲਈ ਆਖਿਆ।ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਸਬੰਧਤ ਵੱਲੋਂ ਵੀਡੀਓ ਨਾ ਹਟਾਈ ਗਈ ਤਾਂ ਸ਼੍ਰੋਮਣੀ ਕਮੇਟੀ ਉਸ ਖਿਲਾਫ਼ ਕਾਨੂੰਨੀ ਕਾਰਵਾਈ ਵੀ ਅਮਲ ਵਿੱਚ ਲਿਆਵੇਗੀ।

## ਜਾਸੂਸੀ ਦੇ ਕੇਸ 'ਚ ਦੋ ਨੌਜਵਾਨ ਗ੍ਰਿਫਤਾਰ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਪੁਲਸ ਜਾਸੂਸੀ ਦੇ ਕੇਸ ਵਿੱਚ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਫੜੇ ਗਏ ਨੌਜਵਾਨਾਂ ਪਾਸੋਂ ਹੋਰ ਕਈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਪਹਿਲਗਾਮ ਦੇ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਮਿਸ਼ਨ ਸਿੰਦੂਰ ਤੋਂ ਬਾਅਦ ਕਈ ਅਜਿਹੇ ਜਾਸੂਸ ਸਾਹਮਣੇ ਆ ਰਹੇ ਹਨ, ਜੋ ਭਾਰਤ ਦੀ ਅਹਿਮ ਜਾਣਕਾਰੀ ਪਾਕਿਸਤਾਨ ਤੱਕ ਪਹੁੰਚਾ ਰਹੇ ਸੀ। ਪੁਲਸ ਅਧਿਕਾਰੀ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਪਾਕਿਸਤਾਨ ਵਿਚ ਬੈਠੇ ਗਲਤ ਅਨਸਰ ਭਾਰਤ ਵਿਚ ਨੌਜਵਾਨਾਂ ਨੂੰ ਪੈਸੇ ਦਾ ਲਾਲਚ ਦੇ ਕੇ ਆਪਣੇ ਜਾਲ ਵਿਚ ਫਸਾ ਲੈਂਦੇ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਗੁਰਦਾਸਪੁਰ ਤੋਂ ਵੀ ਦੋ ਨੌਜਵਾਨਾਂ ਨੂੰ ਜਾਸੂਸੀ ਕਰਨ ਦੇ ਕੇਸ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਇਨ੍ਹਾਂ ਨੌਜਵਾਨਾਂ ਨੇ ਭਾਰਤ ਦੀ ਸੁਰੱਖਿਆ ਨੂੰ ਲੈ ਕੇ ਕਈ ਜਾਣਕਾਰੀਆਂ ਪਾਕਿਸਤਾਨ ਵਿਚ ਬੈਠੇ ਭਾਰਤ ਵਿਰੋਧੀ ਅਨਸਰਾਂ ਨਾਲ ਸਾਂਝੀਆਂ ਕੀਤੀਆਂ ਹਨ।

## ਗੁੰਨੋਵਾਲ 'ਚ ਮਾਤਾ ਰਾਣੀ ਮੰਦਰ ਵੱਲ ਜਾਂਦਾ ਰਸਤਾ ਪੱਕਾ ਹੋਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਗੁੰਨੋਵਾਲ ਦੀ ਮੌਜੂਦਾ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਾਫੀ ਚਿਰ ਤੋਂ ਚਲਦੇ ਆ ਰਹੇ ਕੱਚੇ ਰਸਤੇ ਨੂੰ ਇੱਟਾਂ ਤੇ ਸੀਮੈਂਟ ਨਾਲ ਪੱਕਾ ਕਰਵਾਇਆ ਗਿਆ।ਇਸ ਮੌਕੇ ਸਰਪੰਚ ਪਰਮਜੀਤ ਸਿੰਘ, ਪੰਚਾਇਤ ਮੈਂਬਰ ਕੋਮਲਪ੍ਰੀਤ ਸਿੰਘ, ਸਾਬਕਾ ਪੰਚਾਇਤ ਮੈਂਬਰ ਵੱਸਣ ਸਿੰਘ, ਪ੍ਰਧਾਨ ਰਛਪਾਲ ਸਿੰਘ ਆਦਿ ਸ਼ਾਮਿਲ ਸਨ ਜਿਨ੍ਹਾਂ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਇਹ ਕਾਰਜ ਨੇਪਰੇ ਚੜ੍ਹਿਆ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਬੰਨ੍ਹ ਬਚਾਓ ਮੋਰਚੇ ਤਹਿਤ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲਾ ਤਰਨ ਤਾਰਨ ਅਧੀਨ ਜੋਨ ਬਾਬਾ ਦੀਪ ਸਿੰਘ ਜੀ ਵੱਲੋਂ ਅੰਮ੍ਰਿਤਸਰ ਤੋਂ ਖੇਮਕਰਨ ਰੋਡ ਮੰਨਣ ਟੋਲ ਪਲਾਜ਼ਾ ਉਪਰ ਬੰਨ੍ਹ ਬਚਾਓ ਮੋਰਚੇ ਤਹਿਤ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ ਦੀ ਅਗਵਾਈ ਹੇਠ ਰੇਤ ਮਾਫੀਆ ਅਤੇ ਸਰਕਾਰ ਦੀ ਮਿਲੀਭੁਗਤ ਨਾਲ ਜ਼ਿਲ੍ਹਾ ਤਰਨ ਤਾਰਨ ਵਿੱਚ ਚੱਲ ਰਹੀ ਰੇਤ ਦੀ ਖੱਡ ਅਤੇ ਆਉਂਦੇ ਦਿਨਾਂ ਵਿੱਚ ਦਰਿਆ ਦੇ ਵਹਾਅ ਤੇ ਅਸਰ ਪੈਣ ਨਾਲ ਬੰਨ੍ਹ ਟੁੱਟਣ ਦਾ ਸਬੱਬ ਬਣੇਗਾ ਜਿਸ ਕਾਰਨ 18 ਤੋਂ ਵੱਧ ਪਿੰਡਾਂ ਦਾ ਨੁਕਸਾਨ ਹੋਣਾ ਤਹਿ ਹੈ। ਕਿਸਾਨ ਆਗੂਆਂ ਦੱਸਿਆ ਕਿ ਸਰਕਾਰ ਦੀ ਇਸ ਨਲਾਇਕੀ ਦੇ ਖਿਲਾਫ ਭਗਵੰਤ ਮਾਨ ਅਤੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਦੇ ਪੁਤਲੇ ਫੂਕੇ ਗਏ। ਕਿਸਾਨ ਆਗੂਆਂ ਨੇ ਦੱਸਿਆ ਕਿ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਪਿੰਡ ਸਭਰਾ ਵਿਖੇ ਬੰਨ੍ਹ ਬਚਾਓ ਮੋਰਚੇ ਤਹਿਤ ਲਗਾਤਾਰ ਇਸਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਸਿਆਸੀ ਹਰਬੇ ਵਰਤ ਕੇ ਇਸ ਖੱਡ ਨੂੰ ਕਾਨੂੰਨੀ ਰੂਪ ਵਿੱਚ ਮਾਨਤਾ ਪ੍ਰਾਪਤ ਦਿਖਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਮਨਜ਼ੂਰੀਆਂ ਸੰਬੰਧੀ ਜਾਣਕਾਰੀ ਦੇ ਕਾਗਜ਼ ਉਪਲਬਧ ਨਹੀਂ ਕਰਵਾਏ ਗਏ। ਬਾਕੀ ਹਜ਼ਾਰਾਂ ਲੋਕਾਂ ਦੀ ਜਾਨ ਮਾਲ ਨੂੰ ਖਤਰੇ ਦਾ ਸਵਾਲ ਹੈ। ਖੱਡ ਖਿਲਾਫ ਮੋਰਚੇ ਦੌਰਾਨ ਸਰਕਾਰ ਵੱਲੋਂ ਖੱਡ ਦੇ ਠੇਕੇਦਾਰ ਦੇ ਗੁੰਡਿਆ ਦੀ ਮਦਦ ਲੈਂਦੇ ਹੋਏ ਪੁਲਸੀਆ ਤਾਕਤ ਦੀ ਵਰਤੋਂ ਕਰਕੇ ਧਰਨਾਕਾਰੀਆ ਨੂੰ ਚੁੱਕਿਆ ਗਿਆ ਹੈ ਜੋ ਸ਼ਰੇਆਮ ਗੁੰਡਾਗਰਦੀ ਦਾ ਨੰਗਾ ਨਾਚ ਹੈ, ਇਸਦੇ ਬਾਵਜੂਦ ਲੋਕ ਸੰਘਰਸ਼ ਕਰ ਰਹੇ ਹਨ।ਇਸ ਮੌਕੇ ਪ੍ਰਧਾਨ ਗੁਰਮੀਤ ਸਿੰਘ ਐਮਾਂ ਕਲਾਂ, ਪ੍ਰਧਾਨ ਸੁੱਚਾ ਸਿੰਘ ਖੈਰਦੀਨ ਕੇ, ਪ੍ਰਧਾਨ ਸੁਖਬੀਰ ਸਿੰਘ ਮੰਨਣ, ਮੀਤ ਪ੍ਰਧਾਨ ਹਰਜੀਤ ਸਿੰਘ ਮੰਨਣ, ਮੰਗਲ ਸਿੰਘ ਐਮ ਕਲਾਂ, ਰਕੇਸ਼ ਕੁਮਾਰ ਐਮਾਂ ਕਲਾਂ ਆਦਿ ਬਹੁ ਗਿਣਤੀ 'ਚ ਆਗੂ ਹਾਜ਼ਰ ਸਨ।

## ਸੇਂਟ ਕਬੀਰ ਸਕੂਲ ਸੁਲਤਾਨਪੁਰ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਸਦਕਾ ਖੱਟਿਆ ਨਾਮਣਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ (ਸੀਬੀਐੱਸਈ) ਨਤੀਜਿਆਂ ਵਿੱਚ ਜ਼ਿਲ੍ਹੇ ਭਰ ਦੇ ਸਕੂਲਾਂ ਵਿੱਚੋਂ ਮੋਹਰੀ ਰਿਹਾ ਹੈ। ਇਸ ਸਬੰਧੀ ਖੁਸ਼ੀ ਜਾਹਿਰ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਕਿ ਦਸਵੀਂ ਜਮਾਤ ਵਿੱਚੋਂ ਅੱਠ ਵਿਦਿਆਰਥੀਆਂ ਮੰਨਤਮੀਤ ਕੌਰ, ਵਰਸ਼ਾ, ਜਸ਼ਨਪ੍ਰੀਤ ਕੌਰ, ਜਸਮੀਤ ਕੌਰ ਨਾਗੀ, ਸਮਰੀਨ ਕੌਰ ਸੁਖਮਨਦੀਪ ਕੌਰ, ਪਰਨੀਤ ਕੌਰ, ਪੰਕਜ ਸ਼ਰਮਾ ਨੇ ਪੰਜਾਬੀ ਵਿਸ਼ੇ ਵਿੱਚੋਂ 100 ਅੰਕ, ਤਿੰਨ ਵਿਦਿਆਰਥੀਆਂ ਸਮਰੀਨ ਕੌਰ, ਯਕਸ਼ ਗੌਤਮ, ਸੁਖਮਨਦੀਪ ਕੌਰ ਨੇ ਆਈ. ਟੀ. ਵਿੱਚੋਂ 100 ਅਤੇ ਸੁਖਮਨਦੀਪ ਕੌਰ ਨੇ ਸਾਇੰਸ ਵਿਸ਼ੇ ਵਿੱਚੋਂ100 ਅੰਕ ਹਾਸਲ ਕਰਕੇ ਸਕੂਲ ਦਾ ਸਿਰ ਮਾਣ ਨਾਲ ਉੱਚਾ ਕੀਤਾ ਹੈ। ਬਾਰ੍ਹਵੀਂ ਜਮਾਤ ਵਿੱਚੋਂ (ਆਰਟਸ ਗਰੁੱਪ) ਪੇਂਟਿੰਗ ਵਿਸ਼ੇ ਵਿੱਚੋਂ ਰਮਨਪ੍ਰੀਤ ਕੌਰ ਅਤੇ ਪੁਨੀਤ ਕੌਰ ਨੇ 100 ਅੰਕ, ਪੋਲੀਟੀਕਲ ਸਾਇੰਸ ਵਿੱਚੋਂ ਪੁਨੀਤ ਕੌਰ ਦੇ 100 ਅੰਕ, ਸਾਈਕੋਲੋਜੀ ਵਿੱਚੋਂ ਕੋਮਲਪ੍ਰੀਤ ਕੌਰ ਅਤੇ ਮਹਿਕਪ੍ਰੀਤ ਕੌਰ ਨੇ 97 ਅੰਕ, ਹਿਸਟਰੀ ਵਿੱਚੋਂ ਮਹਿਕਪ੍ਰੀਤ ਕੌਰ ਨੇ 97 ਅੰਕ, ਪੰਜਾਬੀ ਵਿੱਚੋਂ ਕੋਮਲਪ੍ਰੀਤ ਕੌਰ ਨੇ 96 ਅੰਕ ਪ੍ਰਾਪਤ ਕੀਤੇ ਹਨ। ਕਾਮਰਸ ਗਰੁੱਪ ਵਿੱਚੋਂ ਸਰੀਰਕ ਸਿੱਖਿਆ ਵਿਸ਼ੇ ਵਿੱਚ ਕਾਰਤਿਕ ਸ਼ਰਮਾ, ਸੁਪ੍ਰੀਤ ਚਾਹਲ ਤੇ ਪ੍ਰਭਜੋਤ ਕੌਰ ਨੇ 97 ਅੰਕ, ਬਿਜ਼ਨਸ ਸਟੱਡੀ ਵਿੱਚੋਂ ਗੁਰਸ਼ਾਨ ਸਿੰਘ ਨੇ 97 ਅੰਕ, ਅਕਾਊਂਟ ਵਿੱਚੋਂ ਗੁਰਸ਼ਾਨ ਸਿੰਘ 96 ਅੰਕ , ਇਕਨੋਮਿਕਸ ਵਿੱਚੋਂ ਵੀ ਗੁਰਸ਼ਾਨ ਸਿੰਘ 92 ਅੰਕ, ਕੰਪਿਊਟਰ ਸਾਇੰਸ ਵਿੱਚੋਂ ਪ੍ਰਿਤਪਾਲ ਸਿੰਘ 96 ਅੰਕ ਪ੍ਰਾਪਤ ਕੀਤੇ ਹਨ। ਮੈਡੀਕਲ ਅਤੇ ਨਾਨ ਮੈਡੀਕਲ ਗਰੁੱਪ ਵਿੱਚ ਬਾਇਓਲੋਜੀ ਵਿੱਚੋਂ ਹਰਮਨਦੀਪ ਸਿੰਘ ਅਤੇ ਮਨਜਿੰਦਰ ਕੌਰ ਨੇ 91 ਅੰਕ, ਫਿਜ਼ਿਕਸ ਵਿੱਚੋਂ ਜਪਮਨਜੋਤ ਕੌਰ ਅਤੇ ਅੰਸਪ੍ਰੀਤ ਸਿੰਘ ਨੇ 90 ਅੰਕ, ਕੈਮਿਸਟਰੀ ਵਿੱਚੋਂ ਇਮਾਨਦੀਪ ਸਿੰਘ ਅਤੇ ਮਨਪ੍ਰੀਤ ਕੌਰ ਨੇ 95 ਅੰਕ ਅਤੇ ਗਣਿਤ ਵਿੱਚੋਂ ਅੰਸ਼ਪ੍ਰੀਤ ਸਿੰਘ ਨੇ 85 ਅੰਕ ਹਾਸਲ ਕਰਕੇ ਬਾਕੀ ਸਾਰੇ ਵਿਦਿਆਰਥੀਆਂ ਨੂੰ ਹੋਰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਹੈ। ਪ੍ਰਿੰ. ਐੱਸ. ਬੀ. ਨਾਯਰ ਅਤੇ ਪ੍ਰਬੰਧਕਾਂ ਵਲੋਂ ਵਧਾਈ ਦਿੰਦਿਆਂ ਮੂੰਹ ਮਿੱਠਾ ਕਰਵਾਇਆ।

## ਮਲੇਰੀਏ ਦੇ ਲੱਛਣਾਂ ਤੇ ਬਚਾਅ ਬਾਰੇ ਲੋਕਾਂ ਨੂੰ ਘਰ-ਘਰ ਜਾ ਕੇ ਦਿੱਤੀ ਜਾਣਕਾਰੀ

**ਚੋਹਲਾ ਸਾਹਿਬ (ਰਮਨ ਚੱਢਾ)**- ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ: ਸੁਖਜਿੰਦਰ ਸਿੰਘ ਅਤੇ ਡਾ: ਅਵਲੀਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ: ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਘਰ ਘਰ ਜਾ ਕੇ ਲੋਕਾਂ ਨੂੰ ਡੇਂਗੂ



ਅਤੇ ਮਲੇਰੀਆ ਦੇ ਲੱਛਣਾਂ ਅਤੇ ਬਚਾਅ ਬਾਰੇ ਜਾਣਕਾਰੀ ਦਿੱਤੀ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਐੱਸਆਈ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਸਾਨੂੰ ਆਪਣੇ ਘਰਾਂ ਦੀਆਂ ਛੱਤਾਂ ਤੇ ਟੁੱਟੇ ਟਾਇਰਾਂ ਅਤੇ ਗਮਲਿਆਂ ਵਿੱਚ ਪਾਣੀ ਇੱਕਠਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਹਫਤੇ ਵਿੱਚ ਇੱਕ ਵਾਰ ਕੂਲਰਾਂ ਦੀ ਸਾਫ ਸਫਾਈ ਕਰਨੀ ਚਾਹੀਦੀ ਹੈ। ਇਸ ਸਮੇਂ ਐੱਸਆਈ ਅੰਗਰੇਜ਼ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਤਾਂ ਕਿ ਡੇਂਗੂ ਅਤੇ ਮਲੇਰੀਆ ਫੈਲਾਉਣ ਵਾਲੇ ਮੱਛਰ ਪੈਦਾ ਨਾ ਹੋ ਸਕਣ। ਇਸ ਸਮੇਂ ਐੱਸਆਈ ਸਤਨਾਮ ਸਿੰਘ ਨੇ ਦੱਸਿਆ ਕਿ ਅੱਜ ਉਨ੍ਹਾਂ ਦੀ ਟੀਮ ਨੇ ਘਰ ਘਰ ਜਾਕੇ ਲੋਕਾਂ ਦੇ ਕੂਲਰਾਂ ਅਤੇ ਪਾਣੀ ਵਾਲੀਆਂ ਟੈਂਕੀਆਂ ਦੀ ਚੈਕਿੰਗ ਕੀਤੀ ਅਤੇ ਉਨ੍ਹਾਂ ਨੂੰ ਸਾਫ ਸੁਥਰਾ ਰੱਖਣ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਖੜੇ ਪਾਣੀ ਵਿੱਚ ਮੱਛਰ ਪੈਦਾ ਹੋ ਕੇ ਭਿਆਨਕ ਬਿਮਾਰੀਆਂ ਫੈਲਾਉਂਦਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਤੁਹਾਨੂੰ ਤੇਜ਼ ਸਿਰ ਦਰਦ ਜਾਂ ਤੇਜ਼ ਬੁਖਾਰ ਹੈ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾ ਕੇ ਆਪਣੀ ਜਾਂਚ ਕਰਵਾਓ ਤਾਂ ਕਿ ਸਮੇਂ ਸਿਰ ਇਲਾਜ ਕੀਤਾ ਜਾ ਸਕੇ। ਇਸ ਸਮੇਂ ਜਸਪਿੰਦਰ ਸਿੰਘ ਹੈਲਥ ਵਰਕਰ, ਰਜਿੰਦਰ ਸਿੰਘ ਫਤਿਹਗੜ੍ਹ ਚੂੜੀਆਂ, ਸੁਖਦੀਪ ਸਿੰਘ ਔਲਖ, ਸਰਵਣ ਸਿੰਘ ਬਰੀਡਿੰਗ ਚੈਕਰ ਆਦਿ ਹਾਜ਼ਰ ਸਨ।

## ਸ੍ਰੀ ਹੇਮਕੁੰਟ ਸਾਹਿਬ ਲਈ ਡੇਰਾ ਬਾਬਾ ਨਾਨਕ ਤੋਂ ਚੱਲਣ ਵਾਲੀ 31ਵੀਂ ਪੈਦਲ ਯਾਤਰਾ ਦਾ ਪੋਸਟਰ ਜਾਰੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸ੍ਰੀ ਹੇਮਕੁੰਟ ਸਾਹਿਬ ਪੈਦਲ ਯਾਤਰਾ ਸੁਸਾਇਟੀ ਬਟਾਲਾ ਦੇ ਸਹਿਯੋਗ ਨਾਲ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਤੋਂ ਸ੍ਰੀ ਹੇਮਕੁੰਟ ਸਾਹਿਬ ਤੱਕ ਜਾਣ ਵਾਲੀ 31ਵੀਂ ਮਹਾਨ ਪੈਦਲ ਯਾਤਰਾ ਦਾ ਪੋਸਟ ਜਾਰੀ ਕੀਤਾ ਗਿਆ। ਇਹ ਯਾਤਰਾ 2 ਜੂਨ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਰਵਾਨਾ ਹੋਵੇਗੀ। ਇਸ ਪੈਦਲ ਯਾਤਰਾ ਸਬੰਧੀ ਪੋਸਟਰ ਜਾਰੀ ਕਰਨ ਤੋਂ ਬਾਅਦ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਯਾਤਰਾ ਦੇ ਮੁੱਖ ਪ੍ਰਬੰਧਕ ਡਾ. ਗੁਰਦੇਵ ਸਿੰਘ ਧਾਰੋਵਾਲੀ ਨੇ ਦੱਸਿਆ ਕਿ ਯਾਤਰਾ ਦੇ ਸਵਾਗਤ ਲਈ ਨਗਰ ਨਿਵਾਸੀਆਂ ਤੇ ਇਲਾਕਾ ਨਿਵਾਸੀਆਂ ਵੱਲੋਂ ਸਵਾਗਤੀ ਗੇਟ, ਥਾਂ-ਥਾਂ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਮਹਾਨ ਪੈਦਲ ਯਾਤਰਾ 2 ਜੂਨ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਸਵੇਰੇ ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਤੋਂ ਬਾਅਦ ਅਰਦਾਸ ਕਰਨ ਉਪਰੰਤ ਰਵਾਨਾ ਹੋਵੇਗੀ, ਜੋ ਵੱਖ-ਵੱਖ ਥਾਵਾਂ ਤੇ ਪੜਾਅ ਕਰਨ ਉਪਰੰਤ ਸ੍ਰੀ ਹੇਮਕੁੰਟ ਸਾਹਿਬ ਦਰਸ਼ਨ ਕਰੇਗੀ ਤੇ 35 ਦਿਨ ਦਾ ਸਫਰ ਤੈਅ ਕਰਕੇ 6 ਜੁਲਾਈ ਨੂੰ ਵਾਪਸ ਪੁੱਜੇਗੀ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕੀ ਜਿਨ੍ਹਾਂ ਸੰਗਤਾਂ ਨੇ ਇਸ ਪੈਦਲ ਯਾਤਰਾ ਨਾਲ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨਾਂ ਲਈ ਜਾਣਾ ਹੋਵੇ ਉਹ ਆਪਣੇ ਨਾਲ 2 ਪਾਸਪੋਰਟ ਸਾਈਜ਼ ਫੋਟੋਆਂ, ਆਧਾਰ ਕਾਰਡ, ਟਾਰਚ, ਗਲਾਸ ਥਾਲੀ ਛੋਟਾ ਬਿਸਤਰਾ ਤੇ ਜੋ ਦਵਾਈ ਤੁਸੀਂ ਪਹਿਲਾਂ ਵਰਤ ਰਹੇ ਉਹ ਨਾਲ ਲੈ ਕੇ ਆਉਣ। ਵਧੇਰੇ ਜਾਣਕਾਰੀ ਲਈ ਇਸ ਨੰਬਰ 98144-99981 ਤੇ ਸੰਪਰਕ ਕਰ ਸਕਦੇ ਹੋ। ਇਸ ਮੌਕੇ ਡਾ. ਗੁਰਦੇਵ ਸਿੰਘ, ਪ੍ਰੋ. ਗੁਰਵਿੰਦਰ ਸਿੰਘ, ਸਰਪੰਚ ਗੁਲਜ਼ਾਰ ਸਿੰਘ, ਹਰਪਾਲ ਸਿੰਘ ਧਾਰੋਵਾਲੀ, ਰਣਧੀਰ ਸਿੰਘ, ਹਰਜਿੰਦਰਪਾਲ ਸਿੰਘ, ਸੁਖਜਿੰਦਰ ਸਿੰਘ ਲਾਲੀ, ਹਰਪਾਲ ਸਿੰਘ ਧਾਰੋਵਾਲੀ, ਦਲਜੀਤ ਸਿੰਘ, ਮੋਹਨ ਸਿੰਘ, ਬਾਬਾ ਬਲਜਿੰਦਰ ਸਿੰਘ, ਨਰਿੰਦਰ ਸਿੰਘ ਗੋਲਡੀ, ਤਰਸੇਮ ਸਿੰਘ ਭਗਵਾਨਪੁਰ ਆਦਿ ਹਾਜ਼ਰ ਸਨ।

## ਧਰਮਿੰਦਰ ਛੀਨਾ ਪ੍ਰਧਾਨ ਤੇ ਜਸਵੰਤ ਰਾਏ ਜਨਰਲ ਸਕੱਤਰ ਨਿਯੁਕਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਐਮੀਨੈਂਸ ਸਕੂਲ ਛੇਹਰਟਾ ਵਿਖੇ ਚੱਲ ਰਹੇ ਬਾਲ ਮਜ਼ਦੂਰ ਸਿੱਖਿਆ ਕੋਰਸ ਦੇ ਬੱਚਿਆਂ ਨੂੰ ਚੰਗੀ ਸਿੱਖਿਆ ਅਤੇ ਹੋਰ ਸਹੂਲਤਾਂ ਦੇਣ ਵਾਸਤੇ ਬਾਲ ਪ੍ਰੇਰਨਾ ਸਿੱਖਿਆ ਕਮੇਟੀ ਬਣਾਈ ਗਈ ਹੈ ਜਿਸ ਨੇ ਮੀਟਿੰਗ ਕਰਕੇ ਬੱਚਿਆਂ ਵਾਸਤੇ ਹੋਰ ਸਹੂਲਤਾਂ ਅਤੇ ਵਧੀਆ ਢੰਗ ਨਾਲ ਸਿੱਖਿਆ ਦੇਣ ਤੇ ਵਿਚਾਰ ਕੀਤੀ ।ਇਸ ਮੀਟਿੰਗ ਵਿੱਚ ਪੰਜਾਬ ਇਸਤਰੀ ਸਭਾ ਰਿਲੀਫ ਟਰੱਸਟ ਦੇ ਆਨਰੇਰੀ ਸਕੱਤਰ ਵਿਜੈ ਕਪੂਰ ਅਤੇ ਟਰੱਸਟੀ ਰਜਿੰਦਰ ਪਾਲ ਕੌਰ ਸ਼ਾਮਿਲ ਹੋਏ।ਮੀਟਿੰਗ ਦੀ ਪ੍ਰਧਾਨਗੀ ਵਿਜੈ ਕਪੂਰ ਨੇ ਕੀਤੀ। ਪੰਜਾਬ ਇਸਤਰੀ ਸਭਾ ਰਿਲੀਫ ਟਰੱਸਟ ਜਿਸ ਦੇ ਕਿ ਸੰਸਥਾਪਕ ਭੈਣ ਵਿਮਲਾ ਡਾਂਗ ਸਨ, ਵੱਲੋਂ ਪੰਜਾਬ ਵਿੱਚ ਬਾਲ ਮਜ਼ਦੂਰਾਂ ਵਾਸਤੇ ਚਾਰ ਸਕੂਲ ਖੋਲ੍ਹੇ ਗਏ ਸਨ ਜਿਨ੍ਹਾਂ ਵਿੱਚੋਂ ਇੱਕ ਸੀਨੀਅਰ ਸੈਕੰਡਰੀ ਸਕੂਲ ਛੇਹਰਟਾ ਵਿਖੇ ਸ਼ੁਰੂ ਕੀਤਾ ਗਿਆ ਸੀ।ਛੇਹਰਟਾ ਵਿਖੇ ਭੈਣ ਵਿਮਲਾ ਡਾਂਗ ਵੱਲੋਂ ਖੋਲ੍ਹਿਆ ਗਿਆ ਬਾਲ ਮਜ਼ਦੂਰ ਸਿੱਖਿਆ ਕੋਰਸ ਬੜੀ ਸ਼ਾਨ ਨਾਲ ਚਲ ਰਿਹਾ ਹੈ। ਮੀਟਿੰਗ ਵਿੱਚ ਖਜਾਨਚੀ ਵਰਿੰਦਰ ਕੌਰ ਵੀ ਸ਼ਾਮਿਲ ਹੋਏ।ਨਵੀਂ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਜਸਵੰਤ ਰਾਏ ਜਨਰਲ ਸਕੱਤਰ ਅਤੇ ਲੈਕਚਰਾਰ ਧਰਮਿੰਦਰ ਛੀਨਾ ਨੂੰ ਪ੍ਰਧਾਨ ਚੁਣਿਆ ਗਿਆ ।ਖਜ਼ਾਨਚੀ ਦੀ ਜ਼ਿੰਮੇਵਾਰੀ ਫਿਰ ਵੀਰਇੰਦਰ ਕੌਰ ਦੇ ਸਿਰ ਪਈ।ਮੀਤ ਪ੍ਰਧਾਨ ਮਨਜੀਤ ਕੌਰ ਗਿੱਲ ਚੁਣੇ ਗਏ।ਕਮੇਟੀ ਵਿੱਚ 4 ਨਵੇਂ ਚਿਹਰੇ ਸ਼ਾਮਿਲ ਹੋਏ ਜਿਨ੍ਹਾਂ 'ਚ ਪ੍ਰਧਾਨ ਧਰਮਿੰਦਰ ਅਤੇ ਕਮੇਟੀ ਮੈਂਬਰ ਸੁਖਪਾਲ ਸਿੰਘ ਲੈਕਚਰਾਰ ਪੋਲੀਟੀਕਲ ਸਾਇੰਸ, ਅਮਨਦੀਪ ਕੌਰ ਲੈਕਚਰਾਰ ਕੈਮਿਸਟਰੀ, ਅਮਰਜੀਤ ਕੌਰ ਲੈਕਚਰਾਰ ਪੋਲੀਟੀਕਲ ਸਾਇੰਸ ਸ਼ਾਮਲ ਹਨ।ਇਹ ਚਾਰੇ ਮੈਂਬਰ ਪਹਿਲਾਂ ਵੀ ਇਸ ਸਿੱਖਿਆ ਕੋਰਸ ਨਾਲ ਜੁੜੇ ਹੋਏ ਸਨ।

## ਪੰਜਾਬ 'ਚ ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ 'ਚ ਉਸਾਰੂ ਮਾਹੌਲ ਸਿਰਜਿਆ : ਸ਼ੈਰੀ ਕਲਸੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸੂਬੇ ਅੰਦਰ ਸਿੱਖਿਆ ਦੇ ਖੇਤਰ ਵਿੱਚ ਵੱਡਾ ਨਿਖਾਰ ਆਇਆ ਹੈ ਅਤੇ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਪੜਨ ਦਾ ਸੁਖਾਵਾਂ ਮਾਹੌਲ ਮੁਹੱਈਆ ਕਰਵਾਇਆ ਗਿਆ ਹੈ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ ਵਿਖੇ ਨਵੇਂ ਕਲਾਸ ਰੂਮ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਬੀਪੀਈਓ ਬਲਵਿੰਦਰ ਸਿੰਘ, ਮਾਸਟਰ ਤਿਲਕ ਰਾਜ, ਨਵਦੀਪ ਸਿੰਘ ਸਮੇਤ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਵਾਸੀ ਮੌਜੂਦ ਸਨ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਸਕੂਲੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਬੰਧੋਨ ਕਰਦਿਆਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਲਈ ਅਹਿਮ ਜ਼ਰੀਆ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਅਜਿਹਾ ਉਸਾਰੂ ਮਾਹੌਲ ਸਿਰਜਿਆ ਜਾ ਸਕੇ ਜਿਸ ਨਾਲ ਨਵੇਂ ਦਾਖਲਿਆਂ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਉਡੀਕ ਨਾ ਕਰਨੀ ਪਵੇ।ਉਨ੍ਹਾਂ ਦੱਸਿਆ ਕਿ ਸਕੂਲਾਂ ਵਿਚ ਨਵੀ ਚਾਰਦੀਵਾਰੀ, ਨਵੇਂ ਕਮਰੇ ਅਤੇ ਹੋਰ ਵਿਕਾਸ ਕਾਰਜ ਕੀਤੇ ਗਏ ਹਨ।

## ਟੋਇਟਾ ਕਿਰਲੋਸਕਰ ਮੋਟਰ ਵੱਲੋਂ ਮੈਗਾ ਸਮਰ ਸੈਲੀਬ੍ਰੇਸ਼ਨ ਦਾ ਐਲਾਨ

**ਜਲੰਧਰ** : ਟੋਇਟਾ ਕਿਰਲੋਸਕਰ ਮੋਟਰ (ਟੀਕੇਐਮ) ਨੇ ਆਪਣੇ ਮੈਗਾ ਸਮਰ ਸੈਲੀਬ੍ਰੇਸ਼ਨ ਦੀ ਸ਼ੁਰੂਆਤ ਦਾ ਐਲਾਨ ਕੀਤਾ, ਜਿਸ ਵਿੱਚ ਕਈ ਦਿਲਚਸਪ ਪੇਸ਼ਕਸ਼ਾਂ ਸ਼ਾਮਲ ਹਨ।ਆਪਣੇ ਗਾਹਕ-ਪਹਿਲਾਂ ਫਲਸਫੇ ਤੇ ਖਰਾ ਉਤਰਦੇ ਹੋਏ ਇਸ ਮੁਹਿੰਮ ਦਾ ਉਦੇਸ਼ ਗਰਮੀਆਂ ਦੇ ਮਹੀਨਿਆਂ ਦੌਰਾਨ ਗਾਹਕਾਂ ਨੂੰ ਨਵੀਆਂ ਟੋਇਟਾ ਕਾਰਾਂ, ਟੋਇਟਾ ਕਾਰ ਸੇਵਾ ਅਤੇ ਵਰਤੀਆਂ ਹੋਈਆਂ ਕਾਰਾਂ ਦੀ ਖਰੀਦ ਤੇ ਮੁੱਲ ਦੀ ਪੇਸ਼ਕਸ਼ ਕਰਨਾ ਹੈ।ਇਹ ਮੈਗਾ ਸਮਰ ਸੈਲੀਬ੍ਰੇਸ਼ਨ ਐਨਸੀਆਰ, ਉਤਰ ਪ੍ਰਦੇਸ਼, ਉੱਤਰਾਖੰਡ, ਰਾਜਸਥਾਨ, ਹਰਿਆਣਾ, ਪੰਜਾਬ, ਜੰਮੂ ਅਤੇ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਵਿੱਚ ਟੋਇਟਾ ਦੇ ਅਧਿਕਾਰਤ ਡੀਲਰਸ਼ਿਪਾਂ ਤੇ ਉਪਲਬਧ ਹੈ ਅਤੇ ਇਹ ਮਈ ਤੋਂ ਜੂਨ 2025 ਤੱਕ ਚੱਲੇਗਾ। ਇਸ ਮੁਹਿੰਮ ਬਾਰੇ ਬੋਲਦੇ ਹੋਏ ਸਾਬਰੀ ਮਨੋਹਰ, ਉਪ ਪ੍ਰਧਾਨ ਅਤੇ ਮੁੱਖ ਪ੍ਰਤੀਨਿਧੀ ਉਤਰੀ ਖੇਤਰ, ਵਿਕਰੀ-ਸੇਵਾ-ਵਰਤੀਆਂ ਕਾਰਾਂ, ਟੋਇਟਾ ਕਿਰਲੋਸਕਰ ਮੋਟਰ ਨੇ ਕਿਹਾ, ਸਾਡੇ ਗਾਹਕ-ਪਹਿਲਾਂ ਦਰਸ਼ਨ ਦੇ ਨਾਲ, ਅਸੀਂ ਆਪਣੇ ਕੀਮਤੀ ਗਾਹਕਾਂ ਨੂੰ ਸਭ ਤੋਂ ਵਧੀਆ ਅਨੁਭਵ ਪ੍ਰਦਾਨ ਕਰਨ ਲਈ ਵਚਨਬੱਧ ਹਾਂ।

## ਖਾਲਸਾ ਕਾਲਜ ਗੁਰਦਾਸਨੰਗਲ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈ ਗਈ ਪ੍ਰੀਖਿਆ ਵਿੱਚੋਂ ਵਧੀਆ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਜ਼ਿਕਰਯੋਗ ਹੈ ਕਿ ਕਾਲਜ ਦਾ ਨਤੀਜਾ ਹਮੇਸ਼ਾ ਸਲਾਹੁਣਯੋਗ ਰਿਹਾ ਹੈ। ਇਸ ਸਬੰਧੀ ਖੁਸ਼ੀ ਪ੍ਰਗਟ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ 10+2 ਸਾਇੰਸ ਗਰੁੱਪ ਵਿੱਚੋਂ ਕਾਲਜ ਵਿਦਿਆਰਥਣਾਂ ਕਿਰਨਪ੍ਰੀਤ ਕੌਰ,ਦਾਮਨਪ੍ਰੀਤ ਕੌਰ ਨੇ 94% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਸੁਖਮਨਪ੍ਰੀਤ ਕੌਰ ਨੇ 93% ਨੰਬਰ ਲੈ ਕੇ ਦੂਜਾ ਸਥਾਨ, ਮਨਮੀਤ ਕੌਰ ਤੇ ਗੁਰਪਿੰਦਰ ਕੌਰ ਨੇ 92 ਪ੍ਰਤੀਸ਼ਤ ਅੰਕ ਹਾਸਲ ਕਰਕੇ ਤੀਜਾ ਸਥਾਨ ਅਤੇ ਗੁਰਮਨਤਾਜ ਸਿੰਘ, ਕਿਰਨਦੀਪ ਕੌਰ, ਜਸਪ੍ਰੀਤ ਕੌਰ ਨੇ 91% ਨੰਬਰ ਲੈ ਕੇ ਚੌਥਾ ਸਥਾਨ ਹਾਸਲ ਕੀਤਾ ਹੈ। ਕਮਰਸ ਵਿੱਚੋਂ ਜਸਪ੍ਰੀਤ ਕੌਰ ਨੇ 88 ਪ੍ਰਤੀਸ਼ਤ ਨੰਬਰ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਖੁਸ਼ਪ੍ਰੀਤ ਕੌਰ ਤੇ ਨੇਹਾ ਨੇ 85 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਗੁਰਕੀਰਤ ਸਿੰਘ ਨੇ 80 ਪ੍ਰਤੀਸਤ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਚੰਗੇ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਜਿਆਦਾ ਮਿਹਨਤ ਕਰਕੇ ਕਾਲਜ ਦਾ ਨਾਮ ਰੌਸ਼ਨ ਕਰਨ ਦੀ ਗੱਲ ਆਖੀ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਬਲਾਕ ਤਰਸਿੱਕਾ ਦੀ ਮੀਟਿੰਗ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**— ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਬਲਾਕ ਤਰਸਿੱਕਾ ਦੀ ਮੀਟਿੰਗ ਮਾਸਟਰ ਆਜ਼ਾਦ ਸਿੰਘ ਮਹਿਤਾ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਅੱਡਾ ਖਜਾਲਾ ਦੇ ਲੰਗਰ ਹਾਲ ਵਿਖੇ ਹੋਈ ਜਿਸ ਵਿੱਚ ਬਲਾਕ ਸਕੱਤਰ ਕਾ, ਮੰਗਲ ਸਿੰਘ ਖਜਾਲਾ ਨੇ ਪਿਛਲੇ ਦਿਨੀਂ ਪਹਿਲਗਾਮ ਵਿਖੇ ਅਤਿਵਾਦੀਆਂ ਹੱਥੋਂ ਸ਼ਹੀਦ ਹੋਏ ਅਤੇ ਜੰਗ ਦਰਮਿਆਨ ਸ਼ਹੀਦ ਹੋਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮਤਾ ਪੇਸ਼ ਕੀਤਾ ਜਿਸ 'ਚ ਹਾਜ਼ਰ ਸਾਥੀਆਂ ਨੇ ਦੋ ਮਿੰਟ ਦਾ ਮੌਨ ਧਾਰਿਆ।ਮੀਟਿੰਗ ਨੂੰ ਜ਼ਿਲ੍ਹਾ ਸਕੱਤਰ ਕਾ. ਲਖਬੀਰ ਸਿੰਘ ਨਿਜ਼ਾਮਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਿਆਂ ਵਿਰੁੱਧ ਜੰਗ ਦਾ ਪਾਜ਼ ਪਿਛਲੇ ਦਿਨੀਂ ਮਜੀਠਾ ਹਲਕੇ ਅੰਦਰ ਨਕਲ਼ੀ ਸ਼ਰਾਬ ਪੀਣ ਨਾਲ ਹੋਈਆਂ 25 ਦੇ ਕਰੀਬ ਮੌਤਾਂ ਨੇ ਉਘਾੜ ਕੇ ਰੱਖ ਦਿੱਤਾ ਹੈ।ਉਨ੍ਹਾਂ ਨੇ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਨੈਸ਼ਨਲ ਕਾਂਗਰਸ ਜੋ 21 ਸਤੰਬਰ ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋਣੀ ਹੈ, ਦੀ ਕਾਮਯਾਬੀ ਵਾਸਤੇ ਸਾਰੇ ਸਾਥੀਆਂ ਨੂੰ ਲੋਕਾਂ ਦਾ ਸਹਿਯੋਗ ਹਾਸਿਲ ਕਰਨ ਲਈ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਨ ਦੀ ਅਪੀਲ ਕੀਤੀ।ਉਥੇ ਹੀ ਪਾਰਟੀ ਦੇ ਸਾਥੀਆਂ, ਹਮਦਰਦਾਂ ਅਤੇ ਹੋਰ ਮਿਹਨਤਕਸ਼ ਲੋਕਾਂ ਨੂੰ ਇਸ ਕਾਨਫਰੰਸ ਦੀ ਕਾਮਯਾਬੀ ਵਾਸਤੇ ਵੱਧ ਤੋਂ ਵੱਧ ਆਰਥਿਕ ਸਹਾਇਤਾ ਕਰਨ ਦੀ ਅਪੀਲ ਵੀ ਕੀਤੀ।ਅੱਜ ਦੀ ਮੀਟਿੰਗ ਵਿੱਚ ਸਾਥੀ ਨਿੰਦਰ ਸਿੰਘ ਸੈਦੋਲੇਹਲ, ਬਲਕਾਰ ਸਿੰਘ , ਜਗਰੂਪ ਸਿੰਘ, ਹਰਬੰਸ ਸਿੰਘ ਮਹਿਤਾ, ਸੁਲੱਖਣ ਸਿੰਘ, ਮੁਖਤਾਰ ਸਿੰਘ ਧਰਮੂਚੱਕ, ਅਮਰਜੀਤ ਸਿੰਘ ਸਿੰਘ ਸਾਬਕਾ ਸਰਪੰਚ ਚਾਟੀਵਿੰਡ, ਬਾਬਾ ਸੁੱਚਾ ਸਿੰਘ ਚੋਗਾਵਾਂ, ਸੋਹਣ ਸਿੰਘ, ਬਲਵਿੰਦਰ ਸਿੰਘ ਮੀਰਾਂ ਚੱਕ, ਕੁਲਦੀਪ ਸਿੰਘ ਹਨੇਰੀ ਬੱਗਾ ਬਲਵਿੰਦਰ ਸਿੰਘ ਮਾਲੋਵਾਲ, ਬੱਬੂ ਅਤੇ ਸੁਖਬੀਰ ਸਿੰਘ ਉਸਮਾ ਹਾਜ਼ਰ ਹੋਏ।

## ਭਗਵੰਤ ਮਾਨ ਸਰਕਾਰ ਦਾ ਦਲਿਤ ਤੇ ਮਜ਼ਦੂਰ ਵਿਰੋਧੀ ਚਿਹਰਾ ਨੰਗਾ ਹੋਇਆ : ਕਿਸਾਨ/ਮਜ਼ਦੂਰ ਆਗੂ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਨੇ ਬੇਚਿਰਾਗ ਪਿੰਡ ਬੀੜ ਐਸਵਾਨ ਸੰਗਰੂਰ ਵਿਖੇ 927 ਏਕੜ ਵਿੱਚ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ 20 ਮਈ ਨੂੰ ਬੇਗਮਪੁਰਾ ਵਸਾਉਣ ਨੂੰ ਰੋਕਣ ਲਈ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ ਉੱਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਆਗੂ ਹੰਸ ਰਾਜ ਪੱਬਵਾਂ ਸਮੇਤ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪਿੰਡ ਪੱਧਰੀ 100 ਤੋਂ ਵੱਧ ਕਾਰਕੁਨਾਂ ਨੂੰ




ਗ੍ਰਿਫਤਾਰ ਕਰਨ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਜਲੰਧਰ ਸੂਬਾ ਦਫਤਰ ਉੱਪਰ ਛਾਪਾ ਮਾਰਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ, ਗੁਰਬਿੰਦਰ ਸਿੰਘ, ਬਿੱਕਰ ਸਿੰਘ ਹਥੋਆ, ਧਰਮਵੀਰ ਹਰੀਗੜ੍ਹ, ਗੁਰਮੁੱਖ ਸਿੰਘ ਅਤੇ ਇਸਤਰੀ ਜਾਗ੍ਰਿਤੀ ਮੰਚ ਦੀ ਸੂਬਾ ਜਨਰਲ ਸਕੱਤਰ ਅਮਨਦੀਪ ਦਿਓਲ ਆਦਿ ਦੇ ਘਰੀਂ ਛਾਪੇਮਾਰੀਆਂ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਪੇਂਡੂ ਮਜ਼ਦੂਰ ਯੂਨੀਅਨ ਯੂਥ ਵਿੰਗ ਦੇ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਪ੍ਰੈੱਸ ਨੂੰ ਦੱਸਿਆ ਕਿ ਭਗਵੰਤ ਮਾਨ ਸਰਕਾਰ ਵੀ ਜ਼ਮੀਨ ਹੱਦਬੰਦੀ ਕਾਨੂੰਨ ਨੂੰ ਲਾਗੂ ਕਰਕੇ ਵਾਧੂ ਜ਼ਮੀਨਾਂ ਬੇਜ਼ਮੀਨੇ ਦਲਿਤਾਂ, ਮਜ਼ਦੂਰਾਂ ਅਤੇ ਬੇਜ਼ਮੀਨੇ ਕਿਸਾਨਾਂ ਵਿੱਚ ਵੰਡਣ ਲਈ ਰਾਜ਼ੀ ਨਹੀਂ। ਉਨ੍ਹਾਂ ਕਿਹਾ ਕਿ ਬੀੜ ਐਸਵਾਨ ਵਿਖੇ ਬੇਚਿਰਾਗ ਪਿੰਡ ਵਿਖੇ 927 ਏਕੜ ਜ਼ਮੀਨ ਵਿੱਚ ਬੇਗਮਪੁਰਾ ਵਸਾਉਣ ਤੋਂ ਰੋਕਣ ਲਈ ਪੰਜਾਬ ਨੂੰ ਪੁਲਿਸ ਰਾਜ ਵਿੱਚ ਤਬਦੀਲ ਕਰਕੇ ਦਹਿਸਤ ਦਾ ਮਾਹੌਲ ਬਣਾਇਆ ਹੋਇਆ ਹੈ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਆਗੂ ਤੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਹੰਸ ਰਾਜ ਪੱਬਵਾਂ ਸਮੇਤ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੈਂਕੜੇ ਪਿੰਡ ਪੱਧਰੀ ਆਗੂਆਂ ਤੇ ਵਰਕਰਾਂ ਨੂੰ ਗ੍ਰਿਫਤਾਰ ਕਰਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਦੇ ਘਰੀਂ ਛਾਪੇਮਾਰੀਆਂ ਕਰਨ ਅਤੇ ਪਰਿਵਾਰਾਂ ਨੂੰ ਤੰਗ ਪਰੇਸ਼ਾਨ ਕਰਨ ਦੀ ਘਟਨਾ ਨੇ ਭਗਵੰਤ ਮਾਨ ਸਰਕਾਰ ਦਲਿਤ, ਮਜ਼ਦੂਰ ਵਿਰੋਧੀ ਚਿਹਰਾ ਬੇਪਰਦ ਕਰ ਦਿੱਤਾ ਹੈ। ਇਸ ਮੌਕੇ ਪਿੰਡ ਕੋਟ ਟੋਡਰ ਮੱਲ ਵਿਖੇ ਮਜ਼ਦੂਰ ਯੂਨੀਅਨ ਵੱਲੋਂ ਮੁੱਖ ਮੰਤਰੀ ਪੰਜਾਬ ਦਾ ਪੁਤਲਾ ਫੂਕਿਆ ਜਿਸ 'ਚ ਸਾਥੀ ਸੁਲੱਖਣ ਸਿੰਘ, ਦਿਲਬਾਗ ਸਿੰਘ, ਮਨਜੀਤ ਕੌਰ, ਪਰਮਜੀਤ ਕੌਰ, ਹਰਜਿੰਦਰ ਕੌਰ, ਰਾਜਬੀਰ ਕੌਰ, ਸੁਖਰਾਜ ਸਿੰਘ, ਸਲਵਿੰਦਰ ਕੌਰ, ਸਿਮਰਜੀਤ ਸਿੰਘ, ਦੀਪੋ, ਸਾਗਰ ਅਤੇ ਸੋਨੀ ਹਾਜ਼ਰ ਹੋਏ।

## ਬ੍ਰਹਮਪੁਰਾ ਵੱਲੋਂ ਪੱਤਰਕਾਰ ਭਗਤ ਸਿੰਘ ਰੂੜੀਵਾਲਾ ਨਾਲ ਦੁੱਖ ਦਾ ਪ੍ਰਗਟਾਵਾ



**ਚੋਹਲਾ ਸਾਹਿਬ (ਰਮਨ ਚੱਢਾ)**- ਕਸਬਾ ਚੋਹਲਾ ਸਾਹਿਬ ਤੋਂ ਪੱਤਰਕਾਰ ਭਗਤ ਸਿੰਘ ਰੂੜੀਵਾਲਾ ਦੇ ਚਾਚਾ ਅਤੇ ਸਵ. ਕੈਪਟਨ ਸਵਰਨ ਸਿੰਘ ਦੇ ਛੋਟੇ ਭਰਾਤਾ ਕਰਮ ਸਿੰਘ ਜ਼ੋ ਪਿਛਲੇ ਦਿਨੀਂ ਗੁਰੂ ਚਰਨਾਂ ਦੇ ਵਿੱਚ ਜਾ ਬਿਰਾਜੇ ਹਨ।ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਉਨ੍ਹਾਂ ਦੇ ਗ੍ਰਹਿ ਪਿੰਡ ਰੂੜੀਵਾਲਾ ਵਿਖੇ ਪੁੱਜ ਕੇ ਪੱਤਰਕਾਰ ਭਗਤ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਉਨ੍ਹਾਂ ਨੇ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਦੇ ਵਿੱਚ ਨਿਵਾਸ ਬਖਸ਼ਣ ਅਤੇ ਪਿਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਇਸ ਮੌਕੇ ਉਨ੍ਹਾਂ ਨਾਲ ਅਮਰੀਕ ਸਿੰਘ ਸਾਬਕਾ ਸਰਪੰਚ ਚੋਹਲਾ ਸਾਹਿਬ, ਹਰਜਿੰਦਰ ਸਿੰਘ ਜਿੰਦਾ ਆੜ੍ਹਤੀ, ਕਿਸਾਨ ਆਗੂ ਗੁਰਦੇਵ ਸਿੰਘ, ਕਵੀਸ਼ਰ ਰਣਜੀਤ ਸਿੰਘ, ਅਵਤਾਰ ਸਿੰਘ ਸੰਧੂ ਰੇਮੰਡ ਵਾਲੇ, ਸੂਬੇਦਾਰ ਹਰਬੰਸ ਸਿੰਘ, ਮਨਜਿੰਦਰ ਸਿੰਘ ਲਾਟੀ ਅਤੇ ਡਾ.ਜਤਿੰਦਰ ਸਿੰਘ ਆਦਿ ਹਾਜ਼ਰ ਸਨ।

## ਸੇਵਾ ਦੇ ਪੁੰਜ ਸੰਤ ਬਾਬਾ ਖੜਕ ਸਿੰਘ ਤੇ ਬਾਬਾ ਦਰਸ਼ਨ ਸਿੰਘ ਦੀ ਸਾਲਾਨਾ ਬਰਸੀ 30 ਨੂੰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸੇਵਾ ਦੇ ਪੁੰਜ, ਮਹਾਨ ਕਾਰ ਸੇਵਕ, ਸੱਚਖੰਡ ਵਾਸੀ ਸੰਤ ਬਾਬਾ ਖੜਕ ਸਿੰਘ ਜੀ ਬੀੜ ਸਾਹਿਬ ਵਾਲਿਆਂ ਅਤੇ ਸੰਤ ਬਾਬਾ ਦਰਸ਼ਨ ਸਿੰਘ ਜੀ ਦੇ ਸਾਲਾਨਾ ਬਰਸੀ ਸਮਾਗਮ 30 ਮਈ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਸੰਤ ਨਿਵਾਸ ਵਿਖੇ ਬਾਬਾ ਸੰਤੋਖ ਸਿੰਘ ਦੀ ਦੇਖ ਰੇਖ ਹੇਠ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਨਾਲ ਮਨਾਏ ਜਾ ਰਹੇ ਹਨ ਜਿਸ ਦੀਆਂ ਤਿਆਰੀਆਂ



ਸਬੰਧੀ ਅੱਜ ਗੁਰਦੁਆਰਾ ਸਾਹਿਬ ਜੀ ਦੇ ਦੀਵਾਨ ਹਾਲ ਵਿਖੇ ਬਾਬਾ ਸੰਤੋਖ ਸਿੰਘ ਦੀ ਅਗਵਾਈ ਹੇਠ ਸੰਗਤਾਂ ਨਾਲ ਭਰਵੀਂ ਮੀਟਿੰਗ ਕੀਤੀ ਗਈ ਅਤੇ ਬਾਬਾ ਜੀ ਵੱਲੋਂ ਵੱਖ-ਵੱਖ ਸੇਵਾਵਾਂ ਲਈ ਸੰਗਤਾਂ ਦੀਆਂ ਡਿਊਟੀਆਂ ਲਾਈਆਂ ਗਈਆਂ।ਇਸ ਸਮੇਂ ਬਾਬਾ ਸੰਤੋਖ ਸਿੰਘ ਨੇ ਦੱਸਿਆ ਕਿ 29 ਮਈ ਦੀ ਰਾਤ ਨੂੰ 12 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ 30 ਮਈ ਨੂੰ ਸਵੇਰੇ ਗੁਰਦੁਆਰਾ ਸਾਹਿਬ ਜੀ ਵਿਖੇ 21 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਸ਼ਬਦ ਕੀਰਤਨ ਕੀਤਾ ਜਾਵੇਗਾ ਜਦੋਂਕਿ ਬਾਅਦ ਚ ਸਾਰਾ ਦਿਨ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਵੱਖ ਵੱਖ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਅਤੇ ਕਵੀਸ਼ਰੀ ਸਿੰਘ ਸੰਗਤਾਂ ਨੂੰ ਗੁਰੂ ਘਰ ਦਾ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਵੱਖ-ਵੱਖ ਸੰਤ ਮਹਾਂਪੁਰਸ਼ ਅਤੇ ਹੋਰ ਧਾਰਮਿਕ ਅਤੇ ਰਾਜਸੀ ਆਗੂ ਵੀ ਹਾਜਰੀ ਭਰਨਗੇ।ਉਨ੍ਹਾਂ ਦੱਸਿਆ ਕਿ ਬਰਸੀ ਸਮਾਗਮ ਮੌਕੇ ਸੰਗਤਾਂ ਲਈ ਰਿਹਾਇਸ਼, ਵਾਹਨ ਪਾਰਕਿੰਗ, ਟਰੈਫਿਕ ਦੇ ਪ੍ਰਬੰਧਾਂ ਤੋਂ ਇਲਾਵਾ ਬਾਬਾ ਭੋਲਾ ਸਿੰਘ ਗੁਰਦੁਆਰਾ ਸੰਤ ਨਿਵਾਸ ਵੱਲੋਂ ਦੂਰ ਦੁਰਾਡਿਓਂ ਪੁੱਜਣ ਵਾਲੀਆਂ ਸੰਗਤਾਂ ਲਈ ਗੁਰੂ ਕੇ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਚਾਹ, ਦੁੱਧ, ਜਲੇਬੀਆਂ ਆਦਿ ਦੇ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ।

## ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ

**• ਪੇ-ਕਮਿਸ਼ਨ ਦਾ ਬਕਾਇਆ 42 ਕਿਸ਼ਤਾਂ ਦੀ ਥਾਂ ਇਕੱਠਾ ਦੇਣ ਦੀ ਕੀਤੀ ਮੰਗ**



**ਦੀਨਾਨਗਰ, ਧਾਰੀਵਾਲ (ਬਲਵਿੰਦਰ ਸਿੰਘ ਬਿੱਲਾ, ਮਨਦੀਪ ਸਿੰਘ ਵਿੱਕੀ)**- ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ ਜਵੰਦ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਸਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਗੁਰਦਾਸਪੁਰ ਵਿਖੇ ਹੋਈ। ਇਕੱਤਰਤਾ ਦੇ ਆਰੰਭ ਵਿੱਚ ਪਿਛਲੇ ਸਮੇਂ ਦੌਰਾਨ ਪਹਿਲਗਾਂਵ ਵਿਖੇ ਮਾਰੇ ਗਏ 26 ਬੇਕਸੂਰ ਲੋਕਾਂ ਦੀ ਦਰਦਨਾਕ ਮੌਤ ਅਤੇ ਜੰਗ ਦੌਰਾਨ ਸਹੀਦ ਹੋਏ ਜਵਾਨਾਂ ਅਤੇ ਸਿਵਲੀਅਨਾਂ ਦੀ ਮੌਤ ਅਤੇ ਜਥੇਬੰਦੀ ਦੇ ਅਣਥੱਕ ਵਰਕਰ ਸਾਥੀ ਦਰਸ਼ਨ ਸਿੰਘ ਦੇ ਸਦੀਵੀ ਵਿਛੋੜੇ ਤੇ ਦੋ ਮਿੰਟ ਦਾ ਮੌਨ ਰੱਖ ਕੇ ਸਰਧਾ ਦੇ ਫੁੱਲ ਭੇਂਟ ਕੀਤੇ ਗਏ। ਕਾਰਵਾਈ ਦਾ ਆਰੰਭ ਕਰਦਿਆਂ ਸਵਿੰਦਰ ਸਿੰਘ ਔਲਖ ਨੇ ਹਾਜ਼ਰ ਮੈਂਬਰਾਂ ਨੂੰ ਜੀ ਆਇਆਂ ਆਖਿਆ ਅਤੇ ਏਜੰਡਾ ਪੇਸ਼ ਕੀਤਾ। ਏਜੰਡੇ 'ਤੇ ਬੋਲਦਿਆਂ ਸੁਰੇਸ਼ ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਪੇ ਕਮਿਸ਼ਨ ਦੇ ਬਕਾਏ ਦੇਣ ਦੀਆਂ ਮਿਤੀਆਂ ਤੇ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ ਦੱਸਿਆ ਕਿ 85 ਸਾਲ ਉਮਰ ਵਾਲੇ ਪੈਨਸ਼ਨਰਾਂ ਦਾ ਬਕਾਇਆ ਯੱਕਮੁਸ਼ਤ ਦੇ ਦਿੱਤਾ ਗਿਆ ਹੈ, 75 ਤੋਂ 85 ਸਾਲਾਂ ਦਰਮਿਆਨ ਦਾ ਬਕਾਇਆ ਐਪ੍ਰਲ 25 ਤੋਂ ਮਾਰਚ 26 ਤੱਕ 12 ਕਿਸ਼ਤਾਂ ਵਿੱਚ ਦਿੱਤਾ ਜਾਣਾ ਹੈ। 58 ਤੋ 75 ਸਾਲਾਂ ਦਰਮਿਆਨ ਉਮਰ ਵਾਲਿਆਂ ਦਾ ਐਪ੍ਰਲ 2025 ਤੋਂ 42 ਕਿਸ਼ਤਾਂ ਵਿੱਚ ਦਿੱਤਾ ਜਾਣਾ ਹੈ ਅਤੇ ਦੋ ਸਾਲ ਦੇ ਵਾਧੇ ਦੇ ਸਮੇਂ ਦਾ ਕੋਈ ਬਕਾਇਆ ਨਹੀਂ ਮਿਲਣਾ ਹੈ। ਜ਼ਿਲ੍ਹਾ ਪ੍ਰਧਾਨ ਜਵੰਦ ਸਿੰਘ ਵੱਲੋਂ ਜਥੇਬੰਦੀ ਨੂੰ ਮਜ਼ਬੂਤ ਕਰਨ ਅਤੇ ਸਰਕਾਰਾਂ ਦੇ ਡੰਗਟਪਾਊ ਵਤੀਰੇ ਦੇ ਖਿਲਾਫ ਡਟ ਕੇ ਖੜੇ ਹੋਣ ਦੀ ਗੱਲ ਕਰਦਿਆਂ ਏਕੇ ਤੇ ਸੰਘਰਸ਼ ਦੇ ਰਾਹ 'ਤੇ ਮੋਹਰ ਲਾਈ ਗਈ। ਮੰਗਤ ਚੰਚਲ ਵੱਲੋਂ 1.1.16 ਨੂੰ ਬਿਨਾਂ ਵਾਧੇ ਤੋਂ ਨੌਕਰੀ ਕਰਦੇ ਤੇ ਹੁਣ ਦੇ ਪੈਨਸ਼ਨਰਾਂ ਦਾ ਲੀਵ-ਇਨ-ਕੈਸ਼ਮੈਂਟ ਦਾ ਬਕਾਇਆ ਐਪ੍ਰਲ 25, ਅਕਤੂਬਰ 25, ਐਪ੍ਰਲ 26 ਅਤੇ ਅਕਤੂਬਰ 26 ਵਿੱਚ 4 ਕਿਸ਼ਤਾਂ ਵਿੱਚ ਮਿਲਣ ਦੀ ਗੱਲ ਆਖੀ ਗਈ ਅਤੇ ਸਮਾਜ ਵਿੱਚ ਜੰਗ ਦੀ ਥਾਂ ਅਮਨ ਦੀ ਬਹਾਲੀ ਦੀ ਕਾਮਨਾ ਕੀਤੀ ਗਈ। ਵਿਨੋਦ ਸ਼ਰਮਾ ਵੱਲੋਂ ਮੈਡੀਕਲ ਕਲੇਮ ਬਿੱਲਾਂ ਦੀ ਪ੍ਰਾਇਮਰੀ ਅਧਿਆਪਕਾਂ ਦੇ ਬਜਟ ਨਾ ਹੋਣ ਕਾਰਨ ਲੰਬੇ ਸਮੇਂ ਤੋਂ ਲੇਟ ਹੋ ਰਹੇ ਹਨ ਅਤੇ ਹੁੰਦੇ ਆ ਰਹੇ ਹਨ ਜਿਸ ਪ੍ਰਤੀ ਵਿਭਾਗ ਕੋਲੋਂ ਬਜਟ ਸਮੇਂ ਸਿਰ ਭੇਜਣ ਦੀ ਵੀ ਜ਼ੋਰਦਾਰ ਮੰਗ ਕੀਤੀ ਗਈ। ਇਸ ਮੌਕੇ ਅਵਿਨਾਸ਼ ਸਿੰਘ, ਪਿਆਰਾ ਸਿੰਘ ਡਡਵਾਂ, ਪ੍ਰਕਾਸ਼ ਚੰਦ, ਮਹਿੰਦਰ ਸਿੰਘ, ਜਗਦੀਪ ਸਿੰਘ, ਪ੍ਰਿੰਸੀਪਲ ਕੁਲਵੰਤ ਸਿੰਘ, ਸੇਵਾ ਸਿੰਘ, ਸਾਈਂ ਦਾਸ, ਰਣਜੀਤ ਸਿੰਘ, ਜੋਗਿੰਦਰ ਪਾਲ ਕਲੀਜਪੁਰ ਕਪੂਰ ਸਿੰਘ ਦੇ ਬੁਲਾਰੇ ਸ਼ਾਮਿਲ ਸਨ। ਅਖੀਰ ਵਿੱਚ ਇੱਕ ਡੈਪੂਟੇਸ਼ਨ ਪੰਜਾਬ ਐਂਡ ਸਿੰਧ ਬੈਂਕ ਦੇ ਅਸਿਸਟੈਂਟ ਮੈਨੇਜਰ ਨੂੰ ਪੈਨਸ਼ਨਰਾਂ ਦੇ ਬਕਾਏ ਮਿਲਣ ਵਿੱਚ ਹੋ ਰਹੀ ਦੇਰੀ ਸਬੰਧੀ ਮਿਲਿਆ ਜਿਸ ਦੇ ਸਬੰਧ ਵਿੱਚ ਮੈਨੇਜਰ ਵੱਲੋਂ ਦੱਸਿਆ ਗਿਆ ਕਿ ਇਸ ਦੇਰੀ ਸਬੰਧੀ ਉਨ੍ਹਾਂ ਦੇ ਆਪਣੇ ਵਿਭਾਗ ਵੱਲੋਂ ਉਨ੍ਹਾਂ ਨੂੰ ਪਹਿਲਾਂ ਹੀ ਇਹ ਬਕਾਏ 20 ਮਈ ਤੱਕ ਹਰ ਹਾਲ ਜਾਰੀ ਕਰਨ ਦੇ ਹੁਕਮ ਹੋ ਚੁੱਕੇ ਹਨ। ਇਸ ਦੀ ਬਣਦੀ ਕਿਸ਼ਤ 20 ਮਈ ਤੋਂ ਭੇਜਣੀ ਜਾਰੀ ਕਰ ਦਿੱਤੀ ਜਾਵੇਗੀ।

## ਡਾ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਔਕਲੈਂਡ ਨਿਊ ਸੈਂਟਰ ਹੈਂਡਜ਼ਬਰਥ ਬਰਮਿੰਘਮ 'ਚ ਸਮਾਗਮ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਅੰਬੇਡਕਰਾਈਟਸ ਬੁਧਿਸਟ ਕਮਿਊਨਿਟੀ ਯੂ ਕੇ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਨ ਸਮਰਪਤ ਵਿਸ਼ੇਸ਼ ਪ੍ਰੋਗਰਾਮ ਔਕਲੈਂਡ ਨਿਊ ਸੈਂਟਰ ਹੈਂਡਜ਼ਬਰਥ ਬਰਮਿੰਘਮ ਯੂ ਕੇ ਵਿਖੇ ਰੇਸ਼ਮ ਮਹੇ ਦੀ ਸਮੁੱਚੀ ਟੀਮ ਵੱਲੋਂ ਆਯੋਜਿਤ ਕੀਤਾ ਗਿਆ। ਸਮਾਗਮ ਨੂੰ ਗਿਆਨ ਚੰਦ ਦੀਵਾਲੀ, ਸਤਪਾਲ ਮੱਮਣ, ਬਲਰਾਮ ਸਿੱਧੂ, ਚੰਦਰ ਸ਼ੇਖਰ ਗੁਰੂ, ਪ੍ਰਗਟ ਭਗਤਰਾਮ, ਡਾਕਟਰ ਵਿਸ਼ਾਲ ਧਮਈਆ ਅਤੇ ਮਹਿੰਦਰਪਾਲ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਮੰਦਰ ਬਰਮਿੰਘਮ ਆਦਿ ਨੇ ਸੰਬੋਧਨ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਰੇਸ਼ਮ ਮਹ ਅਤੇ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਬਖਸ਼ੋ ਵੱਲੋਂ ਸ਼ਮ੍ਹਾ ਰੋਸ਼ਨ ਕਰਕੇ ਕੀਤੀ ਗਈ। ਇਸ ਮੌਕੇ ਪ੍ਰਮੁੱਖ ਬੁਲਾਰਿਆਂ ਵੱਲੋਂ ਬਾਬਾ ਸਾਹਿਬ ਦੇ ਸੰਘਰਸ਼ ਅਤੇ ਭਾਰਤ ਨੂੰ ਉਨ੍ਹਾਂ ਦੀ ਦੇਣ ਬਾਰੇ ਵਿਸ਼ੇਸ਼ ਚਰਚਾ ਕੀਤੀ ਗਈ। ਬੁਲਾਰਿਆਂ ਵੱਲੋਂ ਉਨ੍ਹਾਂ ਵੱਲੋਂ ਔਰਤੇ ਹੱਕ ਲਈ ਸੰਘਰਸ਼ ਨੂੰ ਜਾਰੀ ਰੱਖਣ ਉਪਰ ਜ਼ੋਰ ਦਿੱਤਾ ਅਤੇ ਕਿਹਾ ਕਿ ਡਾਕਟਰ ਸਾਹਿਬ ਸਿਰਫ ਕਿਸੇ ਇਕ ਸਮਾਜ ਜਾਂ ਵਰਗ ਦੇ ਲੀਡਰ ਨਹੀਂ ਸਨ, ਸਗੋਂ ਉਹ ਸਮੁੱਚੇ ਭਾਰਤੀਆਂ ਦੇ ਮਹਾਨ ਆਗੂ ਸਨ। ਉਨ੍ਹਾਂ ਦੁਆਰਾ ਦਿੱਤਾ ਗਿਆ ਸੰਵਿਧਾਨ ਅੱਜ ਵੀ ਸਾਡੀ ਅਗਵਾਈ ਕਰ ਰਿਹਾ ਹੈ ਭਾਰਤ ਵਿਚ ਅਤੇ ਭਾਰਤ ਤੋਂ ਬਾਹਰ ਰਹਿ ਰਹੇ ਕੁੱਝ ਵਿਰਕੂ ਸੋਚ ਦੇ ਲੋਕ ਉਨ੍ਹਾਂ ਦੇ ਅਕਸ ਨੂੰ ਧੁੰਦਲਾ ਕਰਨ ਅਤੇ ਉਨ੍ਹਾਂ ਨੂੰ ਖਲਨਾਇਕ ਦੇ ਤੌਰ 'ਤੇ ਪੇਸ਼ ਕਰਨ ਲਈ ਯਤਨਸ਼ੀਲ ਹਨ, ਪਰ ਅਜਿਹੇ ਲੋਕ ਆਪਣੇ ਮਨਸੂਬਿਆਂ ਵਿਚ ਕਾਮਯਾਬ ਨਹੀਂ ਹੋਣਗੇ। ਬਾਬਾ ਸਾਹਿਬ ਰਹਿੰਦੀ ਦੁਨੀਆਂ ਤੱਕ ਧ੍ਰੂ ਤਾਰੇ ਦੀ ਤਰ੍ਹਾਂ ਚਮਕਦੇ ਰਹਿਣਗੇ। ਭੰਤੇ ਡਾ. ਕਸ਼ਪ ਵੱਲੋਂ ਬੁੱਧ ਧਰਮ ਦੀ ਧਾਰਮਿਕ ਰਸਮ ਨਿਭਾਈ ਗਈ। ਸਟੇਜ ਸਕੱਤਰ ਦੀ ਸੇਵਾ ਧਰਮ ਚੰਦ ਮਹੇ ਵੱਲੋਂ ਨਿਭਾਈ ਗਈ। ਇਸ ਮੌਕੇ ਮੁੱਖ ਚਮਕੀਲਾ ਅਤੇ ਪਰਮਿੰਦਰ ਮਸਾਣੀ ਨੇ ਮਿਸ਼ਨਰੀ ਗੀਤਾਂ ਨਾਲ ਬਾਬਾ ਸਾਹਿਬ ਬਾਰੇ ਚਾਨਣਾ ਪਾਇਆ ਅਤੇ ਜੋਗਿੰਦਰ ਮਹੇ ਯੋਗੀ, ਧਰਮ ਚੰਦ ਅਤੇ ਪਿਆਰਾ ਲਾਲ ਬੰਗੜ ਵੱਲੋਂ ਆਪਣੀਆਂ ਕਵਿਤਾਵਾਂ ਰਾਹੀਂ ਡਾਕਟਰ ਸਾਹਿਬ ਦੀ ਵਿਚਾਰਧਾਰਾ ਬਾਰੇ ਜਾਣੂੰ ਕਰਵਾਇਆ। ਹੋਰ ਮੁੱਖ ਸਖਸ਼ੀਅਤਾਂ 'ਚ ਲਖਵਿੰਦਰ ਬਸਰਾ ਅਤੇ ਜਸਵਿੰਦਰ ਤਲਵਣ ਵੀ ਹਾਜ਼ਰ ਸਨ। ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।

## ਤਸਕਰ ਗੈਂਗਸਟਰ ਤੇ ਪੁਲਸ ਵਿਚਕਾਰ ਹੋਇਆ ਜ਼ਬਰਦਸਤ ਮੁਕਾਬਲਾ



**ਆਦਮਪੁਰ (ਪਰਮਜੀਤ ਸਿੰਘ)**- ਜਲੰਧਰ ਰੂਰਲ ਕ੍ਰਾਈਮ ਬ੍ਰਾਂਚ ਵੱਲੋਂ ਤਸਕਰ ਇੱਕ ਗੈਂਗਸਟਰ ਦਾ ਇਨਕਾਊਂਟਰ ਕੀਤਾ ਗਿਆ। ਇਸ ਸਬੰਧੀ ਐਸ.ਐਸ.ਪੀ. ਦਿਹਾਤੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਮੰਗਲਵਾਰ ਸਵੇਰੇ ਸਪੈਸ਼ਲ ਬ੍ਰਾਂਚ ਅਤੇ ਜ਼ਿਲ੍ਹਾ ਦਿਹਾਤੀ ਦੀ ਪੁਲਸ ਵੱਲੋਂ ਆਦਮਪੁਰ ਮੇਹਟੀਆਣਾ ਰੋਡ 'ਤੇ ਪੈਂਦੇ ਪਿੰਡ ਕਾਲਰਾ ਵਿਖੇ ਨਹਿਰ ਦੇ ਪੁਲ 'ਤੇ ਸਬ ਇੰਸਪੈਕਟਰ ਅਮਨਦੀਪ ਵਰਮਾ ਏ ਐਸ ਆਈ ਪਰਮਿੰਦਰ ਸਿੰਘ ਦੀ ਅਗਵਾਈ ਹੇਠ ਕਰੀਬ 9 ਮੁਲਾਜ਼ਮਾਂ ਵੱਲੋਂ ਨਾਕਾਬੰਦੀ ਕੀਤੀ ਗਈ ਸੀ। ਇਸ ਦੌਰਾਨ ਮੇਹਟੀਆਣਾ ਤੋਂ ਆਉਂਦੀ ਹੋਈ ਇੱਕ ਬਰੈਰੋ ਗੱਡੀ ਨੂੰ ਰੋਕਣ ਲਈ ਇਸ਼ਾਰਾ ਕੀਤਾ ਤਾਂ ਬਲੈਰੋ ਦੇ ਡਰਾਈਵਰ ਵੱਲੋਂ ਪੁਲਸ ਪਾਰਟੀ ਉੱਪਰ ਗੱਡੀ ਚੜ੍ਹਾਉਣ ਦੀ ਕੋਸ਼ਿਸ਼ ਕੀਤੀ ਗਈ। ਜਿਸ ਦੌਰਾਨ ਉਸ ਦੀ ਗੱਡੀ ਪੁਲਸ ਬੈਰੀਗੇਡ ਵਿੱਚ ਲੱਗ ਗਈ। ਇਸ ਮੌਕੇ ਗੱਡੀ ਦੇ ਡਰਾਈਵਰ ਨੇ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਪਾਰਟੀ ਵੱਲੋਂ ਉਸ ਨੂੰ ਰੋਕਿਆ ਗਿਆ ਤਾਂ ਉਸ ਨੇ ਆਪਣੇ ਪਿਸਟਲ ਨਾਲ ਪੁਲਸ ਪਾਰਟੀ ਉੱਪਰ ਫਾਇਰਿੰਗ ਸ਼ੁਰੂ ਕਰ ਦਿੱਤੀ। ਪੁਲਸ ਪਾਰਟੀ ਵੱਲੋਂ ਉਸ ਨੂੰ ਸਰੰਡਰ ਕਰਨ ਦਾ ਕਿਹਾ ਗਿਆ ਪਰ ਉਸ ਨੇ ਦੁਬਾਰਾ ਪੁਲਸ ਦੇ ਫਾਇਰਿੰਗ ਕੀਤੀ। ਪੁਲਸ ਪਾਰਟੀ ਨੇ ਆਪਣਾ ਬਚਾਅ ਕਰਦਿਆਂ ਉਸ ਉੱਪਰ ਫਾਇਰਿੰਗ ਕੀਤੀ ਤਾਂ ਇੱਕ ਗੋਲੀ ਉਸ ਦੀ ਖੱਬੀ ਲੱਤ 'ਤੇ ਜਾ ਵੱਜੀ, ਜਿਸ ਨਾਲ ਉਹ ਫੱਟੜ ਹੋ ਗਿਆ। ਪੁਲਸ ਵੱਲੋਂ ਦੋਸ਼ੀ ਡਰਾਈਵਰ ਕੋਲੋਂ ਦੋ ਪਿਸਟਲ 32 ਬੋਰ, 15 ਗ੍ਰਾਮ ਹੈਰੋਇਨ ਅਤੇ ਇੱਕ ਬਲੈਰੋ ਗੱਡੀ ਜੋ ਅੰਬਾਲੇ ਤੋਂ ਚੋਰੀ ਕੀਤੀ ਗਈ ਸੀ, ਬਰਾਮਦ ਕੀਤੀ ਗਈ। ਮੁਢਲੀ ਪੁੱਛਗਿੱਛ ਤੋਂ ਪਤਾ ਲੱਗਾ ਉਸ ਦਾ ਨਾਮ ਪਰਮਜੀਤ ਸਿੰਘ (ਪੰਮਾ) ਹੈ ਕਿ ਉਕਤ ਵਿਅਕਤੀ ਖਿਲਾਫ ਪਹਿਲਾਂ ਵੀ ਕਰੀਬ 19 ਮੁਕੱਦਮੇ ਦਰਜ ਹਨ। ਪੁਲਸ ਵੱਲੋਂ ਦੋਸ਼ੀ ਨੂੰ ਸਿਵਲ ਹਸਪਤਾਲ ਆਦਮਪੁਰ ਵਿਖੇ ਦਾਖਲ ਕਰਵਾਇਆ ਗਿਆ ਜਿਸ ਨੂੰ ਕਿ ਸਿਵਲ ਹਸਪਤਾਲ ਜਲੰਧਰ ਵਿਖੇ ਰੈਫਰ ਕਰ ਦਿੱਤਾ ਗਿਆ।

## ਐੱਲ ਪੀ ਯੂ ਸਕੂਲ ਆਫ ਲਾਅ ਦੇ ਬੀ ਏ ਐੱਲ ਐੱਲ ਬੀ (ਆਨਰਜ਼), ਬੀ ਬੀ ਏ ਐੱਲ ਐੱਲ ਬੀ (ਆਨਰਜ਼) ਤੇ ਪੀ ਐੱਚ ਡੀ ਪ੍ਰੋਗਰਾਮਾਂ ਨੂੰ ਪ੍ਰਵਾਨਗੀ

● ਐਲਪੀਯੂ ਸਕੂਲ ਆਫ ਲਾਅ ਨੂੰ ਐਨ ਆਈ ਆਰ ਐਫ ਰੈਂਕਿੰਗ 'ਚ ਭਾਰਤ ਦੇ ਚੋਟੀ ਦੇ 20 'ਚ ਦਰਜਾ

**ਜਲੰਧਰ (ਸ਼ੈਲੀ ਐਲਬਰਟ)** ਕਾਨੂੰਨੀ ਤਕਨੀਕੀ ਅਤੇ ਰੈਗੂਲੇਟਰੀ ਤਬਦੀਲੀਆਂ ਦੁਆਰਾ ਬਣਾਏ ਗਏ ਅੱਜ ਦੇ ਤੇਜ਼ੀ ਨਾਲ ਵਿਕਸਤ ਹੋ ਰਹੇ ਦ੍ਰਿਸ਼ ਵਿੱਚ, ਕਾਨੂੰਨੀ ਪੇਸ਼ੇਵਰਾਂ ਦੀ ਭੂਮਿਕਾ ਪੁਰਾਣੇ ਅਦਾਲਤੀ ਅਭਿਆਸ ਤੋਂ ਕਿਤੇ ਵੱਧ ਬਦਲ ਗਈ ਹੈ। ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਸਕੂਲ ਆਫ ਲਾਅ ਇਸ ਬਦਲਾਅ ਦੇ ਹਿੱਸਾ ਬਣ ਰਿਹਾ ਹੈ ਅਤੇ ਅਕਾਦਮਿਕ ਵਿਹਾਰਕ ਸਿੱਖਿਆ, ਉੱਨਤ ਤਕਨਾਲੋਜੀ, ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਅਤੇ ਗਲੋਬਲ ਐਕਸਪੋਜ਼ਰ ਨੂੰ ਜੋੜ ਕੇ ਕਾਨੂੰਨ ਦੇ ਅਧਿਐਨ ਨੂੰ ਮੁੜ ਪਰਿਭਾਸ਼ਤ ਕੀਤਾ ਜਾ ਰਿਹਾ ਹੈ।ਐਲ ਪੀ ਯੂ ਸਕੂਲ ਆਫ਼ ਲਾਅ ਨੇ ਅਗਲੇ ਅਕਾਦਮਿਕ ਸੈਸ਼ਨ ਲਈ ਦਾਖਲੇ ਸ਼ੁਰੂ ਕਰ ਦਿੱਤੇ ਹਨ ਅਤੇ ਦਾਖਲੇ ਲਈ ਅਰਜ਼ੀਆਂ ਜਲਦੀ ਹੀ ਬੰਦ ਹੋ ਜਾਣਗੀਆਂ। ਐਲ ਪੀ ਯੂ ਸਕੂਲ ਆਫ਼ ਲਾਅ ਬਾਰ ਕੌਂਸਲ ਆਫ਼ ਇੰਡੀਆ ਦੁਆਰਾ ਪ੍ਰਵਾਨਿਤ ਪ੍ਰੋਗਰਾਮਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੀ ਪੇਸ਼ਕਸ਼ ਕਰਦਾ ਹੈ ਜਿਵੇਂ ਕਿ ਬੀ ਏ ਐੱਲ ਐੱਲ ਬੀ (ਆਨਰਜ਼), ਬੀ ਬੀ ਏ ਐੱਲ ਐੱਲ ਬੀ (ਆਨਰਜ਼), ਐਲ ਐਲ ਐਮ ਅਤੇ ਪੀ ਐਚ ਡੀ। ਨੈਸ਼ਨਲ ਇੰਸਟੀਚਿਊਟ ਰੈਂਕਿੰਗ ਫਰੇਮਵਰਕ ਦੁਆਰਾ ਭਾਰਤ ਵਿੱਚ ਚੋਟੀ ਦੇ 20 ਵਿੱਚ ਦਰਜਾ ਪ੍ਰਾਪਤ,ਮੂਟ ਕੋਰਟ ਮੁਕਾਬਲੇ, ਡਰਾਫਟਿੰਗ ਵਰਕਸ਼ਾਪਾਂ, ਮੌਕ ਟ੍ਰਾਇਲ ਅਤੇ ਟ੍ਰਾਇਲ ਐਡਵੋਕੇਸੀ ਅਭਿਆਸ ਵਿਦਿਆਰਥੀਆਂ ਨੂੰ ਤਜਰਬੇਕਾਰ ਸਟਾਫ ਅਤੇ ਉਦਯੋਗ ਪੇਸ਼ੇਵਰਾਂ ਦੀ ਅਗਵਾਈ ਹੇਠ ਮਹੱਤਵਪੂਰਨ ਕਾਨੂੰਨੀ ਹੁਨਰਾਂ ਨੂੰ ਨਿਖਾਰਨ ਵਿੱਚ ਮਦਦ ਕਰਦੇ ਹਨ।ਐਲ ਪੀ ਯੂ ਸਕੂਲ ਆਫ਼ ਲਾਅ ਵਿੱਚ ਵਿਲੱਖਣ ਵਿਸ਼ੇਸ਼ਤਾ ਇਸਦੀ ਵਿਦਿਆਰਥੀ-ਅਗਵਾਈ ਵਾਲੀ ਮੂਟ ਕੋਰਟ ਸੋਸਾਇਟੀ ਹੈ। ਵਿਦਿਆਰਥੀ ਅੰਤਰਰਾਸ਼ਟਰੀ ਐਕਸਚੇਂਜ ਪ੍ਰੋਗਰਾਮਾਂ, ਸਮਰ ਸਕੂਲਾਂ ਅਤੇ ਪ੍ਰਸਿੱਧ ਸੰਸਥਾਵਾਂ ਨਾਲ ਅਕਾਦਮਿਕ ਸਹਿਯੋਗ ਰਾਹੀਂ ਗਿਆਨ ਪ੍ਰਾਪਤ ਕਰਦੇ ਹਨ। ਡਾ. ਪਵਿੱਤਰ ਪ੍ਰਕਾਸ਼ ਸਿੰਘ, ਮੁਖੀ, ਐਲ ਪੀ ਯੂ ਸਕੂਲ ਆਫ਼ ਲਾਅ ਨੇ ਕਿਹਾ, ਕਾਨੂੰਨੀ ਪੇਸ਼ੇਵਰ ਹੋਣ ਦੇ ਨਾਤੇ, ਸਾਡੇ ਗ੍ਰੈਜੂਏਟਾਂ ਨੂੰ ਆਲੋਚਨਾਤਮਕ ਤੌਰ 'ਤੇ ਸੋਚਣ, ਪ੍ਰੇਰਣਾਦਾਇਕ ਬਹਿਸ ਕਰਨ ਅਤੇ ਨੈਤਿਕਤਾ ਨਾਲ ਕੰਮ ਕਰਨ ਲਈ ਤਿਆਰ ਹੋਣਾ ਚਾਹੀਦਾ ਹੈ। ਐਲ ਪੀ ਯੂ ਚਾਹਵਾਨ ਕਾਨੂੰਨ ਵਿਦਿਆਰਥੀਆਂ ਲਈ ਇੱਕ ਪਸੰਦੀਦਾ ਸਥਾਨ ਵਜੋਂ ਉਭਰਿਆ ਹੈ। ਇੱਥੇ ਦਾਖਲਾ ਖੁੱਲ੍ਹੇ ਹਨ, ਦਿਲਚਸਪੀ ਰੱਖਣ ਵਾਲੇ ਉਮੀਦਵਾਰ ਅਧਿਕਾਰਤ ਯੂਨੀਵਰਸਿਟੀ ਦੀ ਵੈੱਬਸਾਈਟ ਰਾਹੀਂ ਰਜਿਸਟਰ ਕਰ ਸਕਦੇ ਹਨ।



## 17 ਜੂਨ ਤੱਕ ਮਨਾਇਆ ਜਾਵੇਗਾ ਵਿਸ਼ਵ ਹਾਈਪਰਟੈਨਸ਼ਨ ਜਾਗਰੂਕਤਾ ਮਹੀਨਾ

**ਕੋਟਫਤੂਹੀ ਸਾਹਿਬ (ਅਰਵਿੰਦਰ ਸਿੰਘ ਬਿੰਦੀ)** 17 ਮਈ ਤੋਂ ਸ਼ੁਰੂ ਹੋਏ ਵਿਸ਼ਵ ਹਾਈਪਰਟੈਨਸ਼ਨ ਜਾਗਰੂਕਤਾ ਮਹੀਨੇ ਦੌਰਾਨ ਪੀ ਐੱਚ ਸੀ ਕੋਟਫਤੂਹੀ ਸਾਹਿਬ ਅਤੇ ਇਸ ਅਧੀਨ ਆਉਂਦੇ ਆਯੁਸ਼ਮਾਨ ਆਰੋਗਿਆ ਕੇਂਦਰਾਂ ਦੀ ਟੀਮ ਵੱਲੋਂ ਵੱਖ-ਵੱਖ ਥਾਵਾਂ ਤੇ ਗੈਰ ਸੰਚਾਰੀ ਰੋਗਾਂ ਦੀ ਜਾਂਚ ਲਈ ਵਿਸ਼ੇਸ਼ ਕੈਂਪ ਲਾਏ ਜਾਣੇ ਅਤੇ ਲੋਕਾਂ ਨੂੰ ਇਹਨਾਂ ਰੋਗਾਂ ਤੋਂ ਬਚਣ ਲਈ ਜਾਗਰੂਕ ਕੀਤਾ ਜਾਵੇਗਾ। ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਉੱਚ ਰਕਤਚਾਪ ਨੂੰ ਸਾਈਲੈਂਟ ਕਿੱਲਰ ਕਿਹਾ ਜਾਂਦਾ ਹੈ ਕਿਉਂਕਿ ਆਮ ਤੌਰ 'ਤੇ ਇਸ ਦੇ ਕੋਈ ਖ਼ਾਸ ਲੱਛਣ ਨਹੀਂ ਹੁੰਦੇ ਪਰ ਨਿਯਮਤ ਤੌਰ 'ਤੇ ਸਵੇਰੇ ਦੇ ਸਮੇਂ ਸਿਰ ਦਰਦ, ਨੱਕ 'ਚੋਂ ਖ਼ੂਨ ਆਉਣਾ, ਦਿਲ ਦੀ ਧੜਕਣ ਤੇਜ਼ ਹੋਣ, ਧੁੰਦਲਾ ਦਿਖਾਈ ਦੇਣ ਅਤੇ ਘਬਰਾਹਟ ਮਹਿਸੂਸ ਹੋਣ 'ਤੇ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਭੋਜਨ ਵਿਚ ਨਮਕ ਦਾ ਘੱਟ ਇਸਤੇਮਾਲ, ਸੈਰ, ਕਸਰਤ ਅਤੇ ਯੋਗਾ ਬੀ.ਪੀ ਨੂੰ ਕਾਬੂ ਵਿਚ ਰੱਖਣ ਦਾ ਸਭ ਤੋਂ ਸਸਤਾ ਅਤੇ ਅਸਰਦਾਰ ਤਰੀਕਾ ਹੈ। ਡਾ.ਜੰਗਜੀਤ ਸਿੰਘ ਨੇ ਦੱਸਿਆ ਕਿ ਡਾ. ਸਵਪਨਜੀਤ ਕੌਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਸ ਰੋਗ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ 17 ਜੂਨ ਤੱਕ ਵਿਸ਼ਵ ਹਾਈਪਰਟੈਨਸ਼ਨ ਜਾਗਰੂਕਤਾ ਮਹੀਨਾ ਮਨਾਇਆ ਜਾਵੇਗਾ। ਇਸ ਦੌਰਾਨ ਸਕੂਲ, ਕਾਲਜ, ਬੱਸ ਅੱਡੇ ਅਤੇ ਰੇਲਵੇ ਸਟੇਸ਼ਨ 'ਤੇ ਜਾਗਰੂਕਤਾ ਭਾਸ਼ਣ ਤੋਂ ਇਲਾਵਾ ਪੋਸਟਰ ਮੇਕਿੰਗ ਮੁਕਾਬਲੇ, ਨੁੱਕੜ ਨਾਟਕ, ਜਾਗਰੂਕਤਾ ਰੈਲੀਆਂ ਕਰਵਾਉਣ ਦਾ ਸਿਲਸਿਲਾ ਜਾਰੀ ਰਹੇਗਾ।ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਜੀਓਵਾਲ ਵਿਖੇ ਬਲਾਕ ਪੱਧਰੀ ਕੈਂਪ ਲਗਾਇਆ ਗਿਆ। ਜਿਸ ਵਿਚ ਸੀ.ਐੱਚ.ਓ ਪੂਨਮ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਐੱਸ.ਐੱਮ.ਆਈ ਸਿਕੰਦਰ ਸਿੰਘ ਅਤੇ ਮਲਟੀਪਰਪਜ਼ ਹੈਲਥ ਵਰਕਰ ਕੁਲਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

## ਗੁਰਦੀਪ ਸਿੰਘ ਰੰਧਾਵਾ ਨੇ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਤੋਂ ਸਹਿਯੋਗ ਮੰਗਿਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਚਨਬੱਧ ਹੈ ਅਤੇ ਇਸ ਸਮਾਜਿਕ ਬੁਰਾਈ ਨੂੰ ਸਮਾਜ ਦੇ ਹਰੇਕ ਵਰਗ ਦਾ ਸਹਿਯੋਗ ਲੈ ਕੇ ਜੜ੍ਹ ਤੋਂ ਖਤਮ ਕੀਤਾ ਜਾਵੇਗਾ।ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਹਲਕੇ ਦੇ ਪਿੰਡ ਹਰੂਵਾਲ ਸ਼ਾਹਪੁਰ ਗੁਰਾਇਆ ਦੇ ਤਲਵੰਡੀ ਗੁਰਾਇਆ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਕੀਤੀਆਂ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰਦਿਆਂ ਕੀਤਾ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਹੱਸਦਾ, ਵੱਸਦਾ ਤੇ ਨਸ਼ਾ ਮੁਕਤ ਬਣਾਉਣ ਦੇ ਵੇਖੇ ਗਏ ਸੁਪਨੇ ਨੂੰ ਸਾਕਾਰ ਕਰਨ ਲਈ ਨਸ਼ਾ ਮੁਕਤੀ ਯਾਤਰਾ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਤਹਿਤ ਰੋਜ਼ਾਨਾ ਦੇ ਆਧਾਰ ਉਤੇ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਇਸ ਵੱਡੀ ਸਮਾਜਿਕ ਬੁਰਾਈ ਦੇ ਖਾਤਮੇ ਲਈ ਇੱਕਜੁੱਟ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿ ਨਸ਼ਾ ਮੁਕਤੀ ਯਾਤਰਾ ਦੇ ਉਦੇਸ਼ਾਂ ਨੂੰ ਪੂਰਾ ਕਰਨ ਲਈ ਹਰ ਪਿੰਡ, ਕਸਬੇ ਤੇ ਸ਼ਹਿਰ ਵਿੱਚ ਪਹੁੰਚ ਕੀਤੀ ਜਾ ਰਹੀ ਹੈ ਤਾਂ ਕਿ ਸਾਰੇ ਵਰਗਾਂ ਦਾ ਸਹਿਯੋਗ ਲੈ ਕੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕੀਤਾ ਜਾ ਸਕੇ।ਇਸ ਮੌਕੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਹਾਜ਼ਰੀਨ ਨੂੰ ਨਸ਼ਿਆਂ ਦਾ ਖਾਤਮਾ ਕਰਨ ਲਈ ਸਹੁੰ ਵੀ ਚੁਕਾਈ।ਇਸ ਮੌਕੇ ਚੇਅਰਮੈਨ ਹਰੂਵਾਲ ਦੀ ਮੰਗ ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਆਪਣੇ ਅਖਤਿਆਰੀ ਫੰਡ ਵਿੱਚੋਂ ਪਿੰਡ ਹਰੂਵਾਲ ਦੀ ਪੰਚਾਇਤ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ ਗਿਆ।ਇਸ ਮੌਕੇ ਐੱਸਡੀਐੱਮ ਗੁਰਮੰਦਰ ਸਿੰਘ, ਤਹਿਸੀਲਦਾਰ ਲਛਮਣ ਸਿੰਘ, ਡੀਐੱਸਪੀ ਜੋਗਾ ਸਿੰਘ, ਬੀਡੀਪੀਓ ਮੈਡਮ ਅਮਨਦੀਪ ਕੌਰ, ਸੀਡੀਪੀਓ ਮੈਡਮ ਕਮਲਜੀਤ ਕੌਰ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਐੱਸ ਐੱਚ ਓ ਲਖਵਿੰਦਰ ਸਿੰਘ, ਸਰਪੰਚ ਹਰਜੀਤ ਸਿੰਘ ਠੇਠਰਕੇ, ਪੀਏ ਲਵਪ੍ਰੀਤ ਸਿੰਘ, ਡਾ. ਅਰਸ਼ਦੀਪ ਸਿੰਘ ਕੁੰਡਲ, ਆਪ ਆਗੂ ਪਰਵਿੰਦਰ ਸਿੰਘ ਘਣੀਆਂ, ਬਲਾਕ ਪ੍ਰਧਾਨ ਹਰਦੇਵ ਸਿੰਘ ਹਰੂਵਾਲ, ਪ੍ਰਧਾਨ ਰਜੇਸ਼ ਕੁਮਾਰ ਬਿੱਟਾ, ਜਸਬੀਰ ਸਿੰਘ ਕਾਹਲੋਂ, ਮਾਸਟਰ ਪਲਵਿੰਦਰ ਸਿੰਘ, ਚੰਦਾ ਸਿੰਘ, ਰਾਜਾ ਮੱਲੀ, ਗੁਰਪਾਲ ਸਿੰਘ, ਮੇਜਰ ਸਿੰਘ ਠੇਠਰਕੇ, ਬਲਜੀਤ ਸਿੰਘ ਫੌਜੀ, ਜਥੇਦਾਰ ਅਤਰ ਸਿੰਘ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਸੁਖਜਿੰਦਰ ਸਿੰਘ ਪੱਖੋਕੇ, ਬਲਦੇਵ ਰਾਜ ਡਾਇਮੰਡ, ਨਿਰਮਲ ਸਿੰਘ ਠੇਕੇਦਾਰ, ਸਾਬਕਾ ਸਰਪੰਚ ਨਿਰਮਲ ਸਿੰਘ, ਡਾ. ਅਮਰੀਕ ਸਿੰਘ, ਸਤਿਨਾਮ ਸਿੰਘ ਬਾਜਵਾ, ਸਰਪੰਚ ਨਿਰਮਲ ਸਿੰਘ ਮੋਲੋਵਾਲੀ, ਮਨਮੋਹਣ ਸਿੰਘ ਭੱਟੀ ਦਰਗਾਵਾਦ, ਜਗਮੋਹਣ ਸਿੰਘ, ਗ੍ਰਾਮ ਸੇਵਕ ਅਮਿਤ ਰਾਮਪਾਲ, ਰਿਟਾਇਰਡ ਡੀਐਸਪੀ ਕਿਰਪਾਲ ਸਿੰਘ, ਬਾਬਾ ਮਲੂਕ ਸਿੰਘ, ਬੀਰ ਸਿੰਘ ਫੌਜੀ, ਪਲਵਿੰਦਰ ਸਿੰਘ ਫੌਜੀ, ਤਰਸੇਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।



## ਰਾਜਾ ਵੱਲੋਂ ਅਹੀਆਪੁਰ ਟਾਂਡਾ 'ਚ ਓਪਨ ਜਿੰਮ ਦਾ ਉਦਘਾਟਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸੂਬਾ ਸਰਕਾਰ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਓਪਨ ਜਿਮ ਲਗਾਏ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਟਿੱਬੀ ਮੁਹੱਲਾ ਨੇੜੇ ਬਾਬਾ ਬੇਰੀ ਅਹੀਆਪੁਰ ਵਿਖੇ ਲਗਾਏ ਗਏ ਓਪਨ ਓਪਨ ਜਿਮ ਦਾ ਉਦਘਾਟਨ ਕਰਨ ਸਮੇਂ ਕੀਤਾ। ਇਸ ਮੌਕੇ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਸੂਬੇ ਚੋਂ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਲਈ ਨਸ਼ਾ ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਯਾਤਰਾ ਚਲਾਈ ਗਈ ਹੈ ਉਸ ਦੇ ਤਹਿਤ ਅਜਿਹੇ ਓਪਨ ਜਿਮ ਅਤੇ ਖੇਡ ਮੈਦਾਨ ਤਿਆਰ ਕਰਕੇ ਨੌਜਵਾਨਾਂ ਨੂੰ ਖੇਡਾਂ ਵੱਲ ਆਕਰਸ਼ਤ ਕੀਤਾ ਜਾ ਰਿਹਾ। ਇਸ ਮੌਕੇ ਉਨਾਂ ਕਿਹਾ ਕਿ ਟਾਂਡਾ ਸ਼ਹਿਰ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਕਰੋੜਾਂ ਰੁਪਏ ਜਾਰੀ ਕੀਤੇ ਗਏ ਹਨ ਜਿਸ ਦੇ ਸ਼ਹਿਰ ਦੇ ਵੱਖ ਵੱਖ ਵਾਰਡਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਇਸ ਮੌਕੇ ਉਨਾਂ ਨੇ ਅਹੀਆਪੁਰ ਨਿਵਾਸੀਆਂ ਦੀਆਂ ਵੱਖ-ਵੱਖ ਸਮੱਸਿਆਵਾਂ ਵੀ ਸੁਣੀਆਂ। ਇਸ ਸਮੇਂ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਸੋਨੂ ਖੰਨਾ, ਗੁਰਦੀਪ ਸਿੰਘ ਹੈਪੀ, ਰਾਜਨ ਸੋਂਧੀ, ਨਿਖਲੇਸ਼ ਜਸਰਾ, ਰਾਜੂ ਜਸਰਾ, ਵਿਕਾਸ ਮਰਵਾਹਾ, ਦੀਪਕ ਭੀਲ, ਕਮਲ ਧੀਰ, ਵਿਪਨ ਜੈਨ, ਰੂਬਲ, ਪੱਪੂ, ਕਾਕਾ, ਬਿੱਲਾ, ਨਰਿੰਦਰ ਕੁਮਾਰ, ਸਚਿਨ ਕੁਮਾਰ, ਰਾਕੇਸ਼ ਕੁਮਾਰ, ਬਲਜੀਤ ਸੈਣੀ, ਲੇਖ ਰਾਜ ਅਹੀਆਪੁਰ, ਮਹਿੰਦਰ ਅਹੀਆਪੁਰੀ, ਹੀਰਾ ਪੁਰੀ ਵੀ ਹਾਜ਼ਰ ਸਨ।

## ਸਿਹਤ ਪ੍ਰੋਗਰਾਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ : ਸਿਵਲ ਸਰਜਨ



**ਮੋਹਾਲੀ (ਗੁਰਜੀਤ ਬਿੱਲਾ)** ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹੇ ਦੇ ਸਿਹਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿਚ ਚੱਲ ਰਹੇ ਸਿਹਤ ਪ੍ਰੋਗਰਾਮਾਂ ਅਤੇ ਯੋਜਨਾਵਾਂ ਨੂੰ ਬਿਹਤਰ ਤੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ। ਵੱਖ-ਵੱਖ ਸੂਬਾਈ ਤੇ ਕੌਮੀ ਸਿਹਤ ਪ੍ਰੋਗਰਾਮਾਂ ਤੇ ਯੋਜਨਾਵਾਂ ਸਬੰਧੀ ਪ੍ਰੋਗਰਾਮ ਅਫ਼ਸਰਾਂ ਤੇ ਸੀਨੀਅਰ ਮੈਡੀਕਲ ਅਫ਼ਸਰਾਂ ਦੀ ਸਮੀਖਿਆ ਬੈਠਕ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਨੇ ਆਖਿਆ ਕਿ ਕਿਸੇ ਵੀ ਸਿਹਤ ਪ੍ਰੋਗਰਾਮ ਅਤੇ ਯੋਜਨਾ ਨੂੰ ਲਾਗੂ ਕਰਨ 'ਚ ਢਿੱਲਮੱਠ ਜਾਂ ਕੁਤਾਹੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਡੇਂਗੂ ਰੋਕਥਾਮ ਪ੍ਰੋਗਰਾਮ , ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਟੀਕਾਕਰਨ, ਮੁਫ਼ਤ ਦਵਾਈਆਂ, ਓਟ ਕਲੀਨਿਕ, ਸਰਬੱਤ ਸਿਹਤ ਬੀਮਾ ਯੋਜਨਾ, ਜਨਨੀ ਸੁਰੱਖਿਆ ਯੋਜਨਾ, 108 ਐਂਬੂਲੈਂਸ ਸੇਵਾ ਸਮੇਤ ਤਮਾਮ ਪ੍ਰੋਗਰਾਮਾਂ ਤੇ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ।ਸਿਵਲ ਸਰਜਨ ਨੇ ਕਿਹਾ ਕਿ ਸਿਹਤ ਅਧਿਕਾਰੀ ਯਕੀਨੀ ਬਣਾਉਣ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਲੋਕਾਂ ਨੂੰ ਚੰਗੀਆਂ ਓਪੀਡੀ (ਆਊਟ ਪੇਸ਼ੰਟ ਡਿਪਾਰਟਮੈਂਟ) ਤੇ ਐਮਰਜੈਂਸੀ ਸੇਵਾਵਾਂ ਦੇਣ ਵਿਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਹਰ ਸਰਕਾਰੀ ਸੰਸਥਾ ਵਿਚ ਜ਼ਰੂਰੀ ਤੇ ਐਮਰਜੈਂਸੀ ਦਵਾਈਆਂ ਦੀ ਕਮੀ ਨਹੀਂ ਹੋਣੀ ਚਾਹੀਦੀ। ਮਰੀਜ਼ਾਂ ਨੂੰ ਬਾਹਰੋਂ ਮਿਲਣ ਵਾਲੀਆਂ ਦਵਾਈਆਂ ਨਾ ਲਿਖੀਆਂ ਜਾਣ ਅਤੇ ਹਸਪਤਾਲ ਦੀ ਫ਼ਾਰਮੇਸੀ ਵਿਚ ਉਪਲਭਧ ਦਵਾਈਆਂ ਦਿਤੀਆਂ ਜਾਣ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਬੰਧਤ ਕੋਈ ਵੀ ਕੰਮ ਕਿਸੇ ਵੀ ਅਧਿਕਾਰੀ ਦੇ ਦਫ਼ਤਰ ਵਿਚ ਲਟਕਿਆ ਨਹੀਂ ਰਹਿਣਾ ਚਾਹੀਦਾ।ਡਾ. ਜੈਨ ਨੇ ਅੱਗੇ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਮਿਆਰੀ ਤੇ ਸੁਚੱਜੀਆਂ ਸਿਹਤ ਸੇਵਾਵਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸ ਲਈ ਹਰ ਅਧਿਕਾਰੀ ਅਪਣਾ ਫ਼ਰਜ਼ ਤੇ ਜ਼ਿੰਮੇਵਾਰੀ ਪੂਰੀ ਤਨਦੇਹੀ, ਈਮਾਨਦਾਰੀ ਤੇ ਲਗਨ ਨਾਲ ਨਿਭਾਏ।

## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਦਾ 10ਵੀਂ, 12ਵੀਂ ਜਮਾਤ ਦਾ ਨਤੀਜਾ ਰਿਹਾ ਸੌ ਫੀਸਦੀ



**ਮਜੀਠਾ (ਸੋਇਮ ਆਨੰਦ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਅਤੇ ਬਾਰ੍ਹਵੀਂ ਕਲਾਸ ਦੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਗਿਆ ਹੈ ਜਿਸ ਤਹਿਤ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਦਾ ਦਸਵੀਂ ਅਤੇ ਬਾਰ੍ਹਵੀਂ ਕਲਾਸ ਦਾ ਨਤੀਜਾ ਸੌ ਫੀਸਦੀ ਆਇਆ।ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਅਮਨਦੀਪ ਕੌਰ ਥਿੰਦ ਨੇ ਦੱਸਿਆ ਕਿ ਦਸਵੀਂ ਕਲਾਸ ਦੇ 11 ਵਿਦਿਆਰਥੀਆਂ ਨੇ 73 ਫੀਸਦੀ ਤੋਂ 89 ਫੀਸਦੀ ਅੰਕ ਲੈ ਕੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ, ਬਾਰ੍ਹਵੀਂ ਕਲਾਸ ਦੇ ਮੈਡੀਕਲ ਗਰੁੱਪ ਵਿਚ 9 ਵਿਦਿਆਰਥੀਆਂ ਨੇ 72 ਫੀਸਦੀ ਤੋਂ 92 ਫੀਸਦੀ ਅੰਕ ਲੈ ਕੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਬਾਰ੍ਹਵੀਂ ਕਲਾਸ ਦੇ ਕਾਮਰਸ ਗਰੁੱਪ ਦੇ 8 ਵਿਦਿਆਰਥੀਆਂ ਨੇ 70 ਫੀਸਦੀ ਤੋਂ 91 ਫੀਸਦੀ ਅੰਕ ਲੈ ਕੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ।ਵਿਦਿਆਰਥੀਆਂ ਵੱਲੋਂ ਦਿਖਾਈ ਗਈ ਇਸ ਕਾਰਗੁਜ਼ਾਰੀ ਤੇ ਸਕੂਲ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ, ਸਕੂਲ ਕਮੇਟੀ ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ ਡਾਇਰੈਕਟਰ ਹਰਜਿੰਦਰਪਾਲ ਕੌਰ ਨੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਅਮਨਦੀਪ ਕੌਰ, ਪ੍ਰਿੰਸੀਪਲ ਲਕਸ਼ਿਤਾ ਵਰਮਾ ਅਤੇ ਸਕੂਲ ਦੇ ਮਿਹਨਤੀ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

## ਫ਼ਾਹਾ ਲੈ ਕੇ ਕੀਤੀ ਜੀਵਨ ਲੀਲ੍ਹਾ ਸਮਾਪਤ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਨਜ਼ਦੀਕੀ ਪਿੰਡ ਬਿੰਜੋ 'ਚ ਦੀਨਾਨਗਰ ਤੋਂ ਆ ਕੇ ਰਹਿ ਰਹੇ ਇਕ ਵਿਅਕਤੀ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ । ਪ੍ਰਾਪਤ ਜਾਣਕਾਰੀ ਅਨੁਸਾਰ ਕੁਲਵੀਰ ਸਿੰਘ ਪੁੱਤਰ ਸਵ. ਸੁਭਾਸ਼ ਸਿੰਘ ਨਿਵਾਸੀ ਦੀਨਾ ਨਗਰ ਜੋ ਪਿਛਲੇ ਕੁੱਝ ਸਾਲਾਂ ਤੋ ਪਿੰਡ ਬਿੰਜੋ ਵਿਚ ਆਪਣੇ ਦੋਸਤ ਜਸਵਿੰਦਰ ਸਿੰਘ ਉਰਫ਼ ਕਾਕਾ ਜਿਸ ਨੇ ਉਸ ਨੂੰ ਆਪਣਾ ਧਰਮ ਦਾ ਭਰਾ ਬਣਾਇਆ ਹੋਇਆ ਸੀ ਦੇ ਘਰ ਵਿਖੇ ਸਾਲ ਵਿਚ ਕੁੱਝ ਮਹੀਨੇ ਆ ਕੇ ਰਹਿੰਦਾ ਸੀ, ਹੁਣ ਵੀ ਇਸ ਵਾਰ ਉਹ ਲਗਭਗ ਪਿਛਲੇ 25 ਕੁ ਦਿਨ ਤੋਂ ਇੱਥੇ ਰਹਿ ਰਿਹਾ ਸੀ ਤੇ ਬਿਸਤ ਦੁਆਬ ਨਹਿਰ ਉੱਪਰ ਪਿੰਡ ਗੀਲਾਂ ਵਾਲੇ ਪੁਲ ਦੇ ਕਰੀਬ ਜੂਸ ਦੀ ਰੇਹੜੀ ਲਗਾਉਂਦਾ ਸੀ, ਨੇ ਬੀਤੇ ਦਿਨ ਕੰਮਕਾਰ ਨਾ ਚੱਲਣ ਕਰ ਕੇ ਤੇ ਬਿਮਾਰ ਸਿਹਤ ਦੀ ਚੱਲਦੀ ਪ੍ਰੇਸ਼ਾਨੀ ਦੇ ਕਾਰਨ ਸਵੇਰੇ ਆਪਣੇ ਦੋਸਤ ਦੇ ਘਰ ਦੇ ਨਾਲ ਬੰਦ ਪਈ ਕੋਠੀ ਜਿਸ ਵਿਚ ਉਹ ਆਪਣੀ ਰਾਤ ਨੂੰ ਜੂਸ ਵਾਲੀ ਰੇਹੜੀ ਖੜ੍ਹਾ ਕਰਦਾ ਸੀ ਉੱਥੇ ਨਹਾਉਣ ਗਏ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ । ਮੌਕੇ ਉੱਪਰ ਪੁਲਸ ਚੌਕੀ ਕੋਟਫ਼ਤੂਹੀ ਤੋ ਏ. ਐੱਸ. ਆਈ ਸੁਰਜੀਤ ਨੇ ਪੁਲਸ ਪਾਰਟੀ ਨਾਲ ਪਹੁੰਚ ਕੇ ਲਾਸ਼ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਕਰਵਾਉਣ ਲਈ ਗੜ੍ਹਸ਼ੰਕਰ ਸਰਕਾਰੀ ਹਸਪਤਾਲ ਵਿਖੇ ਮੋਰਚਰੀ 'ਚ ਰਖਵਾ ਦਿੱਤੀ । ਜਦਕਿ ਮ੍ਰਿਤਕ ਦੀ ਪਤਨੀ ਤੇ ਪਹੁੰਚੇ ਹੋਰ ਰਿਸ਼ਤੇਦਾਰਾਂ ਨੇ ਇਸ ਮੌਤ ਨੂੰ ਮਾਨਸਿਕ ਪ੍ਰੇਸ਼ਾਨੀ ਦਾ ਕਾਰਨ ਦੱਸਿਆ ।

## ਡੀ ਟੀ ਐੱਫ ਵੱਲੋਂ ਪੀੜਤ ਅਧਿਆਪਕਾਂ ਦੇ ਸੰਘਰਸ਼ ਦੀ ਪੂਰਨ ਹਮਾਇਤ ਦਾ ਐਲਾਨ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਆਪਣੀਆਂ ਹੱਕੀ ਮੰਗਾਂ ਲਈ ਪਿਛਲੇ 111 ਦਿਨਾਂ ਤੋਂ ਲਗਾਤਾਰ ਸੰਘਰਸ਼ ਕਰ ਰਹੇ ਆਦਰਸ਼ ਮਾਡਲ ਸਕੂਲ ਚਾਉਂਕੇ ਦੀ ਅਧਿਆਪਕਾਂ ਦੀਆਂ ਸੇਵਾਵਾਂ ਬਹਾਲ ਕਰਨ ਸਮੇਂ ਅਧਿਆਪਕਾਂ ਨਾਲ ਕੀਤੇ ਪੱਖਪਾਤ ਦੀ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ। ਜੱਥੇਬੰਦੀ ਦੇ ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਦੱਸਿਆ ਕਿ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਲੜੇ ਗਏ ਲੰਮੇ ਅਤੇ ਜਾਨ ਹੂਲਵੇਂ ਸੰਘਰਸ਼ ਤੋਂ ਅਧਿਆਪਕਾ ਦੀ ਮੁੜ ਨਿਯੁਕਤੀ ਸੰਭਵ ਹੋਈ ਅਤੇ ਭ੍ਰਿਸ਼ਟ ਪ੍ਰਬੰਧਕੀ ਕਮੇਟੀ ਤੋਂ ਪ੍ਰਬੰਧ ਵਾਪਸ ਲਏ ਗਏ। ਜੱਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ ਵਿੱਤ ਸਕੱਤਰ ਜਸਵਿੰਦਰ ਸਿੰਘ ਅਤੇ ਸੂਬਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ ਨੇ ਦੋਸ਼ ਲਾਇਆ ਕਿ ਬਠਿੰਡੇ ਦਾ ਜ਼ਿਲ੍ਹਾ ਪ੍ਰਸ਼ਾਸਨ ਪ੍ਰਬੰਧਕੀ ਕਮੇਟੀ ਦੀ ਬੀ ਟੀਮ ਵਾਂਗ ਕੰਮ ਕਰ ਰਿਹਾ ਹੈ।ਉਨ੍ਹਾਂ ਐੱਸਡੀਐੱਮ ਵੱਲੋਂ ਸਾਜ਼ਿਸ਼ੀ ਢੰਗ ਨਾਲ 65 ਟੀਚਰਾਂ ਦੀ ਮੁਅੱਤਲੀ ਰੱਦ ਕਰਕੇ 5 ਪੀੜਤ ਟੀਚਰਾਂ ਦਾ ਨਾਮ ਲਿਸਟ ਵਿੱਚ ਜਾਰੀ ਨਾ ਕਰਨ ਨੂੰ ਮੰਦਭਾਗਾ ਕਰਾਰ ਦਿੰਦਿਆਂ ਤੁਰੰਤ ਪ੍ਰਭਾਵ ਤੋਂ ਸਾਰੇ ਅਧਿਆਪਕਾਂ ਨੂੰ ਬਹਾਲ ਕਰਨ ਦੀ ਮੰਗ ਕੀਤੀ। ਸੂਬਾਈ ਆਗੂਆਂ ਨੇ ਇਨ੍ਹਾਂ ਅਧਿਆਪਕਾਂ ਦੁਆਰਾ ਭਵਿੱਖ ਵਿੱਚ ਲੜੇ ਜਾਣ ਸੰਘਰਸ਼ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ।

## ਰੇਲਵੇ ਮੰਡੀ ਸਕੂਲ ਦਾ ਨਤੀਜਾ ਸ਼ਾਨਦਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਦੇ ਪ੍ਰਿੰਸੀਪਲ ਰਾਜਨ ਅਰੋੜਾ ਦੀ ਯੋਗ ਅਗਵਾਈ ਵਿੱਚ ਸਵੇਰ ਦੀ ਸਭ ਦੌਰਾਨ ਬੋਰਡ ਦੀਆਂ ਪ੍ਰੀਖਿਆਵਾਂ ਦੇ ਟੌਪਰ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਸਵੇਰ ਦੀ ਸਭਾ ਵਿੱਚ ਕਰਵਾਏ ਗਏ ਸਮਾਰੋਹ ਦੀ ਸ਼ੁਰੂਆਤ ਵਿੱਚ ਸਕੂਲ ਦੇ ਪ੍ਰਿੰਸੀਪਲ ਰਾਜਨ ਅਰੋੜਾ ਵੱਲੋਂ ਸਕੂਲ ਦੇ ਸਟਾਫ਼, ਬੱਚਿਆਂ ਦੇ ਮਾਪਿਆਂ ਅਤੇ ਸਮੂਹ ਵਿਦਿਆਰਥਣਾ ਨੂੰ ਬੋਰਡ ਦੀਆਂ 12ਵੀਂ, 10ਵੀਂ ਅਤੇ 8ਵੀ ਜਮਾਤਾਂ ਦੇ ਸਾਲਾਨਾ ਪ੍ਰੀਖਿਆਵਾਂ ਵਿੱਚ ਸਕੂਲ ਦੇ ਆਏ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ। ਸਮਾਰੋਹ ਦੇ ਅੰਤ ਵਿੱਚ 12ਵੀਂ, 10ਵੀਂ ਅਤੇ 8ਵੀ ਜਮਾਤ ਦੇ ਹਰ ਸੈਕਸ਼ਨ ਦੇ ਪਹਿਲੇ ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਬੱਚਿਆਂ ਨੂੰ ਮੋਮੈਂਟੋ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਜਿਹਨਾਂ ਬੱਚਿਆਂ ਨੇ ਕਿਸੇ ਵੀ ਵਿਸ਼ੇ ਵਿੱਚ 100 ਜਾਂ 99 ਪ੍ਰਤੀਸ਼ਤ ਅੰਕ ਹਾਸਲ ਕੀਤੇ ਹਨ, ਉਹਨਾਂ ਬੱਚਿਆਂ ਨੂੰ ਵੀ ਸਨਮਾਨਤ ਕੀਤਾ ਗਿਆ। ਉਹਨਾਂ ਸਭ ਅਧਿਆਪਕਾਂ ਨੂੰ ਵੀ ਸਨਮਾਨਤ ਕੀਤਾ ਗਿਆ ਜਿਹਨਾਂ ਦੇ ਪੜ੍ਹਾਏ ਬੱਚਿਆਂ ਨੇ ਵੱਖ ਵੱਖ ਵਿਸ਼ਿਆਂ ਵਿੱਚ 100 ਜਾਂ 99 ਪ੍ਰਤੀਸ਼ਤ ਅੰਕ ਹਾਸਲ ਕੀਤੇ ਹਨ। ਇਸ ਮੌਕੇ ਸ੍ਰੀਮਤੀ ਪੁਨੀਤ, ਰਵਿੰਦਰ ਕੌਰ ਅਤੇ ਰੇਲਵੇ ਮੰਡੀ ਸਕੂਲ ਦਾ ਸਾਰਾ ਸਟਾਫ਼ ਅਤੇ ਵਿਦਿਆਰਥਣਾਂ ਹਾਜ਼ਰ ਸਨ।

## ਇਨੋਸੈਂਟ ਹਾਰਟਸ ਸਪੋਰਟਸ ਹੱਬ ਲੋਹਾਰਾਂ 'ਚ ਇੰਟਰ-ਸਕੂਲ ਡੇ-ਨਾਈਟ ਫੁੱਟਸਲ ਚੈਂਪੀਅਨਸ਼ਿਪ



**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਪੋਰਟਸ ਹੱਬ, ਲੋਹਾਰਾਂ ਨੇ ਇੰਨੋਸੈਂਟ ਹਾਰਟਸ ਲੋਹਾਰਾਂ ਕੈਂਪਸ ਵਿਖੇ ਇੰਟਰ-ਸਕੂਲ ਡੇ-ਨਾਈਟ ਫੁੱਟਸਲ ਚੈਂਪੀਅਨਸ਼ਿਪ ਦੇ ਸੀਜ਼ਨ 2 ਦਾ ਆਯੋਜਨ ਕੀਤਾ। ਇਸ ਚੈਂਪੀਅਨਸ਼ਿਪ ਵਿੱਚ ਵਧੀ ਹੋਈ ਭਾਗੀਦਾਰੀ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ, ਜਿਸ ਵਿੱਚ ਜਲੰਧਰ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਫੁੱਟਸਲ ਇੱਕ ਤੇਜ਼ ਰਫ਼ਤਾਰ ਵਾਲਾ ਖੇਡ ਹੈ ਜੋ ਪੰਜ-ਪੰਜ ਖਿਡਾਰੀਆਂ ਦੀਆਂ ਦੋ ਟੀਮਾਂ ਵਿਚਕਾਰ ਖੇਡਿਆ ਜਾਂਦਾ ਹੈ। ਇਸ ਸੀਜ਼ਨ ਵਿੱਚ, ਅੰਡਰ-14 ਸ਼੍ਰੇਣੀ ਵਿੱਚ 12 ਟੀਮਾਂ ਅਤੇ ਅੰਡਰ-17 ਸ਼੍ਰੇਣੀ ਵਿੱਚ 10 ਟੀਮਾਂ ਨੇ ਟੂਰਨਾਮੈਂਟ ਵਿੱਚ ਹਿੱਸਾ ਲਿਆ। ਸੈਮੀਫਾਈਨਲ ਅਤੇ ਫਾਈਨਲ ਮੈਚਾਂ ਵਿੱਚ ਬਹੁਤ ਉਤਸ਼ਾਹ ਅਤੇ ਮੁਕਾਬਲੇ ਦੀ ਭਾਵਨਾ ਰਹੀ। ਨਤੀਜੇ ਇਸ ਪ੍ਰਕਾਰ ਹਨ:ਅੰਡਰ-14 ਸ਼੍ਰੇਣੀ: ਸਪਰਾ ਸੌਕਰ ਅਕੈਡਮੀ ਨੇ ਸੋਨ ਤਗਮਾ ਜਿੱਤਿਆ ਅਤੇ ਦੂਜੇ ਸਥਾਨ 'ਤੇ ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਰਿਹਾ ਅਤੇ ਚਾਂਦੀ ਦਾ ਤਗਮਾ ਪ੍ਰਾਪਤ ਕੀਤਾ ਅਤੇ ਤੀਜਾ ਸਥਾਨ ਲਾ - ਬਲੌਸਮ ਸਕੂਲ ਨੇ ਪ੍ਰਾਪਤ ਕੀਤਾ। ਅੰਡਰ-17 ਵਰਗ: ਸਪਰਾ ਸੌਕਰ ਅਕੈਡਮੀ ਨੇ ਸੋਨੇ ਦਾ ਤਗਮਾ ਜਿੱਤਿਆ ਅਤੇ ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਨੇ ਦੂਜੇ ਸਥਾਨ 'ਤੇ ਰਿਹਾ ਅਤੇ ਚਾਂਦੀ ਦਾ ਤਗਮਾ ਪ੍ਰਾਪਤ ਕੀਤਾ। ਇੰਨੋਸੈਂਟ ਹਾਰਟਸ ਸਕੂਲ, ਕੈਂਟ - ਜੰਡਿਆਲਾ ਰੋਡ ਤੀਜੇ ਸਥਾਨ 'ਤੇ ਰਿਹਾ।ਡਾ. ਰੋਹਨ ਬੋਰੀ (ਡਾਇਰੈਕਟਰ, ਇੰਨੋਸੈਂਟ ਹਾਰਟਸ ਆਈ ਸੈਂਟਰ) ਅਤੇ ਡਾ. ਪਲਕ ਬੋਰੀ (ਡਾਇਰੈਕਟਰ, ਸੀ ਐਸ ਆਰ) ਨੇ ਜੇਤੂ ਟੀਮਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਵਧਾਈ ਦਿੱਤੀ।ਰਾਜੀਵ ਪਾਲੀਵਾਲ ਡਿਪਟੀ ਡਾਇਰੈਕਟਰ ਸਪੋਰਟਸ ਨੇ ਸਾਰੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਟਰਾਫੀਆਂ ਅਤੇ ਨਕਦ ਇਨਾਮਾਂ ਨਾਲ ਸਨਮਾਨਤ ਕੀਤਾ।ਇਸ ਵਿਸ਼ੇਸ਼ ਮੌਕੇ ਡਾ. ਅਨੂਪ ਬੋਰੀ (ਚੇਅਰਮੈਨ, ਇੰਨੋਸੈਂਟ ਹਾਰਟਸ ਗਰੁੱਪ), ਸ੍ਰੀਮਤੀ ਸ਼ੈਲੀ ਬੋਰੀ (ਐਗਜ਼ੀਕਿਊਟਿਵ ਡਾਇਰੈਕਟਰ ਸਕੂਲਜ਼) ਨੇ ਵੀ ਟੀਮਾਂ ਅਤੇ ਸਾਰੀਆਂ ਖੇਡ ਟੀਮ ਨੂੰ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਵਧਾਈ ਦਿੱਤੀ।


**Punjab National Bank**
B/O:- SAMRALA, DISTT. LUDHIANA
Email:- bo065710@pnb.co.in

**ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾ ਨੋਟਿਸ)**
**ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)**

ਸੇਵਾ 'ਚ — ਮਿਤੀ : 20.05.2025

(ਕਰਜ਼ਦਾਰ) : ਸ੍ਰੀ ਨਵਦੀਪ ਸਿੰਘ ਪੁੱਤਰ ਸ੍ਰੀ ਅਜਮੇਰ ਸਿੰਘ, ਵਾਸੀ ਮਕਾਨ ਨੰ. 317, ਵਾਰਡ ਨੰ. 10, ਕਮਲ ਕਾਲੋਨੀ, ਖੰਨਾ ਰੋਡ, ਸਮਰਾਲਾ-141114, ਜ਼ਿਲ੍ਹਾ ਲੁਧਿਆਣਾ।

ਸ੍ਰੀਮਾਨ/ਸ੍ਰੀਮਤੀ

**ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13 (8) ਅਧੀਨ ਰਜਿਸਟਰਡ ਨੋਟਿਸ**

ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐੱਨ ਬੀ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ ਦੀ ਸ੍ਰੀ ਨਵਦੀਪ ਸਿੰਘ ਪੁੱਤਰ ਸ੍ਰੀ ਅਜਮੇਰ ਸਿੰਘ ਵਾਸੀ ਮਕਾਨ ਨੰ. 317, ਵਾਰਡ ਨੰ. 10, ਕਮਲ ਕਾਲੋਨੀ ਖੰਨਾ ਰੋਡ, ਸਮਰਾਲਾ 141114, ਜ਼ਿਲ੍ਹਾ ਲੁਧਿਆਣਾ ਕਰਜ਼ਦਾਰ ਨੂੰ 13.12.2023 'ਤੇ ਬਕਾਇਆ ਰਕਮ ਰੁ. 8,76,678.20/-( ਅੱਠ ਲੱਖ ਛਿਹੱਤਰ ਹਜ਼ਾਰ ਛੇ ਸੌ ਅਠੱਤਰ ਰੁਪਏ ਅਤੇ ਵੀਹ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਭਵਿੱਖੀ ਵਿਆਜ ਅਤੇ ਨਿਮਨਹਸਤਾਖਰੀ ਦੀਆਂ ਲਾਗਤਾਂ ਜਮ੍ਹਾਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼ ਮਨਫੀ ਵਸੂਲੀ (ਜੇਕਰ ਕੋਈ ਹੈ) ਸਰਫੇਸੀ ਐਕਟ ਦੇ ਸੈਕਸ਼ਨ 13(2) ਤਹਿਤ 13.12.2023 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਜਿਨ੍ਹਾਂ ਸਕਿਉਰਡ ਐੱਸਟਸ ਦੀ ਵਿਕਰੀ ਕੀਤੀ ਜਾਣੀ ਹੈ, ਦੇ ਵੇਰਵੇ ਹੇਠਾਂ ਦਰਸਾਏ ਗਏ ਹਨ :

ਤਬਾਦਲਾ ਬੈਨਾਮਾ ਵਸੀਕਾ ਨੰ. 2854 ਮਿਤੀ 18.02.2008 ਅਨੁਸਾਰ ਨਵਦੀਪ ਸਿੰਘ ਪੁੱਤਰ ਸ੍ਰੀ ਅਜਮੇਰ ਸਿੰਘ ਦੇ ਨਾਂਅ 'ਤੇ ਜਾਇਦਾਦ ਰਕਬਾ 0 ਕਨਾਲ 7 ਮਰਲੇ ਜੋ ਕਿ ਕੁਝ ਜ਼ਮੀਨ ਰਕਬਾ 8 ਕਨਾਲ 0 ਮਰਲੇ ਦਾ 7/160 ਹਿੱਸਾ ਹੈ, ਖੇਵਟ ਨੰ. 1182, ਖਤੌਨੀ ਨੰ. 1222, ਖਸਰਾ ਨੰ. 82//2, ਕਮਲ ਕਾਲੋਨੀ, ਸਮਰਾਲਾ, ਜ਼ਿਲ੍ਹਾ ਲੁਧਿਆਣਾ ਦਾ ਉਚਿਤ ਗਿਰਵੀਨਾਮਾ।

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13(8) ਅਨੁਸਾਰ ਤੁਸੀਂ ਉਕਤ ਸਕਿਉਰਡ ਐੱਸਟ ਸਾਰੇ ਬਕਾਏ ਦੀ ਅਦਾਇਗੀ ਕਰਕੇ 30 ਦਿਨਾਂ ਦੇ ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਸੈਕਸ਼ਨ 13 ਦਾ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :-

"ਜਿੱਥੇ ਸਕਿਉਰਡ ਕ੍ਰੈਡਿਟਰ ਦੀ ਬਕਾਇਆ ਸਾਰੀ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚਿਆਂ ਦੇ ਸਕਿਉਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤੋਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਉਰਡ ਐੱਸਟਸ ਦੀ ਵਿਕਰੀ ਤੋਂ ਪਹਿਲਾਂ ਸਕਿਉਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।

ਸਕਿਉਰਡ ਕ੍ਰੈਡਿਟਰ ਵੱਲੋਂ (i) ਸਕਿਉਰਡ ਐੱਸਟਸ ਲੀਜ਼, ਇਕਰਾਰਨਾਮੇ ਜਾਣਕਾਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ (ii) ਜੇਕਰ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਰਾਹੀਂ ਸਕਿਉਰਡ ਐੱਸਟਸ ਸੰਬੰਧੀ ਸਬ-ਸੈਕਸ਼ਨ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"

ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8(6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13 (8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ 13.12.2023 ਨੂੰ ਮੌਜੂਦਾ ਬਕਾਇਆ ਰਕਮ ਰੁ. 8,76,678.20/-( ਅੱਠ ਲੱਖ ਛਿਹੱਤਰ ਹਜ਼ਾਰ ਛੇ ਸੌ ਅਠੱਤਰ ਰੁਪਏ ਅਤੇ ਵੀਹ ਪੈਸੇ ਕੇਵਲ) ਸਮੇਤ ਅਗਲੇ ਵਿਆਜ, ਲਾਗਤ ਅਤੇ ਚਾਰਜਿਜ਼ ਅਦਾ ਕਰਕੇ ਉਕਟ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਡ ਐੱਸਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਵਿਕਰੀ ਨੋਟਿਸ ਦੀ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 9 (1) ਦੀ ਪਾਲਣਾ 'ਚ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਸਥਾਨ : ਸਮਰਾਲਾ — ਅਧਿਕਾਰਤ ਅਫਸਰ
ਮਿਤੀ : 20.05.2025 — ਪੰਜਾਬ ਨੈਸ਼ਨਲ ਬੈਂਕ — ਸਕਿਉਰਡ ਕ੍ਰੈਡਿਟਰ



RELIANCE ASSET RECONSTRUCTION

**ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮ:**
ਰਜਿ ਦਫਤਰ: 11ਵੀਂ ਮੰਜ਼ਲ ਨਾਰਥ ਸਾਈਡ, ਆਰ ਟੈੱਕ, ਪਾਰਕ, ਨੀਰੋਲੋਨ ਨਾਲਜ ਪਾਰਕ ਸਾਹਮਣੇ ਵੈਸਟਰਨ ਐਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ), ਮੁੰਬਈ-400063

**ਸਕਿਉਰਡ ਐੱਸਟਸ ਦੀ ਈ-ਨਿਲਾਮੀ ਵਿਕਰੀ ਵਾਸਤੇ ਜਨਤਕ ਨੋਟਿਸ**

ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) "ਆਰ ਏ ਆਰ ਸੀ 068" ਦੀ ਇੱਕ ਟਰੱਸਟੀ ਅਤੇ ਹੇਠਾਂ ਦਰਸਾਏ ਕਰਜ਼ਦਾਰ ਦੇ ਇੰਡੀਅਨ ਓਵਰਸੀਜ਼ ਬੈਂਕ ਨਾਲ ਮਿਤੀ 30-03-2022 ਨਾਲ ਹੋਏ ਹਿੱਸੇਦਾਰੀ ਦੇ ਇਕਰਾਰਨਾਮੇ ਅਨੁਸਾਰ ਜਾਇਦਾਦ ਦੀ ਹਿੱਸੇਦਾਰ ਅਤੇ ਸਕਿਉਰਡ ਕ੍ਰੈਡਿਟਰ ਹੈ। ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਆਮ ਜਨਤਾ ਨੂੰ ਨੋਟਿਸ ਦਿੱਤਾ ਹੈ ਕਿ ਬਕਾਏ ਦੀ ਵਸੂਲੀ ਲਈ ਹੇਠਾਂ ਦਰਸਾਈ ਜਾਇਦਾਦ ਦੀ "ਆਨ ਲਾਈਨ ਈ-ਨਿਲਾਮੀ" ਰਾਹੀਂ ਵਿਕਰੀ ਕੀਤੀ ਜਾਵੇਗੀ। ਜਾਇਦਾਦਾਂ ਦੀ ਵਿਕਰੀ ਸਖਤੀ ਨਾਲ ਹੇਠਾਂ ਦਰਸਾਈਆਂ ਸ਼ਰਤਾਂ ਤੋਂ ਇਲਾਵਾ "ਜਿਵੇਂ ਹੈ ਜਿੱਥੇ ਹੈ" "ਜੋ ਹੈ ਜਿਵੇਂ ਹੈ" ਅਤੇ "ਬਿਨਾਂ ਸਹਾਰੇ" ਦੇ ਅਧਾਰ 'ਤੇ ਕੀਤੀ ਜਾਵੇਗੀ।

| ਕਰਜ਼ਦਾਰ/ਗਰੰਟਰਾਂ ਦਾ ਨਾਂਅ | 15.05.2025 ਨੂੰ ਬਕਾਇਆ ਰਕਮ | ਸੰਕੇਤਕ ਕਬਜ਼ੇ ਦੀ ਮਿਤੀ |
|---|---|---|
| 1. ਮੈਸ: ਅਨਾਧ ਓਵਰਸੀਜ਼ ਪ੍ਰਾਈਵੇਟ ਲਿਮਟਿਡ-ਕਰਜ਼ਦਾਰ, ਰਜਿਸਟਰਡ ਦਫਤਰ ਦੁਕਾਨ ਨੰ. 661 ਬੀ. ਡੀ. ਕੰਪਲੈਕਸ, ਜੀ ਟੀ ਰੋਡ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਪੰਜਾਬ-147301<br>2. ਸ੍ਰੀ ਰਕੇਸ਼ ਗੋਇਲ ਪੁੱਤਰ ਸਵ: ਸ੍ਰੀ ਸੋਮ ਨਾਥ ਗੋਇਲ (ਡਾਇਰੈਕਟਰ, ਗਰੰਟਰ ਅਤੇ ਰਹਿਣਕਾਰ) ਵਾਸੀ ਮਕਾਨ ਨੰ. 242, ਸੈਕਟਰ 19-ਬੀ, ਪ੍ਰੀਤ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਪੰਜਾਬ-147301<br>3. ਸ੍ਰੀਮਤੀ ਅਕਸ਼ੀ ਗੋਇਲ ਪਤਨੀ ਸ੍ਰੀ ਰਕੇਸ਼ ਗੋਇਲ- (ਡਾਇਰੈਕਟਰ ਅਤੇ ਗਰੰਟਰ) : ਵਾਸੀ ਮਕਾਨ ਨੰ. 242, ਸੈਕਟਰ 19-ਬੀ, ਪ੍ਰੀਤ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਪੰਜਾਬ-147301<br>4. ਸ੍ਰੀਮਤੀ ਮੀਨਾ ਅਗਰਵਾਲ ਪਤਨੀ ਸ੍ਰੀ ਮੁਨੀਸ਼ ਅਗਰਵਾਲ (ਡਾਇਰੈਕਟਰ ਅਤੇ ਗਰੰਟਰ), ਮਕਾਨ ਨੰ. 296, ਮੁਹੱਲਾ ਮਾਤਾ ਰਾਣੀ, ਖੰਨਾ, ਜ਼ਿਲ੍ਹਾ ਲੁਧਿਆਣਾ, ਪੰਜਾਬ-141401<br>5. ਸ੍ਰੀ ਮੁਨੀਸ਼ ਅਗਰਵਾਲ ਪੁੱਤਰ ਸ੍ਰੀ ਓਮ ਪ੍ਰਕਾਸ਼ ਅਗਰਵਾਲ (ਡਾਇਰੈਕਟਰ ਅਤੇ ਗਰੰਟਰ) ਵਾਸੀ ਮਕਾਨ ਨੰ. 296, ਮੁਹੱਲਾ ਮਾਤਾ ਰਾਣੀ, ਖੰਨਾ, ਜ਼ਿਲ੍ਹਾ ਲੁਧਿਆਣਾ, ਪੰਜਾਬ-141401 | ਰੁਪਏ 1,18,57,477.73/- (ਇੱਕ ਕਰੋੜ ਅਠਾਰਾਂ ਲੱਖ ਸਤਵੰਜਾ ਹਜ਼ਾਰ ਚਾਰ ਸੌ ਸਤੱਤਰ ਰੁਪਏ ਅਤੇ ਤਿਹੱਤਰ ਪੈਸੇ ਕੇਵਲ) | 24.09.2024 |
| **ਅਚੱਲ ਜਾਇਦਾਦ ਦਾ ਵੇਰਵਾ** | **ਰਾਖਵੀਂ ਕੀਮਤ ਰੁਪਏ 'ਚ** | **ਈ ਐੱਮ ਡੀ ਰਕਮ ਰੁਪਏ 'ਚ** |
| ਬੈਨਾਮੇ 'ਚ ਦਰਸਾਏ ਅਨੁਸਾਰ ਜਾਇਦਾਦ ਰਕਬਾ 3 ਕਨਾਲ 12 ਮਰਲੇ, ਖੱਤਾ ਨੰ. 63/75, ਖਸਰਾ ਨੰ. 27//24 (8-0), 28//2/1 ਮਿਨ (1-14), 40//2 (6-11), 3 (8-0), 8 (6-14) ਜੋ ਕਿ 30 ਕਨਾਲ 19 ਮਰਲੇ ਦਾ 45/619 ਹਿੱਸਾ, ਜੋ ਕਿ 2 ਕਨਾਲ 5 ਮਰਲੇ ਅਤੇ ਖੱਤਾ ਨੰ. 69/76, ਖਸਰਾ ਨੰ. 13//25 (8-0) ਜੋ ਕਿ 3 ਕਨਾਲ ਦਾ 21-1/4/160 ਹਿੱਸਾ, ਜੋ ਕਿ 1 ਕਨਾਲ 1-1/4 ਮਰਲੇ ਅਤੇ ਖੱਤਾ ਨੰ. 71/83-84 ਖਸਰਾ ਨੰ. 40//6 (8-0), 5/2 (2-0) ਜੋ ਕਿ 10 ਕਨਾਲ ਦਾ 5-3/4/200 ਹਿੱਸਾ ਜੋ ਕਿ 5-3/4 ਮਰਲੇ ਹੈ, ਜੋ ਕੁੱਲ ਜ਼ਮੀਨ ਰਕਬਾ 3 ਕਨਾਲ 12 ਮਰਲੇ ਹੈ, ਜਮ੍ਹਾਂਬੰਦੀ ਸਾਲ 2002-03, ਮਾਲੀਆ ਅਸਟੇਟ ਪਿੰਡ ਅਲੌਰ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਸੜਕ, ਪੱਛਮ : ਸ਼ਿਵ ਸਰਸਵਤੀ ਸਟੀਲ ਫਾਸਟਨਰ, ਉੱਤਰ : ਸੜਕ, ਦੱਖਣ : ਸੜਕ। | ਰੁਪਏ 45,00,000/- (ਪੰਜਤਾਲੀ ਲੱਖ ਰੁਪਏ ਕੇਵਲ) | ਰੁਪਏ 4,50,000/- (ਚਾਰ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) |

**ਨਿਲਾਮੀ ਪ੍ਰੋਗਰਾਮ ਦਾ ਵੇਰਵਾ**
ਜਾਇਦਾਦ ਦਾ ਨਿਰੀਖਣ : 18.06.2025 ਸਵੇਰੇ 11.00 ਵਜੇ ਤੋਂ ਦੁਪਹਿਰ 01.00 ਵਜੇ ਤੱਕ, ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 25.06.2025
ਈ-ਨਿਲਾਮੀ ਦੀ ਮਿਤੀ : 26.06.2025 ਦੁਪਹਿਰ 12.00 ਵਜੇ ਤੋਂ 1.00 ਵਜੇ ਤੱਕ (ਹਰੇਕ 5 ਮਿੰਟ ਦੇ ਵਾਧੇ ਨਾਲ)

**ਈ-ਨਿਲਾਮੀ ਵਿਕਰੀ ਦੇ ਨਿਯਮ ਅਤੇ ਸ਼ਰਤਾਂ**

1. ਜਾਇਦਾਦ ਰਾਖਵੀਂ ਕੀਮਤ ਤੋਂ ਹੇਠਾਂ ਨਹੀਂ ਵੇਚੀ ਜਾਵੇਗੀ ਅਤੇ ਵਿਕਰੀ ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਸਕਿਉਰਡ ਕ੍ਰੈਡਿਟਰ ਦੀ ਪੁਸ਼ਟੀ ਅਧੀਨ ਹੈ। ਜਾਇਦਾਦ ਦੀ ਵਿਕਰੀ ਸਖਤੀ ਨਾਲ "ਜਿਵੇਂ ਹੈ ਜਿੱਥੇ ਹੈ', "ਜੋ ਹੈ ਜਿਵੇਂ ਹੈ" ਬਿਨਾਂ ਸਹਾਰੇ ਦੇ ਅਧਾਰ 'ਤੇ ਹੋਵੇਗੀ।
2. ਈ-ਨਿਲਾਮੀ ਆਰ ਏ ਆਰ ਸੀ ਦੀ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸ : ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ https://www.Auctionbazaar.com (ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦਾ ਵੈੱਬ ਪੋਰਟਲ) ਰਾਹੀਂ ਕਰਵਾਈ ਜਾਵੇਗੀ। ਈ-ਨਿਲਾਮੀ ਦਸਤਾਵੇਜ਼, ਜਿਸ 'ਚ ਆਨਲਾਈਨ ਬੋਲੀ ਫਾਰਮ ਤੇ ਆਮ ਨਿਯਮ ਅਤੇ ਸ਼ਰਤਾਂ ਸ਼ਾਮਲ ਹਨ, ਵੈੱਬਸਾਈਟ www.rarcl.com and https://www.Auctionbazaar.com 'ਤੇ ਉਪਲੱਬਧ ਹਨ, ਚਾਹਵਾਨ ਬੋਲੀਕਾਰ ਢੁਕਵੇਂ ਦਸਤਾਵੇਜ਼ ਡਾਊਨਲੋਡ ਕਰ ਸਕਦੇ ਹਨ।
3. ਚਾਹਵਾਨ ਬੋਲੀਕਾਰ ਦੀ ਆਈ ਡੀ 'ਚ ਹਿੱਸਾ ਲੈਣ ਲਈ ਜਾਇਜ਼ ਈਮੇਲ ਹੋਣੀ ਚਾਹੀਦੀ ਹੈ ਅਤੇ ਈ-ਨਿਲਾਮੀ ਏਜੰਸੀ ਵੱਲੋਂ ਹਿੱਸੇਦਾਰੀ ਲਈ ਦਿੱਤੀ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈ-ਮੇਲ ਆਈ ਡੀ 'ਤੇ ਭੇਜੇ ਜਾਣਗੇ।
4. ਚਾਹਵਾਨ ਬੋਲੀਕਾਰਾਂ ਨੂੰ ਆਪਣੀ ਬੋਲੀ ਨਿਰਧਾਰਤ ਫਾਰਮ 'ਚ ਈ ਐੱਮ ਡੀ ਜਮ੍ਹਾਂ ਕਰਵਾਉਣ ਦੇ ਵੇਰਵੇ ਅਤੇ ਖੁਦ ਤਸਦੀਕਸ਼ੁਦਾ ਦਸਤਾਵੇਜ਼ (ਪੈਨ, ਆਧਾਰ ਕਾਰਡ ਆਦਿ), ਪੇਸ਼ ਕਰਨਾ ਹੋਵੇਗਾ ਅਤੇ ਇਹ ਸਭ ਕੁਝ ਰਿਲਾਇੰਸ ਐੱਸਟ ਰੀਕੰਸਟਰੱਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਅਧਿਕਾਰਤ ਅਫਸਰ ਕੋਲ 11ਵੀਂ ਮੰਜ਼ਲ, ਨਾਰਥ ਸਾਈਡ, ਆਰ ਟੈੱਕ ਪਾਰਕ,ਵੈਸਟਰਨ ਐੱਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ) ਮੁੰਬਈ-400063 ਕੋਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ Narendra.r.shukla@relianceada.com ਅਤੇ himanshu.yadav@relianceada.com'ਤੇ ਈਮੇਲ ਕਰਨਾ ਹੋਵੇਗਾ ਅਤੇ ਇਸ ਤੋਂ ਬਾਅਦ ਸ਼ਾਮਲ ਹੋਣ ਲਈ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈਮੇਲ 'ਤੇ ਭੇਜ ਦਿੱਤਾ ਜਾਵੇਗਾ। ਬੋਲੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 25.06.2025 ਹੈ। ਕਿਸੇ ਵੀ ਤਰ੍ਹਾਂ ਕਿਸੇ ਕਾਰਨ ਬੋਲੀ ਫਾਰਮ ਅਤੇ ਈ ਐੱਮ ਡੀ ਦੇਰੀ ਨਾਲ ਪ੍ਰਾਪਤ ਹੋਣ 'ਤੇ ਵਿਚਾਰ ਨਹੀਂ ਕੀਤੀ ਜਾਵੇਗੀ। ਈ ਐੱਮ ਡੀ ਤੋਂ ਬਿਨਾਂ ਅਤੇ ਰਾਖਵੀਂ ਕੀਮਤ ਤੋਂ ਹੇਠਾਂ ਬੋਲੀ ਸਰਸਰੀ ਤੌਰ 'ਤੇ ਰੱਦ ਕਰ ਦਿੱਤੀ ਜਾਵੇਗੀ। ਵਿਕਰੀ ਦਾ ਸਰਟੀਫਿਕੇਟ ਸਿਰਫ ਸਫਲ ਬੋਲੀਕਾਰ/ਬੋਲੀਕਾਰਾਂ ਦੇ ਹੱਕ 'ਚ ਜਾਰੀ ਕੀਤਾ ਜਾਵੇਗਾ ਤੇ ਅਸੀਂ ਨਵੇਂ ਬੋਲੀਕਾਰ/ਬੋਲੀਕਾਰਾਂ ਨੂੰ ਸ਼ਾਮਲ ਅਤੇ ਤਬਦੀਲ ਨਹੀਂ ਕਰਾਂਗੇ।
5. ਬੋਲੀਕਾਰ ਦੇ ਨੈੱਟਵਰਕ 'ਚ ਖਰਾਬੀ ਕਾਰਨ ਕਿਸੇ ਦੇਰੀ/ਨਾਕਾਮੀ ਲਈ ਨਾ ਤਾਂ ਆਰ ਏ ਆਰ ਸੀ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਜ਼ਿੰਮੇਵਾਰ ਹੋਵੇਗਾ। ਅਜਿਹੀਆਂ ਘਟਨਾਵਾਂ ਵਾਸਤੇ ਬੋਲੀਕਾਰਾਂ ਨੂੰ ਬਦਲਵੇਂ ਪਾਵਰ ਬੈਕਅਪਸ ਆਦਿ ਦੇ ਲੋੜੀਂਦੇ ਪ੍ਰਬੰਧ ਕਰਨ ਲਈ ਸਲਾਹ ਦਿੱਤੀ ਜਾਂਦੀ ਹੈ।
6. ਸਾਰੇ ਬੋਲੀਕਾਰਾਂ ਨੂੰ ਸੈਕਸ਼ਨ 29 (ਏ) ਆਈ ਬੀ ਸੀ 2016 ਤਹਿਤ ਵਚਨ ਦੀ ਪਾਲਣਾ ਕਰਨੀ ਪਵੇਗੀ।
7. ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) ਆਰ ਟੀ ਜੀ ਐੱਸ/ਐੱਨ ਈ ਐੱਫ ਟੀ ਫੰਡ ਟਰਾਂਸਫਰ ਰਾਹੀਂ ਚਾਲੂ ਖਾਤਾ ਨੰ. 04021101000004, ਬੈਂਕ ਦਾ ਨਾਂਅ ਯੂਨੀਅਨ ਬੈਂਕ ਆਫ ਇੰਡੀਆ, ਬ੍ਰਾਂਚ ਮੁੰਬਈ ਲਾਭਕਾਰੀ ਦਾ ਨਾਂਅ : "ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ" ਆਈ ਐੱਫ ਐੱਸ ਸੀ ਕੋਡ ਯੂ ਬੀ ਆਈ ਐੱਨ 0590070 ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਈ ਐੱਮ ਡੀ ਵਾਸਤੇ ਚੈੱਕ/ਡਿਮਾਂਡ ਡਰਾਫਟ ਸਵੀਕਾਰ ਨਹੀਂ ਕੀਤੇ ਜਾਣਗੇ।
8. ਰਾਖਵੀਂ ਕੀਮਤ ਤੋਂ ਹੇਠਾਂ ਅਤੇ/ਜਾਂ ਈ ਐੱਮ ਡੀ ਤੋਂ ਬਿਨਾਂ ਬੋਲੀਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ। ਬੋਲੀਕਾਰ ਰੁਪਏ 50,000/- (ਪੰਜਾਹ ਹਜ਼ਾਰ ਰੁਪਏ ਕੇਵਲ) ਦੇ ਗੁਣਾਂਕ 'ਚ ਬੋਲੀ ਰਕਮ 'ਚ ਸੋਧ ਕਰ ਸਕਦੇ ਹਨ। ਇਕੱਲੇ ਹੀ ਬੋਲੀਕਾਰ ਹੋਣ ਦੇ ਮਾਮਲੇ 'ਚ ਬੋਲੀਕਾਰ ਨੂੰ ਘੱਟੋ-ਘੱਟ ਇੱਕ ਵਾਰ ਬੋਲੀ 'ਚ ਸੋਧ ਕਰਵਾਉਣੀ ਜ਼ਰੂਰੀ ਹੋਵੇਗੀ।
9. ਸਫਲ ਬੋਲੀਕਾਰ ਨੂੰ ਬੋਲੀ ਰਕਮ /ਵਿਕਰੀ ਕੀਮਤ (ਪਹਿਲਾਂ ਅਦਾ ਕੀਤੀ ਬਿਆਨਾ ਰਕਮ ਸ਼ਾਮਲ) ਦਾ 25 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ ਤੁਰੰਤ ਬਾਅਦ ਜਮ੍ਹਾਂ ਕਰਵਾਉਣਾ ਪਵੇਗਾ। ਸਫਲ ਬੋਲੀਕਾਰ ਨੂੰ ਬੋਲੀ ਰਕਮ/ਵਿਕਰੀ ਕੀਮਤ ਦਾ ਬਾਕੀ 75 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ 15 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣਾ ਪਵੇਗਾ।
10. ਜੇਕਰ ਸਫਲ ਬੋਲੀਕਾਰ ਉਪਰੋਕਤ ਅਨੁਸਾਰ ਵਿਕਰੀ ਕੀਮਤ ਜਮ੍ਹਾਂ ਕਰਵਾਉਣ 'ਚ ਅਸਫਲ ਰਹੇਗਾ ਤਾਂ ਬਿਨਾਂ ਕਿਸੇ ਨੋਟਿਸ ਸਾਰੇ ਡਿਪਾਜ਼ਟਸ ਈ ਐੱਮ ਡੀ ਸਮੇਤ ਜ਼ਬਤ ਕਰ ਲਏ ਜਾਣਗੇ। ਬੇਸ਼ੱਕ ਬਕਾਇਆ 75 ਫੀਸਦੀ ਦੀ ਅਦਾਇਗੀ ਲਈ ਸਿਰਫ ਅਧਿਕਾਰਤ ਅਫਸਰ ਦੀ ਮਰਜ਼ੀ ਨਾਲ ਹੋਰ ਸਮਾਂ ਦਿੱਤਾ ਜਾ ਸਕਦਾ ਹੈ।
11 ਅਸਫਲ ਬੋਲੀਕਾਰਾਂ ਦੀ ਈ ਐੱਮ ਡੀ ਰਕਮ ਬਿਨਾਂ ਵਿਆਜ ਦੇ, ਈ ਨਿਲਾਮੀ ਵਿਕਰੀ ਅਮਲ ਬੰਦ ਹੋਣ ਤੋਂ ਬਾਅਦ ਵਾਪਸ ਕਰ ਦਿੱਤੀ ਜਾਵੇਗੀ।
12. ਅਧਿਕਾਰਤ ਅਫਸਰ ਵੱਲੋਂ ਦਿੱਤੇ ਗਏ ਵੇਰਵੇ ਉਸ ਦੀ ਜਾਣਕਾਰੀ, ਵਿਸ਼ਵਾਸ ਅਤੇ ਰਿਕਾਰਡਜ਼ ਦੇ ਅਨੁਸਾਰ ਹਨ। ਅਧਿਕਾਰਤ ਅਫਸਰ ਕਿਸੇ ਭੁੱਲ, ਗਲਤ ਬਿਆਨ ਜਾਂ ਗਲਤੀ ਆਦਿ ਲਈ ਜ਼ਿੰਮੇਵਾਰ ਨਹੀਂ ਹੋਵੇਗਾ।
13 ਨਿਮਨਹਸਤਾਖਰੀ ਅਧਿਕਾਰਤ ਅਫਸਰ ਨੂੰ ਕਿਸੇ ਬੋਲੀ ਨੂੰ ਬਿਨਾਂ ਅਗਾਊਂ ਨੋਟਿਸ ਜਾਂ ਬਿਨਾਂ ਕੋਈ ਕਾਰਨ ਦੱਸੇ ਸਵੀਕਾਰ ਜਾਂ ਰੱਦ ਕਰਨ ਜਾਂ ਰੋਕਣ/ਮੁਲਤਵੀ ਕਰਨ/ਵਿਕਰੀ ਰੱਦ ਕਰਨ ਜਾਂ ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ 'ਚ ਸੋਧ ਕਰਨ ਲਈ ਮੁਕੰਮਲ ਅਧਿਕਾਰ ਅਤੇ ਹੱਕ ਪ੍ਰਾਪਤ ਹੈ।
14. ਬੋਲੀਕਾਰਾਂ ਨੂੰ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਪਹਿਲਾਂ ਜਾਇਦਾਦ 'ਤੇ ਚਾਰਜਿਜ਼/ਭਾਰ ਸੰਬੰਧੀ ਚੰਗੀ ਤਰ੍ਹਾਂ ਪੜਤਾਲ ਕਰ ਲੈਣੀ ਚਾਹੀਦੀ ਹੈ ਅਤੇ ਜਾਇਦਾਦ ਦੇ ਟਾਈਟਲ ਅਤੇ ਕੁਆਲਿਟੀ ਸੰਬੰਧੀ ਸੰਤੁਸ਼ਟ ਕਰ ਲੈਣਾ ਚਾਹੀਦਾ ਹੈ। ਆਨ ਲਾਈਨ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਬਾਅਦ ਜਾਇਦਾਦ 'ਤੇ ਚਾਰਜਿਜ/ਭਾਰ ਆਦਿ ਅਤੇ ਹੋਰ ਕੋਈ ਮਸਲਾ, ਦਾਅਵਾ ਆਦਿ ਵਿਚਾਰਿਆ ਨਹੀਂ ਜਾਵੇਗਾ।
15. ਜਾਇਦਾਦ ਦੀ ਵਿਕਰੀ 'ਤੇ ਸਟੈਂਪ ਡਿਊਟੀ/ਰਜਿਸਟਰੇਸ਼ਨ ਫੀਸ ਸਮੇਤ ਕੋਈ ਬਕਾਇਆ, ਟੈਕਸ, ਚਾਰਜਿਜ਼ ਵਿਧਾਨਕ ਜਾਂ ਹੋਰ ਸਿਰਫ ਖਰੀਦਦਾਰ ਨੂੰ ਹੀ ਸਹਿਣ ਕਰਨੇ ਪੈਣਗੇ।
16. ਹੋਰ ਵੇਰਵਿਆਂ ਲਈ ਕਿਰਪਾ ਕਰਕੇ ਰਿਲਾਇੰਸ ਰੀਕੰਸਟਰੱਸ਼ਨ ਕੰਪਨੀ ਲਿਮਟਿਡ ਦੇ ਉਪਰੋਕਤ ਦਰਸਾਏ ਪਤੇ 'ਤੇ ਸ੍ਰੀ ਅਕਸ਼ੈ ਰਾਓ, ਵਾਈਸ ਪ੍ਰੈਜ਼ੀਡੈਂਟ ਲੀਗਲ, ਮੋਬਾਇਲ ਨੰ. 9136763354, ਸ੍ਰੀ ਨਰਿੰਦਰ ਸ਼ੁਕਲਾ ਅਸਿਸਟੈਂਟ ਵਾਈਸ ਪ੍ਰੈਜ਼ੀਡੈਂਟ ਅਤੇ ਅਧਿਕਾਰਤ ਅਫਸਰ-ਰੈਜ਼ੋਲੂਸ਼ਨ, ਮੋਬਾਇਲ ਨੰ. 9321339065 ਅਤੇ ਸ੍ਰੀ ਹਿਮਾਂਸ਼ੂ ਯਾਦਵ ਲੀਗਲ ਮੋਬਾਇਲ ਨੰ. 9892049543 ਨਾਲ ਸੰਪਰਕ ਕੀਤਾ ਜਾਵੇ।
17 ਵਿਕਰੀ ਸਰਟੀਫਿਕੇਟ, ਵਿਕਰੀ ਅਮਲ ਦੀ ਪ੍ਰਾਪਤੀ ਅਤੇ ਸਕਿਉਰਡ ਕ੍ਰੈਡਿਟਰ ਵੱਲੋਂ ਵਿਕਰੀ ਦੀ ਪੁਸ਼ਟੀ ਤੋਂ ਬਾਅਦ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ ਸਫਲ ਬੋਲੀਕਾਰ ਦੇ ਨਾਂਅ 'ਤੇ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ 'ਚ ਉਸ ਵਿਅਕਤੀ, ਜਿਸ ਨੇ ਈ-ਨਿਲਾਮੀ ਦੌਰਾਨ ਬੋਲੀ ਪੇਸ਼ ਕੀਤੀ/ਹਿੱਸਾ ਲਿਆ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨਾਂਅ ਤਬਦੀਲ ਕਰਨ ਲਈ ਕੋਈ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।

**ਇਹ ਨੋਟਿਸ ਕਰਜ਼ਦਾਰ/ਗਰੰਟਰ/ਰਹਿਣਕਾਰ ਲਈ ਸਰਫੇਸੀ ਐਕਟ ਅਤੇ ਇਸ ਅਧੀਨ ਬਣੇ ਨਿਯਮਾਂ ਤਹਿਤ 30 ਦਿਨਾਂ ਦਾ ਵਿਧਾਨਕ ਨੋਟਿਸ ਵੀ ਹੈ।**

ਸਥਾਨ : ਲੁਧਿਆਣਾ — ਅਧਿਕਾਰਤ ਅਫਸਰ
ਮਿਤੀ : 21.05.2025 — ਵਾਸਤੇ ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ

21 May Page-14.qxd 5/20/2025 11:01 PM Page 1



## ਸਰਕਾਰ ਗੋਦੀ ਮੀਡੀਆ ਨੂੰ ਭੜਕਾਊ ਬਿਆਨ ਦੇਣ ਤੋਂ ਰੋਕੇ : ਤਰਕਸ਼ੀਲ ਸੁਸਾਇਟੀ



**ਜਲੰਧਰ (ਕੇਸਰ)**- ਤਰਕਸ਼ੀਲ ਸੁਸਾਇਟੀ ਜ਼ੋਨ ਜਲੰਧਰ ਦੀ ਇੱਕ ਮੀਟਿੰਗ ਜ਼ੋਨ ਪ੍ਰਧਾਨ ਸੁਖਦੇਵ ਫਗਵਾੜਾ ਦੀ ਪ੍ਰਧਾਨਗੀ ਹੇਠ ਬੀਤੇ ਦਿਨ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ। ਮੀਟਿੰਗ ਵਿੱਚ ਹਾਜ਼ਰ ਸਾਰੇ ਸਾਥੀਆਂ ਨੇ ਜਿੱਥੇ ਆਤੰਕਵਾਦੀਆਂ ਵੱਲੋਂ ਪਹਿਲਗਾਮ ਵਿਖੇ ਕੁਦਰਤ ਦੇ ਹਸੀਨ ਨਜ਼ਾਰੇ ਵੇਖਣ ਲਈ ਗਏ ਲੋਕਾਂ ਦਾ ਕਤਲੇ ਆਮ ਕਰ ਦਿੱਤਾ ਉਸ ਨਾਲ ਹੀ ਟੈਕਸੀ ਵਾਲਿਆਂ ਦਾ, ਘੋੜਿਆਂ ਵਾਲਿਆਂ ਦਾ ਅਤੇ ਹੋਟਲਾਂ ਢਾਬਿਆਂ ਵਾਲਿਆਂ ਦੇ ਰੁਜ਼ਗਾਰ ਨੂੰ ਨੁਕਸਾਨ ਪਹੁੰਚਾ ਕੇ ਉਹਨਾਂ ਦੇ ਢਿੱਡ 'ਤੇ ਲੱਤ ਮਾਰੀ ਹੈ ਆਦਿ ਦੀ ਘੋਰ ਨਿੰਦਾ ਕੀਤੀ। ਜਿੱਥੇ ਅੱਤਵਾਦੀਆਂ ਦੇ ਘਿਨਾਉਣੇ ਕਾਰਨਾਮੇ ਨਿੰਦਣਯੋਗ ਹਨ ਉੱਥੇ ਨਾਲ ਹੀ ਮੋਦੀ ਅਤੇ ਅਮਿਤ ਸ਼ਾਹ ਦੇ ਬਿਆਨ ਕਿ ਕਸ਼ਮੀਰ ਵਿਚ ਹੁਣ ਅਮਨ ਅਤੇ ਸ਼ਾਂਤੀ ਹੈ ਜਿਸ ਕਾਰਨ ਲੋਕ ਬੇਖੌਫ ਹੋ ਕੇ ਪਾਹਿਲਗਾਮ ਚਲੇ ਗਏ ਅਤੇ ਸੈਰ ਸਪਾਟੇ ਵਾਲੀ ਥਾਂ 'ਤੇ ਅਤੇ ਸਮੇਂ 'ਤੇ ਕਿਸੇ ਸੁਰੱਖਿਆ ਪ੍ਰਬੰਧ ਦਾ ਨਾ ਹੋਣਾ ਵੀ ਨਿੰਦਨ ਯੋਗ ਹੈ। ਇਸ ਸਾਰੇ ਕੁਝ ਦੀ ਸੁਪਰੀਮ ਕੋਰਟ ਦੇ ਜੱਜ ਤੋਂ ਜਾਂਚ ਕਰਵਾਉਣੀ ਚਾਹੀਦੀ ਹੈ। ਸਰਕਾਰ ਵੱਲੋਂ ਪਾਕਿਸਤਾਨ ਨੂੰ ਜਾਂਦੀਆਂ ਨਦੀਆਂ ਦਾ ਪਾਣੀ ਰੋਕਣ ਦੇ ਬੇਤੁਕੇ ਬਿਆਨ ਦੇਣ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ। ਇਹ ਸਰਕਾਰ ਨੂੰ ਵੀ ਪਤਾ ਹੈ ਕਿ ਅਜਿਹੇ ਬਿਆਨ ਕੇਵਲ ਤਲਖ਼ੀ ਪੈਦਾ ਕਰਦੇ ਹਨ, ਜਦਕਿ ਪ੍ਰੈਕਟੀਕਲੀ ਇਹ ਸੰਭਵ ਹੀ ਨਹੀਂ। ਸਰਕਾਰ ਗੋਦੀ ਮੀਡੀਆ ਨੂੰ ਵੀ ਭੜਕਾਊ ਬਿਆਨ ਦੇਣ ਤੋਂ ਰੋਕੇ। ਮਾਰੇ ਗਏ ਲੋਕਾਂ ਨੂੰ ਯੋਗ ਮੁਆਵਜ਼ਾ ਅਤੇ ਲੋੜਵੰਦਾਂ ਨੂੰ ਤੁਰੰਤ ਸਰਕਾਰੀ ਨੌਕਰੀ ਦਿੱਤੀ ਜਾਵੇ। ਘੋੜੇ 'ਤੇ ਯਾਤਰੀਆਂ ਨੂੰ ਪਹੁੰਚਾਉਣ ਵਾਲੇ ਆਦਿਲ ਹੁਸੈਨ ਸ਼ਾਹ ਨੂੰ ਜਿਹੜਾ ਯਾਤਰੀਆਂ ਨੂੰ ਬਚਾਉਂਦਾ ਹੋਇਆ ਆਪ ਸ਼ਹੀਦ ਹੋ ਗਿਆ ਉਸ ਨੂੰ ਸ਼ਹੀਦ ਦਾ ਦਰਜਾ ਦੇ ਕੇ ਉਸਦੇ ਪਰਵਾਰ ਨੂੰ ਯੋਗ ਸਨਮਾਨ ਅਤੇ ਆਰਥਿਕ ਸਹਾਇਤਾ ਦਿੱਤੀ ਜਾਵੇ।ਮੀਟਿੰਗ ਵਿੱਚ ਜਸਵਿੰਦਰ ਫਗਵਾੜਾ, ਸੁਖਵਿੰਦਰ ਬਾਗਪੁਰ , ਬਿੱਟੂ ਰੂਪੇਵਾਲੀ , ਸੰਦੀਪ ਦਰਦੀ , ਵਿਜੈ ਰਾਹੀ, ਜਰਨੈਲ ਸਿੰਘ , ਪਰਮਜੀਤ ਕਿਰਤੀ ਅਤੇ ਪ੍ਰਿੰਸੀਪਲ ਮਨਜੀਤ ਸਿੰਘ ਹਾਜ਼ਰ ਸਨ।

## ਗੁਰਪ੍ਰੀਤ ਸਿੰਘ ਵਿਰਕ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਾਇਰੈਕਟਰ ਨਿਯੁਕਤ

● ਵਿਧਾਇਕ ਰੰਧਾਵਾ ਨੇ ਦਿੱਤੀ ਵਧਾਈ



**ਡੇਰਾਬਸੀ (ਵਿਨੈ ਕੁਮਾਰ ਜੈਨ)**- ਸੂਬੇ 'ਚ ਆਮ ਆਦਮੀ ਪਾਰਟੀ ਨੂੰ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਨੇ ਪਾਰਟੀ ਵਰਕਰਾਂ ਨੂੰ ਵੱਡੇ ਪੱਧਰ 'ਤੇ ਜ਼ਿੰਮੇਵਾਰੀਆਂ ਸੌਂਪੀਆਂ ਹਨ। ਮਾਨ ਨੇ ਵੱਖ-ਵੱਖ ਵਿਭਾਗਾਂ ਵਿੱਚ ਚੇਅਰਮੈਨ, ਡਾਇਰੈਕਟਰ, ਵਾਈਸ ਚੇਅਰਮੈਨ ਅਤੇ ਮੈਂਬਰ ਨਿਯੁਕਤ ਕੀਤੇ ਹਨ। ਸਰਕਾਰ ਵੱਲੋਂ ਇਸ ਦੀ ਸੂਚੀ ਵੀ ਜਾਰੀ ਕੀਤੀ ਗਈ ਹੈ, ਜਿਸ ਤਹਿਤ 5 ਚੇਅਰਮੈਨ, 17 ਡਾਇਰੈਕਟਰ, 2 ਵਾਈਸ ਚੇਅਰਮੈਨ ਅਤੇ 7 ਮੈਂਬਰ ਨਿਯੁਕਤ ਕੀਤੇ ਗਏ ਹਨ। ਜਾਰੀ ਕੀਤੀ ਗਈ ਸੂਚੀ ਅਨੁਸਾਰ, ਚੇਅਰਮੈਨ, ਡਾਇਰੈਕਟਰ, ਵਾਈਸ ਚੇਅਰਮੈਨ ਅਤੇ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ ਹੈ। ਇਨ੍ਹਾਂ ਵਿੱਚ ਵਿਧਾਨ ਸਭਾ ਹਲਕਾ ਡੇਰਾਬੱਸੀ ਦੇ ਨਜ਼ਦੀਕੀ ਗੁਰਪ੍ਰੀਤ ਸਿੰਘ ਵਿਰਕ ਨੂੰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ। ਗੁਰਪ੍ਰੀਤ ਸਿੰਘ ਵਿਰਕ ਦੀ ਨਿਯੁਕਤੀ ਲਈ ਵਿਧਾਇਕ ਰੰਧਾਵਾ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਵਰਕਰਾਂ ਨੂੰ ਪਾਰਟੀ ਵੱਲੋਂ ਪੂਰਾ ਮਾਣ ਅਤੇ ਸਤਿਕਾਰ ਦਿੱਤਾ ਜਾਂਦਾ ਰਹੇਗਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਸੂਬੇ ਦੇ ਲੋਕਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਸੱਚਾ ਪਿਆਰ ਅਤੇ ਵਿਸ਼ਵਾਸ ਕਰਕੇ ਪਾਰਟੀ ਸੱਤਾ ਵਿੱਚ ਹੈ ਅਤੇ ਬਹੁਤ ਹੀ ਇਮਾਨਦਾਰ ਅਤੇ ਸੂਝਵਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਆਮ ਲੋਕਾਂ ਦੀ ਸੇਵਾ ਨਿਭਾਅ ਰਹੀ ਹੈ।ਆਮ ਆਦਮੀ ਪਾਰਟੀ ਮਿਹਨਤੀ ਤੇ ਅਣਥੱਕ ਆਮ ਘਰਾਂ ਦੇ ਵਰਕਰਾਂ ਨੂੰ ਹੀ ਅੱਗੇ ਲਿਆ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰ ਹੁਣ ਜਾਂ ਤਾਂ ਸਲਾਖਾਂ ਪਿੱਛੇ ਹਨ ਜਾਂ ਪੰਜਾਬ ਛੱਡ ਕੇ ਜਾ ਰਹੇ ਹਨ ਅਤੇ ਬਾਕੀ ਤਸਕਰਾਂ ਦੀ ਵਾਰੀ ਵੀ ਸਮੇਂ ਅਨੁਸਾਰ ਆ ਰਹੀ ਹੈ। ਇਸ ਮੌਕੇ ਗੁਰਪ੍ਰੀਤ ਸਿੰਘ ਵਿਰਕ ਨੇ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਡਾਇਰੈਕਟਰ ਨਿਯੁਕਤ ਕੀਤੇ ਜਾਣ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਆਪ ਸੁਪਰੀਮੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਪਾਰਟੀ ਪ੍ਰਧਾਨ ਅਮਨ ਅਰੋੜਾ ਅਤੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਧੰਨਵਾਦ ਕੀਤਾ।

## ਸਟੱਡੀ ਸਰਕਲ ਮਾਹਿਲਪੁਰ ਕਾਲਜ ਵੱਲੋਂ ਵਿਦਿਆਰਥੀਆਂ ਲਈ ਵਿਸ਼ੇਸ਼ ਲੈਕਚਰ



**ਮਾਹਿਲਪੁਰ (ਸਫ਼ਰੀ)**- ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਦੇ ਗੁਰੂ ਗੋਬਿੰਦ ਸਿੰਘ ਖ਼ਾਲਸਾ ਸਟੱਡੀ ਸਰਕਲ ਯੂਨਿਟ ਵੱਲੋਂ ਵਿਦਿਆਰਥੀਆਂ ਨੂੰ ਹੁਨਰ ਕੇਂਦਰਿਤ ਰੁਜ਼ਗਾਰ ਅਤੇ ਧਾਰਮਿਕ ਕਦਰਾਂ ਕੀਮਤਾਂ ਨਾਲ ਜੋੜਨ ਦੇ ਉਪਰਾਲੇ ਤਹਿਤ ਕਾਲਜ ਦੇ ਗਦਰੀ ਬਾਬਾ ਹਰਜਾਪ ਸਿੰਘ ਕਨਵੈਨਸ਼ਨ ਹਾਲ ਵਿੱਚ 'ਭਵਿੱਖ ਮੁਖੀ ਰੁਜ਼ਗਾਰ ਸਬੰਧੀ ਮਾਰਗ ਦਰਸ਼ਨ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਮੁੱਖ ਬੁਲਾਰੇ ਵਜੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਬੱਲੋਵਾਲ ਸੌਂਖੜੀ ਕੇਂਦਰ, ਬਲਾਚੌਰ ਤੋਂ ਡੀਨ, ਕਾਲਜ ਆਫ ਐਗਰੀਕਲਚਰ ਡਾ. ਮਨਮੋਹਨਜੀਤ ਸਿੰਘ ਨੇ ਸ਼ਿਰਕਤ ਕੀਤੀ, ਜਦਕਿ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਸਿੱਖ ਐਜੂਕੇਸ਼ਨਲ ਕੌਂਸਲ ਦੇ ਜਨਰਲ ਸਕੱਤਰ ਤੇ ਸਟੱਡੀ ਸਰਕਲ ਦੇ ਸੰਯੋਜਕ ਪ੍ਰੋ ਅਪਿੰਦਰ ਸਿੰਘ, ਪ੍ਰਿੰ ਡਾ. ਪਰਵਿੰਦਰ ਸਿੰਘ, ਵਾਤਾਵਰਣ ਪ੍ਰੇਮੀ ਤੇ ਲੇਖਕ ਪ੍ਰਿੰ ਰੁਪਿੰਦਰਜੋਤ ਸਿੰਘ ਬੱਬੂ, ਬਾਲ ਸਾਹਿਤ ਲੇਖਕ ਬਲਜਿੰਦਰ ਮਾਨ ਸ਼ਾਮਿਲ ਹੋਏ।ਪ੍ਰਿੰ ਡਾ ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਕਾਲਜ ਵਿੱਚ ਚੱਲਦੀਆਂ ਹੋਰ ਗਤੀਵਿਧੀਆਂ ਵਿੱਚ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ। ਮੁੱਖ ਬੁਲਾਰੇ ਡਾ ਮਨਮੋਹਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਅਕਾਦਮਿਕ ਪੜ੍ਹਾਈ ਦੇ ਨਾਲ ਨਾਲ ਆਪਣੀ ਸ਼ਖ਼ਸੀਅਤ ਦੇ ਬਹੁਪੱਖੀ ਨਿਰਮਾਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਧਰਮ, ਸਭਿਆਚਾਰ ਤੇ ਵਿਰਸੇ ਦੀਆਂ ਕਦਰਾਂ ਕੀਮਤਾਂ 'ਤੇ ਵੀ ਪਹਿਰਾ ਦੇਣ 'ਤੇ ਜ਼ੋਰ ਦਿੱਤਾ ਅਤੇ ਬਾਰ੍ਹਵੀਂ ਤੇ ਗਰੈਜੂਏਸ਼ਨ ਤੋਂ ਬਾਅਦ ਵੱਖ ਵੱਖ ਖੇਤਰਾਂ ਵਿੱਚ ਰੁਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ। ਮੰਚ ਦੀ ਕਾਰਵਾਈ ਪ੍ਰੋ ਰੁਪਿੰਦਰਜੋਤ ਸਿੰਘ ਨੇ ਚਲਾਈ। ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ ਜੇ ਬੀ ਸੇਖੋਂ, ਸਟੱਡੀ ਸਰਕਲ ਦੇ ਅਹੁਦੇਦਾਰ ਡਾ ਕੁਲਦੀਪ ਸਿੰਘ, ਸਰਬਜੀਤ ਸਿੰਘ, ਪ੍ਰੋ ਕਮਲਪ੍ਰੀਤ ਕੌਰ, ਪ੍ਰੋ ਜਸਦੀਪ ਕੌਰ, ਪ੍ਰੋ ਅਸ਼ੋਕ ਕੁਮਾਰ, ਪ੍ਰੋ ਹਰਪ੍ਰੀਤ ਕੌਰ, ਪ੍ਰੋ ਗਣੇਸ਼, ਪ੍ਰੋ ਰਮਨਦੀਪ ਕੌਰ, ਪ੍ਰੋ ਅਵਲੀਨ ਕੌਰ ਸਮੇਤ ਵਿਦਿਆਰਥੀ ਹਾਜ਼ਰ ਸਨ।

## ਯੋਗ, ਆਯੁਰਵੇਦ ਤੇ ਕੁਦਰਤੀ ਥਰੈਪੀ ਨੂੰ ਅਪਨਾਉਣ ਨਾਗਰਿਕ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਾਣੀਪਤ ਜ਼ਿਲ੍ਹੇ ਦੇ ਸਮਾਲਖਾ ਸਥਿਤ ਸੇਵਾ ਸਾਧਨਾ ਅਤੇ ਗ੍ਰਾਮ ਵਿਕਾਸ ਕੇਂਦਰ ਪਰਿਸਰ ਵਿੱਚ ਰਿਸ਼ੀਕੁਲਮ ਵੈਲਨੇਸ ਸੈਂਟਰ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੇਂਦਰ ਤੋਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਚੁੱਕਣ ਅਤੇ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗ, ਆਯੂਰਵੇਦ ਅਤੇ ਕੁਦਰਤੀ ਥੇਰੈਪੀ ਨੂੰ ਅਪਣਾ ਕੇ ਇੱਕ ਸਿਹਤਮੰਦ ਜੀਵਨਸ਼ੈਲੀ ਨੂੰ ਪ੍ਰੋਤਸਾਹਨ ਦੇਣ।ਮੁੱਖ ਮੰਤਰੀ ਨੇ ਕਿਹਾ ਕਿ ਇਸ ਕੇਂਦਰ ਦੀ ਸਥਾਪਨਾ ਜਿਨ੍ਹਾਂ ਉਦੇਸ਼ਾਂ ਨੂੰ ਲੈ ਕੇ ਕੀਤੀ ਗਈ ਸੀ, ਉਹ ਸਾਕਾਰ ਹੁੰਦੇ ਪ੍ਰਤੀਤ ਹੋ ਰਹੀ ਹੈ। ਇਹ ਕੇਂਦਰ ਨਾ ਸਿਰਫ ਗ੍ਰਾਮ ਵਿਕਾਸ ਦੀ ਦਿਸ਼ਾ ਵਿੱਚ ਇੱਕ ਮਹਤੱਵਪੂਰਣ ਕਦਮ ਹੈ, ਸਗੋਂ ਸਾਡੀ ਸਨਾਤਮ ਰਿਵਾਜ਼ਾਂ ਅਤੇ ਸੰਸਕਾਰਾਂ ਨੂੰ ਹੋਰ ਮਜਬੂਤ ਕਰ ਰਹੀ ਹੈ। ਉਨ੍ਹਾਂ ਨੇ ਸੰਸਥਾ ਨੂੰ 51 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।ਸੈਣੀ ਨੇ ਕਿਹਾ ਕਿ ਅੱਜ ਦੇਸ਼ ਨੂੰ ਦੋ ਚੀਜਾਂ ਦੀ ਜਰੂਰਤ ਹੈ, ਪਹਿਲੀ ਸਾਡੇ ਬੋਡਰ ਸੁਰੱਖਿਅਤ ਹੋਣ ਅਤੇ ਦੂਜਾ ਸਾਡਾ ਸਰੀਰ ਸਿਹਤੰਮਦ ਹੋਵੇ ਅਤੇ ਇਹ ਕੇਂਦਰ ਵੈਲਨੈਸ ਸੈਂਟਰ ਰਾਹੀਂ ਨਾਗਰਿਕਾਂ ਨੂੰ ਸਿਹਤ ਦੇ ਪ੍ਰਤੀ ਜਾਗਰੁਕ ਕਰੇਗਾ। ਉਨ੍ਹਾਂ ਨੇ ਕਿਹਾ ਕਿ ਇਸ ਕੇਂਦਰ ਵਿੱਚ ਕਿਸਾਨਾਂ ਨੂੰ ਕੁਦਰਤੀ ਖੇਤੀ ਲਈ ਪ੍ਰੋਤਸਾਹਿਤ ਅਤੇ ਜਾਗਰੁਕ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਰਸਾਇਨਿਕ ਕੀਟਨਾਸ਼ਕਾਂ ਦੇ ਬਹੁਤ ਵੱਧ ਵਰਤੋਂ ਤੋਂ ਬਚਣ ਅਤੇ ਕੁਦਰਤੀ ਖੇਤੀ ਦੇ ਵੱਲ ਵੱਧਣ। ਮੁੱਖ ਮੰਤਰੀ ਨੇ ਕਿਹਾ ਕਿ ਸੇਵਾ ਸਾਧਨਾ ਅਤੇ ਗ੍ਰਾਮ ਵਿਕਾਸ ਕੇਂਦਰ ਵਿੱਚ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਸਕਿਲ ਸੈਂਟਰ ਸੰਚਾਲਿਤ ਕੀਤੇ ਜਾ ਰਹੇ ਹਨ, ਜਿੱਥੇ ਲਗਭਗ 450 ਨੌਜੁਆਨ ਸਿਖਲਾਈ ਪ੍ਰਾਪਤ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਰੁਜਗਾਰ ਦੇ ਮੌਕੇ ਵੀ ਉਪਲਬਧ ਕਰਾਏ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਨੌਜੁਆਨਾਂ ਦੀ ਮਹਤੱਵਪੂਰਣ ਭੁਮਿਕਾ ਹੈ ਅਤੇ ਇਹ ਕੇਂਦਰ ਉਨ੍ਹਾਂ ਨੂੰ ਉਸ ਦਿਸ਼ਾ ਵਿੱਚ ਮਾਰਗਦਰਸ਼ਨ ਅਤੇ ਸਾਧਨ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸੰਸਥਾ ਨਾਲ ਜੁੜੇ ਹਰੇਕ ਵਿਅਕਤੀ ਦੀ ਇਹ ਜਿਮੇਵਾਰੀ ਬਣਦੀ ਹੈ ਕਿ ਇਹ ਸੰਸਥਾ ਨੂੰ ਹੋਰ ਵੱਧ ਉਚਾਈਆਂ ਤੱਕ ਲੈ ਜਾਣ ਵਿੱਚ ਆਪਣਾ ਸਰਗਰਮ ਯੋਗਦਾਨ ਦੇਣ।ਇਸ ਮੌਕੇ 'ਤੇ ਮਾਧਨ ਜਨ ਸੇਵਾ ਨਿਆਸ ਦੇ ਚੇਅਰਮੈਨ ਪਵਲ ਜਿੰਦਨ ਨੇ ਕਿਹਾ ਕਿ ਇਹ ਵੈਲਨੇਸ ਸੈਂਟਰ ਉਨ੍ਹਾਂ ਲੋਕਾਂ ਲਈ ਨੀਂਹ ਦਾ ਪੱਥਰ ਹੋਵੇਗਾ ਜੋ ਤਨਾਅ ਮੁਕਤ ਰਹਿਣਾ ਚਾਹੁੰਦੇ ਹਨ।ਇਸ ਮੌਕੇ 'ਤੇ ਸਿਖਿਆ ਮੰਤਰੀ ਮਹੀਪਾਲ ਢਾਂਡਾ, ਵਿਧਾਇਕ ਪ੍ਰਮੋਦ ਵਿਜ, ਮਨਮੋਹਨ ਭਡਾਨਾ, ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਮੋਹਨ ਲਾਲ ਕੌਸ਼ਿਕ, ਮੁੱਖ ਮੰਤਰੀ ਦੇ ਓਐਸਡੀ ਵੀਰੇਂਦਰ ਬਡਖਾਲਸਾ ਅਤੇ ਡਾ. ਰਾਜ ਨਹਿਰੂ, ਸਾਬਕਾ ਵਿਧਾਨ ਸਭਾ ਸਪੀਕਰ ਗਿਆਨ ਚੰਦ ਗੁਪਤਾ, ਸਾਬਕਾ ਮੰਤਰੀ ਅਸੀਮ ਗੋਇਲ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਰਹੇ।

## ਟਾਂਡਾ ਨੂੰ ਸਮਾਰਟ ਸਿਟੀ ਬਣਾਉਣਾ ਮੇਰਾ ਸੁਪਨਾ : ਰਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਪੰਜਾਬ ਦੀ ਜਨਤਾ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਹਰ ਹਲਕੇ ਦੇ ਵਿਧਾਇਕ ਆਪਣੇ ਆਪਣੇ ਹਲਕਿਆਂ ਵਿੱਚ ਪਾਰਟੀ ਵਰਕਰਾਂ ਦੇ ਸਹਿਯੋਗ ਨਾਲ ਦਿਨ ਰਾਤ ਮਿਹਨਤ ਕਰ ਰਹੇ ਹਨ। ਆਪਣੇ ਹਲਕੇ ਦੀ ਤਰੱਕੀ ਅਤੇ ਇਸਨੂੰ ਸਾਫ ਸੁਥਰਾ ਸੁੰਦਰ ਬਣਾਉਣ ਲਈ ਹਰ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਤੋਂ ਪੂਰੀ ਜਾਣਕਾਰੀ ਹਾਸਿਲ ਕੀਤੀ ਜਾ ਰਹੀ ਹੈ ਤਾਂ ਜੋ ਹਲਕੇ ਦੀਆਂ ਕਮੀਆਂ ਨੂੰ ਪੂਰਾ ਕਰਨ ਲਈ ਹਰ ਤਰ੍ਹਾਂ ਦਾ ਉਪਰਾਲਾ ਕੀਤਾ ਜਾ ਸਕੇ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਟਾਂਡਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਪੱਤਰਕਾਰਾਂ ਨਾਲ ਕਰਦੇ ਹੋਏ ਕਿਹਾ ਕਿ ਟਾਂਡਾ ਉੜਮੁੜ ਸ਼ਹਿਰ ਦੀ ਨੁਹਾਰ ਬਦਲਣ ਲਈ ਮੈਂ ਪਿਛਲੀਆਂ ਸਰਕਾਰਾਂ ਵੱਲੋਂ ਕਾਗਜ਼ਾਂ ਤੱਕ ਹੀ ਸੀਮਤ ਰੱਖੇ ਗਏ ਵਿਕਾਸ ਕਾਰਜਾਂ ਨੂੰ ਨੇਪੜੇ ਚਾੜ੍ਹ ਕੇ ਜਲਦ ਖ਼ਤਮ ਕਰ ਰਿਹਾ ਹਾਂ ਤਾਂ ਜੋ ਅਸੀਂ ਇਨ੍ਹਾਂ ਗਲੀਆਂ ਨਾਲੀਆਂ ਤੱਕ ਹੀ ਸੀਮਤ ਨਾ ਹੋ ਕੇ ਵਿਕਾਸ ਦੀਆਂ ਬੁਲੰਦੀਆਂ ਨੂੰ ਛੂਹ ਸਕੀਏ। ਉਨ੍ਹਾਂ ਕਿਹਾ ਕਿ ਮੇਰਾ ਇੱਕ ਸੁਪਨਾ ਹੈ ਕਿ ਮੈਂ ਆਪਣੇ ਹਲਕੇ ਨੂੰ ਸਮਾਰਟ ਸਿਟੀ ਵਾਂਗ ਤਿਆਰ ਕਰ ਸਕਾਂ ਜਿਸਦੇ ਲਈ ਮੈਨੂੰ ਆਪਣੀ ਪਾਰਟੀ ਦੇ ਹਰ ਵਰਕਰ ਅਤੇ ਇਲਾਕਾ ਨਿਵਾਸੀਆਂ ਦਾ ਸਹਿਯੋਗ ਮਿਲਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਮੈਂ ਹਰ ਵਿਭਾਗ ਦੇ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਵੀ ਕਹਿ ਦਿੱਤਾ ਹੈ ਕਿ ਵਿਕਾਸ ਕਾਰਜਾਂ ਵਿੱਚ ਹਰ ਤਰ੍ਹਾਂ ਦੀ ਪਾਰਦਰਸ਼ੀ ਲਿਆਉਣਾ ਯਕੀਨੀ ਬਣਾਇਆ ਜਾਵੇ, ਅਜਿਹਾ ਨਾ ਕਰਨ ਵਾਲੇ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।



## ਲਲਵਾਣ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਮਾਹਿਲਪੁਰ /(ਸਫਰੀ)**— ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ 'ਚ ਸਰਕਾਰੀ ਹਾਈ ਸਕੂਲ ਲਲਵਾਣ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਇੰਚਾਰਜ ਰਾਮ ਲੁਭਾਇਆ ਨੇ ਦੱਸਿਆ ਕਿ ਅਧਿਆਪਕਾਂ ਦੀ ਮਿਹਨਤ ਅਤੇ ਬੱਚਿਆਂ ਦੀ ਲਗਨ ਸੱਦਕਾ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਉਨ੍ਹਾਂ ਦੱਸਿਆ ਕਿ-ਸਰਕਾਰੀ ਹਾਈ ਸਕੂਲ ਲਲਵਾਨ ਦੀ ਵਿਦਿਆਰਥਣ ਅੰਜਲੀ ਸਪੁੱਤਰੀ ਕੁਲਦੀਪ ਕੁਮਾਰ ਨੇ 95% ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜੈਸਮੀਨ ਸਪੁੱਤਰੀ ਸਵਰਗਵਾਸੀ ਦਰਸ਼ਨ ਲਾਲ ਨੇ 92% ਨੰਬਰਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਕੰਵਲਜੀਤ ਕੌਰ ਸਪੁੱਤਰੀ ਸੁਰਜੀਤ ਸਿੰਘ ਵਾਸੀ ਖੰਨੀ ਨੇ 91% ਨੰਬਰ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਬਾਕੀ ਸਾਰੇ ਵਿਦਿਆਰਥੀ ਪਹਿਲੀ ਡਿਵੀਜਨ ਨਾਲ ਪਾਸ ਹੋਏ। ਸਕੂਲ ਇੰਚਾਰਜ ਅਤੇ ਸਮੂਹ ਸਟਾਫ ਵਲੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਂਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਾਮ ਲੁਭਾਇਆ, ਮਨਦੀਪ ਕੌਰ,ਵੀਨੂ, ਮਨੋਜ ਕੁਮਾਰ ਰਾਣਾ, ਮਹੇਸ਼ਇੰਦਰ ਸਿੰਘ, ਗੁਰਦੇਵ ਸਿੰਘ, ਰਮਿੰਦਰ ਕੌਰ ਅਤੇ ਸੁਖਵਿੰਦਰ ਪਾਲ ਆਦਿ ਹਾਜਰ ਸਨ।

## 'ਆਪ' ਸਰਕਾਰ ਨੇ ਪੰਜਾਬੀਆਂ ਦੇ ਹੱਕਾਂ 'ਤੇ ਮਾਰਿਆ ਡਾਕਾ : ਐਡਵੋਕੇਟ ਰਾਜਕਮਲ ਸਿੰਘ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**— ਹਲਕਾ ਨਕੋਦਰ ਦੇ ਸੀਨੀਅਰ ਅਕਾਲੀ ਆਗੂ ਅਤੇ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੋਰ ਕਮੇਟੀ ਮੈਂਬਰ ਐਡਵੋਕੇਟ ਰਾਜ ਕਮਲ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਗੈਰ ਪੰਜਾਬੀਆਂ ਨੂੰ ਵੱਡੀਆਂ ਚੇਅਰਮੈਨੀਆਂ ਦੀਆਂ ਨਿਯੁਕਤੀਆਂ ਨੂੰ ਪੰਜਾਬੀਆਂ ਦੇ ਹੱਕਾਂ ਉੱਤੇ ਡਾਕਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਜਿੰਨ੍ਹਾਂ ਵਲੰਟੀਅਰਾਂ ਨੇ ਜੀਅ ਜਾਨ ਲਾ ਕੇ ਆਪਣੀ ਆਮ ਆਦਮੀ ਪਾਰਟੀ ਨੂੰ ਸੱਤਾ 'ਚ ਲਿਆਂਦਾ ਕੀ ਗੱਲ ਉਹ ਇਨ੍ਹਾਂ ਚੇਅਰਮੈਨੀਆਂ ਦੇ ਲਾਇਕ ਨਹੀਂ। ਉਨ੍ਹਾਂ ਨੇ ਇਹ ਵੀ ਕਿਹਾ ਕਿ ਏਜੀ ਦਫਤਰ ਵਿੱਚ ਤਿੰਨ ਐਡੀਸ਼ਨਲ ਏਜੀ ਉਹ ਵੀ ਯੂਪੀ ਤੇ ਦਿੱਲੀ ਨਾਲ ਸੰਬੰਧਿਤ ਹਨ। ਪੰਜਾਬ ਇੱਕ ਪੜ੍ਹੇ ਲਿਖੇ ਨੌਜਵਾਨਾਂ ਦਾ ਸੂਬਾ ਹੈ ਕੀ ਗੱਲ ਹਾਈ ਕੋਰਟ ਦੇ ਵਿੱਚ ਇੰਨੇ ਹਜ਼ਾਰਾਂ ਦੀ ਤਾਦਾਦ ਦੇ ਵਿੱਚ ਪ੍ਰੈਕਟਿਸ ਕਰਦੇ ਵਕੀਲਾਂ ਨੂੰ ਮੌਕਾ ਨਹੀਂ ਦਿੱਤਾ ਜਾ ਸਕਦਾ ਸੀ। ਉਹਨਾਂ ਨੇ ਭਗਵੰਤ ਮਾਨ ਨੂੰ ਵੀ ਬੇਨਤੀ ਕੀਤੀ ਲੋਕਾਂ ਨੇ ਵੋਟਾਂ ਤੁਹਾਨੂੰ ਪਾਈਆਂ ਸੀ ਨਾ ਕਿ ਦਿੱਲੀ ਵਾਲਿਆਂ ਨੂੰ। ਇਸ ਲਈ ਆਪਣੀਆਂ ਅੱਖਾਂ ਖੋਲੋ ਤੇ ਆਪਣੇ ਨਿੱਜੀ ਹਿੱਤਾਂ ਨੂੰ ਪਰੇ ਰੱਖ ਕੇ ਪੰਜਾਬ ਦਾ ਸਾਥ ਦਿਓ। ਅੰਤ ਵਿੱਚ ਉਹਨਾਂ ਨੇ ਇਹ ਵੀ ਕਿਹਾ ਕਿ ਸਿਰਫ ਤੇ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਖੇਤਰੀ ਪਾਰਟੀ ਹੈ ਜੋ ਪੰਜਾਬ ਦੇ ਬੇਹਤਰੀ ਲਈ ਕੰਮ ਕਰ ਸਕਦੀ ਹੈ। ਇਸ ਲਈ ਆਪਣੀ ਖੇਤਰੀ ਪਾਰਟੀ ਨੂੰ ਮਜਬੂਤ ਕਰਦੇ ਹੋਏ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦੇਈਏ ।

## ਨਤੀਜਾ 100 ਪ੍ਰਤੀਸ਼ਤ ਰਿਹਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਸਰਕਾਰੀ ਹਾਈ ਸਕੂਲ ਬੋਪਾਰਾਏ ਕਲ੍ਹਾਂ (ਬਲਾਕ ਨਕੋਦਰ-02) ਦਾ 10ਵੀਂ ਕਲਾਸ ਦਾ 2024-25 ਦਾ ਨਤੀਜਾ 100 ਪ੍ਰਤੀਸ਼ਤ ਰਿਹਾ ਹੈ, ਜਿਸ ਵਿੱਚ ਰਾਜਵੀਰ ਚੰਦੜ੍ਹ ਨੇ 609/650 ਅੰਕ ਪ੍ਰਾਪਤ ਕਰਕੇ ਪਹਿਲਾ, ਹਰਪ੍ਰੀਤ ਕੌਰ ਨੇ 601/650 ਅੰਕ ਪ੍ਰਾਪਤ ਕਰਕੇ ਦੂਜਾ ਅਤੇ ਯੁਵਰਾਜ ਕਲੇਰ ਨੇ 542/650 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਮੂਹ ਸਟਾਫ ਵਲੋਂ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਦੇ ਤਹਿਤ ਸੰਧੂ ਚੱਠਾ ਦੇ ਲੋਕਾਂ ਨੂੰ ਕੀਤਾ ਜਾਗਰੂਕ



**ਕਾਲਾ ਸੰਘਿਆਂ (ਮਨਜੀਤ ਮਾਨ)**- ਪਿੰਡ ਸੰਧੂ ਚੱਠਾ ਵਿਖੇ ਸਰਪੰਚ ਸ੍ਰੀਮਤੀ ਸੁਰਜੀਤ ਕੌਰ ਦੀ ਰਹਿਨੁਮਾਈ ਹੇਠ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਦੇ ਤਹਿਤ ਭਾਰੀ ਇਕੱਠ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਮੈਡਮ ਲਲਿਤਾ ਸਕਲਾਨੀ, ਗੁਰਪਾਲ ਸਿੰਘ ਇੰਡੀਅਨ ਸਾਬਕਾ ਚੇਅਰਮੈਨ ਇੰਪਰੂਵਮੈਂਟ, ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਤੇ ਥਾਣਾ ਸਦਰ ਕਪੂਰਥਲਾ ਦੇ ਐਡੀਸ਼ਨਲ ਐੱਸ ਐੱਚ ਓ ਨਿਰਵੈਰ ਸਿੰਘ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਨੂੰ ਲੋਕਾਂ ਵੱਲੋਂ ਭਾਰੀ ਸਹਿਯੋਗ ਮਿਲ ਰਿਹਾ ਹੈ। ਐੱਸ ਐੱਚ ਓ ਨੇ ਕਿਹਾ ਪੰਜਾਬ ਪੁਲਸ ਤੇ ਸਰਕਾਰ ਲੋਕਾਂ ਦੀ ਹਮਦਰਦ ਤੇ ਦੋਸਤ ਬਣ ਕੇ ਕੰਮ ਕਰ ਰਹੀ ਹੈ। ਉਨ੍ਹਾਂ ਮਾੜੇ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਇਲਾਕੇ ਵਿੱਚ ਜੋ ਵੀ ਨਸ਼ਿਆਂ ਦੇ ਸੁਦਾਗਰ ਹਨ ਉਹ ਨਸ਼ੇ ਵੇਚਣੇ ਬੰਦ ਕਰ ਦੇਣ ਜਾਂ ਇਲਾਕਾ ਛੱਡ ਜਾਣ। ਇਸ ਮੌਕੇ ਗਾਇਕ ਲਖਵੀਰ ਲੱਖੀ ਨੇ ਨਸ਼ਿਆਂ ਦੇ ਖਿਲਾਫ ਗੀਤ ਪੇਸ਼ ਕੀਤਾ। ਇਸ ਮੌਕੇ ਸਾਬਕਾ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਸੁਖਵਿੰਦਰ ਸਿੰਘ ਨੇਕੀ ਇੰਚਾਰਜ ਸਪੋਰਟਸ ਵਿੰਗ ਪੰਜਾਬ, ਸੁਰਿੰਦਰ ਕੌਰ ਪੰਚ, ਪਲਵਿੰਦਰ ਕੌਰ ਪੰਚ, ਪ੍ਰਤਾਪ ਸਿੰਘ ਪੰਚ, ਗੁਰਦਿੱਤ ਸਿੰਘ ਪੰਚ, ਜਗਮਿੰਦਰ ਸਿੰਘ ਪੰਚ, ਮਨਜੀਤ ਸਿੰਘ ਪੰਚਾਇਤ ਸੈਕਟਰੀ, ਨਰੇਸ਼ ਸੈਕਟਰੀ ਵਿਕਰਾਤ, ਡਾਕਟਰ ਸੁਰਜੀਤ ਸਿੰਘ ਖੁਸਰੋ ਪੁਰ ਲਹਿੰਬਰ ਸਿੰਘ ਢਿੱਲੋਂ, ਜਸਵੰਤ ਸਿੰਘ ਸੋਹਲ, ਸੰਤੋਖ ਸਿੰਘ, ਕੁਲਵੰਤ ਸਿੰਘ ਸੋਹਲ,ਸਵਰਨ ਸਿੰਘ, ਸੋਨੂੰ ਬਾਲਾ , ਸੰਜੀਵ ਕੌਂਡਲ, ਸਰਬਨ ਸਿੰਘ ਸੰਘਾ ਤੋਂ ਇਲਾਵਾ ਹੋਰ ਆਗੂ ਹਾਜਰ ਸਨ।

## ਜੇ ਐੱਸ ਐੱਫ ਐੱਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ, ਦਸਵੀਂ, ਬਾਰ੍ਹਵੀਂ ਜਮਾਤਾਂ ਦਾ ਨਤੀਜਾ 100 ਫ਼ੀਸਦੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਜੇ ਐਸ ਐਫ ਐਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਅੱਠਵੀਂ, ਦਸਵੀਂ, ਬਾਰ੍ਹਵੀਂ ਜਮਾਤਾਂ ਦਾ ਨਤੀਜਾ 100 ਫ਼ੀਸਦੀ ਰਿਹਾ। ਪ੍ਰਿੰਸੀਪਲ ਦਲਜੀਤ ਸਿੰਘ ਬੋਲਾ ਨੇ ਦੱਸਿਆ ਕਿ ਇਸ ਸਾਲ ਵੀ ਸਾਡੇ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਹੈ ਜੋ ਕਿ ਇਸ ਤਰ੍ਹਾਂ ਹਨ। ਬਾਰਵੀਂ ਜਮਾਤ ਆਰਟਸ ਸਟ੍ਰੀਮ ਨਵਜੋਤ ਕੌਰ 85.6% ( ਪਹਿਲਾ ਸਥਾਨ), ਅੰਜਲੀ 83.4 % (ਦੂਜਾ ਸਥਾਨ), ਮਨੀਸ਼ਾ ਬੰਗੜ 82.6% (ਤੀਜਾ ਸਥਾਨ), ਕਾਮਰਸ ਸਟ੍ਰੀਮ, ਖੁਸ਼ੀ ਕੁਮਾਰੀ 89.4% (ਪਹਿਲਾ ਸਥਾਨ), ਰਣਦੀਪ ਸਿੰਘ 83.2% (ਦੂਜਾ ਸਥਾਨ), ਹੇਤਨ ਬੰਗਰ 83% (ਤੀਜਾ ਸਥਾਨ), ਦਸਵੀਂ ਜਮਾਤ ਕੁਨੀਕਾ 94.3%, ਸੁਗੰਧੀ 89.6%, ਸੁਖਮਨੀ 86.1%, ਅੱਠਵੀਂ ਜਮਾਤ ਈਸ਼ਾਨ ਭਾਟੀਆ 94.67%, ਨੈਤਿਕ 93.83%, ਰਸ਼ਮੀ 87.33 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਦਾ ਨਾਂਅ ਰੌਸ਼ਨ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਨ੍ਹਾਂ ਜਮਾਤਾਂ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਨਾਲ ਪਾਸ ਹੋਏ ਹਨ। ਉਨ੍ਹਾਂ ਨੇ ਸਾਰੇ ਮਾਤਾ ਪਿਤਾ ਨੂੰ ਵਧਾਈ ਦਿੱਤੀ। ਉਪਰੰਤ ਪ੍ਰਿੰਸੀਪਲ ਦਲਜੀਤ ਸਿੰਘ ਬੋਲਾ ਨੇ ਬੱਚਿਆਂ ਨੂੰ ਅੱਗੇ ਤੋਂ ਵੱਧ ਤੋਂ ਵੱਧ ਪੜ੍ਹਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਨੇ ਸਕੂਲ ਦੇ ਸਮੁੱਚੇ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਨਤੀਜਿਆਂ ਅਤੇ ਅਗਲੀ ਜਮਾਤ ਵਿੱਚ ਤਬਦੀਲ ਹੋਣ ਲਈ ਵਧਾਈ ਦਿੱਤੀ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ. ਜਸਵਿੰਦਰ ਸਿੰਘ ਨੇ ਬੱਚਿਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਨਤੀਜੇ ਸਟਾਫ ਦੀ ਮਿਹਨਤ ਦਾ ਸਿੱਟਾ ਹੈ। ਇਸ ਦੇ ਨਾਲ ਹੀ ਸਾਲ 2025-2026 ਲਈ ਸਕੂਲ ਵਿੱਚ ਦਾਖਲਾ ਸ਼ੁਰੂ ਹੈ। ਆਪਣੇ ਬੱਚਿਆਂ ਦੇ ਭਵਿੱਖ ਲਈ ਅਤੇ ਖੇਡਾਂ ਨੂੰ ਮੁੱਖ ਰੱਖਦੇ ਹੋਏ ਖਾਲਸਾ ਸਕੂਲ ਨਵਾਂਸ਼ਹਿਰ ਵਿਖੇ ਕਰਵਾਓ। ਸਕੂਲ ਵਿੱਚ+1,+2 ਦੇ ਵਿਦਿਆਰਥੀਆਂ ਲਈ ਆਰਟਸ, ਕਾਮਰਸ,ਇੰਟਰ ਆਰਟਸ ਸਟ੍ਰੀਮ ਉਪਲਬਧ ਹੈ। ਇਸ ਮੌਕੇ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ, ਸ੍ਰੀਮਤੀ ਨੀਲਮ ਕੌਰ, ਮੈਨੇਜਰ ਇੰਦਰਜੀਤ ਸਿੰਘ, ਪ੍ਰੋ ਕਮਲ ਸਿੰਘ, ਕਸ਼ਮੀਰ ਸਿੰਘ, ਨਰਿੰਦਰ ਸਿੰਘ, ਕਰਨੈਲ ਸੁਖਵੰਤ ਸਿੰਘ, ਗੁਰਦੀਪ ਕੌਰ ਭੁੱਲਰ, ਬਲਵੀਰ ਕੌਰ, ਮਿਸ ਕੰਚਨ ਸੋਨੀ, ਸ੍ਰੀਮਤੀ ਸੰਦੀਪ ਕੌਰ ਸ਼ਾਮਲ ਸਨ।



## ਗਰਮੀ ਨੂੰ ਧਿਆਨ 'ਚ ਰੱਖਦਿਆਂ ਸਕੂਲਾਂ ਦਾ ਸਮਾਂ ਬਦਲਿਆ ਜਾਵੇ : ਰਾਣਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮਾਸਟਰ ਕੇਡਰ ਯੂਨੀਅਨ ਰੂਪਨਗਰ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਰਾਣਾ, ਸੂਬਾ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਸ਼ਾਂਤਪਰੀ, ਫਾਊਂਡਰ ਮੈਂਬਰ ਵਾਸ਼ਿੰਗਟਨ ਸਿੰਘ ਸਮੀਰੋਵਾਲ ਨੇ ਪ੍ਰੈਸ ਨੋਟ ਜਾਰੀ ਕਰਕੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਬੀਤੇ ਦਿਨਾਂ ਦੇ ਵਿੱਚ ਵਧਦੀ ਗਰਮੀ ਨੂੰ ਦੇਖਦਿਆਂ ਹੋਇਆਂ ਸਕੂਲਾਂ ਦਾ ਸਮਾਂ ਸਵੇਰੇ 7 ਵਜੇ ਤੋਂ 11 ਵਜੇ ਤੱਕ ਦਾ ਕੀਤਾ ਜਾਵੇ ਅਤੇ ਗਰਮੀਆਂ ਦੀਆਂ ਛੁੱਟੀਆਂ ਦਾ ਸ਼ਡਿਊਲ ਵੀ ਪਹਿਲਾਂ ਦੀ ਤਰ੍ਹਾਂ ਨਾ ਰੱਖਿਆ ਜਾਵੇ ਸਗੋਂ ਮੌਸਮ ਵਿੱਚ ਤਬਦੀਲੀ ਹੋਣ ਕਾਰਨ ਇਹ ਸਮਾਂ ਇੱਕ ਜੂਨ ਤੋਂ ਲੈ ਕੇ 15 ਜੁਲਾਈ ਤੱਕ ਕੀਤਾ ਜਾਵੇ। ਉਹਨਾਂ ਕਿਹਾ ਕਿ ਜੁਲਾਈ ਮਹੀਨੇ ਵਿੱਚ ਹੁੰਮਸ ਵਾਲੇ ਦਿਨ ਹੋਣ ਕਾਰਨ ਬੱਚਿਆਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਨਾਲ ਵਿਦਿਆਰਥੀਆਂ ਨੂੰ ਵੀ ਕਾਫੀ ਰਾਹਤ ਮਿਲੇਗੀ ਅਤੇ ਬਿਜਲੀ ਦੀ ਖਪਤ ਵੀ ਘਟੇਗੀ, ਇਸ ਲਈ ਉਹਨਾਂ ਨੇ ਮੰਗ ਕੀਤੀ ਕਿ ਪਰ ਇਹ ਗਰਮੀ ਨੂੰ ਦੇਖਦਿਆਂ ਸਕੂਲਾਂ ਦਾ ਸਮਾਂ ਬਦਲਿਆ ਜਾਵੇ ਅਤੇ ਇੱਕ ਜੁਲਾਈ ਤੋਂ 15 ਜੁਲਾਈ ਤੱਕ ਛੁੱਟੀਆਂ ਕੀਤੀਆਂ ਜਾਣ। ਇਸ ਮੌਕੇ ਤੇ ਉਹਨਾਂ ਦੇ ਨਾਲ ਜ਼ਿਲ੍ਹਾ ਜਨਰਲ ਸਕੱਤਰ ਮਨਦੀਪ ਕੁਮਾਰ ਖੋਸਲਾ, ਭਵਨ ਸਿੰਘ, ਬਲਾਕ ਪ੍ਰਧਾਨ ਤਜਿੰਦਰ ਸਿੰਘ, ਕਰਤਾਰ ਸਿੰਘ ਬੜਵਾ, ਪ੍ਰੇਮ ਸਿੰਘ, ਬਲਵਿੰਦਰ ਕੁਮਾਰ, ਸੰਜੀਵ ਕੁਮਾਰ, ਹਰਭਜਨ ਸਿੰਘ ਆਦਿ ਹਾਜ਼ਰ ਸਨ ।

## ਸਰਕਾਰੀ ਹਾਈ ਸਕੂਲ ਮੱਲ੍ਹੀਆਂ ਖੁਰਦ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ



**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਦਸਵੀਂ ਜਮਾਤ ਨਤੀਜੇ ਵਿਚ ਸਰਕਾਰੀ ਹਾਈ ਸਕੂਲ ਮੱਲ੍ਹੀਆਂ ਖੁਰਦ ਦੇ ਵਿਦਿਆਰਥੀਆਂ ਦਾ ਨਤੀਜਾ 100%ਰਿਹਾ । ਗੁਰਪ੍ਰੀਤ ਕੌਰ ਨੇ 599/600 (92.15%) ਅੰਕ ਪ੍ਰਾਪਤ ਕਰਕੇ ਪਹਿਲਾ, ਸੁਖਪ੍ਰੀਤ ਕੌਰ ਨੇ 595/600(91.53%) ਅੰਕ ਦੂਜਾ, ਜੋਤਨ ਨੇ 593/600(91.23%) ਅੰਕ ਤੀਜਾ ਸਥਾਨ ਹਾਸਲ ਕੀਤਾ। ਖੁਸ਼ੀ ਅਤੇ ਹਰਮਨ ਸਿੰਘ ਨੇ 590/650 (90.76%) ਚੌਥਾ ਸਥਾਨ ਹਾਸਲ ਕੀਤਾ। ਸਕੂਲ ਵਿਚ 24 ਵਿਦਿਆਰਥੀਆਂ ਵਿੱਚੋਂ 12 ਵਿਦਿਆਰਥੀਆਂ ਵੱਲੋਂ 80% ਤੋਂ ਉੱਪਰ ਅੰਕ ਪ੍ਰਾਪਤ ਕੀਤੇ ਗਏ। ਸਕੂਲ ਦੇ ਮੁੱਖ ਅਧਿਆਪਕ ਅਤੇ ਸਮੂਹ ਸਟਾਫ ਵਲੋਂ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਗਈ।

## ਫਾਲਕਨ ਫਾਊਂਡੇਸ਼ਨ ਸਕੂਲ 'ਚ ਮਾਂ ਦਿਵਸ ਸੰਬੰਧੀ ਸਮਾਗਮ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਫਾਊਂਡੇਸ਼ਨ ਸਕੂਲ ਵਿਖੇ ਮਾਂ ਦਿਵਸ ਸੰਬੰਧੀ ਸਮਾਗਮ ਕੀਤਾ ਗਿਆ । ਇਸ ਦੌਰਾਨ ਬੱਚਿਆਂ ਨੇ ਆਪਣੀਆਂ ਮਾਵਾਂ ਵਾਸਤੇ ਵੱਖ ਵੱਖ ਤਰ੍ਹਾਂ ਦੇ ਕਾਰਡ ਬਣਾਏ ਅਤੇ ਖਾਸ ਸੰਦੇਸ਼ਾਂ ਰਾਹੀਂ ਆਪਣੇ ਪਿਆਰ ਦਾ ਇਜ਼ਹਾਰ ਕੀਤਾ। ਵੱਖ ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਮਾਂ ਦਿਵਸ ਨਾਲ ਸੰਬੰਧਤ ਗੀਤਾਂ 'ਤੇ ਕੀਤਾ ਗਿਆ ਡਾਂਸ ਵੀ ਖਿੱਚ ਦਾ ਕੇਂਦਰ ਰਿਹਾ । ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਵਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸਾ ਕੀਤੀ।ਉਨ੍ਹਾਂ ਬੱਚਿਆਂ ਨੂੰ ਮਾਪਿਆਂ ਦਾ ਸਤਿਕਾਰ ਕਰਨ ਅਤੇ ਆਗਿਆਕਾਰੀ ਬਣ ਕੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਕੁਆਰਡੀਨੇਟਰ ਮੈਡਮ ਮਮਤਾ ਗੈਂਦ, ਮੈਡਮ ਲਵਪ੍ਰੀਤ ਕੌਰ, ਪਰਮਜੀਤ ਕੌਰ, ਨੇਹਾ, ਮਨਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।



## ਚੱਕ ਕਲਾਲ 'ਚ ਸਲਾਨਾ ਬਰਸੀ ਸਮਾਗਮ 28 ਨੂੰ



**ਬੰਗਾ (ਅਵਤਾਰ ਕਲੇਰ)**- ਸੰਤ ਬਾਬਾ ਅਮਰ ਦਾਸ ਜੀ ਉਦਾਸੀ ਢੱਕੀ ਵਾਲਿਆਂ ਦੀ ਸਲਾਨਾ ਬਰਸੀ ਸਮਾਗਮ ਤਪ ਅਸਥਾਨ ਅਮਰਪੁਰੀ ਕੁਟੀਆ ਪਿੰਡ ਚੱਕ ਕਲਾਲ ਵਿਖੇ ਡੇਰੇ ਦੇ ਗੱਦੀ ਨਸ਼ੀਨ ਸੰਤ ਬਾਬਾ ਸੁਖਦੇਵ ਸਿੰਘ ਦੀ ਅਗਵਾਈ ਹੇਠ ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 28 ਮਈ ਨੂੰ ਮਨਾਈ ਜਾ ਰਹੀ ਹੈ। ਸੰਤ ਬਾਬਾ ਸੁਖਦੇਵ ਸਿੰਘ ਨੇ ਦੱਸਿਆ ਕਿ 26 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 28 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ। ਵੱਖ-ਵੱਖ ਡੇਰਿਆਂ ਤੋਂ ਸੰਤ ਮਹਾਂਪੁਰਸ਼ ਸ਼ਿਰਕਤ ਕਰਨਗੇ ਅਤੇ ਸੰਗਤਾਂ ਨੂੰ ਅਸ਼ੀਰਵਾਦ ਦੇਣਗੇ।

## ਸਾਈਬਰ ਕਾਨੂੰਨ ਮਾਹਰ ਵੱਲੋਂ ਡਿਜੀਟਲ ਸੁਰੱਖਿਆ 'ਤੇ ਲੈਕਚਰ




**ਮੋਹਾਲੀ (ਗੁਰਜੀਤ ਬਿੱਲਾ)**— ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਸੈਂਟਰ ਆਫ਼ ਐਕਸੀਲੈਂਸ ਦੇ ਅਧੀਨ, ਅਲਫ਼ਾ ਸਕੂਲ ਨੇ ਸਾਈਬਰ ਕਾਨੂੰਨ ਵਿਸ਼ੇ 'ਚ ਪ੍ਰੋਫੈਸਰ ਆਫ ਪ੍ਰੈਕਟਿਸ ਅਵਿਨਾਸ਼ ਰਾਏ ਖੰਨਾ ਦਾ 'ਸਾਈਬਰ ਕਾਨੂੰਨ, ਡਿਜੀਟਲ ਸੁਰੱਖਿਆ ਅਤੇ ਡੇਟਾ ਗੋਪਨੀਯਤਾ' ਵਿਸ਼ੇ 'ਤੇ ਇੱਕ ਰੋਚਕ ਸੈਸ਼ਨ ਲਈ ਸਵਾਗਤ ਕੀਤਾ।ਤਜਰਬੇ ਨੂੰ ਵਿਹਾਰਕ ਸੂਝ ਦੇ ਨਾਲ ਮਿਲਾਉਂਦੇ ਹੋਏ, ਖੰਨਾ ਨੇ ਨੈਤਿਕ ਡਿਜੀਟਲ ਵਿਵਹਾਰ ਨੂੰ ਆਕਾਰ ਦੇਣ ਵਿੱਚ ਕਾਨੂੰਨੀ ਢਾਂਚੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਸੈਸ਼ਨ ਨੇ ਰਵਾਇਤੀ ਸੋਚ ਨੂੰ ਚੁਣੌਤੀ ਦਿੱਤੀ ਅਤੇ ਵਿਦਿਆਰਥੀਆਂ ਦੀ ਤਕਨਾਲੋਜੀ ਦੇ ਕਾਨੂੰਨੀ ਪਹਿਲੂਆਂ ਦੀ ਸਮਝ ਨੂੰ ਹੋਰ ਵੀ ਵਧਾਇਆ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਵਿਦਿਆਰਥੀਆਂ ਨੂੰ ਸਕਾਰਾਤਮਕ ਆਨਲਾਈਨ ਮੌਜੂਦਗੀ ਵਿਕਸਤ ਕਰਨ ਅਤੇ ਤਕਨਾਲੋਜੀ ਦੀ ਨੈਤਿਕ ਵਰਤੋਂ ਨੂੰ ਸਮਝਣ ਵਿੱਚ ਮਾਰਗਦਰਸ਼ਨ ਕਰਨ। ਆਨਲਾਈਨ ਸੁਰੱਖਿਆ ਨੂੰ ਪਾਠਕ੍ਰਮ ਵਿੱਚ ਸ਼ਾਮਲ ਕਰਕੇ ਸਕੂਲ ਇੱਕ ਐਸੀ ਸੰਸਕ੍ਰਿਤੀ ਤਿਆਰ ਕਰ ਸਕਦੇ ਹਨ ਜੋ ਡਿਜੀਟਲ ਵਰਤੋਂ ਨੂੰ ਉਤਸ਼ਾਹਿਤ ਕਰੇ ਅਤੇ ਵਿਦਿਆਰਥੀਆਂ ਨੂੰ ਆਦਰਯੋਗ, ਸੁਚੇਤ ਅਤੇ ਸੁਰੱਖਿਅਤ ਡਿਜੀਟਲ ਨਾਗਰਿਕ ਬਣਨ ਲਈ ਸਮਰਥ ਬਣਾਏ।ਅਲਫ਼ਾ ਸਕੂਲ ਦੀ ਡਾਇਰੈਕਟਰ ਸਾਕਸ਼ੀ ਮਹਿਤਾ ਵੀ ਇਸ ਸੈਸ਼ਨ ਦਾ ਹਿੱਸਾ ਸੀ।ਅਲਫ਼ਾ ਸਕੂਲ ਅਸਲ-ਸੰਸਾਰ ਦੀ ਮੁਹਾਰਤ ਨੂੰ ਅਕਾਦਮਿਕ ਖੇਤਰ ਵਿੱਚ ਜੋੜਨ ਲਈ ਵਚਨਬੱਧ ਹੈ, ਵਿਦਿਆਰਥੀਆਂ ਨੂੰ ਇੱਕ ਤਕਨੀਕੀ-ਸੰਚਾਲਿਤ ਭਵਿੱਖ ਲਈ ਸਸ਼ਕਤ ਬਣਾਉਂਦਾ ਹੈ।

## ਮਾਤਾ ਪਿਆਰ ਕੌਰ ਨੂੰ ਭਰਪੂਰ ਸ਼ਰਧਾਂਜਲੀਆਂ



**ਸ਼ੰਕਰ ਪੁਰਾ(ਬਟਾਲਾ) (ਗਿਆਨ ਸੈਦਪੁਰੀ)** 'ਇਹ ਗੱਲ ਮੇਰੇ ਚੇਤਿਆਂ 'ਚ ਕਿਧਰੇ ਨਹੀਂ ਕਿ ਮੇਰੀ ਪੂਜਨੀਕ ਮਾਂ ਨੇ ਮੈਨੂੰ ਝਿੜਕਿਆ ਹੋਵੇ, ਪਰ ਉਨ੍ਹਾਂ ਦੀ ਸ਼ਖ਼ਸੀਅਤ ਦਾ ਕ੍ਰਿਸ਼ਮਈ ਪ੍ਰਭਾਵ ਸੀ ਕਿ ਉਨ੍ਹਾਂ ਦੀ ਪ੍ਰੇਰਨਾਮਈ ਅਗਵਾਈ ਵਿੱਚ ਅਸੀਂ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਸਫਲ ਹੋਏ'। ਉਕਤ ਭਾਵਨਾਵਾਂ ਦਾ ਪ੍ਰਗਟਾਵਾ ਸੇਵਾ ਮੁਕਤ ਪੀ. ਸੀ. ਐਸ ਅਧਿਕਾਰੀ ਬਲਜੀਤ ਸਿੰਘ ਸੰਧੂ ਨੇ ਕੀਤਾ। ਉਹ ਆਪਣੀ ਮਾਤਾ ਪਿਆਰ ਕੌਰ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਏ ਵੱਖ ਵੱਖ ਸਿਆਸੀ, ਸਮਾਜੀ ਤੇ ਧਾਰਮਿਕ ਖੇਤਰ ਦੇ ਆਗੂਆਂ, ਰਿਸ਼ਤੇਦਾਰਾਂ ਅਤੇ ਦੋਸਤਾਂ ਦਾ ਧੰਨਵਾਦ ਕਰ ਰਹੇ ਸਨ। ਧੰਨਵਾਦੀ ਸ਼ਬਦ ਬੋਲਦਿਆਂ ਉਨ੍ਹਾਂ ਨੇ ਮਾਪਿਆਂ ਪ੍ਰਤੀ ਬੱਚਿਆਂ ਦੇ ਫਰਜ਼ਾਂ ਦਾ ਵੀ ਵਰਣਨ ਕੀਤਾ। ਸੰਧੂ ਹੁਰਾਂ ਆਪਣੇ ਪਿਤਾ ਸਵਰਗੀ ਸਵਰਨ ਸਿੰਘ ਨੂੰ ਵੀ ਸਤਿਕਾਰ ਨਾਲ ਯਾਦ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਭਾਈ ਬਲਵਿੰਦਰ ਸਿੰਘ ਦੇ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ।ਅੰਤਿਮ ਅਰਦਾਸ ਵਿੱਚ ਹੋਰਨਾਂ ਤੋਂ ਇਲਾਵਾ ਅਕਾਲੀ ਦਲ (ਬਾਦਲ) ਦੇ ਸਾਬਕਾ ਵਿਧਾਇਕ ਲਖਬੀਰ ਸਿੰਘ ਲੋਧੀ ਨੰਗਲ, ਸ੍ਰੀ ਹਰਗੋਬਿੰਦਪੁਰ ਦੇ ਹਲਕਾ ਇੰਚਾਰਜ (ਭਾਜਪਾ) ਬਲਜਿੰਦਰ ਸਿੰਘ, ਬਾਬਾ ਸੁੱਚਾ ਸਿੰਘ ਨਰਸਿੰਘ ਕਾਲਜ ਦੇ ਚੇਅਰਮੈਨ ਗੁਰਤੇਜ ਸਿੰਘ ਸਮਾਓ, ਰਵਿੰਦਰ ਸਿੰਘ ਗਰੇਵਾਲ ਪੀ. ਪੀ. ਐਸ, ਡੀ. ਐਸ. ਪੀ, ਫ਼ਿਰੋਜ਼ਪੁਰ, ਹਰਜੀਤ ਸਿੰਘ ਸਾਬਕਾ ਵਧੀਕ ਡਾਇਰੈਕਟਰ ਫੂਡ ਸਪਲਾਈ, ਰੂਪ ਸਿੰਘ ਡੀ. ਡੀ. ਪੀ. ਓ ਮੁਹਾਲੀ, ਸੁਖਜੀਤ ਸਿੰਘ ਐਸ. ਈ. ਪੀ. ਓ ਖੰਨਾ, ਜਸਬੀਰ ਸਿੰਘ ਸਟੈਨੋ(ਐਸ. ਡੀ. ਐਮ), ਨਰਿੰਦਰ ਸਿੰਘ ਡਿਪਟੀ ਡਾਇਰੈਕਟਰ ਪੰਚਾਇਤ, ਓਮ ਪ੍ਰਕਾਸ਼ ਪੀ. ਸੀ. ਐਸ, ਜਗਸੀਰ ਸਿੰਘ ਸੁਪਰਡੈਂਟ ਡੀ. ਸੀ. ਬਠਿੰਡਾ, ਅਮਰਜੀਤ ਸਿੰਘ ਡੀ. ਡੀ. ਪੀ. ਓ, ਐਡਵੋਕੇਟ ਸਿੰਗਲਾ ਮਾਨਸਾ, ਐਡਵੋਕੇਟ ਆਤਮਾ ਰਾਮ ਮਿੱਤਲ ਮਾਨਸਾ, ਐਡਵੋਕੇਟ ਵਿਕਰਮ, ਹਰਭਜਨ ਸਿੰਘ ਸਰਪੰਚ ਘੁੰਮਣ, ਬਾਬਾ ਰਣਜੀਤ ਸਿੰਘ, ਲਖਬੀਰ ਕੌਰ, ਰਘਬੀਰ ਸਿੰਘ ਸਰਪੰਚ, ਡਾ. ਸੁਤਿੰਦਰ ਸਿੰਘ ਬੇਦੀ ਸੀਨੀਅਰ ਮੈਡੀਕਲ ਅਫ਼ਸਰ, ਡਾ. ਵਿਲੀਅਮ ਜੌਨ, ਕਾਮਰੇਡ ਚਰਨਜੀਤ ਥੰਮੂਵਾਲ ਆਦਿ ਸ਼ਾਮਲ ਸਨ।

## ਕਲਸੀ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਸ਼ਾਨੋ-ਸ਼ੌਕਤ ਨਾਲ ਸੰਪੰਨ



**ਬੰਗਾ (ਅਵਤਾਰ ਕਲੇਰ)** ਸਾਲਾਨਾ ਜੋੜ ਮੇਲੇ ਜਿਥੇ ਸਾਡੀ ਆਪਸੀ ਭਾਈਚਾਰਕ ਸਾਂਝ ਵਧਾਉਂਦੇ ਹਨ ਉਥੇ ਸਾਡੇ ਅੰਦਰ ਧਾਰਮਿਕ ਭਾਵਨਾ ਵੀ ਪੈਦਾ ਕਰਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ ਨੇ ਪਿੰਡ ਤਲਵੰਡੀ ਜੱਟਾਂ ਵਿਖੇ ਕਲਸੀ ਭਾਈਚਾਰੇ ਵਲੋਂ ਬਜੁਰਗਾਂ ਦੀ ਯਾਦ 'ਚ ਮਨਾਏ ਸਾਲਾਨਾ ਜੋੜ ਮੇਲੇ ਮੌਕੇ ਆਖੇ। ਉਹਨਾਂ ਕਿਹਾ ਕਿ ਭਾਰਤੀ ਸੰਵਿਧਾਨ ਦੀ ਰਾਖੀ ਕਰਨੀ ਅਤੇ ਉਸ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ। ਸਾਨੂੰ ਇਸ ਅਵਸਰ 'ਤੇ ਇਹ ਪ੍ਰਣ ਲੈਣਾ ਚਾਹੀਦਾ ਹੈ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਲਈ ਪ੍ਰੇਰਿਤ ਕਰੀਏ। ਨਾਮਵਰ ਕਲਾਕਾਰਾਂ ਕਲਸੀ ਬ੍ਰਦਰਜ ਤਲਵੰਡੀ ਜੱਟਾਂ,ਬਲਜਿੰਦਰ ਗੁਰੂ, ਪ੍ਰੀਤ ਬਲਿਹਾਰ ਆਦਿ ਨੇ ਧਾਰਮਿਕ ਗੀਤ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਮਰਜੀਤ ਕਲਸੀ ਨੇ ਪਹੁੰਚੇ ਹੋਏ ਮਹਿਮਾਨਾਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਸੇਵਾ ਹਰਦੀਪ ਕੁਮਾਰ ਪੰਚ ਨੇ ਨਿਭਾਈ। ਇਸ ਮੌਕੇ ਹਰਬੰਤ ਸਿੰਘ ਮਕਸੂਦਪੁਰ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ, ਪ੍ਰਧਾਨ ਅਮਰਜੀਤ ਕਲਸੀ ਲੈਹਿੰਬਰ ਰਾਮ ਲੰਗੇਰੀ ,ਸਰਪੰਚ ਤਲਵੰਡੀ ਬੀਬੀ ਰਸਪਾਲ ਕੌਰ, ਅਨੀਤਾ ਰਾਣੀ ਸਰਪੰਚ ਖਹਿਰਾ,ਲੈਕ: ਰਾਮ ਲੁਭਾਇਆ ਕਲਸੀ, ਚੰਦਰ ਲਾਲ ਭੱਟੀਆ, ਹਰਦੀਪ ਕੁਮਾਰ ਪੰਚ, ਮਨਦੀਪ ਸਿੰਘ ਸਿੱਧੂ, ਸਤਪਾਲ ਸਪੇਨ, ਪਰਮਜੀਤ ਕਲਸੀ, ਪੰਮੀ ਖਹਿਰਾ, ਧਰਮ ਪਾਲ ਕਲਸੀ, ਬਲਜਿੰਦਰ ਰਾਮ, ਅਮਰੀਕ ਕਲਸੀ, ਬਾਬਾ ਸੁਰਜੀਤ ਸਿੰਘ, ਪ੍ਰੇਮ ਪਾਲ ਕਟਾਰੀਆਂ, ਹਰਮੀਕ ਕਲਸੀ ਬਹਿਰਾਮ, ਏ.ਐਸ.ਆਈ ਪਰਮਜੀਤ ਬਹਿਰਾਮ, ਜਗਦੀਸ਼ ਕੁਮਾਰ, ਜਸਵੀਰ ਕਲਸੀ, ਲਵਪ੍ਰੀਤ ਕਲਸੀ, ਤੀਰਥ ਕਲਸੀ, ਡਾ. ਮੋਹਣ ਲਾਲ, ਜਸਵਿੰਦਰ ਪਾਲ, ਬਲਜਿੰਦਰ ਰਾਮ, ਪ੍ਰਦੀਪ ਕੁਮਾਰ, ਹਰਵਿੰਦਰ ਕੁਮਾਰ, ਮਦਨ ਲਾਲ, ਗੁਰਮੁੱਖ ਕਲਸੀ, ਹਰਮੇਸ਼ ਸਿੰਘ ਪੰਚ, ਹਰਮੇਸ਼ ਲਾਲ ਖਹਿਰਾ ਆਦਿ ਸੰਗਤਾਂ ਹਾਜਰ ਸਨ।

## ਭਾਮ 'ਚ ਖਾਲਸਾ ਕਾਲਜ ਮਾਹਿਲਪੁਰ ਦੇ ਦਾਖ਼ਲਾ ਕੇਂਦਰ ਦਾ ਉਦਘਾਟਨ



**ਮਾਹਿਲਪੁਰ (ਸਫਰੀ)**- ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਸੈਸ਼ਨ 2025-26 ਦੇ ਵੱਖ ਵੱਖ ਕੋਰਸਾਂ ਵਿੱਚ ਦਾਖ਼ਲੇ ਦੀ ਸਹੂਲਤ ਲਈ ਖੇਤਰ ਦੇ ਪਿੰਡ ਭਾਮ ਵਿੱਚ ਵਿਸ਼ੇਸ਼ ਦਾਖ਼ਲਾ ਅਤੇ ਰਜਿਸਟਰੇਸ਼ਨ ਕੇਂਦਰ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਾਈਂ ਜੀਤੀ ਸ਼ਾਹ ਜੀ ਰੋਜ਼ਾ ਸ਼ਰੀਫ਼ ਭਾਮ ਨੇ ਸ਼ਿਰਕਤ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ, ਸਰਪੰਚ ਪਰਵਿੰਦਰ ਸਿੰਘ ਪਿੰਡ ਭਾਮ, ਸਰਪੰਚ ਅਸ਼ੋਕ ਕੁਮਾਰ, ਪ੍ਰਿੰ ਸਤਨਾਮ ਸਿੰਘ, ਗੁਰਵਿੰਦਰ ਸਿੰਘ ਸਿੱਧੂ ਅਤੇ ਹੋਰ ਮੋਹਤਬਰ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਇਸ ਵਿਸ਼ੇਸ਼ ਦਾਖ਼ਲਾ ਕੇਂਦਰ ਦਾ ਉਦਘਾਟਨ ਕੀਤਾ। ਇਸ ਮੌਕੇ ਪ੍ਰਿੰ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਖਾਲਸਾ ਕਾਲਜ ਮਾਹਿਲਪੁਰ 1946 ਤੋਂ ਪੜ੍ਹਾਈ, ਖੇਡਾਂ ਅਤੇ ਹੋਰ ਗਤੀਵਿਧੀਆਂ ਨਾਲ ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਲਈ ਵਿੱਚ ਵੱਡੀ ਭੂਮਿਕਾ ਨਿਭਾ ਕੇ ਇਲਾਕੇ ਦੀ ਮਿਸ਼ਨਰੀ ਭਾਵਨਾ ਨਾਲ ਸੇਵਾ ਕਰਨ ਵਾਲੀ ਸੰਸਥਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਦੀ ਮਦਦ ਲਈ ਇਹ ਸੰਸਥਾ ਹਮੇਸ਼ਾ ਕਾਰਜਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਭਾਮ ਅਤੇ ਨੇੜਲੇ ਕਰੀਬ ਪੰਦਰਾਂ ਵੀਹ ਪਿੰਡਾਂ ਦੇ ਵਿਦਿਆਰਥੀ ਬਾਰ੍ਹਵੀਂ ਤੋਂ ਬਾਅਦ ਘੱਟ ਤੋਂ ਘੱਟ ਫੀਸਾਂ ਨਾਲ ਕਾਲਜ ਦੇ ਰੁਜ਼ਗਾਰ ਮੁਖੀ ਕੋਰਸਾਂ ਸਬੰਧੀ ਜਾਣਨ, ਵਜ਼ੀਫਾ ਪ੍ਰਾਪਤ ਕਰਨ ਅਤੇ ਕਾਲਜ ਦੀਆਂ ਹੋਰ ਸਹੂਲਤਾਂ ਬਾਰੇ ਜਾਣਕਾਰੀ ਲੈ ਕੇ ਇਸ ਸੰਸਥਾ ਵਿੱਚ ਆਪਣਾ ਦਾਖ਼ਲਾ ਯਕੀਨੀ ਬਣਾ ਸਕਦੇ ਹਨ। ਉਨ੍ਹਾਂ ਪਿੰਡ ਵਿੱਚ ਦਾਖਲਾ ਅਤੇ ਕਾਉਂਸਲਿੰਗ ਦੀ ਸਥਾਪਨਾ ਲਈ ਪਿੰਡ ਦੀਆਂ ਮੋਹਤਬਰ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਮੁੱਖ ਮਹਿਮਾਨ ਸਾਈਂ ਜੀਤੀ ਸ਼ਾਹ ਨੇ ਵਿਦਿਆਰਥੀਆਂ ਨੂੰ ਵਿਦੇਸ਼ਾਂ ਵੱਲ ਜਾਣ ਦੀ ਥਾਂ ਪਹਿਲਾਂ ਅਜਿਹੀਆਂ ਮਿਸ਼ਨਰੀ ਸੰਸਥਾਵਾਂ ਵਿੱਚ ਪੜ੍ਹਾਈ ਪੂਰੀ ਕਰਨ ਅਤੇ ਇਲਾਕੇ ਦਾ ਨਾਂਅ ਰੌਸ਼ਨ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰੋ ਜਸਵਿੰਦਰ ਸਿੰਘ ਅਤੇ ਸਰਪੰਚ ਪਲਵਿੰਦਰ ਸਿੰਘ ਨੇ ਕਿਹਾ ਕਿ ਕਾਲਜ ਵੱਲੋਂ ਸਥਾਪਤ ਇਸ ਦਾਖ਼ਲਾ ਕੇਂਦਰ ਨਾਲ ਇਲਾਕੇ ਦੇ ਵਿਦਿਆਰਥੀਆਂ ਨੂੰ ਵੱਡਾ ਲਾਭ ਮਿਲੇਗਾ।




ਕੀਤਾ ਪਰਉਪਕਾਰ ਜਿਨ, ਅੰਮ੍ਰਿਤ ਅਧਿਕ ਛਕਾਇ ॥
ਗੁਰਸਿੱਖੀ ਮਰਿਯਾਦ ਮੇਂ, ਰਹੇ ਜੋ ਸਹਿਜ ਸੁਭਾਇ ॥

ਸੰਤ ਬਾਬਾ ਹਰਨਾਮ ਸਿੰਘ ਜੀ ਬੇਦੀ ਭਿੰਡਰਾਂ ਵਾਲਿਆਂ ਦਾ 42ਵਾਂ

ਸਲਾਨਾ ਜੋੜ ਮੇਲਾ

ਮਿਤੀ 21 ਮਈ, 2025 ਦਿਨ ਬੁੱਧਵਾਰ (8 ਜੇਠ)

(ਗੁਰਮਤਿ ਵਿਦਿਆਲਾ ਸ਼ਾਖ ਦਮਦਮੀ ਟਕਸਾਲ, ਜੱਥਾ ਭਿੰਡਰਾਂ)
ਗੁਰਦੁਆਰਾ ਜੋਤੀ ਸਰੂਪ, ਜੋਗੇਵਾਲਾ (ਮੋਗਾ) ਵਿਖੇ ਮਨਾਇਆ ਜਾ ਰਿਹਾ ਹੈ।

ਸਵੇਰੇ 8 ਵਜੇ ਅਖੰਡ ਪਾਠ ਸਾਹਿਬਾਂ ਦੇ ਭੋਗ ਪੈਣਗੇ,
ਉਪਰੰਤ ਸਾਰਾ ਦਿਨ ਭਾਰੀ ਦੀਵਾਨ ਸਜਣਗੇ।
ਸਵੇਰੇ 11 ਵਜੇ ਅੰਮ੍ਰਿਤ ਸੰਚਾਰ ਹੋਵੇਗਾ।

ਉਪਰੰਤ ਗੁਰੂ ਕਾ ਅਤੁੱਟ ਲੰਗਰ ਵਰਤੇਗਾ।

ਵੱਲੋਂ :



ਬਾਬਾ ਬਲਦੇਵ ਸਿੰਘ
ਮੁੱਖ ਸੇਵਾਦਾਰ, ਗੁਰਦੁਆਰਾ ਜੋਤੀ ਸਰੂਪ
ਅਤੇ ਸਮੂਹ ਸੰਗਤ ਪਿੰਡ ਜੋਗੇਵਾਲਾ (ਮੋਗਾ)